11-JAN-PAGE-1.qxd 1/10/2024 10:55 PM Page 1

ਵੀਰਵਾਰ, 11 ਜਨਵਰੀ, 2024
27 ਪੋਹ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 222

# ਨਵਾਂ ਜ਼ਮਾਨਾ

DAILY NAWAN ZAMANA • THURSDAY, 11 JANUARY, 2024 — ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਮਹਾਰਾਸ਼ਟਰ ਦਾ ਅਸੰਬਲੀ ਸਪੀਕਰ ਹਾਕਮਾਂ ਦੇ ਹੱਕ 'ਚ ਭੁਗਤਿਆ

## ਮੁੱਖ ਮੰਤਰੀ ਸ਼ਿੰਦੇ ਸਣੇ 16 ਵਿਧਾਇਕਾਂ ਨੂੰ ਅਯੋਗ ਕਰਾਰ ਦੇਣ ਦੀ ਮੰਗ ਰੱਦ



ਊਧਵ ਠਾਕਰੇ ਦੇ ਧੜੇ ਨੇ ਦੋਸ਼ ਲਾਇਆ ਸੀ ਕਿ ਸਪੀਕਰ ਨਾਰਵੇਕਰ ਨੇ 7 ਜਨਵਰੀ ਨੂੰ ਮੁੱਖ ਮੰਤਰੀ ਏਕਨਾਥ ਸ਼ਿੰਦੇ ਨਾਲ 'ਵਰਸ਼ਾ' ਬੰਗਲੇ ਵਿਚ ਮੁਲਾਕਾਤ ਕੀਤੀ ਸੀ। ਦੋਹਾਂ ਵਿਚਾਲੇ 18 ਅਕਤੂਬਰ 2023 ਨੂੰ ਵੀ ਮੁਲਾਕਾਤ ਹੋਈ ਸੀ। ਇਸ ਪੁਰਾਣੀ ਤਸਵੀਰ ਵਿਚ ਸਪੀਕਰ ਸ਼ਿੰਦੇ (ਖੱਬੇ) ਤੇ ਉਪ ਮੁੱਖ ਮੰਤਰੀ ਦਵਿੰਦਰ ਫੜਨਵੀਸ ਨਾਲ ਨਜ਼ਰ ਆ ਰਹੇ ਹਨ।

ਮੁੰਬਈ : ਮਹਾਰਾਸ਼ਟਰ ਵਿਚ ਏਕਨਾਥ ਸ਼ਿੰਦੇ ਮੁੱਖ ਮੰਤਰੀ ਬਣੇ ਰਹਿਣਗੇ। ਅਸੰਬਲੀ ਦੇ ਸਪੀਕਰ ਰਾਹੁਲ ਨਾਰਵੇਕਰ ਨੇ ਬੁੱਧਵਾਰ ਸ਼ਿੰਦੇ ਸਣੇ ਉਨ੍ਹਾ ਦੇ ਧੜੇ ਦੇ 16 ਵਿਧਾਇਕਾਂ ਨੂੰ ਅਯੋਗ ਕਰਾਰ ਦੇਣ ਦੀ ਮੰਗ ਰੱਦ ਕਰ ਦਿੱਤੀ। ਸਪੀਕਰ ਨੇ ਊਧਵ ਠਾਕਰੇ ਧੜੇ ਦੇ 14 ਵਿਧਾਇਕਾਂ ਨੂੰ ਵੀ ਅਯੋਗ ਕਰਾਰ ਦੇਣ ਤੋਂ ਇਨਕਾਰ ਕਰ ਦਿੱਤਾ। ਸ਼ਿੰਦੇ ਧੜੇ ਦੇ ਚੀਫ ਵ੍ਹਿਪ ਨੇ ਇਨ੍ਹਾਂ ਨੂੰ ਅਯੋਗ ਕਰਾਰ ਦੇਣ ਦੀ ਮੰਗ ਕੀਤੀ ਸੀ। 1200 ਸਫਿਆਂ ਦੇ ਫੈਸਲੇ ਦੇ ਮੁੱਖ ਬਿੰਦੂਆਂ ਨੂੰ ਪੜ੍ਹਦਿਆਂ ਸਪੀਕਰ ਨੇ ਕਿਹਾ—ਮੁੱਖ ਮੰਤਰੀ ਏਕਨਾਥ ਸ਼ਿੰਦੇ ਕੋਲ ਸ਼ਿਵ ਸੈਨਾ ਦੇ 55 ਵਿੱਚੋਂ 37 ਵਿਧਾਇਕ ਹਨ। ਉਨ੍ਹਾ ਦੀ ਅਗਵਾਈ ਵਾਲਾ ਧੜਾ ਹੀ ਅਸਲੀ ਸ਼ਿਵ ਸੈਨਾ ਹੈ। ਚੋਣ ਕਮਿਸ਼ਨ ਨੇ ਵੀ ਇਹੀ ਫੈਸਲਾ ਦਿੱਤਾ ਸੀ। ਵਿਧਾਇਕਾਂ ਦੀ ਮੈਂਬਰੀ ਬਹਾਲ ਰਹਿਣ ਦਾ ਫੈਸਲਾ ਆਉਣ ਤੋਂ ਬਾਅਦ ਸ਼ਿਵ ਸੈਨਾ ਦਫਤਰ ਬਾਲਾ ਸਾਹਿਬ ਭਵਨ ਦੇ ਬਾਹਰ ਜਸ਼ਨ ਸ਼ੁਰੂ ਹੋ ਗਏ। ਵਰਕਰਾਂ ਨੇ ਸ਼ਿੰਦੇ ਜ਼ਿੰਦਾਬਾਦ ਦੇ ਨਾਅਰੇ ਲਾਏ।

ਸਪੀਕਰ ਨੇ ਕਿਹਾ—ਇਹ ਸਾਫ ਹੈ ਕਿ ਸੁਨੀਲ ਪ੍ਰਭੂ ਨੂੰ ਜਦੋਂ ਚੀਫ ਵ੍ਹਿਪ ਨਿਯੁਕਤ ਕੀਤਾ ਗਿਆ ਸੀ, ਉਦੋਂ ਪਾਰਟੀ ਦੀ ਵੰਡ ਹੋ ਚੁੱਕੀ ਸੀ। ਚੋਣ ਕਮਿਸ਼ਨ ਨੇ ਇਸੇ ਧੜੇ ਨੂੰ ਅਸਲੀ ਸ਼ਿਵ ਸੈਨਾ ਮੰਨਿਆ ਹੈ, ਇਸ ਲਈ ਚੀਫ ਵ੍ਹਿਪ ਦੇ ਰੂਪ ਵਿਚ ਭਰਤ ਗੋਗਾਵਲੇ ਦੀ ਨਿਯੁਕਤੀ ਸਹੀ ਹੈ। ਪ੍ਰਭੂ ਨੂੰ ਵਿਧਾਇਕ ਦਲ ਦੀ ਮੀਟਿੰਗ ਸੱਦਣ ਦਾ ਅਧਿਕਾਰ ਨਹੀਂ ਸੀ।

ਸਪੀਕਰ ਨੇ ਅੱਗੇ ਕਿਹਾ—ਸ਼ਿਵ ਸੈਨਾ ਸੰਵਿਧਾਨ ਦੇ ਮੁਤਾਬਕ 'ਪਕਸ਼ ਪ੍ਰਮੁਖ' ਇਕੱਲਾ ਕਿਸੇ ਨੂੰ ਵੀ ਪਾਰਟੀ ਤੋਂ ਕੱਢ ਨਹੀਂ ਸਕਦਾ। ਸ਼ਿੰਦੇ ਨੂੰ ਵਿਧਾਇਕ ਦਲ ਦੇ ਆਗੂ ਦੇ ਅਹੁਦੇ ਤੋਂ ਹਟਾਉਣ ਦਾ ਫੈਸਲਾ ਠਾਕਰੇ ਦਾ ਸੀ, ਪਾਰਟੀ ਦਾ ਨਹੀਂ। ਜੇ ਕਿਸੇ ਨੂੰ ਅਹੁਦੇ ਤੋਂ ਹਟਾਉਣਾ ਹੈ ਤਾਂ ਉਸ ਲਈ ਕੌਮੀ ਕਾਰਜਕਾਰਨੀ ਤੇ ਪ੍ਰਤੀਨਿਧ ਸਭਾ ਦਾ ਬਹੁਮਤ ਜ਼ਰੂਰੀ ਹੈ।

ਸਪੀਕਰ ਨੇ ਕਿਹਾ—ਊਧਵ ਠਾਕਰੇ ਧੜੇ ਵੱਲੋਂ ਦਿੱਤੀ ਗਈ ਸੰਵਿਧਾਨ ਦੀ ਕਾਪੀ 'ਤੇ ਤਰੀਕ ਨਹੀਂ ਸੀ, ਇਸ ਲਈ ਉਸ ਨੂੰ ਮੰਨਿਆ ਨਹੀਂ ਗਿਆ। ਸ਼ਿਵ ਸੈਨਾ ਦੇ 1999 ਦੇ ਸੰਵਿਧਾਨ ਨੂੰ ਆਧਾਰ ਮੰਨਿਆ ਗਿਆ। 2018 ਦਾ ਸੋਧਿਆ ਸੰਵਿਧਾਨ ਚੋਣ ਕਮਿਸ਼ਨ ਦੇ ਰਿਕਾਰਡ ਵਿਚ ਨਹੀਂ ਹੈ। ਚੋਣ ਕਮਿਸ਼ਨ ਨੇ ਸ਼ਿੰਦੇ ਧੜੇ ਨੂੰ ਹੀ ਅਸਲੀ ਸ਼ਿਵ ਸੈਨਾ ਮੰਨਿਆ ਹੈ।

ਸ਼ਿਵ ਸੈਨਾ (ਊਧਵ ਠਾਕਰੇ) ਦੇ ਆਗੂ ਸੰਜੇ ਰਾਉਤ ਨੇ ਸਵੇਰੇ ਕਿਹਾ ਸੀ ਕਿ ਫੈਸਲੇ 'ਤੇ ਮੈਚ ਫਿਕਸਿੰਗ ਹੋ ਚੁੱਕੀ ਹੈ। ਸਪੀਕਰ ਦੋ ਵਾਰ ਮੁਲਜ਼ਮਾਂ ਨੂੰ ਮਿਲ ਚੁੱਕੇ ਹਨ। ਸ਼ੁੱਕਰਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਮਹਾਰਾਸ਼ਟਰ ਵਿਚ ਰਹਿਣਗੇ, ਕੁਝ ਦਿਨ ਬਾਅਦ ਸ਼ਿੰਦੇ ਦਾਵੋਸ ਜਾਣਗੇ, ਇਸ ਦਾ ਮਤਲਬ ਸਰਕਾਰ ਕਾਇਮ ਰਹੇਗੀ। ਫੈਸਲਾ ਤਾਂ ਬਸ ਰਸਮ ਪੂਰੀ ਕਰਨ ਵਾਲੀ ਗੱਲ ਹੋਵੇਗੀ। ਵਿਧਾਇਕਾਂ ਨੂੰ ਬਚਾਉਣ ਲਈ ਦਿੱਲੀ ਵਿਚ ਫੈਸਲਾ ਹੋ ਚੁੱਕਾ ਹੈ।

# ਖੜਗੇ ਤੇ ਸੋਨੀਆ ਅਯੁੱਧਿਆ ਨਹੀਂ ਜਾਣਗੇ

## ਆਰ ਐੱਸ ਐੱਸ ਤੇ ਭਾਜਪਾ ਨੂੰ ਚੋਣ ਲਾਹਾ ਲੈਣ ਲਈ ਅਧੂਰੇ ਮੰਦਰ ਦੇ ਉਦਘਾਟਨ ਦੀ ਕਾਹਲ



ਨਵੀਂ ਦਿੱਲੀ : ਕਾਂਗਰਸ ਨੇ ਬੁੱਧਵਾਰ ਕਿਹਾ ਕਿ ਸੋਨੀਆ ਗਾਂਧੀ, ਮਲਿਕਾਰਜੁਨ ਖੜਗੇ ਤੇ ਅਧੀਰ ਰੰਜਨ ਚੌਧਰੀ 22 ਜਨਵਰੀ ਨੂੰ ਅਯੁੱਧਿਆ ਵਿਚ ਰਾਮਲਲਾ ਦੇ ਪ੍ਰਾਣ ਪ੍ਰਤਿਸ਼ਠਾ ਸਮਾਰੋਹ ਵਿਚ ਸ਼ਾਮਲ ਨਹੀਂ ਹੋਣਗੇ। ਇੰਡੀਆ ਗੱਠਜੋੜ ਦੇ ਭਾਈਵਾਲਾਂ ਵੱਲੋਂ ਵੱਖ-ਵੱਖ ਬਿਆਨ ਆਉਣ ਦਰਮਿਆਨ ਕਾਂਗਰਸ ਦੇ ਸਟੈਂਡ ਬਾਰੇ ਲੱਗ ਰਹੀਆਂ ਕਿਆਸਅਰਾਈਆਂ ਨੂੰ ਵਿਰਾਮ ਦੇਣ ਲਈ ਪਾਰਟੀ ਨੇ ਬਿਆਨ ਜਾਰੀ ਕਰਕੇ ਇਹ ਜਾਣਕਾਰੀ ਦਿੱਤੀ ਹੈ। ਕਾਂਗਰਸ ਨੇ ਕਿਹਾ ਹੈ ਕਿ ਸਮਾਰੋਹ ਸਾਫ ਤੌਰ 'ਤੇ ਆਰ ਐੱਸ ਐੱਸ ਤੇ ਭਾਜਪਾ ਦਾ ਇਵੈਂਟ ਬਣ ਗਿਆ ਹੈ।

ਕਾਂਗਰਸ ਨੇ ਕਿਹਾ ਹੈ—ਭਗਵਾਨ ਰਾਮ ਸਾਡੇ ਦੇਸ਼ ਵਿਚ ਲਖੂਖਾ ਲੋਕਾਂ ਵੱਲੋਂ ਪੂਜੇ ਜਾਂਦੇ ਹਨ। ਧਰਮ ਨਿੱਜੀ ਮਾਮਲਾ ਹੁੰਦਾ ਹੈ, ਪਰ ਆਰ ਐੱਸ ਐੱਸ ਤੇ ਭਾਜਪਾ ਨੇ ਅਯੁੱਧਿਆ ਵਿਚ ਮੰਦਰ ਨੂੰ ਸਿਆਸੀ ਪ੍ਰੋਜੈਕਟ ਬਣਾ ਧਰਿਆ ਹੈ। ਚੋਣ ਲਾਹਾ ਲੈਣ ਲਈ ਭਾਜਪਾ ਤੇ ਆਰ ਐੱਸ ਐੱਸ ਅਧੂਰੇ ਮੰਦਰ ਦਾ ਅਗਾਊਂ ਉਦਘਾਟਨ ਕਰਨ ਜਾ ਰਹੇ ਹਨ। ਸੁਪਰੀਮ ਕੋਰਟ ਦੇ 2019 ਦੇ ਫੈਸਲੇ ਅਤੇ ਭਗਵਾਨ ਰਾਮ ਨੂੰ ਮੰਨਣ ਵਾਲੇ ਲਖੂਖਾ ਲੋਕਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਸ੍ਰੀ ਮਲਿਕਾਰੁਜਨ ਖੜਗੇ, ਸ੍ਰੀਮਤੀ ਸੋਨੀਆ ਗਾਂਧੀ ਤੇ ਸ੍ਰੀ ਅਧੀਰ ਰੰਜਨ ਨੇ ਆਰ ਐੱਸ ਐੱਸ ਤੇ ਭਾਜਪਾ ਦੇ ਇਵੈਂਟ ਦਾ ਸੱਦਾ ਸਤਿਕਾਰ ਸਹਿਤ ਨਾਮਨਜ਼ੂਰ ਕਰ ਦਿੱਤਾ ਹੈ।

ਬਿਆਨ ਵਿਚ ਕਿਹਾ ਗਿਆ ਹੈ ਕਿ ਕਾਂਗਰਸ ਪ੍ਰਧਾਨ ਤੇ ਰਾਜ ਸਭਾ ਵਿਚ ਆਪੋਜ਼ੀਸ਼ਨ ਦੇ ਆਗੂ ਸ੍ਰੀ ਮਲਿਕਾਰਜੁਨ ਖੜਗੇ, ਕਾਂਗਰਸ ਸੰਸਦੀ ਦਲ ਦੀ ਚੇਅਰਪਰਸਨ ਸ੍ਰੀਮਤੀ ਸੋਨੀਆ ਗਾਂਧੀ ਤੇ ਲੋਕ ਸਭਾ ਵਿਚ ਕਾਂਗਰਸ ਪਾਰਟੀ ਦੇ ਆਗੂ ਸ੍ਰੀ ਅਧੀਰ ਰੰਜਨ ਚੌਧਰੀ ਨੂੰ ਪਿਛਲੇ ਮਹੀਨੇ ਰਾਮ ਮੰਦਰ ਦੇ ਉਦਘਾਟਨ ਵਿਚ ਸ਼ਾਮਲ ਹੋਣ ਦਾ ਸੱਦਾ ਮਿਲਿਆ ਸੀ।

ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਕਿਹਾ ਹੈ ਕਿ ਕਾਂਗਰਸ ਆਪਣੇ ਫੈਸਲੇ 'ਤੇ ਪਛਤਾਏਗੀ। ਭਾਜਪਾ ਆਗੂ ਨਲਿਨ ਕੋਹਲੀ ਨੇ ਕਿਹਾ ਕਿ ਕਾਂਗਰਸ ਦੇ ਫੈਸਲੇ ਤੋਂ ਹੈਰਾਨੀ ਨਹੀਂ ਹੋਈ, ਕਿਉਂਕਿ ਉਹ ਭਗਵਾਨ ਰਾਮ ਦੀ ਹੋਂਦ ਨੂੰ ਨਹੀਂ ਮੰਨਦੀ।

# ਮਨੀਪੁਰ ਸਰਕਾਰ ਵੱਲੋਂ ਰਾਹੁਲ ਦੀ ਯਾਤਰਾ ਨੂੰ ਇਜਾਜ਼ਤ ਦੇਣ ਤੋਂ ਨਾਂਹ

ਨਵੀਂ ਦਿੱਲੀ : ਕਾਂਗਰਸ ਨੇ ਬੁੱਧਵਾਰ ਕਿਹਾ ਕਿ ਮਨੀਪੁਰ ਸਰਕਾਰ ਨੇ ਇੰਫਾਲ ਦੇ ਪੈਲੇਸ ਮੈਦਾਨ ਤੋਂ 'ਭਾਰਤ ਜੋੜੋ ਨਿਆਏ ਯਾਤਰਾ' ਸ਼ੁਰੂ ਕਰਨ ਦੀ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਇਸ ਦੇ ਬਾਵਜੂਦ ਪਾਰਟੀ ਮਨੀਪੁਰ ਤੋਂ ਭਾਰਤ ਜੋੜੋ ਨਿਆਏ ਯਾਤਰਾ ਸ਼ੁਰੂ ਕਰਨ ਲਈ ਦ੍ਰਿੜ੍ਹ ਹੈ ਤੇ ਇਸ ਲਈ ਇੰਫਾਲ 'ਚ ਕਿਸੇ ਹੋਰ ਸਥਾਨ ਤੋਂ ਇਸ ਨੂੰ ਸ਼ੁਰੂ ਕਰਨ ਲਈ ਇਜਾਜ਼ਤ ਮੰਗੀ ਹੈ।

ਪਾਰਟੀ ਦੇ ਸੰਗਠਨ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ, ਜਿਨ੍ਹਾ ਹਾਲ ਹੀ 'ਚ ਮਨੀਪੁਰ ਅਤੇ ਅਸਾਮ ਦਾ ਦੌਰਾ ਕੀਤਾ ਸੀ, ਨੇ ਕਿਹਾ—ਅਸੀਂ ਦੇਖਿਆ ਹੈ ਕਿ ਇਸ ਯਾਤਰਾ ਲਈ ਹੇਠਲੇ ਪੱਧਰ 'ਤੇ ਜ਼ਬਰਦਸਤ ਮਾਹੌਲ ਹੈ। ਭਾਰਤ ਜੋੜੋ ਯਾਤਰਾ ਦੀ ਤਰ੍ਹਾਂ ਇਹ ਯਾਤਰਾ ਵੀ ਬਹੁਤ ਸਫਲ ਹੋਵੇਗੀ। ਇਹ ਯਾਤਰਾ ਦੇਸ਼ ਅਤੇ ਕਾਂਗਰਸ ਲਈ ਇਤਿਹਾਸਕ ਹੈ। ਅਸੀਂ ਦੇਸ਼ ਲਈ ਨਿਆਂ ਦੀ ਮੰਗ ਕਰ ਰਹੇ ਹਾਂ। ਕਾਂਗਰਸ ਨੇਤਾ ਰਾਹੁਲ ਗਾਂਧੀ ਦੀ ਅਗਵਾਈ 'ਚ 'ਭਾਰਤ ਜੋੜੋ ਨਿਆਏ ਯਾਤਰਾ' 14 ਜਨਵਰੀ ਨੂੰ ਇੰਫਾਲ ਤੋਂ ਸ਼ੁਰੂ ਹੋਣ ਵਾਲੀ ਹੈ ਅਤੇ 20 ਮਾਰਚ ਨੂੰ ਮੁੰਬਈ 'ਚ ਸਮਾਪਤ ਹੋਵੇਗੀ।

## ਆਈ ਪੀ ਐੱਲ ਭਾਰਤ 'ਚ ਹੀ

**ਨਵੀਂ ਦਿੱਲੀ** : ਭਾਰਤੀ ਕ੍ਰਿਕਟ ਕੰਟਰੋਲ ਬੋਰਡ ਦੇ ਸੂਤਰਾਂ ਅਨੁਸਾਰ ਲੋਕ ਸਭਾ ਚੋਣਾਂ ਦੇ ਬਾਵਜੂਦ ਇੰਡੀਅਨ ਪ੍ਰੀਮੀਅਰ ਲੀਗ (ਆਈ ਪੀ ਐੱਲ) ਭਾਰਤ 'ਚ ਹੋਣ ਦੀ ਸੰਭਾਵਨਾ ਹੈ। ਇਹ ਟੂਰਨਾਮੈਂਟ 22 ਮਾਰਚ ਨੂੰ ਸ਼ੁਰੂ ਹੋਣ ਦੀ ਸੰਭਾਵਨਾ ਹੈ ਅਤੇ ਆਮ ਚੋਣਾਂ ਵੀ ਇਸ ਸਮੇਂ ਦੌਰਾਨ ਹੋਣ ਦੀਆਂ ਕਿਆਸਅਰਾਈਆਂ ਹਨ। ਜੇ ਕੋਈ ਰਾਜ ਕਿਸੇ ਜਾਇਜ਼ ਕਾਰਨ ਉਸ ਸਮੇਂ ਮੈਚ ਦੀ ਮੇਜ਼ਬਾਨੀ ਨਹੀਂ ਕਰਨਾ ਚਾਹੁੰਦਾ ਤਾਂ ਮੈਚ ਕਿਸੇ ਹੋਰ ਸਥਾਨ 'ਤੇ ਬਦਲ ਦਿੱਤਾ ਜਾਵੇਗਾ।

## ਮੁਸ਼ੱਰਫ ਦੀ ਮੌਤ ਦੀ ਸਜ਼ਾ ਬਰਕਰਾਰ



**ਇਸਲਾਮਾਬਾਦ** : ਪਾਕਿਸਤਾਨ ਦੀ ਸੁਪਰੀਮ ਕੋਰਟ ਨੇ ਸਾਬਕਾ ਫੌਜੀ ਹੁਕਮਰਾਨ ਜਨਰਲ ਪਰਵੇਜ਼ ਮੁਸ਼ੱਰਫ ਨੂੰ 2019 ਵਿਚ ਦੇਸ਼ਧ੍ਰੋਹ ਮਾਮਲੇ ਵਿਚ ਵਿਸ਼ੇਸ਼ ਅਦਾਲਤ ਵਲੋਂ ਸੁਣਾਈ ਮੌਤ ਦੀ ਸਜ਼ਾ ਨੂੰ ਬਰਕਰਾਰ ਰੱਖਿਆ ਹੈ। 1999 ਵਿਚ ਕਾਰਗਿਲ ਯੁੱਧ ਲਈ ਜ਼ਿੰਮੇਵਾਰ ਮੁਸ਼ੱਰਫ ਦੀ ਲੰਮੀ ਬਿਮਾਰੀ ਤੋਂ ਬਾਅਦ ਬੀਤੇ ਸਾਲ 5 ਫਰਵਰੀ ਨੂੰ ਦੁਬਈ ਵਿਚ ਮੌਤ ਹੋ ਗਈ ਸੀ। 79 ਸਾਲਾ ਸਾਬਕਾ ਰਾਸ਼ਟਰਪਤੀ ਦੁਬਈ 'ਚ ਇਲਾਜ ਕਰਵਾ ਰਿਹਾ ਸੀ। ਉਹ ਅਪਰਾਧਕ ਦੋਸ਼ਾਂ ਤੋਂ ਬਚਣ ਲਈ 2016 ਤੋਂ ਸੰਯੁਕਤ ਅਰਬ ਅਮੀਰਾਤ 'ਚ ਸਵੈ-ਜਲਾਵਤਨੀ 'ਚ ਰਹਿ ਰਿਹਾ ਸੀ। ਪਾਕਿਸਤਾਨ ਦੇ ਚੀਫ ਜਸਟਿਸ ਕਾਜ਼ੀ ਫੈਜ਼ ਈਸਾ ਦੀ ਅਗਵਾਈ ਵਾਲੀ ਚਾਰ ਮੈਂਬਰੀ ਬੈਂਚ ਨੇ ਉਪਰੋਕਤ ਫੈਸਲਾ ਸਣਾਇਆ।

## ਹਾਫਿਜ਼ ਸਰਕਾਰ ਦੀ ਹਿਰਾਸਤ 'ਚ



**ਸੰਯੁਕਤ ਰਾਸ਼ਟਰ** : ਮੁੰਬਈ ਹਮਲੇ ਦਾ ਮਾਸਟਰਮਾਈਂਡ ਅਤੇ ਲਸ਼ਕਰ-ਏ-ਤੋਇਬਾ ਦਾ ਨੇਤਾ ਹਾਫਿਜ਼ ਸਈਦ ਪਾਕਿਸਤਾਨ ਸਰਕਾਰ ਦੀ ਹਿਰਾਸਤ ਵਿਚ ਹੈ ਅਤੇ ਅੱਤਵਾਦੀ ਫੰਡਿੰਗ ਦੇ ਮਾਮਲਿਆਂ ਵਿਚ ਦੋਸ਼ੀ ਠਹਿਰਾਏ ਜਾਣ ਤੋਂ ਬਾਅਦ 78 ਸਾਲ ਦੀ ਸਜ਼ਾ ਕੱਟ ਰਿਹਾ ਹੈ। ਸੰਯੁਕਤ ਰਾਸ਼ਟਰ ਨੇ ਆਪਣੀ ਤਾਜ਼ਾ ਜਾਣਕਾਰੀ 'ਚ ਇਸ ਦੀ ਪੁਸ਼ਟੀ ਕੀਤੀ ਹੈ। ਦਸੰਬਰ 2008 'ਚ ਸੰਯੁਕਤ ਰਾਸ਼ਟਰ ਸੁੱਰਖਿਆ ਕੌਂਸਲ ਦੀ ਅਲ-ਕਾਇਦਾ ਪਾਬੰਦੀ ਕਮੇਟੀ ਨੇ ਸਈਦ (73) ਨੂੰ ਕੌਮਾਂਤਰੀ ਦਹਿਸ਼ਤਗਰਦ ਕਰਾਰ ਦਿੱਤਾ ਸੀ।

## ਛੇ ਰੇਲ ਯਾਤਰੀ ਜ਼ਖਮੀ

**ਹੈਦਰਾਬਾਦ** : ਹੈਦਰਾਬਾਦ ਡੈਕਨ ਰੇਲਵੇ ਸਟੇਸ਼ਨ 'ਤੇ ਬੁੱਧਵਾਰ ਸਵੇਰੇ ਚੇਨਈ-ਹੈਦਰਾਬਾਦ ਚਾਰਮੀਨਾਰ ਐੱਕਸਪ੍ਰੈੱਸ ਦੇ ਤਿੰਨ ਡੱਬੇ ਪਟੜੀ ਤੋਂ ਉਤਰ ਗਏ, ਜਿਸ ਕਾਰਨ ਛੇ ਯਾਤਰੀਆਂ ਨੂੰ ਮਾਮੂਲੀ ਸੱਟਾਂ ਲੱਗੀਆਂ। ਇਹ ਸਟੇਸ਼ਨ ਚੇਨਈ-ਹੈਦਰਾਬਾਦ ਚਾਰਮੀਨਾਰ ਐੱਕਸਪ੍ਰੈੱਸ ਟਰੇਨ ਦਾ ਆਖਰੀ ਸਟੇਸ਼ਨ ਸੀ। ਜਦੋਂ ਰੇਲ ਗੱਡੀ ਸਟੇਸ਼ਨ 'ਤੇ ਹੌਲੀ-ਹੌਲੀ ਅੱਗੇ ਵਧ ਰਹੀ ਸੀ ਤਾਂ ਅੰਤਮ ਪੜਾਅ ਤੋਂ ਅੱਗੇ ਚਲੀ ਗਈ, ਜਿਸ ਕਾਰਨ ਤਿੰਨ ਡੱਬੇ ਉਤਰ ਗਏ।

## ਪੰਜ ਬੱਚਿਆਂ ਦੀ ਸਾਹ ਘੁਟਣ ਨਾਲ ਮੌਤ

**ਅਮਰੋਹਾ** : ਯੂ ਪੀ ਦੇ ਅਮਰੋਹਾ ਜ਼ਿਲ੍ਹੇ ਦੇ ਢੱਕਾ ਮੋੜ ਪਿੰਡ 'ਚ ਪੰਜ ਬੱਚਿਆਂ ਦੀ ਸਾਹ ਘੁਟਣ ਕਾਰਨ ਮੌਤ ਹੋ ਗਈ। ਦੋ ਹੋਰਨਾਂ ਨੂੰ ਗੰਭੀਰ ਹਾਲਤ 'ਚ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਪਰਵਾਰ ਨੇ ਘਰ ਦੇ ਅੰਦਰ ਕੋਲੇ ਦੀ ਅੰਗੀਠੀ ਬਾਲੀ ਹੋਈ ਸੀ। ਸਵੇਰੇ ਪਰਵਾਰ ਨੇ ਜਦੋਂ ਦਰਵਾਜ਼ਾ ਨਾ ਖੋਲ੍ਹਿਆ ਤਾਂ ਗੁਆਂਢੀਆਂ ਨੂੰ ਸ਼ੱਕ ਹੋਇਆ। ਉਹ ਘਰ ਦਾ ਦਰਵਾਜ਼ਾ ਤੋੜ ਕੇ ਅੰਦਰ ਦਾਖਲ ਹੋਏ ਅਤੇ ਪੰਜ ਬੱਚਿਆਂ ਨੂੰ ਮ੍ਰਿਤਕ ਪਾਇਆ। ਇਹ ਮਕਾਨ ਰਈਸੂਦੀਨ ਦਾ ਹੈ, ਜਿਸ ਦੇ ਤਿੰਨ ਬੱਚਿਆਂ ਅਤੇ ਉਸ ਦੇ ਰਿਸ਼ਤੇਦਾਰਾਂ ਦੇ ਦੋ ਬੱਚਿਆਂ ਦੀ ਮੌਤ ਹੋ ਗਈ। ਉਸ ਦੀ ਪਤਨੀ ਅਤੇ ਭਰਾ ਦੀ ਹਾਲਤ ਨਾਜ਼ੁਕ ਹੈ। ਰਈਸੂਦੀਨ ਟਰੱਕ ਚਾਲਕ ਹੈ ਤੇ ਬਾਹਰ ਗਿਆ ਹੋਇਆ ਹੈ।

## ਬਦਮਾਸ਼ ਚੈਨਲ 'ਚ ਦਾਖਲ

**ਕੁਇਟੋ** : ਇਕੁਆਡੋਰ ਵਿਚ ਪ੍ਰੋਗਰਾਮ ਦੇ ਸਿੱਧੇ ਪ੍ਰਸਾਰਨ ਦੌਰਾਨ ਨਕਾਬਪੋਸ਼ ਬਦਮਾਸ਼ ਬੰਦੂਕਾਂ ਅਤੇ ਧਮਾਕਾਖੇਜ ਸਮਗਰੀ ਨਾਲ ਨਿਊਜ਼ ਚੈਨਲ ਦੇ ਸੈੱਟ ਵਿਚ ਦਾਖਲ ਹੋ ਗਏ ਅਤੇ ਉਥੇ ਮੌਜੂਦ ਸਟਾਫ ਨੂੰ ਧਮਕਾਇਆ। ਸਾਰੇ ਬੰਦੂਕਧਾਰੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਪੁਲਸ ਨੇ ਕਿਹਾ ਕਿ ਇਸ ਨੂੰ ਅੱਤਵਾਦੀ ਘਟਨਾ ਹੀ ਸਮਝਣਾ ਚਾਹੀਦਾ ਹੈ। ਇਸ ਦੱਖਣੀ ਅਮਰੀਕੀ ਦੇਸ਼ 'ਚ ਅੰਦਰੂਨੀ ਖਾਨਾਜੰਗੀ ਚੱਲ ਰਹੀ ਹੈ।

## ਅਮਰੀਕੀ ਰੱਖਿਆ ਮੰਤਰੀ ਦਾ ਕੈਂਸਰ ਦਾ ਅਪ੍ਰੇਸ਼ਨ



**ਨਿਊਯਾਰਕ** : ਅਮਰੀਕਾ ਦੇ ਰੱਖਿਆ ਮੰਤਰੀ ਲੋਇਡ ਜੇ ਆਸਟਿਨ ਨੂੰ ਗਦੂਦਾਂ ਦਾ ਕੈਂਸਰ ਸੀ ਅਤੇ ਪਿਛਲੇ ਮਹੀਨੇ ਉਨ੍ਹਾ ਦਾ ਅਪਰੇਸ਼ਨ ਹੋਇਆ ਹੈ। ਇਹ ਜਾਣਕਾਰੀ ਰਾਸ਼ਟਰਪਤੀ ਜੋਅ ਬਾਇਡਨ ਨੂੰ ਨਹੀਂ ਦਿੱਤੀ ਗਈ ਸੀ। ਵਾਲਟਰ ਰੀਡ ਨੈਸ਼ਨਲ ਮਿਲਟਰੀ ਮੈਡੀਕਲ ਸੈਂਟਰ ਦੇ ਟਰੋਮਾ ਮੈਡੀਕਲ ਡਾਇਰੈਕਟਰ ਨੇ ਬਿਆਨ 'ਚ ਕਿਹਾ ਕਿ ਆਸਟਿਨ ਨੂੰ ਪਿਛਲੇ ਮਹੀਨੇ ਦੇ ਸ਼ੁਰੂ 'ਚ ਕੈਂਸਰ ਦਾ ਪਤਾ ਲੱਗਿਆ ਸੀ। 70 ਸਾਲਾ ਆਸਟਿਨ ਨੂੰ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਸੀ, ਜਿੱਥੇ ਉਨ੍ਹਾ ਦੀ ਡਾਕਟਰੀ ਟੀਮ ਨਾਲ ਸਲਾਹ ਮਸ਼ਵਰੇ ਤੋਂ ਬਾਅਦ 22 ਦਸੰਬਰ 2023 ਨੂੰ ਸਰਜਰੀ ਹੋਈ ਸੀ ਅਤੇ ਅਗਲੀ ਸਵੇਰ ਉਹ ਘਰ ਚਲੇ ਗਏ ਸਨ।

# ਖ਼ੂਬ ਬੱਚੇ ਪੈਦਾ ਕਰੋ, ਮੋਦੀ ਘਰ ਬਣਾ ਕੇ ਦੇਣਗੇ



**ਜੈਪੁਰ** : ਰਾਜਸਥਾਨ ਦੇ ਕਬਾਇਲੀ ਖੇਤਰ ਵਿਕਾਸ ਵਿਭਾਗ ਦੇ ਮੰਤਰੀ ਬਾਬੂ ਲਾਲ ਖਰਾੜੀ ਨੇ ਵੱਧ ਬੱਚੇ ਪੈਦਾ ਕਰਨ ਦਾ ਸਮਰਥਨ ਕਰਦਿਆਂ ਕਿਹਾ ਹੈ ਕਿ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਘਰ ਬਣਵਾ ਕੇ ਦੇਣਗੇ ਤਾਂ ਵੱਧ ਬੱਚੇ ਪੈਦਾ ਕਾਰਨ 'ਚ ਕੋਈ ਪ੍ਰੇਸ਼ਾਨੀ ਨਹੀਂ ਹੋਣੀ ਚਾਹੀਦੀ। ਉਨ੍ਹਾ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਸੁਫਨਾ ਹੈ ਕਿ ਕੋਈ ਵੀ ਵਿਅਕਤੀ ਭੁੱਖਾ ਨਹੀਂ ਸੌਣਾ ਚਾਹੀਦਾ ਅਤੇ ਕੋਈ ਛੱਤ ਤੋਂ ਬਿਨਾਂ ਨਹੀਂ ਰਹਿਣਾ ਚਾਹੀਦਾ। ਬੁੱਧਵਾਰ ਉਦੈਪੁਰ 'ਚ ਜਨ ਸਭਾ ਨੂੰ ਸੰਬੋਧਨ ਕਰਦੇ ਹੋਏ ਖਰਾੜੀ ਨੇ ਕਿਹਾ—ਪ੍ਰਧਾਨ ਮੰਤਰੀ ਦਾ ਸੁਫਨਾ ਹੈ ਕਿ ਕੋਈ ਵੀ ਭੁੱਖਾ ਨਹੀਂ ਸੌਣਾ ਚਾਹੀਦਾ ਅਤੇ ਕੋਈ ਵੀ ਛੱਤ ਤੋਂ ਬਿਨਾਂ ਨਹੀਂ ਰਹਿਣਾ ਚਾਹੀਦਾ। ਇਸ ਲਈ ਵੱਧ ਤੋਂ ਵੱਧ ਬੱਚੇ ਪੈਦਾ ਕਰੋ। ਜਦੋਂ ਪ੍ਰਧਾਨ ਮੰਤਰੀ ਮਕਾਨ ਬਣਵਾ ਕੇ ਦੇ ਰਹੇ ਹਨ ਤਾਂ ਵੱਧ ਬੱਚੇ ਪੈਦਾ ਕਰਨ 'ਚ ਝਿਜਕ ਕਿਸ ਗੱਲ ਦੀ।

ਖਰਾੜੀ ਦੀਆਂ ਦੋ ਪਤਨੀਆਂ ਅਤੇ ਚਾਰ ਪੁੱਤਰ ਤੇ ਚਾਰ ਧੀਆਂ ਹਨ। ਪੂਰਾ ਪਰਵਾਰ ਉਦੈਪੁਰ ਦੀ ਕੋਟੜਾ ਤਹਿਸੀਲ ਤੋਂ ਕਰੀਬ ਤਿੰਨ ਕਿਲੋਮੀਟਰ ਦੂਰ ਨਿਚਲਾ ਥਲਾ ਪਿੰਡ 'ਚ ਰਹਿੰਦਾ ਹੈ। ਉਦੈਪੁਰ ਦੇ ਨਾਈ ਪਿੰਡ 'ਚ 'ਵਿਕਸਤ ਭਾਰਤ ਸੰਕਲਪ ਯਾਤਰਾ' ਕੈਂਪ ਲਈ ਲਗਾਏ ਮੰਚ 'ਤੇ ਮੁੱਖ ਮੰਤਰੀ ਭਜਨ ਲਾਲ ਸ਼ਰਮਾ ਵੀ ਮੌਜੂਦ ਸਨ।

# 25 ਸਾਲਾਂ 'ਚ ਭਾਰਤ ਨੂੰ ਵਿਕਸਤ ਦੇਸ਼ ਬਣਾਉਣ ਦਾ ਟੀਚਾ : ਮੋਦੀ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੁੱਧਵਾਰ ਇਥੇ ਐਲਾਨ ਕੀਤਾ ਕਿ ਉਨ੍ਹਾ ਅਗਲੇ 25 ਸਾਲਾਂ 'ਚ ਭਾਰਤ ਨੂੰ ਵਿਕਸਤ ਦੇਸ਼ ਬਣਾਉਣ ਦਾ ਟੀਚਾ ਰੱਖਿਆ ਹੈ। ਵਾਈਬ੍ਰੈਂਟ ਗੁਜਰਾਤ ਕੌਮਾਂਤਰੀ ਸਿਖਰ ਸੰਮੇਲਨ 'ਚ ਮੋਦੀ ਨੇ ਕਿਹਾ ਕਿ ਤੇਜ਼ੀ ਨਾਲ ਬਦਲ ਰਹੀ ਵਿਸ਼ਵ ਵਿਵਸਥਾ 'ਚ ਭਾਰਤ ਵਿਸ਼ਵ ਮਿੱਤਰ ਵਜੋਂ ਅੱਗੇ ਵਧ ਰਿਹਾ ਹੈ। ਸਾਰੀਆਂ ਪ੍ਰਮੁੱਖ ਰੇਟਿੰਗ ਏਜੰਸੀਆਂ ਦਾ ਵਿਚਾਰ ਹੈ ਕਿ ਭਾਰਤ ਅਗਲੇ ਕੁਝ ਸਾਲਾਂ 'ਚ ਦੁਨੀਆ ਦੀਆਂ ਤਿੰਨ ਸਭ ਤੋਂ ਵੱਡੀਆਂ ਅਰਥ ਵਿਵਸਥਾਵਾਂ ਵਿੱਚੋਂ ਇਕ ਹੋ ਜਾਵੇਗਾ ਅਤੇ ਦੁਨੀਆ ਭਾਰਤ ਨੂੰ ਸਥਿਰਤਾ ਦੇ ਮਹੱਤਵਪੂਰਨ ਥੰਮ੍ਹ ਤੇ ਕੌਮਾਂਤਰੀ ਅਰਥ ਵਿਵਸਥਾ 'ਚ ਵਿਕਾਸ ਦੇ ਇੰਜਣ ਵਜੋਂ ਦੇਖਦੀ ਹੈ। ਉਨ੍ਹਾ ਭਾਰਤ-ਯੂ ਏ ਈ ਸੰਬੰਧਾਂ 'ਚ ਆਈ ਮਜ਼ਬੂਤੀ ਦਾ ਸਿਹਰਾ ਸੰਯੁਕਤ ਅਰਬ ਅਮੀਰਾਤ (ਯੂ ਏ ਈ) ਦੇ ਰਾਸ਼ਟਰਪਤੀ ਸ਼ੇਖ ਮੁਹੰਮਦ ਬਿਨ ਜ਼ਾਇਦ ਅਲ ਨਾਹਯਾਨ ਨੂੰ ਦਿੱਤਾ।

# ਬਰਫਬਾਰੀ ਦਾ ਲੁਤਫ ਉਠਾਏ ਬਿਨਾਂ ਮਾਯੂਸ ਪਰਤੇ ਸੈਲਾਨੀ



ਇਹ ਗੁਲਮਰਗ ਦੀ ਤਸਵੀਰ ਹੈ, ਜਿਹੜਾ ਸਰਦੀਆਂ ਵਿਚ ਬਰਫ ਨਾਲ ਢਕਿਆ ਰਹਿੰਦਾ ਹੈ।

**ਸ੍ਰੀਨਗਰ** : ਇਸ ਵਾਰ ਬਰਫਬਾਰੀ ਦਾ ਆਨੰਦ ਲਏ ਬਿਨਾਂ ਵੱਡੀ ਗਿਣਤੀ ਸੈਲਾਨੀ ਕਸ਼ਮੀਰ ਤੋਂ ਆਪਣੇ ਘਰਾਂ ਨੂੰ ਪਰਤੇ। ਇਸ ਸਰਦੀਆਂ 'ਚ ਕਸਮੀਰ ਘਾਟੀ 'ਚ ਬਰਫਬਾਰੀ ਨਾ ਹੋਣ ਕਾਰਨ ਨਾ ਸਿਰਫ ਸੈਰ-ਸਪਾਟਾ ਅਤੇ ਸੰਬੰਧਤ ਗਤੀਵਿਧੀਆਂ ਪ੍ਰਭਾਵਤ ਹੋਈਆਂ, ਸਗੋਂ ਖੇਤੀਬਾੜੀ ਅਤੇ ਸੰਬੰਧਤ ਗਤੀਵਿਧੀਆਂ ਵੀ ਪ੍ਰਭਾਵਤ ਹੋਈਆਂ ਹਨ। ਸਕੀਇੰਗ ਅਤੇ ਬਰਫ ਨਾਲ ਸੰਬੰਧਤ ਹੋਰ ਗਤੀਵਿਧੀਆਂ ਦਾ ਆਨੰਦ ਲੈਣ ਦੀ ਉਮੀਦ 'ਚ ਨਵੇਂ ਸਾਲ ਦੇ ਮੌਕੇ ਗੁਲਮਰਗ ਪਹੁੰਚੇ ਵੱਡੀ ਗਿਣਤੀ ਸੈਲਾਨੀਆਂ ਨੂੰ ਬਰਫਬਾਰੀ ਨਾ ਹੋਣ ਕਾਰਨ ਨਿਰਾਸ਼ ਹੋ ਕੇ ਪਰਤਣਾ ਪਿਆ।

# ਕਾਮਰੇਡ ਅਨਜਾਨ ਦੀ ਹਾਲਤ ਨਾਜ਼ੁਕ



**ਸ਼ਾਹਕੋਟ, (ਗਿਆਨ ਸੈਦਪੁਰੀ)**- ਭਾਰਤੀ ਕਮਿਊਨਿਸਟ ਪਾਰਟੀ ਦੇ ਸਕੱਤਰ ਅਤੇ ਕੁਲ ਹਿੰਦ ਕਿਸਾਨ ਸਭਾ (ਅਜੈ ਭਵਨ) ਦੇ ਜਨਰਲ ਸਕੱਤਰ ਕਾਮਰੇਡ ਅਤੁਲ ਅਨਜਾਨ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਕੁਲ ਹਿੰਦ ਕਿਸਾਨ ਸਭਾ ਪੰਜਾਬ ਇਕਾਈ ਦੇ ਮੀਤ ਪ੍ਰਧਾਨ ਕਾਮਰੇਡ ਸੂਰਤ ਸਿਘ ਧਰਮਕੋਟ ਨੇ ਜਾਣਕਾਰੀ ਦਿੱਤੀ ਹੈ ਕਿ ਕਾਮਰੇਡ ਅਨਜਾਨ ਦੇ ਨਜ਼ਦੀਕੀ ਰਿਸ਼ਤੇਦਾਰ ਆਰ ਕੇ ਸਿੰਘ ਨਾਲ ਟੈਲੀਫ਼ੋਨ 'ਤੇ ਹੋਈ ਗੱਲਬਾਤ ਅਨੁਸਾਰ ਉਨ੍ਹਾ ਨੂੰ ਦਿੱਲੀ ਤੋਂ ਲਖਨਊ ਸ਼ਿਫਟ ਕਰ ਦਿੱਤਾ ਗਿਆ ਹੈ। ਪਿਛਲੇ ਕਾਫ਼ੀ ਦਿਨਾਂ ਤੋਂ ਉਹ ਬਿਮਾਰ ਸਨ। ਹਾਲਤ ਜ਼ਿਆਦਾ ਗੰਭੀਰ ਹੋਣ ਕਾਰਨ ਉਨ੍ਹਾ ਨੂੰ ਉਨ੍ਹਾ ਦੇ ਸ਼ਹਿਰ ਲਖਨਊ ਲਿਜਾਇਆ ਗਿਆ ਹੈ। ਉੱਥੇ ਉਹ ਕੌਮਾ ਵਿੱਚ ਹਨ। ਕਾਮਰੇਡ ਸੂਰਤ ਸਿੰਘ ਨੇ ਕਾਮਰੇਡ ਅਨਜਾਨ ਦੀ ਸਿਹਤਯਾਬੀ ਦੀ ਕਾਮਨਾ ਕੀਤੀ ਹੈ।

# ਟਰਾਂਸਪੋਰਟ ਮੰਤਰੀ ਵੱਲੋਂ ਵਾਹਨਾਂ 'ਤੇ ਹਾਈ ਸਕਿਉਰਿਟੀ ਰਜਿਸਟ੍ਰੇਸ਼ਨ ਨੰਬਰ ਪਲੇਟਾਂ ਲੁਆਉਣ ਦੀ ਅਪੀਲ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਲੋਕਾਂ ਨੂੰ ਆਪਣੇ ਵਾਹਨਾਂ 'ਤੇ ਹਾਈ ਸਕਿਉਰਿਟੀ ਰਜਿਸਟ੍ਰੇਸ਼ਨ ਨੰਬਰ ਪਲੇਟਾਂ ਲੁਆਉਣ ਦੀ ਅਪੀਲ ਕੀਤੀ ਹੈ। ਟਰਾਂਸਪੋਰਟ ਮੰਤਰੀ ਨੇ ਦੱਸਿਆ ਕਿ ਸੁਪਰੀਮ ਕੋਰਟ ਦੇ ਹੁਕਮਾਂ ਅਤੇ ਕੇਂਦਰੀ ਸੜਕੀ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ ਦੀ ਨੋਟੀਫਿਕੇਸ਼ਨ ਅਨੁਸਾਰ ਵਾਹਨਾਂ 'ਤੇ ਹਾਈ ਸਕਿਉਰਿਟੀ ਨੰਬਰ ਪਲੇਟ (ਐੱਚ ਐੱਸ ਆਰ ਪੀ) ਲੁਆਉਣਾ ਲਾਜ਼ਮੀ ਹੈ। ਇਨ੍ਹਾਂ ਦਿਸ਼ਾ-ਨਿਰਦੇਸ਼ਾਂ ਤਹਿਤ ਹੀ ਪੰਜਾਬ ਰਾਜ ਵਿੱਚ ਵੀ ਹਾਈ ਸਕਿਉਰਿਟੀ ਨੰਬਰ ਪਲੇਟ ਸਾਰੇ ਵਾਹਨਾਂ ਲਈ ਲਾਜ਼ਮੀ ਕੀਤੀ ਗਈ ਹੈ। ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਲਈ ਹਾਈ ਸਕਿਉਰਿਟੀ ਨੰਬਰ ਪਲੇਟਾਂ ਲਗਾਉਣ ਸਬੰਧੀ ਵੱਖਰੇ ਫਿਟਮੈਂਟ ਸੈਂਟਰ ਖੋਲ੍ਹੇ ਗਏ ਹਨ। ਇਸ ਤੋਂ ਇਲਾਵਾ ਘਰ ਵਿੱਚ ਜਾ ਕੇ ਹਾਈ ਸਕਿਉਰਿਟੀ ਨੰਬਰ ਪਲੇਟ ਲਗਾਉਣ ਦੀ ਸਹੂਲਤ ਵੀ ਦਿੱਤੀ ਗਈ ਹੈ, ਜਿਸ ਦਾ ਲੋਕ ਲਾਭ ਲੈ ਸਕਦੇ ਹਨ। ਪਿਛਲੇ ਸਮੇਂ ਦੌਰਾਨ ਲੋਕਾਂ ਨੂੰ ਹਾਈ ਸਕਿਉਰਿਟੀ ਨੰਬਰ ਪਲੇਟ ਲੁਆਉਣ ਸੰਬੰਧੀ ਜਾਗਰੂਕ ਕਰਨ ਲਈ ਵੱਖ-ਵੱਖ ਮੀਡੀਆ ਮਾਧਿਅਮਾਂ ਰਾਹੀਂ ਮੁਹਿੰਮ ਚਲਾਈ ਗਈ ਸੀ, ਜਿਸ ਸਦਕਾ ਜ਼ਿਆਦਾਤਰ ਲੋਕਾਂ ਵੱਲੋਂ ਆਪਣੇ ਵਾਹਨਾਂ 'ਤੇ ਹਾਈ ਸਕਿਉਰਿਟੀ ਰਜਿਸਟ੍ਰੇਸ਼ਨ ਨੰਬਰ ਪਲੇਟ ਲੁਆਈ ਜਾ ਚੁੱਕੀ ਹੈ। ਉਨ੍ਹਾ ਮੁੜ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਾਹਨ 'ਤੇ ਹਾਈ ਸਕਿਉਰਿਟੀ ਰਜਿਸਟ੍ਰੇਸ਼ਨ ਨੰਬਰ ਪਲੇਟ ਲਗਾਉਣਾ ਯਕੀਨੀ ਬਣਾਉਣ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਚਲਾਨ ਦੇ ਨਾਲ-ਨਾਲ ਭਾਰੀ ਜੁਰਮਾਨਾ ਵੀ ਭਰਨਾ ਪੈ ਸਕਦਾ ਹੈ।

# ਸਰਪੰਚ ਚੀਨਾ ਕਤਲ ਕਾਂਡ ਦਾ ਮੁਲਜ਼ਮ ਮੁਕਾਬਲੇ 'ਚ ਜ਼ਖਮੀ



**ਹੁਸ਼ਿਆਰਪੁਰ, (ਸੈਣੀ, ਰਾਣਾ, ਭੂੰਗਰਨੀ)** - ਥਾਣਾ ਬੁੱਲ੍ਹੋਵਾਲ ਅਧੀਨ ਪੈਂਦੇ ਕਸਬਾ ਦੁਸੜਕਾ ਵਿੱਚ ਸਰਪੰਚ ਸੰਦੀਪ ਕੁਮਾਰ ਚੀਨਾ ਹੱਤਿਆ ਕਾਂਡ ਵਿੱਚ ਲੋੜੀਂਦੇ ਮੁਲਜ਼ਮ ਨੂੰ ਮਕਾਬਲੇ ਤੋਂ ਬਾਅਦ ਨਜਾਇਜ਼ ਅਸਲੇ ਸਮੇਤ ਕਾਬੂ ਕਰ ਲਿਆ ਗਿਆ। ਐੱਸ ਐੱਸ ਪੀ ਸੁਰਿੰਦਰ ਲਾਂਬਾ ਨੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਬੀਤੀ 4 ਜਨਵਰੀ ਨੂੰ ਅਨੂਪ ਕੁਮਾਰ ਉਰਫ ਵਿੱਕੀ ਵਾਸੀ ਅਸਲਪੁਰ ਥਾਣਾ ਬੁੱਲ੍ਹੋਵਾਲ ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣੇ 2 ਹੋਰ ਨਾਮਾਲੂਮ ਸਾਥੀਆਂ ਨਾਲ ਮਿਲ ਕੇ ਕਸਬਾ ਦੁਸੜਕਾ ਵਿੱਚ ਆਪਣੇ ਟਾਈਲਾਂ ਵਾਲੇ ਡੰਪ 'ਤੇ ਬੈਠੇ ਸਰਪੰਚ ਸੰਦੀਪ ਕੁਮਾਰ (45) ਵਾਸੀ ਡਡਿਆਣਾ ਕਲਾਂ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਸੀ। ਵੱਖ-ਵੱਖ ਸਮਾਜਕ ਜਥੇਬੰਦੀਆਂ ਵੱਲੋਂ ਇਸ ਕਤਲ ਕਾਂਡ ਦੀ ਨਿੰਦਾ ਕਰਦੇ ਹੋਏ 4 ਜਨਵਰੀ ਤੋਂ ਲਗਾਤਾਰ ਮੰਗ ਕੀਤੀ ਜਾ ਰਹੀ ਸੀ ਕਿ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਗ੍ਰਿਫਤਾਰ ਕਰਕੇ ਸਖ਼ਤ ਤੋਂ ਸਖਤ ਸਜ਼ਾ ਦਿਵਾਈ ਜਾਵੇ।

ਉਸ ਤੋਂ ਬਾਅਦ ਪੂਰੇ ਜ਼ਿਲ੍ਹੇ ਨੂੰ ਰੈੱਡ ਅਲਰਟ ਕਰਕੇ ਪੁਲਸ ਨੇ 24 ਘੰਟੇ ਤੋਂ ਵੀ ਘੱਟ ਸਮੇਂ ਵਿੱਚ ਰੋਹਿਤ ਕੁਮਾਰ ਉਰਫ ਸੂਰਜ ਵਾਸੀ ਸ਼ੇਰਪੁਰ ਗਲਿੰਡ ਥਾਣਾ ਬੁੱਲ੍ਹੋਵਾਲ ਨੂੰ ਗ੍ਰਿਫਤਾਰ ਕੀਤਾ ਸੀ। ਤਫਤੀਸ ਦੌਰਾਨ 6 ਜਨਵਰੀ ਨੂੰ ਵਾਰਦਾਤ ਤੋਂ ਬਾਅਦ ਵਰਤੀ ਗਈ ਸਵਿਫਟ ਕਾਰ ਦੇ ਚਾਲਕ ਸਨਮੰਤ ਖੋਸਲਾ ਵਾਸੀ ਮੁਹੱਲਾ ਬਾਲਮੀਕ ਥਾਣਾ ਟਾਂਡਾ ਅਤੇ 9 ਜਨਵਰੀ ਨੂੰ ਗੁਰਪ੍ਰੀਤ ਉਰਫ ਗੋਪੀ ਸ਼ੂਟਰ ਵਾਸੀ ਘੋੜੇਵਾਹਾ, ਥਾਣਾ ਟਾਂਡਾ ਅਤੇ ਮਨਦੀਪ ਸਿੰਘ ਉਰਫ ਮੀਪਾ ਵਾਸੀ ਪਿੰਡ ਮੋਹਾਂ, ਥਾਣਾ ਟਾਂਡਾ ਨੂੰ ਗ੍ਰਿਫਤਾਰ ਕੀਤਾ ਗਿਆ। ਉਪਰੋਕਤ ਗ੍ਰਿਫਤਾਰੀਆਂ ਤੋਂ ਬਾਅਦ ਵੀ ਅਸਲ ਦੋਸ਼ੀਆਂ ਦੀ ਭਾਲ ਕੀਤੀ ਜਾ ਰਹੀ ਸੀ ਤਾਂ 9 ਜਨਵਰੀ ਦੀ ਰਾਤ ਨੂੰ ਇੰਚਾਰਜ ਸੀ ਆਈ ਏ ਸਟਾਫ ਇੰਸਪੈਕਟਰ ਬਲਵਿੰਦਰ ਪਾਲ ਨੂੰ ਖੁਫੀਆ ਸੂਤਰਾਂ ਰਾਹੀਂ ਇਤਲਾਹ ਪ੍ਰਾਪਤ ਹੋਈ ਕਿ ਅਨੂਪ ਕੁਮਾਰ ਉਰਫ ਵਿੱਕੀ ਢੋਲਵਾਹਾ ਤੋਂ ਦੇਹਰਾ ਰੋਡ 'ਤੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਜਾ ਰਿਹਾ ਹੈ। ਪੁਲਸ ਪਾਰਟੀ ਵੱਲੋਂ ਨਹਿਰੇ-ਨਹਿਰ ਵਿੱਕੀ ਦੀ ਭਾਲ ਕੀਤੀ ਗਈ। ਜਦੋਂ ਪੁਲਸ ਪਾਰਟੀ ਪਿੰਡ ਲਾਲਪੁਰ ਦੇ ਨਜ਼ਦੀਕ ਪੁੱਜੀ ਤਾਂ ਸਾਹਮਣੇ ਤੋਂ ਇੱਕ ਮੋਟਰਸਾਈਕਲ ਆਉਂਦਾ ਦਿਖਾਈ ਦਿੱਤਾ, ਜਿਸ ਨੂੰ ਪੁਲਸ ਪਾਰਟੀ ਨੇ ਰੁਕਣ ਲਈ ਇਸ਼ਾਰਾ ਕੀਤਾ ਤਾਂ ਮੋਟਰਸਾਈਕਲ ਚਾਲਕ ਘਬਰਾ ਕੇ ਮੋਟਰਸਾਈਕਲ ਤੋਂ ਹੇਠਾਂ ਡਿੱਗ ਪਿਆ ਤੇ ਉੱਠ ਕੇ ਭੱਜਣ ਲੱਗਾ। ਘੇਰਾ ਪੈਂਦਾ ਦੇਖ ਉਸ ਨੇ ਪੁਲਸ ਪਾਰਟੀ 'ਤੇ ਸਿੱਧੀਆਂ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਜਵਾਬੀ ਕਾਰਵਾਈ ਵਿਚ ਵਿੱਕੀ ਜ਼ਖਮੀ ਹੋ ਗਿਆ, ਜਿਸ ਨੂੰ ਤੁਰੰਤ ਇਲਾਜ ਲਈ ਸਿਵਲ ਹਸਪਤਾਲ ਹੁਸ਼ਿਆਰਪੁਰ ਭੇਜਿਆ ਗਿਆ, ਜੋ ਅਜੇ ਜ਼ੇਰੇ ਇਲਾਜ ਹੈ। 10 ਜਨਵਰੀ ਨੂੰ ਲੋੜੀਂਦੇ ਮਨਪ੍ਰੀਤ ਸਿੰਘ ਉਰਫ ਮਨੀਸ ਵਾਸੀ ਪਿੰਡ ਕਲਿਆਣਪੁਰ, ਥਾਣਾ ਲਾਂਬੜਾ, ਜ਼ਿਲ੍ਹਾ ਜਲੰਧਰ ਅਤੇ ਕਰਨ ਕੁਮਾਰ ਉਰਫ ਕੰਨੂ ਵਾਸੀ ਅਸਲਪੁਰ, ਥਾਣਾ ਬੁੱਲ੍ਹੋਵਾਲ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ।

# 11 ਹਜ਼ਾਰ ਖਿਡਾਰੀਆਂ ਨੂੰ 8.30 ਕਰੋੜ ਰੁਪਏ ਤਕਸੀਮ



**ਚੰਡੀਗੜ੍ਹ, (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਸੂਬੇ ਦੇ ਸਭ ਤੋਂ ਵੱਡੇ ਖੇਡ ਮੁਕਾਬਲੇ 'ਖੇਡਾਂ ਵਤਨ ਪੰਜਾਬ ਦੀਆਂ' ਦੇ ਦੂਜੇ ਭਾਗ ਦੀ ਰਸਮੀ ਸਮਾਪਤੀ ਦਾ ਐਲਾਨ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਭਰ ਵਿੱਚ ਹੋਈਆਂ ਇਨ੍ਹਾਂ ਖੇਡਾਂ ਵਿੱਚ 4.5 ਲੱਖ ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਉਨ੍ਹਾ ਕਿਹਾ ਕਿ ਖੇਡਾਂ ਦੌਰਾਨ ਸੂਬੇ ਭਰ ਦੇ ਸੋਨੇ, ਚਾਂਦੀ ਤੇ ਕਾਂਸੀ ਦੇ ਤਮਗਿਆਂ ਦੇ ਜੇਤੂ 11 ਹਜ਼ਾਰ ਖਿਡਾਰੀਆਂ ਲਈ 8.30 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਜਾਰੀ ਕੀਤੀ, ਜੋ ਕਿ ਖਿਡਾਰੀਆਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕਰ ਦਿੱਤੀ ਜਾਵੇਗੀ। ਮਾਨ ਨੇ ਇਨ੍ਹਾਂ ਖਿਡਾਰੀਆਂ ਨੂੰ ਉਨ੍ਹਾਂ ਦੀ ਸਫ਼ਲਤਾ ਲਈ ਮੁਬਾਰਕਬਾਦ ਦਿੰਦਿਆਂ ਉਮੀਦ ਜਤਾਈ ਕਿ ਇਹ ਖਿਡਾਰੀ ਕੌਮੀ ਤੇ ਕੌਮਾਂਤਰੀ ਮੁਕਾਬਲਿਆਂ ਵਿੱਚ ਸੂਬੇ ਲਈ ਨਾਮਣਾ ਖੱਟਣਾ ਜਾਰੀ ਰੱਖਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਸਾਲ ਅੱਠ ਉਮਰ ਵਰਗਾਂ ਦੇ 35 ਮੁਕਾਬਲੇ ਕਰਵਾਏ ਗਏ ਅਤੇ ਪਹਿਲੀ ਦਫ਼ਾ ਇਨ੍ਹਾਂ ਖੇਡਾਂ ਵਿੱਚ ਰਗਬੀ, ਸਾਇਕਲਿੰਗ, ਘੋੜ ਸਵਾਰੀ, ਵੁਸ਼ੂ ਤੇ ਵਾਲੀਬਾਲ ਸ਼ੂਟਿੰਗ ਨੂੰ ਵੀ ਸ਼ਾਮਲ ਕੀਤਾ ਗਿਆ। ਇਸ ਵਾਰ ਅੰਡਰ-14, 17, 21, 21 ਤੋਂ 30, 31 ਤੋਂ 40, 41 ਤੋਂ 55, 56 ਤੋਂ 65 ਸਾਲ ਅਤੇ 65 ਸਾਲ ਤੋਂ ਵੱਧ ਉਮਰ ਵਰਗ ਦੇ ਮੁਕਾਬਲੇ ਕਰਵਾਏ ਗਏ। ਉਹਨਾ ਕਿਹਾ ਕਿ ਸੋਨੇ ਦਾ ਤਮਗਾ ਜੇਤੂ ਨੂੰ 10 ਹਜ਼ਾਰ, ਚਾਂਦੀ ਲਈ ਸੱਤ ਹਜ਼ਾਰ ਅਤੇ ਕਾਂਸੀ ਦਾ ਤਮਗਾ ਜੇਤੂ ਲਈ ਪੰਜ ਹਜ਼ਾਰ ਦੀ ਇਨਾਮੀ ਰਾਸ਼ੀ ਸਮੇਤ ਕੁੱਲ 8.30 ਕਰੋੜ ਰੁਪਏ ਦੇ ਨਕਦ ਇਨਾਮ ਖਿਡਾਰੀਆਂ ਨੂੰ ਦਿੱਤੇ ਗਏ। ਉਹਨਾ ਕਿਹਾ ਕਿ ਇਹ ਖੇਡਾਂ ਖਿਡਾਰੀਆਂ ਨੂੰ ਆਪਣੇ ਹੁਨਰ ਦੇ ਮੁਜ਼ਾਹਰੇ ਲਈ ਇਕ ਪਲੇਟਫਾਰਮ ਮੁਹੱਈਆ ਕਰਨ ਦੀ ਦਿਸ਼ਾ ਵਿੱਚ ਵੱਡਾ ਕਦਮ ਹੈ। ਇਹ ਖੇਡਾਂ ਖਿਡਾਰੀਆਂ ਦੀ ਸਮਰੱਥਾ ਤੇ ਕਮਜ਼ੋਰੀਆਂ ਦੀ ਪਛਾਣ ਕਰਨ ਲਈ ਸੂਬਾ ਸਰਕਾਰ ਵਾਸਤੇ ਮਦਦਗਾਰ ਹੋਣਗੀਆਂ, ਜੋ ਕਿ ਭਵਿੱਖ ਵਿੱਚ ਖਿਡਾਰੀਆਂ ਨੂੰ ਕੌਮੀ ਤੇ ਕੌਮਾਂਤਰੀ ਪੱਧਰ ਲਈ ਤਿਆਰ ਕਰਨ ਲਈ ਸਹਾਈ ਸਾਬਤ ਹੋਵੇਗਾ। ਪੰਜਾਬ ਵਿੱਚ ਖੇਡਾਂ ਨੂੰ ਹਰਮਨਪਿਆਰਾ ਬਣਾਉਣ ਲਈ ਸੂਬਾ ਸਰਕਾਰ ਕੋਈ ਕਸਰ ਬਾਕੀ ਨਹੀਂ ਛੱਡ ਰਹੀ, ਕਿਉਂਕਿ ਖੇਡਾਂ ਸੂਬੇ ਦੀ ਤਰੱਕੀ ਤੇ ਲੋਕਾਂ ਦੀ ਖ਼ੁਸ਼ਹਾਲੀ ਲਈ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ।

## ਅੱਜ-ਨਾਮਾ

'ਕਾਲੀ-ਭਾਜਪਾ ਦੀ ਚੱਲਦੀ ਗੱਲ ਸੁਣ ਕੇ,
ਬਸਪਾ ਵਾਲਿਆਂ ਨੂੰ ਆ ਗਈ ਕੌੜ ਬੇਲੀ।
ਕਹਿੰਦੇ ਸਾਡੇ ਨਾਲ ਪਾਈ ਸੀ ਸਾਂਝ ਉਨ੍ਹਾਂ,
ਦੂਸਰੇ ਵਿਹੜੇ ਨੂੰ ਪਏ ਕਿਉਂ ਦੌੜ ਬੇਲੀ।
ਦੋ-ਦੋ ਬੇੜੀਆਂ ਦੇ ਉੱਪਰ ਚੜ੍ਹਨ ਜਿਹੜੇ,
ਅੰਤ ਵਿੱਚ ਕਰੀ ਫਿਰਦੇ ਝੁੱਗੇ ਚੌੜ ਬੇਲੀ।
ਚੁਸਤੀ ਕਰਦਿਆਂ ਸੱਟ ਉਹ ਖਾਣਗੇ ਈ,
ਵਿੰਹਦੇ ਰਹਿਣਗੇ ਨੁੱਕਰ ਦਾ ਤੌੜ ਬੇਲੀ।
ਕਿਸੇ ਤੋਂ ਤੋੜ ਕਿਧਰੇ ਹੋਰ ਲਾਉਣਗੇ ਤਾਂ,
ਕਰਨਾ ਕਿਸੇ ਨਹੀਂ ਆਖਰ ਯਕੀਨ ਬੇਲੀ।
ਇਕੱਲੇ ਖੜੇ ਚੌਰਾਹੇ ਵਿੱਚ ਰਹਿਣਗੇ ਈ,
ਦੁਨੀਆ ਪੱਲੇ ਨਹੀਂ ਰਹੂ ਨਾ ਦੀਨ ਬੇਲੀ।

-ਤੀਸ ਮਾਰ ਖਾਂ

11-JAN-PAGE-1.qxd 1/10/2024 10:56 PM Page 2



## ਮੌੜ ਦੇ ਵਾਟਰ ਵਰਕਸ ’ਤੇ ਬੋਰ ਦਾ ਕੰਮ ਸ਼ੁਰੂ



**ਕੋਟਕਪੂਰਾ (ਰਛਪਾਲ ਭੁੱਲਰ)** ਵਿਧਾਨ ਸਭਾ ਹਲਕਾ ਪਿੰਡ ਮੌੜ ਵਿਖੇ ਵਾਟਰ ਵਰਕਸ ’ਤੇ ਮਾਨਯੋਗ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਰਹਿਨੁਮਾਈ ਹੇਠ ਪਿੰਡ ਵਿੱਚ ਪਾਣੀ ਦੀ ਸਮੱਸਿਆ ਨੂੰ ਦੂਰ ਕਰਨ ਲਈ ਬਲਾਕ ਪ੍ਰਧਾਨ ਮਾਸਟਰ ਕੁਲਦੀਪ ਸਿੰਘ ਮਾਨ ਵੱਲੋਂ ਕਹੀ ਦਾ ਟੱਕ ਲਾ ਕੇ ਬੋਰ ਦਾ ਕੰਮ ਸੁਰੂ ਕਰਾਇਆ ਗਿਆ। ਲੰਮੇ ਸਮੇਂ ਤੋਂ ਨਗਰ ਮੌੜ ਵਿਖੇ ਨਹਿਰੀ ਪਾਣੀ ਦੀ ਸਪਲਾਈ ਬੰਦ ਹੋਣ ਕਾਰਨ ਵਾਟਰ ਵਰਕਸ ਦੀ ਸਪਲਾਈ ਬੰਦ ਪਈ ਹੋਈ ਸੀ, ਜੋ ਹੁਣ ਆਉਣ ਵਾਲੇ ਦਿਨਾਂ ਵਿਚ ਪਾਣੀ ਦੀ ਸਪਲਾਈ ਜਲਦੀ ਹੀ ਚਾਲੂ ਹੋ ਜਾਵੇਗਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਮੁਖਤਿਆਰ ਸਿੰਘ ਮਾਨ, ਕੁਲਦੀਪ ਸਿੰਘ ਸੰਧੂ, ਸਵਰਨਜੀਤ ਸਿੰਘ ਮਾਨ, ਮੰਦਰ ਸਿੰਘ, ਡਾਕਟਰ ਜਸਵਿੰਦਰ ਸਿੰਘ, ਜਰਮਨ ਸਿੰਘ, ਸੁਖਪਿੰਦਰ ਸਿੰਘ, ਗੁਰਚਰਨ ਸਿੰਘ ਮਾਨ, ਜਗਸੀਰ ਸਿੰਘ ਪੱਪੂ, ਕੌਰਾ ਮੌੜ, ਗਿਆਨੀ ਕਪੂਰ ਸਿੰਘ, ਕਿੰਦਰ ਮੌੜ, ਕਰਨ ਮੌੜ ਹਾਜ਼ਰ ਸਨ। ਇਸ ਮੌਕੇ ਬਲਾਕ ਪ੍ਰਧਾਨ ਵੱਲੋਂ ਸਪੀਕਰ ਦਾ ਧੰਨਵਾਦ ਕੀਤਾ ਅਤੇ ਸੀਨੀਅਰ ਆਗੂ ਕੁਲਦੀਪ ਸਿੰਘ ਸੰਧੂ ਤੇ ਸਮੂਹ ਆਮ ਆਦਮੀ ਪਾਰਟੀ ਦੇ ਵਰਕਰਾਂ ਨੇ ਸਪੀਕਰ ਦਾ ਧੰਨਵਾਦ ਕੀਤਾ।

## ਜੇਲ੍ਹ ’ਚ ਪਤੀ ਨੂੰ ਮਿਲਣ ਆਈ ਪਤਨੀ ਕੋਲੋਂ ਮਿਲਿਆ ਨਸ਼ੀਲਾ ਪਦਾਰਥ, ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਜੇਲ੍ਹ ’ਚ ਆਪਣੇ ਪਤੀ ਨੂੰ ਮਿਲਣ ਆਈ ਪਤਨੀ ਨੂੰ ਪੁਲਸ ਨੇ ਹਿਰਾਸਤ ’ਚ ਲੈ ਲਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਜੇਲ੍ਹ ਪ੍ਰਸ਼ਾਸਨ ਨੇ ਔਰਤ ਕੋਲੋਂ ਨਸ਼ੀਲਾ ਪਦਾਰਥ ਬਰਾਮਦ ਕੀਤਾ ਹੈ, ਜੋ ਉਸ ਨੇ ਆਪਣੇ ਗੁਪਤ ਅੰਗਾਂ ਵਿੱਚ ਛੁਪਾ ਕੇ ਰੱਖਿਆ ਹੋਇਆ ਸੀ। ਪੁਲਸ ਨੂੰ ਭੇਜੀ ਸ਼ਿਕਾਇਤ ਵਿਚ ਸਹਾਇਕ ਸੁਪਰਡੈਂਟ ਜਸਵੀਰ ਸਿੰਘ ਨੇ ਦੱਸਿਆ ਕਿ ਊਸ਼ਾ ਰਾਣੀ ਉਰਫ਼ ਮਨਜੀਤ ਕੌਰ ਪਤਨੀ ਕੈਦੀ ਬਲਵਿੰਦਰ ਸਿੰਘ ਵਾਸੀ ਪਿੰਡ ਹਸਤਕਲਾਂ ਮੰਗਲਵਾਰ ਨੂੰ ਉਸ ਨੂੰ ਮਿਲਣ ਆਈ ਸੀ। ਮੀਟਿੰਗ ਤੋਂ ਪਹਿਲਾਂ ਚੈਕਿੰਗ ਡਿਊਟੀ ’ਤੇ ਤਾਇਨਾਤ ਮੈਟਰਨ ਗੁਰਦੀਪ ਕੌਰ ਵੱਲੋਂ ਜਦੋਂ ਊਸ਼ਾ ਰਾਣੀ ਦੀ ਤਲਾਸ਼ੀ ਲਈ ਗਈ ਤਾਂ ਉਹ ਆਪਣੇ ਗੁਪਤ ਅੰਗ ’ਚ ਛੁਪਾ ਕੇ ਕੋਈ ਚੀਜ਼ ਲੈ ਕੇ ਆਈ ਸੀ।ਜਦੋਂ ਮੈਟਰਨ ਨੇ ਉਸ ਦੀ ਬਾਰੀਕੀ ਨਾਲ ਤਲਾਸ਼ੀ ਲਈ ਤਾਂ ਉਸ ਵਿੱਚੋਂ 44.50 ਗ੍ਰਾਮ ਚਿੱਟੇ ਰੰਗ ਦਾ ਨਸ਼ੀਲਾ ਪਦਾਰਥ ਬਰਾਮਦ ਹੋਇਆ ਜੋ ਕਿ ਹੈਰੋਇਨ ਵਰਗੀ ਲੱਗਦੀ ਸੀ। ਪੁਲਸ ਨੇ ਊਸ਼ਾ ਰਾਣੀ ਅਤੇ ਉਸ ਦੇ ਪਤੀ ਬਲਵਿੰਦਰ ਸਿੰਘ ਖ਼ਿਲਾਫ਼ ਜੇਲ੍ਹ ਐਕਟ ਅਤੇ ਐਨਡੀਪੀਐਸ ਐਕਟ ਤਹਿਤ ਕੇਸ ਦਰਜ ਕਰਕੇ ਊਸ਼ਾ ਰਾਣੀ ਨੂੰ ਹਿਰਾਸਤ ਵਿੱਚ ਲੈ ਲਿਆ ਹੈ।

## ਵਿਦਿਆਰਥੀਆਂ ਨੇ ਗ੍ਰੀਨ ਓਲੰਪੀਆਡ ’ਚ ਕੁਆਲੀਫਾਈ ਕਰਕੇ ਨਾਂਅ ਰੌਸ਼ਨ ਕੀਤਾ



**ਜਗਰਾਉਂ, (ਅਮਿਤ ਖੰਨਾ)** ਗ੍ਰੀਨ ਓਲੰਪੀਆਡ ਵਿਦਿਆਰਥੀਆਂ ਨੂੰ ਸਾਡੇ ਵਾਤਾਵਰਣ ਤੇ ਟਿਕਾਊ ਵਿਕਾਸ ਬਾਰੇ ਜਾਣਨ ਦਾ ਮੌਕਾ ਪ੍ਰਦਾਨ ਕਰਦਾ ਹੈ। ਜੀ.ਐਚ.ਜੀ. ਅਕੈਡਮੀ ਵਿਖੇ ਗਰੀਨ ਓਲੰਪੀਆਡ ਦਾ ਆਯੋਜਨ ਪ੍ਰਿੰਸੀਪਲ ਸ਼੍ਰੀਮਤੀ ਰਮਨਜੋਤ ਕੌਰ ਗਰੇਵਾਲ ਤੇ ਕੋਆਰਡੀਨੇਟਿੰਗ ਟੀਚਰ ਸ਼੍ਰੀਮਤੀ ਰਮਨਦੀਪ ਕੌਰ ਦੀ ਅਗਵਾਈ ਹੇਠ ਅਤੇ ‘ਟੇਰੀ’ ਵੱਲੋਂ ਕੀਤਾ ਗਿਆ। ਗ੍ਰੀਨ ਉਲੰਪੀਆਡ ਦਾ ਨਤੀਜਾ ਐਲਾਨ ਦਿੱਤਾ ਗਿਆ ਹੈ, ਜਿਸ ਵਿੱਚ ਕੁੱਲ 118 ਵਿਦਿਆਰਥੀਆਂ ਨੇ ਭਾਗ ਲਿਆ ਅਤੇ 14 ਵਿਦਿਆਰਥੀਆਂ ਨੂੰ ਇਨਾਮ ਦਿੱਤੇ ਗਏ। ਬਾਕੀ ਵਿਦਿਆਰਥੀਆਂ ਨੂੰ ਮੈਰਿਟ ਸਰਟੀਫਿਕੇਟ ਤੇ ਭਾਗੀਦਾਰੀ ਦੇ ਸਰਟੀਫਿਕੇਟ ਦਿੱਤੇ ਗਏ।

ਸਕੂਲ ਦੇ ਚੇਅਰਮੈਨ ਗੁਰਮੇਲ ਸਿੰਘ ਮੱਲ੍ਹੀ, ਡਾਇਰੈਕਟਰ ਬਲਜੀਤ ਸਿੰਘ ਮੱਲ੍ਹੀ ਤੇ ਸਕੂਲ ਪ੍ਰਿੰਸੀਪਲ ਸਾਹਿਬਾ ਨੇ ਸਮੂਹ ਵਿਦਿਆਰਥੀਆਂ ਨੂੰ ਗ੍ਰੀਨ ਓਲੰਪੀਆਡ ’ਚ ਸ਼ਾਨਦਾਰ ਪ੍ਰਦਰਸ਼ਨ ਕਰਨ ’ਤੇ ਵਧਾਈ ਦਿੰਦਿਆਂ ਕਿਹਾ ਕਿ ਭਵਿੱਖ ’ਚ ਵੀ ਅਜਿਹੇ ਮੁਕਾਬਲੇ ਹੁੰਦੇ ਰਹਿਣਗੇ, ਜਿਸ ਨਾਲ ਬੱਚਿਆਂ ਦਾ ਬੌਧਿਕ ਵਿਕਾਸ ਹੁੰਦਾ ਰਹੇਗਾ, ਵਿਦਿਆਰਥੀ ਗੁਰਨੂਰ ਸਿੰਘ, ਹਰਲੀਨ ਕੌਰ, ਹਰਮਨ ਸਿੰਘ ਸਿੱਧੂ, ਗੁਰਲੀਨ ਕੌਰ, ਜਸਮੀਨ ਕੌਰ ਗਿੱਲ, ਮਨਕਰਨਵੀਰ ਕੌਰ, ਖੁਸ਼ਪ੍ਰੀਤ ਕੌਰ, ਅਸ਼ਮੀਤ ਕੌਰ, ਗੁਰਲੀਨ ਕੌਰ, ਦਰਪਣਪ੍ਰੀਤ ਕੌਰ, ਗੁਰਕੀਰਤ ਸਿੰਘ, ਸੁਖਮਨਪ੍ਰੀਤ ਕੌਰ, ਜਸਮੀਨ ਕੌਰ, ਏਕਮਜੋਤ ਕੌਰ ਹਾਜ਼ਰ ਸਨ।

## ਅਲਾਇੰਸ ਕਲੱਬ ਮੁਕਤਸਰ ਦੇ ਮੈਂਬਰਾਂ ਜਸਬੀਰ ਸਿੰਘ ਏ ਐਸ ਆਈ ਨੂੰ ਕੀਤਾ ਸਨਮਾਨਤ



**ਮੁਕਤਸਰ (ਸ਼ਮਿੰਦਰਪਾਲ /ਪੂਜਾ)-** ਇੰਟਰਨੈਸ਼ਨਲ ਅਲਾਇੰਸ ਕਲੱਬ ਮੁਕਤਸਰ ਜ਼ਿਲ੍ਹਾ 111 ਦੇ ਪ੍ਰਧਾਨ ਐਲੀ ਸੁਰਿੰਦਰ ਗਿਰਧਰ ਦੀ ਰਹਿਨੁਮਾਈ ਹੇਠ ਇੰਟਰਨੈਸ਼ਨਲ ਅਲਾਇੰਸ ਕਲੱਬ ਜ਼ਿਲ੍ਹਾ 111 ਦੇ ਸਾਬਕਾ ਜ਼ਿਲ੍ਹਾ ਗਵਰਨਰ ਐਲੀ ਨਿਰੰਜਣ ਸਿੰਘ ਰੱਖਰਾ, ਸਾਬਕਾ ਜ਼ਿਲ੍ਹਾ ਕੈਬਨਿਟ ਸੈਕਟਰੀ ਐਲੀ ਅਰਵਿੰਦਰਪਾਲ ਸਿੰਘ ਬੱਬੂ, ਸਾਬਕਾ ਕਲੱਬ ਪ੍ਰਧਾਨ ਐਲੀ ਚਰਨਜੀਤ ਸਿੰਘ ਮਾਂਗਟਕੇਰ ਅਤੇ ਸੀਨੀਅਰ ਮੈਂਬਰ ਐਲੀ ਸੋਮਨਾਥ ਜਲਹੋਤਰਾ ਵਲੋਂ ਕਲੱਬ ਦੇ ਸੀਨੀਅਰ ਮੈਂਬਰ ਪੁਲਸ ਇੰਸਪੈਕਟਰ ਐਲੀ ਜਸਬੀਰ ਸਿੰਘ ਨੂੰ ਸੇਵਾ ਮੁਕਤ ਹੋਣ ’ਤੇ ਗੁਰਦੁਆਰਾ ਟੁੱਟੀ ਗੰਢੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਦੀ ਫੋਟੋ ਅਤੇ ਸਿਰੋਪਾਉ ਦੀ ਬਖਸ਼ਿਸ਼ ਨਾਲ ਸਨਮਾਨਤ ਕੀਤਾ। ਇਹ ਸਨਮਾਨ ਕਲੱਬ ਮੈਂਬਰਾਂ ਵਲੋਂ ਜਸਬੀਰ ਸਿੰਘ ਨੂੰ ਸੇਵਾ ਮੁਕਤ ਹੋਣ ਦੇ ਸਬੰਧ ਵਿੱਚ ਰੱਖੇ ਗਏ ਸਮਾਗਮ ਦੌਰਾਨ ਦਿੱਤਾ ਗਿਆ। ਇਸ ਸਮੇਂ ਰੱਖਰਾ ਨੇ ਕਿਹਾ ਕਿ ਜਸਬੀਰ ਸਿੰਘ ਬਤੌਰ ਪੰਜਾਬ ਪੁਲਸ ਵਿੱਚ ਵੱਖ - ਵੱਖ ਅਹੁਦਿਆਂ ’ਤੇ ਰਹਿ ਕੇ ਆਪਣੀ ਸਰਕਾਰੀ ਡਿਊਟੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਂਦਿਆਂ ਬੇਦਾਗ ਸੇਵਾ ਮੁਕਤ ਹੋਏ ਹਨ। ਸ਼ਾਨਦਾਰ ਸੇਵਾ ਮੁਕਤੀ ’ਤੇ ਜਸਬੀਰ ਸਿੰਘ ਅਤੇ ਸਾਰੇ ਪਰਵਾਰ ਨੂੰ ਅਲਾਇੰਸ ਕਲੱਬ ਮੁਕਤਸਰ ਦੇ ਪਰਵਾਰ ਵਲੋਂ ਮੁਬਾਰਕਾਂ ਦਿਤੀਆਂ ਗਈਆਂ।

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਸੰਬੰਧੀ ਪ੍ਰਭਾਤ ਫੇਰੀ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)-**ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਮੁੱਖ ਰੱਖਦਿਆਂ ਭੋਗਪੁਰ ਗੁਰਦੁਆਰਾ ਸਾਹਿਬ ਤੋਂ ਅੰਮ੍ਰਿਤ ਵੇਲੇ ਪ੍ਰਭਾਤ ਫੇਰੀ ਆਰੰਭ ਹੋ ਕੇ ਡੈਂਮਟ ਟੈਂਟ ਹਾਊਸ ਵਿਖੇ ਪਹੁੰਚੀ ਜਿੱਥੇ ਸਵੇਰ ਤੋਂ ਹੀ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਉਪਰੰਤ ਕੀਰਤਨ ਕੀਤਾ ਗਿਆ ਤੇ ਅਰਦਾਸ ਕਰਨ ਤੋਂ ਬਾਅਦ ਗੁਰੂ ਕੇ ਲੰਗਰ ਚਲਾਏ ਗਏ। ਸਮੂਹ ਭੋਗਪੁਰ ਦੇ ਨਗਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਅੰਮ੍ਰਿਤ ਵੇਲੇ ਆਰੰਭ ਹੋਈਆਂ ਇਨ੍ਹਾਂ ਪ੍ਰਭਾਤ ਫੇਰੀਆਂ ਵਿਚ ਕੜਾਕੇ ਦੀ ਸਰਦੀ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਸੰਗਤਾਂ ਆਪਣੀ ਹਾਜ਼ਰੀ ਲਵਾ ਰਹੀਆਂ ਹਨ।ਪ੍ਰਭਾਤ ਫੇਰੀਆਂ ਦੌਰਾਨ ਸਮੂਹ ਸੰਗਤ ਵੱਲੋਂ ਸ਼ਬਦ ਕੀਰਤਨ ਅਤੇ ਸਤਿਨਾਮ ਵਾਹਿਗੁਰੂ ਵਾਹਿਗੁਰੂ ਦੇ ਜਾਪ ਕਰਦਿਆਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾ ਜਾਂਦਾ ਹੈ। ਪ੍ਰਭਾਤ ਫੇਰੀ ’ਚ ਸ਼ਾਮਲ ਸੰਗਤ ਵਾਸਤੇ ਸੇਵਾਦਾਰਾਂ ਵੱਲੋਂ ਅੰਮ੍ਰਿਤ ਵੇਲੇ ਚਾਹ, ਦੁੱਧ ਤੇ ਮਠਿਆਈਆਂ ਦੇ ਲੰਗਰ ਲਾਏ ਜਾ ਰਹੇ ਹਨ।

## ਭਾਕਿਯੂ ਡਕੌਂਦਾ ‘ਧਨੇਰ’ ਦੀ ਲਹਿਰਾ ਬੇਗਾ ਇਕਾਈ ਦੀ ਚੋਣ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-** ਭਾਰਤੀ ਕਿਸਾਨ ਯੂਨੀਅਨ ਡਕੌਂਦਾ ‘ਧਨੇਰ ਗਰੁੱਪ’ ਦੀ ਜ਼ਰੂਰੀ ਮੀਟਿੰਗ ਪਿੰਡ ਲਹਿਰਾ ਬੇਗਾ ਵਿਖੇ ਜ਼ਿਲ੍ਹਾ ਜਨਰਲ ਸਕੱਤਰ ਗੁਰਨਾਮ ਸਿੰਘ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਜ਼ਿਲ੍ਹਾ ਖਜ਼ਾਨਚੀ ਤਰਸੇਮ ਚੰਦ, ਬਲਾਕ ਨਥਾਣਾ ਦੇ ਪ੍ਰਧਾਨ ਪਾਲਾ ਸਿੰਘ, ਬਲਾਕ ਮੀਤ ਪ੍ਰਧਾਨ ਜੁਗਰਾਜ ਸਿੰਘ, ਚੰਦ ਸਿੰਘ, ਬਲਾਕ ਜਨਰਲ ਸਕੱਤਰ ਜਗਦੇਵ ਸਿੰਘ ਲਹਿਰਾ ਅਤੇ ਸੱਤਾ ਸਿੰਘ ਆਦ ਤੋਂ ਇਲਾਵਾ ਹੋਰ ਪਿੰਡ ਦੇ ਹੋਰ ਕਿਸਾਨ ਸ਼ਾਮਲ ਸਨ। ਇਸ ਦੌਰਾਨ ਕਿਸਾਨੀ ਮਸਲਿਆਂ ’ਤੇ ਵਿਚਾਰਾਂ ਉਪਰੰਤ ਜਥੇਬੰਦੀ ਦੀ ਪਿੰਡ ਲਹਿਰਾ ਬੇਗਾ ਇਕਾਈ ਦੀ ਚੋਣ ਹੋਈ। ਜਿਸ ਵਿੱਚ ਗ਼ੁਲਾਬ ਸਿੰਘ ਨੂੰ ਪ੍ਰਧਾਨ, ਅਮਰ ਸਿੰਘ ‘ਮੀਤ ਪ੍ਰਧਾਨ’, ਜੱਗਾ ਸਿੰਘ ‘ਖਜ਼ਾਨਚੀ’, ਗੁਰਜੰਟ ਸਿੰਘ ‘ਜਰਨਲ ਸਕੱਤਰ’ ਅਤੇ ਗੁਰਾਦਿੱਤ ਸਿੰਘ ਨੂੰ ਜੁਆਇੰਟ ਸਕੱਤਰ ਚੁਣਿਆ ਗਿਆ।

## ਹਰਜੀਤ ਸਿੰਘ ਗਰੇਵਾਲ ਨੇ ਕਾਂਗਰਸ-ਆਪ ਸਮਝੌਤੇ ਨੂੰ ਭਾਜਪਾ ਲਈ ਫ਼ਾਇਦੇਮੰਦ ਦੱਸਿਆ



**ਬਰੇਟਾ (ਗੋਬਿੰਦ ਸ਼ਰਮਾ)-** ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਾਕੇਸ਼ ਜੈਨ ਦੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀਨੀਅਰ ਸੂਬਾਈ ਆਗੂ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਆਉਂਦੀਆਂ ਲੋਕ ਸਭਾ ਚੋਣਾਂ ਦੌਰਾਨ ਜੇਕਰ ਕਾਂਗਰਸ ਅਤੇ ਆਮ ਆਦਮੀ ਪਾਰਟੀ ’ਚ ਰਾਜਸੀ ਸਮਝੌਤਾ ਹੁੰਦਾ ਹੈ ਤਾਂ ਉਹ ਭਾਜਪਾ ਲਈ ਫ਼ਾਇਦੇਮੰਦ ਰਹੇਗਾ। ਉਨ੍ਹਾਂ ਦਾਅਵਾ ਕੀਤਾ ਕਿ ਦੇਸ ਦੀ ਰਾਜਨੀਤੀ ਦੇ ਬਣ ਰਹੇ ਨਵੇਂ ਸਮੀਕਰਣਾਂ ਤਹਿਤ ਭਾਰਤੀ ਜਨਤਾ ਪਾਰਟੀ ਇਸ ਵਾਰ 400 ਤੋਂ ਵੱਧ ਸੀਟਾਂ ’ਤੇ ਜਿੱਤ ਪ੍ਰਾਪਤ ਕਰਕੇ ਮੁੜ ਸਰਕਾਰ ਬਣਾਵੇਗੀ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਆਪਣੇ ਵਾਅਦੇ ਮੁਤਾਬਿਕ ਅਯੋਧਿਆ ਵਿਖੇ ਰਾਮ ਮੰਦਰ ਦਾ ਨਿਰਮਾਣ ਕਰਵਾ ਕੇ ਦੇਸ ਅੰਦਰ ਸਾਰੇ ਰਾਜਸੀ ਗਠਬੰਧਨਾਂ ਦਾ ਇੱਕ ਤਰ੍ਹਾਂ ਨਾਲ ਭੋਗ ਪਾਇਆ ਹੈ। ਇੱਕ ਸਵਾਲ ਦੇ ਜਵਾਬ ’ਚ ਗਰੇਵਾਲ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਨੂੰ ਈਡੀ ਦੀ ਜਾਂਚ ਤੋਂ ਟਲਣ ਦੀ ਬਜਾਏ ਪੇਸ਼ ਹੋ ਕੇ ਆਪਣਾ ਪੱਖ ਰੱਖਣਾ ਚਾਹੀਦਾ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕਰਕੇ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਅੰਦਰ ਹਰ ਤਰ੍ਹਾਂ ਦਾ ਮਾਫੀਆ ਕਈ ਗੁਣਾ ਫਲ ਫੁੱਲ ਰਿਹਾ ਹੈ।

# ਦਿੱਲੀ ਮੋਰਚੇ ’ਤੇ ਕੀਤੇ ਵਾਅਦੇ ਲਾਗੂ ਨਾ ਕਰਨ ’ਤੇ ਕਿਸਾਨ ਕਰਨਗੇ ਟਰੈਕਟਰ ਪਰੇਡ : ਲੱਖੋਵਾਲ



**ਸਮਰਾਲਾ, (ਸੁਰਜੀਤ ਸਿੰਘ)-** ਭਾਰਤੀ ਕਿਸਾਨ ਯੂਨੀਅਨ ਪੰਜਾਬ ਦੀ ਮਹੀਨੇਵਾਰ ਮੀਟਿੰਗ ਹਰਿੰਦਰ ਸਿੰਘ ਲੱਖੋਵਾਲ ਪ੍ਰਧਾਨ ਪੰਜਾਬ ਦੀ ਪ੍ਰਧਾਨਗੀ ਹੇਠ ਯੂਨੀਅਨ ਦੇ ਮੁੱਖ ਦਫ਼ਤਰ ਵਿਖੇ ਹੋਈ, ਜਿਸ ਵਿੱਚ ਅਵਤਾਰ ਸਿੰਘ ਮੇਹਲੋਂ ਸਰਪਰਸਤ ਤੇ ਯੂਨੀਅਨ ਦੇ ਅਹੁਦੇਦਾਰ, ਅਗਜੈਕਟਿਵ ਮੈਂਬਰ ਤੇ ਸਾਰੇ ਜ਼ਿਲ੍ਹਾ ਪ੍ਰਧਾਨ ਸ਼ਾਮਲ ਹੋਏ। ਮੀਟਿੰਗ ਵਿੱਚ ਕਿਸਾਨੀ ਮੁੱਦਿਆਂ ’ਤੇ ਵਿਚਾਰਾਂ ਕੀਤੀਆਂ ਗਈਆਂ।

ਹਰਿੰਦਰ ਸਿੰਘ ਲੱਖੋਵਾਲ ਪ੍ਰਧਾਨ ਪੰਜਾਬ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਦਿੱਲੀ ਮੋਰਚੇ ਦੌਰਾਨ ਕਿਸਾਨਾਂ ਨਾਲ ਵਾਅਦੇ ਕੀਤੇ ਸੀ ਕਿ ਐੱਮ.ਐੱਸ.ਪੀ ਤੇ ਗਰੰਟੀ ਦੇਣਾ, ਕਿਸਾਨਾਂ ’ਤੇ ਦਰਜ ਪਰਚਿਆਂ ਨੂੰ ਰੱਦ ਕਰਨਾ, ਮੋਰਚੇ ਦੌਰਾਨ ਸ਼ਹੀਦ ਹੋਏ ਕਿਸਾਨਾਂ ਨੂੰ ਮੁਆਵਜ਼ਾ, ਲਖੀਮਪੁਰਖੀਰੀ ਦੀ ਘਟਨਾ ਦਾ ਇਨਸਾਫ ਦੇਣਾ ਤੇ ਫ਼ਸਲ ਬੀਮਾ ਯੋਜਨਾ ਲਾਗੂ ਕਰਨਾ, ਕਿਸਾਨਾਂ ਨੂੰ ਪੈਨਸ਼ਨ ਯੋਜਨਾ ਲਾਗੂ ਕਰਨੀ ਕਿਸਾਨਾਂ ਨਾਲ ਇਹ ਵਾਅਦੇ ਕੇਂਦਰ ਸਰਕਾਰ ਨੇ ਦਿੱਲੀ ਧਰਨਾ ਚੁੱਕਣ ਮੌਕੇ ਕੀਤੇ ਸਨ, ਪਰ ਅਜੇ ਤੱਕ ਸਰਕਾਰ ਨੇ ਇਸ ਸੰਬਧੀ ਕੋਈ ਕਦਮ ਨਹੀਂ ਪੁੱਟਿਆ।

ਇਨ੍ਹਾਂ ਮੁੱਦਿਆਂ ਨੂੰ ਐੱਸ.ਕੇ.ਐੱਮ ਨੇ ਕਈ ਵਾਰੀ ਰੋਸ ਪ੍ਰਦਰਸ਼ਨ ਕਰਕੇ ਡੀ.ਸੀ ਰਾਹੀਂ ਕੇਂਦਰ ਸਰਕਾਰ ਨੂੰ ਮੰਗ ਪੱਤਰ ਦਿੱਤੇ, ਪਰ ਕੋਈ ਨਤੀਜਾ ਨਹੀਂ ਨਿਕਲਿਆ ਤੇ ਹੁਣ ਇਸੇ ਸੰਬਧੀ 26 ਜਨਵਰੀ ਨੂੰ ਦੇਸ਼ ਦੇ ਸਾਰੇ ਜ਼ਿਲ੍ਹਿਆਂ ਅੰਦਰ ਕਿਸਾਨ ਆਪਣੇ ਟਰੈਕਟਰਾਂ ਰਾਹੀਂ ਟਰੈਕਟਰ ਪਰੇਡ ਕਰਕੇ ਕੇਂਦਰ ਸਰਕਾਰ ਖਿਲਾਫ ਰੋਸ ਮੁਜ਼ਾਹਰਾ ਕਰਨਗੇ। ਜੇ ਸਰਕਾਰ ਨੇ ਕਿਸਾਨਾਂ ਦੀਆਂ ਮੰਗਾਂ ਵੱਲ ਹੁਣ ਵੀ ਧਿਆਨ ਨਹੀਂ ਦਿੱਤਾ ਤਾਂ ਲੋਕ ਸਭਾ ਚੋਣਾਂ ਵਿੱਚ ਮੋਦੀ ਸਰਕਾਰ ਨੂੰ ਸਬਕ ਸਿਖਾਇਆ ਜਾਵੇਗਾ ਤੇ ਇਸੇ ਸਬੰਧੀ ਐੱਸ.ਕੇ.ਐੱਮ ਵੱਲੋਂ ਇੱਕ ਕਨਵੈਨਸ਼ਨ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਕੀਤੀ ਜਾਵੇਗੀ, ਜਿਸ ਵਿੱਚ ਐੱਸ.ਕੇ.ਐੱਮ ਵਿੱਚ ਸ਼ਾਮਲ ਜਥੇਬੰਦੀਆਂ ਦੇ ਅਹੁਦੇਦਾਰ ਸ਼ਾਮਿਲ ਹੋਣਗੇ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਭੁਪਿੰਦਰ ਸਿੰਘ ਮਹੇਸ਼ਰੀ ਤੇ ਨਿਰਮਲ ਸਿੰਘ ਝੰਡੂਕੇ ਨੇ ਕਿਹਾ ਕਿ ਐੱਸ.ਕੇ.ਐੱਮ ਨਾਲ ਪੰਜਾਬ ਸਰਕਾਰ ਦੀ ਮੀਟਿੰਗ ਦੌਰਾਨ ਫੈਸਲਾ ਹੋਇਆ ਸੀ ਕਿ ਆਬਾਦਕਾਰਾਂ ਤੇ ਗੰਨਾ ਕਾਸਤਕਾਰਾਂ ਦੇ ਮਸਲਿਆਂ ਸੰਬਧੀ ਵੀ ਸਰਕਾਰ ਇੱਕ ਸਬ ਕਮੇਟੀ ਬਣਾਵੇਗੀ ਅਤੇ ਜ਼ਮੀਨਾਂ ਦੇ ਮਾਹਿਰ ਵਿਅਕਤੀਆਂ ਕੋਲੋਂ ਸਲਾਹ ਮਸ਼ਵਰਾ ਲੈ ਕੇ ਮਸਲੇ ਹੱਲ ਕਰਨ ਦਾ ਯਤਨ ਕੀਤਾ ਜਾਵੇਗਾ ਤੇ ਸੰਯੁਕਤ ਕਿਸਾਨ ਮੋਰਚਾ ਵੱਲੋਂ ਮੰਗ ਕੀਤੀ ਗਈ ਸੀ ਕਿ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਸਰਕਾਰ ਪਾਣੀਆਂ ਤੇ ਮਾਲਕੀ ਦਾ ਹੱਕ ਜਤਾਵੇ ਅਤੇ ਡੈਮ ਸੇਫਟੀ ਐਕਟ ਰੱਦ ਕਰਾਉਣ ਲਈ ਕੇਂਦਰ ’ਤੇ ਜ਼ੋਰ ਪਾਵੇ ਤੇ ਇਹ ਮਸਲੇ ਵੀ ਜਲਦ ਤੋਂ ਜਲਦ ਪੰਜਾਬ ਸਰਕਾਰ ਨਬੇੜੇ।

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਗੁਰਵਿੰਦਰ ਸਿੰਘ ਕੂੰਮ ਕਲਾਂ ਤੇ ਸੂਰਤ ਸਿੰਘ ਕਾਦਰਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਨੂੰ ਹੜ੍ਹਾਂ ਤੇ ਗੜੇਮਾਰੀ ਕਾਰਨ ਖਰਾਬ ਹੋਈਆਂ ਫ਼ਸਲਾਂ ਦਾ ਮੁਆਵਜ਼ਾ ਜਲਦ ਦੇਵੇ ਆਬਾਦਕਾਰਾਂ ਅਤੇ ਗੰਨਾ ਕਾਸ਼ਤਕਾਰਾਂ ਦੇ ਮਸਲਿਆਂ ਸੰਬੰਧੀ ਵੀ ਸਰਕਾਰ ਇੱਕ ਸਬ ਕਮੇਟੀ ਬਣਾਵੇ ਤੇ ਸੰਯੁਕਤ ਕਿਸਾਨ ਮੋਰਚਾ ਵੱਲੋਂ ਮੰਗ ਕੀਤੀ ਗਈ ਸੀ ਕਿ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਸਰਕਾਰ ਪਾਣੀਆਂ ਤੇ ਮਾਲਕੀ ਦਾ ਹੱਕ ਜਤਾਵੇ ਅਤੇ ਡੈਮ ਸੇਫਟੀ ਐਕਟ ਰੱਦ ਕਰਾਉਣ ਲਈ ਕੇਂਦਰ ’ਤੇ ਜ਼ੋਰ ਪਾਵੇ।

# ਪੁਲਸ ਧੱਕੇਸ਼ਾਹੀ ਵਿਰੁੱਧ ਕਿਸਾਨ, ਮਜ਼ਦੂਰ ਸੰਘਰਸ਼ ਕਮੇਟੀ ਨੇ ਥਾਣੇ ਅੰਦਰ ਹੀ ਲਗਾਇਆ ਧਰਨਾ

## ਸਹਾਇਕ ਥਾਣੇਦਾਰ ’ਤੇ ਰਿਸ਼ਵਤ ਲੈਣ ਦੇ ਲਗਾਏ ਦੋਸ਼

**ਗੁਰੂਹਰਸਹਾਏ (ਦੀਪਕ ਵਧਾਵਨ)-** ਰੇਤ ਮਾਈਨਿੰਗ ਦੇ ਮਾਮਲੇ ਵਿੱਚ ਕਿਸਾਨ ਨੂੰ ਗ੍ਰਿਫਤਾਰ ਕਰਨ ਦੇ ਮਾਮਲੇ ਨੂੰ ਲੈ ਕੇ ਗੁੱਸੇ ਵਿੱਚ ਆਏ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂਆਂ ਵੱਲੋਂ ਆਪਣੇ ਸਾਥੀ ਨੂੰ ਛੁਡਾਉਣ ਦੀ ਮੰਗ ਨੂੰ ਲੈ ਕੇ ਥਾਣੇ ਅੰਦਰ ਹੀ ਧਰਨਾ ਲਗਾ ਦਿੱਤਾ ਗਿਆ ਅਤੇ ਪੁਲਸ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਕਿਸਾਨ ਮਜ਼ਦੂਰ ਸੰਘਰਸ ਕਮੇਟੀ ਦੇ ਆਗੂ ਗੁਰਬਖ਼ਸ਼ ਸਿੰਘ ਨੇ ਕਿਹਾ ਕਿ ਪਿੰਡ ਬਸਤੀ ਵੱਲੂ ਸਿੰਘ ਵਾਲੀ ਵਿਖੇ ਕਿਸਾਨ ਸੁਰਜੀਤ ਸਿੰਘ ਬਿੱਟੂ ਆਪਣੇ ਘਰ ਲਈ ਰੇਤ ਕੱਢ ਰਿਹਾ ਸੀ ਕਿ ਉੱਥੇ ਕਿਸੇ ਵੱਲੋਂ ਕੀਤੀ ਸ਼ਰਾਰਤ ’ਤੇ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਪੁਲਸ ਪਾਰਟੀ ਨਾਲ ਆ ਗਿਆ ਤੇ ਟਰੈਕਟਰ ਟਰਾਲੀ ਨੂੰ ਥਾਣੇ ਲਿਜਾਣ ਦੀ ਧੱਕੇਸ਼ਾਹੀ ਕਰਨ ਲੱਗਾ ਜਿਸ ’ਤੇ ਉਨਾਂ ਨੇ ਮਿਨਤ ਤਰਲਾ ਕਰਦੇ ਹੋਏ ਰੇਤਾ ਘਰ ਜਾਣ ਦੀ ਗੱਲ ਦੱਸੀ ਪਰ ਉਕਤ ਥਾਣੇਦਾਰ ਨੇ 18000 ਰੁਪਏ ਦੀ ਰਿਸ਼ਵਤ ਲੈ ਕੇ ਸੁਰਜੀਤ ਸਿੰਘ ਬਿੱਟੂ ਦਾ ਖਹਿੜਾ ਛੱਡਿਆ ਅਤੇ ਅਤੇ ਰੇਤ ਦਾ ਨਜਾਇਜ਼ ਕੰਮ ਕਰਨ ਦੀ ਥਾਪਨਾ ਵੀ ਦਿੱਤੀ। ਆਗੂਆਂ ਦੱਸਿਆ ਕਿ ਪੁਲਸ ਵੱਲੋਂ ਅਣਪਛਾਤੇ ਵਿਅਕਤੀਆਂ ਵਿਰੁੱਧ ਰੇਤ ਮਾਈਨਿੰਗ ਦਾ ਮਾਮਲਾ ਦਰਜ ਕੀਤਾ ਗਿਆ ਸੀ ਕਿ ਮੰਗਲਵਾਰ ਨੂੰ ਪੁਲਸ ਨੇ ਬਿੱਟੂ ਨੂੰ ਘਰੋਂ ਚੁੱਕ ਲਿਆਂਦਾ ਜੋ ਕਿ ਸਰਾਸਰ ਗਲਤ ਹੈ। ਆਗੂਆਂ ਨੇ ਕਿਹਾ ਕਿ ਪੁਲਸ ਬਿੱਟੂ ਕੋਲੋਂ ਜਬਰੀ ਰੇਤ ਮਾਈਨਿੰਗ ਦਾ ਕੰਮ ਕਰਾਉਣਾ ਚਾਹੁੰਦੀ ਹੈ ਪਰ ਉਹ ਰੇਤ ਮਾਈਨਿੰਗ ਦਾ ਕੰਮ ਨਹੀਂ ਕਰੇਗਾ ਜਿਸ ਦੇ ਨਤੀਜੇ ਵਜੋਂ ਪੁਲਸ ਨੇ ਬਿੱਟੂ ਨੂੰ ਥਾਣੇ ਅੰਦਰ ਬੰਦ ਕੀਤਾ ਹੈ। ਸੰਘਰਸ਼ ਕਮੇਟੀ ਦੇ ਆਗੂਆਂ ਨੇ ਪੁਲਸ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਬਿੱਟੂ ਨੂੰ ਰਿਹਾਅ ਕਰਕੇ ਸਹਾਇਕ ਥਾਣੇਦਾਰ ਨੂੰ ਸਸਪੈਂਡ ਨਾ ਕੀਤਾ ਗਿਆ ਤਾਂ ਸੰਘਰਸ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਜਦੋਂ ਇਸ ਸਬੰਧ ਵਿੱਚ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਆਪਣੇ ਉੱਪਰ ਲੱਗੇ ਦੋਸਾਂ ਨੂੰ ਬੇਬੁਨਿਆਦ ਦੱਸਿਆ ਅਤੇ ਕਿਹਾ ਕਿ ਉਸ ਨੇ ਕਿਸੇ ਤਰ੍ਹਾਂ ਦੀ ਕੋਈ ਰਿਸ਼ਵਤ ਨਹੀਂ ਲਈ । ਜਦੋਂ ਇਸ ਸੰਬਧ ਵਿੱਚ ਥਾਣਾ ਮੁਖੀ ਇੰਸਪੈਕਟਰ ਜਸਵਿੰਦਰ ਸਿੰਘ ਬਰਾੜ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਦੱਸਿਆ ਕਿ ਸੁਰਜੀਤ ਸਿੰਘ ਬਿੱਟੂ ਨੂੰ ਮੌਕੇ ’ਤੇ ਜ਼ਮਾਨਤ ਲੈ ਕੇ ਰਿਹਾਅ ਕਰ ਦਿੱਤਾ ਗਿਆ ਹੈ ਅਤੇ ਸੰਘਰਸ਼ ਕਮੇਟੀ ਦੇ ਆਗੂਆਂ ਵੱਲੋਂ ਦੱਸੇ ਅਨੁਸਾਰ ਉਹ ਬਰੀਕੀ ਨਾਲ ਇਸ ਮਾਮਲੇ ਦੀ ਜਾਂਚ ਕਰਨਗੇ ਅਤੇ ਜਾਂਚ ਪੂਰੀ ਹੋਣ ’ਤੇ ਅਗਲੀ ਕਾਰਵਾਈ ਅਮਲ ’ਚ ਲਿਆਂਦੀ ਜਾਵੇਗੀ।

# ਰਵਨੀਤ ਬਿੱਟੂ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਵਿਕਾਸ ਤਾਲਮੇਲ ਤੇ ਨਿਗਰਾਨ ਕਮੇਟੀ ਦੀ ਮੀਟਿੰਗ



**ਲੁਧਿਆਣਾ (ਰਾਜ ਸਿੰਗਲਾ)** ਲੁਧਿਆਣਾ ਤੋਂ ਸੰਸਦ ਮੈਂਬਰ ਸ. ਰਵਨੀਤ ਸਿੰਘ ਬਿੱਟੂ ਦੀ ਪ੍ਰਧਾਨਗੀ ਹੇਠ ਬੱਚਤ ਭਵਨ ਵਿਖੇ ਜ਼ਿਲ੍ਹਾ ਵਿਕਾਸ ਤਾਲਮੇਲ ਤੇ ਨਿਗਰਾਨ ਕਮੇਟੀ (ਦਿਸ਼ਾ) ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਚੱਲ ਰਹੀਆਂ ਵੱਖ-ਵੱਖ ਸਰਕਾਰੀ ਸਕੀਮਾਂ ਦੀ ਸਮੀਖਿਆ ਕੀਤੀ ਅਤੇ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ ਨਿਰਦੇਸ਼ ਵੀ ਜਾਰੀ ਕੀਤੇ ਗਏ।ਸੰਸਦ ਮੈਂਬਰ ਰਵਨੀਤ ਸਿੰਘ ਬਿੱਟੂ, ਜੋ ਜ਼ਿਲ੍ਹਾ ਵਿਕਾਸ ਤਾਲਮੇਲ ਤੇ ਨਿਗਰਾਨ ਕਮੇਟੀ (ਦਿਸ਼ਾ) ਦੇ ਚੇਅਰਮੈਨ ਵੀ ਹਨ, ਵੱਲੋਂ ਜ਼ਿਲ੍ਹਾ ਵਾਸੀਆਂ ਨੂੰ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਕੀਤੀ ਹੈ।

ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ, ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਯਾਦਵਿੰਦਰ ਸਿੰਘ ਜੰਡਿਆਲੀ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ਼ਰਨਪਾਲ ਸਿੰਘ ਮੱਕੜ, ਡਿਪਟੀ ਕਮਿਸ਼ਨਰ ਸ੍ਰੀਮਤੀ ਸੁਰਭੀ ਮਲਿਕ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਨਮੋਲ ਸਿੰਘ ਧਾਲੀਵਾਲ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਰੁਪਿੰਦਰ ਸਿੰਘ ਤੋਂ ਇਲਾਵਾ ਸਮੂਹ ਸਰਕਾਰੀ ਵਿਭਾਗਾਂ ਦੇ ਮੁਖੀ ਅਤੇ ਹੋਰ ਵੀ ਹਾਜ਼ਰ ਸਨ। ਰਵਨੀਤ ਸਿੰਘ ਬਿੱਟੂ ਨੇ ਵੱਖ-ਵੱਖ ਸਕੀਮਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਸਕੀਮਾਂ ਬਾਰੇ ਜਾਗਰੂਕਤਾ ਕੈਂਪ ਲਾਉਣ ਤਾਂ ਜੁ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਤਹਿਤ ਹੇਠਲੇ ਪੱਧਰ ਤੱਕ ਲੋਕਾਂ ਨੂੰ ਜਾਣੂੰ ਕਰਾਇਆ ਜਾ ਸਕੇ।ਉਨ੍ਹਾਂ ਅਧਿਕਾਰੀਆਂ ਨੂੰ ਕੰਮ ਨੂੰ ਸਮਾਂਬੱਧ ਢੰਗ ਨਾਲ ਨੇਪਰੇ ਚਾੜ੍ਹਨ ਲਈ ਵੀ ਕਿਹਾ।

ਸੰਸਦ ਮੈਂਬਰ ਨੇ ਕਿਹਾ ਕਿ ਸਾਰੇ ਵਿਭਾਗਾਂ ਖਾਸ ਕਰਕੇ ਸਿੱਖਿਆ, ਖੇਤੀਬਾੜੀ, ਸਮਾਜ ਭਲਾਈ, ਸਿਹਤ, ਨਗਰ ਨਿਗਮ, ਜਲ ਸਪਲਾਈ ਤੇ ਸੈਨੀਟੇਸ਼ਨ, ਪੇਂਡੂ ਵਿਕਾਸ ਅਤੇ ਹੋਰਾਂ ਨੂੰ ਰੋਜ਼ਾਨਾ ਆਪਣੇ ਦਫ਼ਤਰਾਂ ਵਿੱਚ ਆਉਣ ਵਾਲੇ ਲੋਕਾਂ ਦੀ ਸਹੂਲਤ ਲਈ ਸਰਗਰਮ ਭੂਮਿਕਾ ਨਿਭਾਉਣ ਦੀ ਲੋੜ ਹੈ।

ਉਨ੍ਹਾਂ ਸਿਵਲ ਸਰਜਨ ਨੂੰ ਜ਼ਿਲ੍ਹੇ ਦੇ ਸਰਕਾਰੀ ਹਸਪਤਾਲਾਂ ਵਿੱਚ ਵਸਨੀਕਾਂ ਨੂੰ ਲੋੜੀਂਦੀਆਂ ਡਾਕਟਰੀ ਸਹੂਲਤਾਂ ਮੁਹੱਈਆ ਕਰਾਉਣ ਨੂੰ ਯਕੀਨੀ ਬਣਾਉਣ ਲਈ ਵੀ ਕਿਹਾ।

## ਜ਼ਰੂਰਤਮੰਦ ਪਰਵਾਰਾਂ ਨੂੰ ਰਾਸ਼ਨ ਵੰਡਿਆ

**ਜਗਰਾਉਂ, (ਅਮਿਤ ਖੰਨਾ)-** ਰਾਮਗੜ੍ਹੀਆ ਵੈਲਫੇਅਰ ਕੌਂਸਲ ਰਜਿ : 171 ਤੇ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਰਜਿ: 133 ਵੱਲੋਂ ਗੁਰਦੁਆਰਾ ਵਿਸ਼ਕਰਮਾ ਮੰਦਰ ਅੱਡਾ ਰਾਏਕੋਟ ਵਿਖੇ ਹਰੇਕ ਮਹੀਨੇ ਦੀ ਤਰ੍ਹਾਂ ਇਸ ਮਹੀਨੇ 17 ਜ਼ਰੂਰਤਮੰਦ ਪਰਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਇਸ ਮੌਕੇ ਸਰਪ੍ਰਸਤ ਬਾਬਾ ਮੋਹਣ ਸਿੰਘ ਸੱਗੂ ਤੇ ਹਰਜਿੰਦਰ ਸਿੰਘ ਮੁਧੜ ਜਗਦੇਵ ਸਿੰਘ ਮਠਾੜੂ ਨੇ ਕਿਹਾ ਕਿ ਨਵਾਂ ਸਾਲ ਸਾਰਿਆਂ ਲਈ ਖੁਸ਼ੀਆਂ ਭਰਿਆ ਹੋਵੇ। ਇਹ ਸੰਸਥਾ ਪਿਛਲੇ 13 ਸਾਲਾਂ ਤੋਂ ਲਗਾਤਾਰ ਰਾਸ਼ਨ ਵੰਡਦੇ ਆ ਰਹੀ ਹੈ। ਸਾਨੂੰ ਜ਼ਰੂਰਤਮੰਦ ਲੋਕਾਂ ਦੀ ਸੇਵਾ ਕਰਨੀ ਚਾਹੀਦੀ ਹੈ ਤੇ ਸਮਾਜ ਦੇ ਵਿਚ ਸਮਾਜ ਸੇਵੀ ਕੰਮ ਕਰਨੇ ਚਾਹੀਦੇ ਹਨ। ਇਸ ਮੌਕੇ ਸਰਪ੍ਰਸਤ ਦਰਸ਼ਨ ਸਿੰਘ ਸੱਗੂ, ਸਰਪ੍ਰਸਤ ਬਾਬਾ ਮੋਹਣ ਸਿੰਘ ਸੱਗੂ, ਸਰਪ੍ਰਸਤ ਬਲਵੰਤ ਸਿੰਘ ਪਨੇਸਰ, ਸੁਰਜੀਤ ਸਿੰਘ ਐਸਡੀਓ, ਖ਼ਜ਼ਾਨਚੀ ਦਰਸ਼ਨ ਸਿੰਘ ਕਲਸੀ, ਜਸਵੰਤ ਸਿੰਘ ਸੱਗੂ, ਰਾਜਵੰਤ ਸਿੰਘ ਸੱਗੂ, ਨਛੱਤਰ ਸਿੰਘ ਕਲਸੀ, ਪ੍ਰਿੰਸੀਪਲ ਜਗਮੋਹਨ ਸਿੰਘ, ਮਨਮੋਹਨ ਸਿੰਘ ਕਲਸੀ, ਭੁਪਿੰਦਰ ਸਿੰਘ ਉੱਭੀ, ਭੁਪਿੰਦਰ ਸਿੰਘ ਸੱਗੂ, ਹਰਪ੍ਰੀਤ ਸਿੰਘ ਸੱਗੂ, ਮਾਸਟਰ ਹਰਜਿੰਦਰ ਸਿੰਘ ਧੰਜਲ, ਜਸਵੰਤ ਸਿੰਘ ਸੱਗੂ, ਦਰਸ਼ਨ ਸਿੰਘ ਸੱਗੂ, ਤਰਲੋਚਨ ਸਿੰਘ ਪਨੇਸਰ, ਹਰਜਿੰਦਰ ਸਿੰਘ ਮੁੱਧੜ, ਭਵਨਜੀਤ ਸਿੰਘ ਉੱਭੀ, ਭੁਪਿੰਦਰ ਸਿੰਘ ਸੱਗੂ, ਹਰਦਿਆਲ ਸਿੰਘ ਮੁੰਡੇ, ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਪ੍ਰਧਾਨ ਰਾਜਿੰਦਰ ਸਿੰਘ ਰਿੰਕੂ, ਸਰਪ੍ਰਸਤ ਜਗਦੇਵ ਸਿੰਘ ਮਠਾੜੂ, ਭਵਨਜੀਤ ਸਿੰਘ ਉੱਭੀ, ਬਲਵਿੰਦਰ ਸਿੰਘ ਪੱਪਾ, ਰਾਜਵੰਤ ਸਿੰਘ ਸੱਗੂ, ਗੁਰਸੇਵਕ ਸਿੰਘ ਮੱਲ੍ਹਾ, ਬਲਵੀਰ ਸਿੰਘ ਸਿਵੀਆ ਤੇ ਜਿੰਦਰ ਸਿੰਘ ਵਿਰਦੀ ਆਦਿ ਹਾਜ਼ਰ ਸਨ।


### ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਈ-ਟੈਂਡਰ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਦੀ ਤਰਫ ਤੋਂ, ਸੀਨੀਅਰ ਮੰਡਲ ਮੈਕੇਨਿਕਲ ਇੰਜੀਨੀਅਰ, ਉੱਤਰ ਰੇਲਵੇ, ਡੀਐਮਯੂ ਕਾਰ ਸ਼ੈਡ, ਜਲੰਧਰ ਸਿਟੀ ਹੇਠਾ ਲਿਖੇ ਕੰਮ ਦੇ ਲਈ ਓਈਐਮ ਯਾਨੀ ਮੈਸਰਸ ਕਮਿੰਸ ਇੰਡੀਆ ਲਿਮਟੇਡ-ਪੂਣੇ (ਜਾ) ਮੈਸਰਸ ਕਮਿੰਸ ਇਡੀਆ ਲਿਮਟੇਡ - ਪੂਣੇ ਦੇ ਅਧਿਕ੍ਰਿਤ ਡੀਲਰ ਤੋਂ ਈ-ਟੈਂਡਰਿੰਗ ਪ੍ਰਣਾਲੀ ਦੇ ਦੁਵਾਰਾ ਤੋਂ ਏਕਲ ਟੈਂਡਰ ਮੰਗ ਕਰਦਾ ਹੈ।

| | |
|---|---|
| ਕੰਮ ਦਾ ਨਾਮ | ਡੀਐਮਯੂ ਕਾਰ ਸ਼ੈਡ ਬਡਗਾਮ ਵਿਚ ਸਪਾਰਟ ਵਿਚ ਫਿਟ ਕੀਤੇ ਗਏ ਕਮਿੰਸ ਇੰਜਨ ਮਾਡਲ NTA-855-R ਦੀ ਮੁਰੰਮਤ (ESN ਨੰਬਰ 26235026) ਦਾ ਕੰਮ |
| ਅਨੁਮਾਨਿਤ ਲਾਗਤ | ਰੁ: 14,14,409/- (ਰੁ: ਚੋਦਾ ਲੱਖ ਚੋਦਾ ਹਜ਼ਾਰ ਚਾਰ ਸੋ ਨੋ ਕੇਵਲ) |
| ਬਿਆਨਾ ਰਾਸ਼ੀ | ਰੁ: 28,300/- (ਰੁ: ਅਠਾਈ ਹਜ਼ਾਰ ਤਿੰਨ ਸੋ ਕੇਵਲ) |
| ਟੈਂਡਰ ਦੀ ਉਪਲਬਧਤਾ | ਮਿਤੀ 10.01.2024 ਤੋਂ |
| ਟੈਂਡਰ ਜਮਾਂ ਕਰਨ ਦੀ ਆਖਰੀ ਮਿਤੀ ਅਤੇ ਸਮਾਂ | ਮਿਤੀ 31.01.2024 ਨੂੰ 15:00 ਵਜੇ ਤਾਕ |
| ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਮਿਤੀ 31.01.2024 ਨੂੰ 15:15 ਵਜੇ |
| ਵੈਧਤਾ | ਖੁਲਣ ਦੀ ਮਿਤੀ ਤੋਂ 45 ਦਿਨ ਤਕ |
| ਟੈਂਡਰ ਦਾ ਪ੍ਰਕਾਰ | ਏਕਲ ਟੈਂਡਰ (ਏਕਲ ਪੈਕੇਟ ਪ੍ਰਣਾਲੀ) |
| ਕੰਮ ਦਾ ਸਮਾਂ | 01 ਮਹੀਨਾ |
| ਵੇਬਸਾਈਟ | www.ireps.gov.in |

ਟੈਂਡਰ ਨੰਬਰ 07-2023-24-ਡੀ ਐਮ ਯੂ - ਬਡਗਾਮ
ਮਿਤੀ : 10.01.2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 115/24


## ਸ੍ਰੀ ਸ਼ਿਵ ਮਹਾਂਪੁਰਾਣ ਕਥਾ ਦੇ ਛੇਵੇਂ ਦਿਨ ਸ਼ਰਧਾਲੂਆਂ ਦਾ ਆਇਆ ਸੈਲਾਬ

**ਬਠਿੰਡਾ (ਰਾਜਦੀਪ ਜੋਸ਼ੀ)** ਸ੍ਰੀ ਅਮਰਜੀਤ ਮਹਿਤਾ ਪਰਵਾਰ ਵੱਲੋਂ ਲਏ ਗਏ ਸੰਕਲਪ ਤਹਿਤ 4 ਜਨਵਰੀ ਤੋਂ ਸ੍ਰੀ ਬਾਂਕੇ ਬਿਹਾਰੀ ਸੇਵਾ ਸੰਮਤੀ ਦੇ ਸਹਿਯੋਗ ਨਾਲ ਬਠਿੰਡਾ ਦੇ ਖੇਡ ਸਟੇਡੀਅਮ ਵਿੱਚ ਕਰਾਈ ਜਾ ਰਹੀ ਸ੍ਰੀ ਸ਼ਿਵ ਮਹਾਂਪੁਰਾਣ ਕਥਾ ਦੇ ਛੇਵੇਂ ਦਿਨ ਸਟੇਡੀਅਮ ਵਿੱਚ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਆਨੰਦ ਮਾਣਿਆ, ਜਦੋਂ ਕਿ ਸਟੇਡੀਅਮ ਦੇ ਬਾਹਰ ਵੀ ਹਜ਼ਾਰਾਂ ਦੀ ਤਾਦਾਦ ਵਿੱਚ ਸ਼ਰਧਾਲੂ ਡਟੇ ਹੋਏ ਸਨ।

ਛੇਵੇਂ ਦਿਨ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਤੇ ਪੰਜਾਬ ਸਰਕਾਰ ਦੇ ਮੁੱਖ ਸਕੱਤਰ ਸ੍ਰੀ ਵੀ.ਕੇ.ਜੰਜੂਆ ਵੀ ਸ੍ਰੀ ਸ਼ਿਵ ਮਹਾਂਪੁਰਾਣ ਕਥਾ ਸੁਣਨ ਲਈ ਬਠਿੰਡਾ ਦੇ ਖੇਡ ਸਟੇਡੀਅਮ ਵਿਖੇ ਪਹੁੰਚੇ, ਜਿਨ੍ਹਾਂ ਦਾ ਸਵਾਗਤ ਸ੍ਰੀ ਅਮਰਜੀਤ ਮਹਿਤਾ ਪਰਿਵਾਰ ਤੇ ਪੰਡਿਤ ਪ੍ਰਦੀਪ ਮਿਸ਼ਰਾ ਜੀ ਵੱਲੋਂ ਕੀਤਾ ਗਿਆ। ਸ੍ਰੀ ਅਮਰਜੀਤ ਮਹਿਤਾ ਅਤੇ ਉਨ੍ਹਾਂ ਦਾ ਪਰਵਾਰ ਸ਼ਰਧਾਲੂਆਂ ਨਾਲ ਸ੍ਰੀ ਸ਼ਿਵ ਭਜਨਾਂ ਵਿੱਚ ਏਨਾ ਮਗਨ ਹੋ ਕੇ ਨੱਚਿਆ ਕਿ ਇੱਕ ਪਲ ਲਈ ਇੰਝ ਲੱਗਾ ਜਿਵੇਂ ਭਗਵਾਨ ਸ਼ਿਵ ਅਤੇ ਮਾਤਾ ਪਾਰਵਤੀ ਖੁਦ ਸ੍ਰੀ ਸ਼ਿਵ ਮਹਾਂਪੁਰਾਣ ਕਥਾ ਦੇ ਪੰਡਾਲ ਵਿੱਚ ਪਹੁੰਚ ਗਏ ਹੋਣ।

ਇਸ ਦੌਰਾਨ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਤੇ ਮੁੱਖ ਸਕੱਤਰ ਸ੍ਰੀ ਵੀ.ਕੇ.ਜੰਜੂਆ ਨੇ ਕਿਹਾ ਕਿ ਉਹ ਪੰਡਿਤ ਪ੍ਰਦੀਪ ਮਿਸ਼ਰਾ ਦਾ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਪਹਿਲੀ ਵਾਰ ਪੰਜਾਬ ਦੇ ਇਤਿਹਾਸਕ ਸ਼ਹਿਰ ਬਠਿੰਡਾ ਵਿੱਚ ਪੈਰ ਰੱਖਿਆ ਹੈ ਅਤੇ ਉਹ ਅਪੀਲ ਕਰਦੇ ਹਨ ਕਿ ਪੰਡਤ ਪ੍ਰਦੀਪ ਮਿਸ਼ਰਾ ਜੀ ਵਾਰ-ਵਾਰ ਪੰਜਾਬ ਆ ਕੇ ਪੰਜਾਬ ਨੂੰ ਅਸੀਸ ਦਿੰਦੇ ਰਹਿਣ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਅਤੇ ਪੰਜਾਬੀਆਂ ਦੀ ਭਲਾਈ ਲਈ ਉਪਰਾਲੇ ਕਰ ਰਹੇ ਸ੍ਰੀ ਅਮਰਜੀਤ ਮਹਿਤਾ ਪਰਵਾਰ ਨੇ ਪੰਜਾਬ ਦੀ ਧਰਤੀ ਅਤੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਬੁਰਾਈਆਂ ਤੋਂ ਮੁਕਤ ਕਰਨ ਦਾ ਬੀੜਾ ਚੁੱਕਿਆ ਹੈ ਅਤੇ ਇਸੇ ਲੜੀ ਤਹਿਤ ਹੀ ਸ੍ਰੀ ਸ਼ਿਵ ਮਹਾਂਪੁਰਾਣ ਕਥਾ ਬਠਿੰਡਾ ਵਿਖੇ ਕਰਾਈ ਜਾ ਰਹੀ ਹੈ, ਜਿਸ ਲਈ ਉਹ ਪੰਜਾਬ ਸਰਕਾਰ ਦੀ ਤਰਫੋਂ ਸ੍ਰੀ ਅਮਰਜੀਤ ਮਹਿਤਾ ਅਤੇ ਉਨ੍ਹਾਂ ਦੇ ਪਰਿਵਾਰ ਦਾ ਧੰਨਵਾਦ ਕਰਦੇ ਹਨ।

## ਸ਼੍ਰੀ ਮਥੁਰਾ-ਵਿੰਦ੍ਰਾਵਨ ਧਾਮ ਦੇ ਦਰਸ਼ਨਾਂ ਲਈ ਰਵਾਨਾ ਹੋਈ ਚੌਥੀ ਬੱਸ ਯਾਤਰਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਏਕ ਪ੍ਰਯਾਸ ਵੈਲਫੇਅਰ ਸੁਸਾਇਟੀ ਵੱਲੋਂ ਸ਼੍ਰੀ ਬਾਂਕੇ ਬਿਹਾਰੀ ਜੀ ਦੀ ਅਪਾਰ ਕ੍ਰਿਪਾ ਤੇ ਸਭ ਦੇ ਸਹਿਯੋਗ ਨਾਲ ਇਸ ਵਾਰ ਫਿਰ ਤੋਂ ਚੌਥੀ ਬੱਸ ਯਾਤਰਾ ਫ਼ਿਰੋਜ਼ਪੁਰ ਸ਼ਹਿਰ ਕਾਂਸ਼ੀ ਨਗਰੀ ਤੋਂ ਸ਼੍ਰੀ ਵਰਿੰਦਾਵਨ ਧਾਮ ਬ੍ਰਿਜ ਸ਼ਹਿਰ ਤੱਕ ਸ਼ੁਰੂ ਕੀਤੀ ਗਈ।ਕਮੇਟੀ ਦੇ ਸੰਚਾਲਕ ਸਰਵਜੀਤ ਸ਼ਰਮਾ ਸੰਨੀ ਨੇ ਦੱਸਿਆ ਕਿ ਬੱਸ ਦੀ ਰਵਾਨਗੀ ਦੀ ਰਸਮ ਸੰਦੀਪ ਮੋਗਾ (ਐਸਐਮ ਜਵੈਲਰਜ਼) ਦੇ ਪਰਿਵਾਰ ਵੱਲੋਂ ਨਿਭਾਈ ਗਈ। ਇਹ ਬੱਸ ਕਾਸ਼ੀ ਨਗਰੀ ਫ਼ਿਰੋਜ਼ਪੁਰ ਸ਼ਹਿਰ ਤੋਂ ਸ਼ੁਰੂ ਹੋ ਕੇ ਵਿੰਦ੍ਰਾਵਨਧਾਮ, ਗੋਕੁਲ, ਗੋਵਰਧਨ, ਬਰਸਾਨਾ, ਮਥੁਰਾ, ਨੰਦ ਗਾਓਂ, ਰਮਨ ਰੇਤੀ, ਯਮੁਨਾ ਨੋਕਾ ਵਿਹਾਰ, ਨਿਧੀਵਨ, ਦਵਾਰਕਾਧੀਸ਼, ਪ੍ਰੇਮ ਮੰਦਰ, ਇਸਕਾਨ ਮੰਦਿਰ ਅਤੇ ਹੋਰ ਅਲੌਕਿਕ ਸੁੰਦਰ ਮੰਦਰਾਂ ਦੇ ਦਰਸ਼ਨ ਕਰਨ ਤੋਂ ਉਪਰੰਤ ਵਾਪਸ ਸ਼ੁੱਕਰਕਾਰ ਨੂੰ ਫਿਰੋਜ਼ਪੁਰ ਵਾਪਸ ਫ਼ਿਰੋਜ਼ਪੁਰ ਪਹੁੰਚੇਗੀ।ਇਸ ਮੌਕੇ ਸਵਾਮੀ ਵਿੱਦਿਆਨੰਦ, ਸਰਬਜੀਤ ਸੰਨੀ, ਸਤੀਸ਼ ਸ਼ਰਮਾ, ਰਵੀ ਭਾਰਦਵਾਜ, ਸੁਖਦੇਵ, ਚੰਦਰ ਮੋਹਨ ਹਾਂਡਾ, ਦਾਨਿਸ਼ ਨਾਰੰਗ, ਮਨੂ ਭਾਟੀਆ, ਧੀਰਜ ਭਾਰਦਵਾਜ, ਬਿੱਟੂ ਗੁਲਾਟੀ, ਰਜਿੰਦਰ ਮੋਂਗਾ, ਰਿਤਿਕ, ਸੋਨੂੰ ਮਹਾਜਨ, ਪ੍ਰਵੀਨ ਸ਼ਰਮਾ ਆਦਿ ਮੈਂਬਰ ਹਾਜ਼ਰ ਸਨ।


### ਸੈਂਟ੍ਰਲ ਬੈਂਕ ਔਫ਼ ਇੰਡਿਆ Central Bank of India

Regional Office, K.P. Complex, Near Hotel Park Plaza, Ferozepur Road, Ludhiana-141001

**ਸਕਿਉਰਿਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੱਸਟ ਐਕਟ-2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ ਬੈਂਕ ਤੋਂ ਲਈਆਂ ਕਰਜ਼ਾ ਸਹੂਲਤਾਂ ਦਾ ਮੂਲ ਅਤੇ ਵਿਆਜ ਅਦਾ ਕਰਨ ’ਚ ਅਸਫਲ ਰਹੇ ਹਨ ਅਤੇ ਸਹੂਲਤਾਂ ਨਾਨ-ਪਰਫਾਰਮਿੰਗ ਐੱਸਟਸ ’ਚ ਤਬਦੀਲ ਹੋ ਗਈਆਂ ਹਨ। ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ 2002 ਦੇ ਸੈਕਸ਼ਨ 13 (2) ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ ’ਤੇ ਨੋਟਿਸ ਜਾਰੀ ਕੀਤਾ ਜਾ ਚੁੱਕਾ ਹੈ। ਬੇਸ਼ੱਕ ਕੁਝ ਕੇਸਾਂ ’ਚ ਨੋਟਿਸ ਬਿਨਾਂ ਵੰਡੇ ਵਾਪਸ ਪ੍ਰਾਪਤ ਕੀਤੇ ਜਾ ਚੁੱਕੇ ਹਨ ਅਤੇ ਕੁਝ ਕੇਸਾਂ ’ਚ ਪ੍ਰਾਪਤੀ ਰਸੀਦਾਂ ਵਾਪਸ ਨਹੀਂ ਪ੍ਰਾਪਤ ਹੋਈਆਂ। ਇਸ ਲਈ ਕਰਜ਼ਦਾਰਾਂ/ਗਰੰਟਰਾਂ ਨੂੰ ਇਸ ਜਨਤਕ ਨੋਟਿਸ ਦੇ ਰਾਹੀਂ ਜਾਣਕਾਰੀ ਦਿੱਤੀ ਜਾ ਰਹੀ ਹੈ।

| ਸ਼ਾਖਾ/ਕਰਜ਼ਦਾਰਾਂ/ਗਰੰਟਰਾਂ/ ਭਾਈਵਾਲਾਂ/ ਰਹਿਣਕਾਰਾਂ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਨਾਨ ਪ੍ਰਫਾਰਮਿੰਗ ਐੱਸਟ (ਐੱਨ ਪੀ ਏ) ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਖੜੀ ਰਕਮ |
|---|---|---|---|---|
| ਬੀ/ਓ :ਬਾਘਾਪੁਰਾਣਾ | ਵਸੀਕਾ ਨੰ. 3798 ਮਿਤੀ | 29-12-2023 | 03-01-2024 | |
| ਸ਼੍ਰੀਮਤੀ ਨਵੀਨ ਕੁਮਾਰੀ ਪਤਨੀ ਸ੍ਰੀ ਰਾਜ ਕੁਮਾਰ, ਦੁਕਾਨ ਨੰ. ਡਬਲਯੂ-31/61-XIV/89, ਮੋਗਾ ਮਹਿਲਾ ਸਿੰਘ, ਅਗਵਾੜ ਬੁੱਢੇ ਕਾ, ਚੌਕ ਸ਼ੇਖਾ, ਕੋਟਕਪੂਰਾ ਰੋਡ, ਮੋਗਾ-142001, ਗਰੰਟਰ : ਕੁਮਾਰੀ ਆਰਜੂ ਪੁੱਤਰੀ ਰਾਜ ਕੁਮਾਰ, ਸ੍ਰੀ ਰਾਜ ਕੁਮਾਰ ਪੁੱਤਰ ਚਮਨ ਲਾਲ, ਮਕਾਨ ਨੰ. 702, ਵਾਰਡ ਨੰ. 29, ਨੇੜੇ ਗੁਰਦੁਆਰਾ ਗੁਰੂ ਨਾਨਕ ਦੇਵ ਜੀ ਚੌਂਕ, ਸ਼ੇਖਾਂ ਵਾਲਾ, ਜ਼ਿਲ੍ਹਾ ਮੋਗਾ, ਪੰਜਾਬ-142001 | 11.09.1996 ਅਨੁਸਾਰ ਸ਼੍ਰੀਮਤੀ ਨਵੀਨ ਕੁਮਾਰੀ ਪਤਨੀ ਸ੍ਰੀ ਰਾਜ ਕੁਮਾਰ ਦੀ ਮਲਕੀਅਤ ਵਪਾਰਕ ਦੁਕਾਨ ਰਕਬਾ 55.55 ਵਰਗ ਗਜ਼, ਐੱਮ ਸੀ ਨੰ. ਬੀ-XIV-88, ਕੈਪਟਨ ਜਸਵੰਤ ਸਿੰਘ, ਮਾਰਕਿਟ ਦੇ ਸਾਹਮਣੇ, ਨੇੜੇ ਦੇਵ ਹੋਟਲ, ਕੋਟਕਪੂਰਾ ਰੋਡ, ਜ਼ਿਲ੍ਹਾ ਮੋਗਾ। ਹੱਦਾਂ : ਪੂਰਬ : ਦਰਸ਼ਨ ਲਾਲ ਸਾਈਡ 10’0’’, ਪੱਛਮ : ਸੜਕ ਸਾਈਡ 10’0’’, ਉੱਤਰ : ਜਾਇਦਾਦ ਮਾਲਕ ਸਾਈਡ 50’0’’, ਦੱਖਣ : ਮੁਖਤਿਆਰ ਸਿੰਘ ਸਾਈਡ 50’0’’। | | | ਰੁ. 8,03,503.00/-(ਅੱਠ ਲੱਖ ਤਿੰਨ ਹਜ਼ਾਰ ਪੰਜ ਸੌ ਤਿੰਨ ਰੁਪਏ ਕੇਵਲ) ਸਮੇਤ 02-01-2024 ਤੋਂ ਟਰਮ ਲੋਨ ’ਤੇ 11.70 ਫੀਸਦੀ ਸਾਲਾਨਾ ਦੀ ਦਰ ’ਤੇ ਮਾਹਵਾਰੀ ਹਿਸਾਬ ਨਾਲ ਵਿਆਜ ਅਤੇ ਇਸ ਤੋਂ ਬਾਅਦ ਦਾ ਵਿਆਜ |

ਧਿਆਨ ਦਿੱਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (8) ਦੀਆਂ ਵਿਵਸਥਾਵਾਂ ਅਧੀਨ ਤੁਹਾਨੂੰ ਸਕਿਓਰਡ ਐੱਸਟਸ ਦੀ ਜਨਤਕ ਨਿਲਾਮੀ ਲਈ ਜਨਤਕ ਨੋਟਿਸ ਜਾਂ ਕੁਟੇਸ਼ਨਾਂ ਜਾਂ ਜਨਤਾ ਤੋਂ ਟੈਂਡਰ ਜਾਂ ਨਿੱਜੀ ਸੰਧੀ ਰਾਹੀਂ ਪਟੇ ’ਤੇ ਤਬਦੀਲ, ਅਸਾਈਨਮੈਂਟ ਜਾਂ ਵਿਕਰੀ ਤੋਂ ਪਹਿਲਾਂ ਕਿਸੇ ਸਮੇਂ ਵੀ ਬੈਂਕ ਦੇ ਬਕਾਏ ਸਮੇਤ ਸਾਰੀਆਂ ਲਾਗਤਾਂ, ਚਾਰਜਿਜ ਅਤੇ ਬੈਂਕ ਵੱਲੋਂ ਕੀਤੇ ਗਏ ਹੋਰ ਸਾਰੇ ਖਰਚੇ ਅਦਾ ਕਰਕੇ ਛੁਟਕਾਰਾ ਪਾਉਣ ਦਾ ਅਧਿਕਾਰ ਪ੍ਰਾਪਤ ਹੈ। ਉਪਰੋਕਤ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ ’ਚ ਦਰਸਾਈ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕੀਤੇ ਜਾਣ ਦੀ ਸਲਾਹ ਦਿੱਤੀ ਜਾਂਦੀ ਹੈ, ਅਸਫਲ ਰਹਿਣ ’ਤੇ ਇਸ ਨੋਟਿਸ ਦੀ ਮਿਤੀ ਤੋਂ 60 ਦਿਨ ਗੁਜ਼ਰ ਜਾਣ ’ਤੇ ਸਕਿਉਰਿਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਦੀਆਂ ਵਿਵਸਥਾਵਾਂ ਤਹਿਤ ਅਗਲੇ ਕਦਮ ਉਠਾਏ ਜਾਣਗੇ।

ਐਕਟ ਦੇ ਸੈਕਸ਼ਨ 13 (13) ਅਨੁਸਾਰ, ਇਸ ਨੋਟਿਸ ਦੀ ਪ੍ਰਾਪਤੀ ’ਤੇ ਤੁਹਾਡੇ ’ਤੇ ਉਪਰੋਕਤ ਸਕਿਉਰਿਟੀਜ਼ ਸੰਬੰਧੀ ਬੈਂਕ ਦੀ ਮਨਜ਼ੂਰੀ ਤੋਂ ਬਿਨਾਂ ਸਿਵਾਏ ਬਿਜ਼ਨਸ ਦੇ ਆਮ ਕੋਰਸ ਦੇ ਨਿਪਟਾਰੇ ਜਾਂ ਸੌਦੇਬਾਜ਼ੀ ’ਤੇ ਪਾਬੰਦੀ ਹੈ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸੈਕਸ਼ਨ ਦੀ ਉਲੰਘਣਾ ਕਰਨ ’ਤੇ ਗੰਭੀਰ ਨਤੀਜੇ ਭੁਗਤਣੇ ਪੈ ਸਕਦੇ ਹਨ।

ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਸੰਬੰਧਤ ਸ਼ਾਖਾ ਤੋਂ ਨੋਟਿਸ ਦੀ ਕਾਪੀ ਹਾਸਲ ਕਰਨ ਦੀ ਵੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 10.01.2024 ਸਥਾਨ : ਲੁਧਿਆਣਾ ਅਧਿਕਾਰਤ ਅਫਸਰ


# ਵਾਤਾਵਰਣ ਵਿਚਲੇ ਵਿਗਾੜ ਨੂੰ ਰੋਕਣ ਦੀ ਲੋੜ : ਸੀਚੇਵਾਲ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)**-ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪੰਜਾਬ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਕੁਦਰਤੀ ਖੇਤੀ ਵੱਲ ਪਰਤਣ ਤਾਂ ਜੁ ਸੂਬੇ ਦੇ ਵਾਤਾਵਰਣ ਦੇ ਵਿਗੜ ਰਹੇ ਤਵਾਜ਼ਨ ਨੂੰ ਲੀਹ ’ਤੇ ਲਿਆਂਦਾ ਜਾ ਸਕੇ।ਉਨ੍ਹਾਂ ਦੱਸਿਆ ਕਿ ਜਲਵਾਯੂ ਵਿੱਚ ਆ ਰਹੀਆਂ ਤਬਦੀਲੀਆਂ ਦੇ ਚੱਲਦਿਆਂ ਪੰਜਾਬ ਦੇ 8 ਜ਼ਿਲ੍ਹੇ ਇਸਦੀ ਮਾਰ ਹੇਠ ਆਏ ਹੋਏ ਹਨ। ਸੰਤ ਸੀਚੇਵਾਲ ਨੇ ਸਰਦ ਰੁੱਤ ਦੇ ਪਾਰਲੀਮੈਂਟ ਸੈਸ਼ਨ ਦੌਰਾਨ ਰਾਜ ਸਭਾ ਵਿੱਚ ਵਾਹਘਾ ਬਾਰਡਰ ਖੋਲਣ ਦੇ ਉਠਾਏ ਗਏ ਮੁੱਦੇ ਨੂੰ ਦੁਹਰਾਉਂਦਿਆਂ ਕਿਹਾ ਕਿ ਇਹ ਬਾਰਡਰ ਖੁੱਲ੍ਹਣਾ ਚਾਹੀਦਾ ਹੈ ਤਾਂ ਜੁ ਪੰਜਾਬ ਦੇ ਕਿਸਾਨਾਂ ਤੇ ਮਜ਼ਦੂਰਾਂ ਦੀ ਜ਼ਿੰਦਗੀ ਬੇਹਤਰ ਹੋ ਸਕੇ।ਉਨ੍ਹਾਂ ਕਿਹਾ ਕਿ ਪਾਕਿਸਤਾਨ ਨਾਲ ਦੇਸ਼ ਵੱਖ-ਵੱਖ ਵਸਤਾਂ ਦਾ ਵਪਾਰ ਕਰਦਾ ਹੈ, ਪਰ ਜੇਕਰ ਵਪਾਰ ਦਾ ਇਹ ਲਾਂਘਾ ਪੰਜਾਬ ਵਿੱਚ ਦੀ ਹੁੰਦਿਆ ਹੋਇਆ ਮੱਧ ਏਸ਼ੀਆ ਤੱਕ ਜਾਂਦਾ ਹੈ ਤਾਂ ਇਸ ਨਾਲ ਪੰਜਾਬ ਦੀ ਕਿਸਾਨੀ ਨੂੰ ਵੱਡੇ ਫ਼ਾਇਦੇ ਹੋਣਗੇ। ਉਹਨਾਂ ਕਿਸਾਨ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਪਹਿਲਕਦਮੀ ਕਰਕੇ ਕਿਸਾਨਾਂ ਨੂੰ ਕੁਦਰਤੀ ਖੇਤੀ ਲਈ ਉਤਸ਼ਾਹਤ ਕਰਨ।ਭਵਿੱਖ ਵਿੱਚ ਪਾਣੀ ਦੇ ਡੂੰਘੇ ਹੋਣ ਵਾਲੇ ਸੰਕਟ ਦਾ ਜ਼ਿਕਰ ਕਰਦਿਆਂ ਸੰਤ ਸੀਚੇਵਾਲ ਨੇ ਕਿਹਾ ਕਿ ਸੂਬੇ ਦੇ ਕਿਸਾਨਾਂ ਨੇ ਦੇਸ਼ ਦੇ ਭੰਡਾਰ ਤਾਂ ਅਨਾਜ ਨਾਲ ਭਰ ਦਿੱਤੇ ਪਰ ਆਪਣਾ ਧਰਤੀ ਹੇਠਲਾ ਪਾਣੀ ਮੁਕਾ ਲਿਆ ਹੈ।ਪੰਜਾਬ ਦੀ ਹਵਾ ਤੇ ਮਿੱਟੀ ਪਲੀਤ ਹੋ ਚੁੱਕੀਆਂ ਹਨ।ਪੰਜਾਬ ਦੇ ਪਿੰਡਾਂ ਵਿੱਚ ਕੈਂਸਰ ਬੜੀ ਤੇਜ਼ੀ ਨਾਲ ਫੈਲ ਰਿਹਾ ਹੈ।ਆਉਣ ਵਾਲੀਆਂ ਨਸਲਾਂ ਲਈ ਤੰਦਰੁਸਤ ਪੰਜਾਬ ਤਾਂ ਹੀ ਛੱਡ ਸਕਦੇ ਹਾਂ, ਜੇ ਕੁਦਰਤੀ ਖੇਤੀ ਅਪਨਾਈਏ।ਸੰਤ ਸੀਚੇਵਾਲ ਨੇ ਖੇਤੀਬਾੜੀ ਮਾਮਲਿਆਂ ਦੇ ਮਾਹਿਰ ਦਵਿੰਦਰ ਸ਼ਰਮਾ ਦੇ ਹਵਾਲੇ ਨਾਲ ਕਿਹਾ ਕਿ ਉਨ੍ਹਾਂ ਨੇ ਆਪਣੀ ਇੱਕ ਰਿਪੋਰਟ ਵਿੱਚ ਆਂਧਰਾ ਪ੍ਰਦੇਸ਼ ਦੇ ਛੋਟੇ ਕਿਸਾਨਾਂ ਵੱਲੋਂ ਅਪਣਾਈ ਗਈ ਕਮਿਊਨਿਟੀ ਮੈਨੇਜ਼ਡ ਨੇਚੁਰਲ ਫਾਰਮਿੰਗ ਤਹਿਤ 8 ਲੱਖ ਕਿਸਾਨਾਂ ਨੇ ਪੂਰੀ ਤਰ੍ਹਾ ਨਾਲ ਰਸਾਇਣਿਕ ਖਾਦਾਂ ਨੂੰ ਤਿਆਰ ਕੀਤਾ ਹੈ।ਉਨ੍ਹਾਂ ਕਿਹਾ ਕਿ ਇਸ ਨਾਲ ਆਂਧਰਾ ਪ੍ਰਦੇਸ਼ ਦੇ 26 ਜ਼ਿਲ੍ਹਿਆਂ ਦੇ 3730 ਪਿੰਡਾਂ ਦੇ ਕਿਸਾਨ ਕੁਦਰਤੀ ਖੇਤੀ ਕਰ ਰਹੇ ਹਨ ਤੇ ਉਨ੍ਹਾਂ ਨੇ 2031 ਤੱਕ ਨਿਸ਼ਾਨ ਮਿੱਥਿਆ ਹੈ ਕਿ 60 ਲੱਖ ਅਬਾਦੀ ਨੂੰ ਕੁਦਰਤੀ ਖੇਤੀ ਤਹਿਤ ਲਿਆਂਦਾ ਜਾਵੇਗਾ।ਉਨ੍ਹਾਂ ਕਿਹਾ ਕਿ ਆਰਗੈਨਿਕ ਵਸਤਾਂ ਦੀ ਬਹੁਤ ਜ਼ਿਆਦਾ ਮੰਗ ਹੈ ਤੇ ਇਸ ਦੀ ਕੀਮਤ ਵੀ ਤਿੰਨ ਗੁਣਾ ਹੈ।

# ਨਗਰ ਪੰਚਾਇਤ ਨੇ ਸਫਾਈ ਸੇਵਕਾਂ ਨੂੰ ਸੇਫਟੀ ਕਿੱਟਾਂ ਵੰਡੀਆਂ



**ਮਖੂ (ਰਛਪਾਲ ਸਿੰਘ ਸੰਧੂ):** ਕਪੈਸਿਟੀ ਬਿਲਡਿੰਗ ਅਧੀਨ ਨਗਰ ਪੰਚਾਇਤ ਮਖੂ ਵਿਖੇ ਕੰਮ ਕਰਦੇ ਸਮੂਹ ਰੈਗੂਲਰ ਸਫਾਈ ਸੇਵਕਾਂ ਅਤੇ ਕੰਟਰੈਕਟਰ ਸਫਾਈ ਸੇਵਕਾਂ ਨੂੰ ਡਿਊਟੀ ਦੌਰਾਨ ਪਾਉਣ ਲਈ ਸੇਫਟੀ ਕਿੱਟਾਂ ਨਗਰ ਪੰਚਾਇਤ ਮਖੂ ਵੱਲੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ ਅਤੇ ਨਗਰ ਪੰਚਾਇਤ ਮਖੂ ਦੇ ਕਾਰਜ ਸਾਧਕ ਅਫਸਰ ਧਰਮਪਾਲ ਸਿੰਘ ਦੀ ਅਗਵਾਈ ਹੇਠ ਵੰਡੀਆਂ ਗਈਆਂ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ ਨੇ ਕਿਹਾ ਕਿ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਵਿਚ ਸਫਾਈ ਸੇਵਕਾਂ ਦਾ ਅਹਿਮ ਰੋਲ ਹੁੰਦਾ ਹੈ ਅਤੇ ਇਨ੍ਹਾਂ ਸਫਾਈ ਸੇਵਕਾਂ ਵੱਲੋਂ ਗਰਮੀਆਂ ਸਰਦੀਆਂ ਵਿਚ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਅਹਿਮ ਯੋਗਦਾਨ ਪਾਇਆ ਜਾਂਦਾ ਹੈ। ਇਨ੍ਹਾਂ ਸਫਾਈ ਸੇਵਕਾਂ ਦੀ ਸਿਹਤ ਸਹੂਲਤ ਲਈ ਸੇਫਟੀ ਕਿੱਟਾਂ ਵੰਡੀਆਂ ਗਈਆਂ ਹਨ। ਨਰਿੰਦਰ ਕਟਾਰੀਆ ਨੇ ਕਿਹਾ ਕਿ ਵਿਧਾਇਕ ਨਰੇਸ਼ ਕਟਾਰੀਆ ਵੱਲੋ ਸ਼ਹਿਰਾਂ ਅਤੇ ਪਿੰਡਾਂ ਵਿਚ ਵਿਕਾਸ ਕਾਰਜ ਜ਼ੋਰਾਂ ਕਰਵਾਏ ਜਾ ਰਹੇ ਹਨ ਅਤੇ ਹਰੇਕ ਵਿਅਕਤੀ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਨਗਰ ਪੰਚਾਇਤ ਮਖੂ ਦੇ ਕਾਰਜ ਸਾਧਕ ਅਫਸਰ ਧਰਮਪਾਲ ਸਿੰਘ ਨੇ ਕਿਹਾ ਕਿ ਪੀਐਮਡੀਆਈਸੀ ਦੀਆਂ ਹਦਾਇਤਾਂ ਅਨੁਸਾਰ ਨਗਰ ਪੰਚਾਇਤ ਮਖੂ ਵਿਖੇ ਰੈਗੂਲਰ ਅਤੇ ਕੰਟਰੈਕਟਰ ਸਫਾਈ ਸੇਵਕਾਂ ਨੂੰ ਡਿਊਟੀ ਦੌਰਾਨ ਪਾਉਣ ਲਈ ਸੇਫਟੀ ਕਿੱਟਾਂ ਜਿਸ ਵਿੱਚ ਜੈਕਟ, ਟਰੈਕ ਸੂਟ, ਗਲੱਬਜ਼, ਮਾਸਕ ਸੂਟ ਅਤੇ ਰੇਡੀਅਮ ਜੈਕਟਾਂ ਵੰਡੀਆਂ ਗਈਆਂ ਹਨ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ, ਗੌਰਵ ਮਦਾਨ, ਨਰੇਸ਼ ਮੋਂਗਾ, ਨਗਰ ਪੰਚਾਇਤ ਮਖੂ ਦੇ ਕਾਰਜ ਸਾਧਕ ਅਫਸਰ ਧਰਮਪਾਲ ਸਿੰਘ, ਰਾਜ ਕਮਲ, ਜਤਿੰਦਰ ਗਰੋਵਰ, ਸਵਿਤਾ ਬਜਾਜ, ਬਲਵਿੰਦਰ ਸਿੰਘ, ਹੀਰਾ ਸਿੰਘ, ਗੁਰਪ੍ਰੀਤ ਸਿੰਘ, ਰਾਜ ਕੁਮਾਰ, ਅਮਰੀਕ ਸਿੰਘ, ਹਰੀ ਓਮ ਆਦਿ ਹਾਜ਼ਰ ਸਨ।


### ਉੱਤਰ ਰੇਲਵੇ

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਈ-ਨਿਵਿਦਾ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ-ਹੈਡਕੂ. ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 30.11.2022 ਸਮਾਂ 15.00 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਨਿਵਿਦਾ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਨਿਵਿਦਾ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 04.01.2024 | 12.01.2024 | 26.01.2024 / 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ ਮਿਤੀ | ਨਿਵਿਦਾ ਦਾ ਵੇਰਵਾ | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ | ਸਮਾਨ ਨੇਚਰ ਦਾ ਕੰਮ |
|---|---|---|---|---|---|---|---|
| 1. | 361-2023-24-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ ਦੇ ਤਹਿਤ ਸੀਨੀਅਰ ਸੈਕਸ਼ਨ ਇੰਜੀਨੀਅਰ/ਪੀਵੇ ਕੋਟਕਪੂਰਾ ਸੈਕਸ਼ਨ ਵਿਚ ਟ੍ਰੈਕ ਮੁਰੰਮਤ ਅਤੇ ਰਖ-ਰਖਾਅ ਨਾਲ ਜੁੜੇ ਵਖ-ਵਖ ਪ੍ਰਕਾਰ ਦੇ ਕੰਮ ਕਰਨ ਲਈ। | 33,21,754.35/- | 66,400/- | 60 ਦਿਨ | 09 ਮਹੀਨੇ | ਕੋਈ ਵੀ ਲਾਗੂ ਨਹੀਂ |
| 2. | 362-2023-24-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ ਦੇ ਤਹਿਤ ਸੀਨੀਅਰ ਸੈਕਸ਼ਨ ਇੰਜੀਨੀਅਰ/ਪੀਵੇ ਮੁਕਤਸਰ ਸੈਕਸ਼ਨ ਵਿਚ ਟ੍ਰੈਕ ਮੁਰੰਮਤ ਅਤੇ ਰਖ-ਰਖਾਅ ਨਾਲ ਜੁੜੇ ਵਖ-ਵਖ ਪ੍ਰਕਾਰ ਦੇ ਕੰਮ ਕਰਨ ਲਈ। | 33,21,938.12/- | 66,400/- | 60 ਦਿਨ | 09 ਮਹੀਨੇ | ਕੋਈ ਵੀ ਲਾਗੂ ਨਹੀਂ |
| 3. | 363-2023-24-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ ਦੇ ਤਹਿਤ ਸੀਨੀਅਰ ਸੈਕਸ਼ਨ ਇੰਜੀਨੀਅਰ/ਪੀਵੇ ਮੋਗਾ ਸੈਕਸ਼ਨ ਵਿਚ ਟ੍ਰੈਕ ਮੁਰੰਮਤ ਅਤੇ ਰਖ-ਰਖਾਅ ਨਾਲ ਜੁੜੇ ਵਖ-ਵਖ ਪ੍ਰਕਾਰ ਦੇ ਕੰਮ ਕਰਨ ਲਈ। | 33,21,704.38/- | 66,400/- | 60 ਦਿਨ | 09 ਮਹੀਨੇ | ਕੋਈ ਵੀ ਲਾਗੂ ਨਹੀਂ |
| 4. | 364-2023-24-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜ਼ਪੁਰ ਦੇ ਤਹਿਤ ਕੋਟਕਪੂਰਾ-ਫਾਜ਼ਿਲਕਾ ਸੈਕਸ਼ਨ ਤੇ ਕਿਮੀ 63/4-5 ਤੇ ਰੇਲਵੇ ਟ੍ਰੈਕ ਦੇ ਹੇਠਾਂ ਹੇਵੀ ਡਯੂਟੀ ਕੇਸਿੰਗ ਪਾਈਪ ਜੋ ਕਿ 700 ਮਿਮੀ ਅੰਦਰੂਨੀ ਵਿਆਸ ਵਾਲੇ D.I. ਅਨਕੇਸਿੰਗ ਪਾਈਪ K-7 ਅਤੇ 900 ਮਿਮੀ ਅੰਦਰੂਨੀ ਵਿਆਸ ਵਾਲੇ M.S ਤੋਂ ਗੁਜਰਨ ਵਾਲੀ 500 ਮਿਮੀ ਅੰਦਰੂਨੀ ਵਿਆਸ ਵਾਲੀ ਪਾਣੀ ਸਪਲਾਈ ਪਾਈਪ ਲਾਈਨ ਨੂੰ ਪਾਰ ਕਰਨਾ। | 24,19,906.52/- | 48,400/- | 60 ਦਿਨ | 04 ਮਹੀਨੇ | ਕੋਈ ਵੀ ਲਾਗੂ ਨਹੀਂ |
| 5. | 365-202-24-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜ਼ਪੁਰ ਦੇ ਤਹਿਤ ਜਲੰਧਰ ਸ਼ਹਿਰ-ਫਿਰੋਜ਼ਪੁਰ ਸੈਕਸ਼ਨ ਤੇ ਕਿਮੀ 3/5-6 ਤੇ ਰੇਲਵੇ ਟ੍ਰੈਕ ਰੋਡ ਓਵਰ ਬ੍ਰਿਜ ਨੰਬਰ ਏ-2 ਦੇ ਹੇਠਾਂ ਹੇਵੀ ਡਯੂਟੀ ਕੇਸਿੰਗ ਪਾਈਪ ਜੋ 600 ਮਿਮੀ ਵਿਆਸ ਐਮ.ਐਸ. ਤੋਂ ਗੁਜਰਨ ਵਾਲੀ 1200 ਮਿਮੀ ਵਿਆਸ ਵਾਲੀ ਡੀਆਈ ਦੇ-7 ਪਾਣੀ ਸਪਲਾਈ ਪਾਈਪ ਲਾਈਨ ਨੂੰ ਪਾਰ ਕਰਨਾ। | 80,81,940.44/- | 161600/- | 60 ਦਿਨ | 04 ਮਹੀਨੇ | ਪਾਈਪ ਅਤੇ ਬਾਕਸ ਪੁਸ਼ਿੰਗ ਤਕਨੀਕ ਦੇ ਨਾਲ ਪੁਲ ਦਾ ਨਿਰਮਾਣ/ਜਮੀਨਦੋਜ ਕੇਬਲ/ਪਾਈਪ ਲਾਂਈਨ ਆਦਿ ਨੂੰ ਪਾਰ ਕਰਨਾ। |
| 6. | 367-2023-24-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਫਿਰੋਜ਼ਪੁਰ ਸਿਟੀ-ਫਾਜ਼ਿਲਕਾ ਸੈਕਸ਼ਨ ਤੇ ਉਚ ਤਟਬੰਧ ਦੇ ਵਿਭਿੰਨ ਸਥਾਨਾਂ ਤੇ ਉਪਕਰ ਮੁਰੰਮਤ। | 1,62,08,258.87/- | 2,31,100/- | 60 ਦਿਨ | 10 ਮਹੀਨੇ | ਕੋਈ ਵੀ ਸਿਵਿਲ ਇੰਜੀਨੀਅਰਿੰਗ ਕੰਮ ਜਿਸ ਵਿਚ ਬੈਂਕਾਂ/ਕਟਿੰਗ ਵਿਚ ਮਿਟੀ ਦਾ ਕੰਮ ਸ਼ਾਮਲ ਹੋਵੇ। |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ। ਨਿਵਿਦਾ ਸੂਚਨਾ ਪੱਤਰ ਨੰ.:- 361, 362, 363 & 364-2023-24-ADEN-I-FZR & 365 & 367-2023-24-ADEN-2-FZR Date: 04.01.2024 103/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਚੀਫ਼ ਖ਼ਾਲਸਾ ਦੀਵਾਨ ਵੱਲੋਂ ਸਜਾਏ ਜਾਣ ਵਾਲੇ ਨਗਰ ਕੀਰਤਨ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸਿੱਖ ਧਰਮ ਦੀ ਪੁਰਾਤਨ ਸੰਸਥਾ ਚੀਫ਼ ਖ਼ਾਲਸਾ ਦੀਵਾਨ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਹਿਬੇ ਕਮਾਲ ਦਸਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੇ ਮੌਕੇ ਦੀਵਾਨ ਦੀ ਸਰਪ੍ਰਸਤੀ ਅਧੀਨ ਚਲਾਏ ਜਾ ਰਹੇ ਸਮੂਹ ਅਦਾਰਿਆਂ ਵੱਲੋਂ ਨਗਰ ਕੀਰਤਨ ਦਾ ਆਯੋਜਨ ਕੀਤਾ ਜਾਵੇਗਾ। ਨਗਰ ਕੀਰਤਨ ਦੀਆਂ ਤਿਆਰੀਆਂ ਸੰਬੰਧੀ ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਦੀ ਪ੍ਰਧਾਨਗੀ ਹੇਠ ਮੀਟਿੰਗ ਆਯੋਜਿਤ ਕੀਤੀ ਗਈ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਚੀਫ ਖਾਲਸਾ ਦੀਵਾਨ ਵਲੋਂ ਖ਼ਾਲਸਾ ਪੰਥ ਦੇ ਸਿਰਜਣਹਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ 16 ਜਨਵਰੀ 2024 ਦਿਨ ਮੰਗਲਵਾਰ ਨੂੰ ਸਵੇਰੇ 9.00 ਵਜੇ ਦੀਵਾਨ ਦੇ ਪ੍ਰਮੁੱਖ ਸਕੂਲ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕਡਰੀ ਸਕੂਲ, ਜੀ. ਟੀ. ਰੋਡ ਤੋਂ ਪੂਰੀ ਖ਼ਾਲਸਾਈ ਸ਼ਾਨ ਅਤੇ ਪੰਥਕ ਰਵਾਇਤਾਂ ਨਾਲ ਆਰੰਭ ਹੋਵੇਗਾ ਅਤੇ ਇਸ ਵਿੱਚ ਦੀਵਾਨ ਦੇ ਵੱਖ-ਵੱਖ ਸਕੂਲ ਭਗਤਾਂਵਾਲਾ, ਪਰਾਗਦਾਸ, ਏਅਰਪੋਰਟ ਰੋਡ, ਮਜੀਠਾ ਬਾਈਪਾਸ, ਗੋਲਡਨ ਐਵੀਨਿਊ, ਸੁਲਤਾਨਵਿੰਡ ਲਿੰਕ ਰੋਡ, ਰਣਜੀਤ ਐਵੀਨਿਊ, ਸੀ. ਕੇ. ਡੀ. ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ, ਸੀ. ਕੇ. ਡੀ. ਨਰਸਿੰਗ ਕਾਲਜ, ਝਬਾਲ, ਅਜਨਾਲਾ, ਤਰਨਤਾਰਨ, ਪੱਟੀ ਆਦਿ ਸਕੂਲਾਂ ਦੇ ਵਿਦਿਆਰਥੀ, ਅਧਿਆਪਕ ਸਾਹਿਬਾਨ, ਕਰਮਚਾਰੀ ਅਤੇ ਦੀਵਾਨ ਦੇ ਮੈਂਬਰ ਸਾਹਿਬਾਨ ਸ਼ਾਮਲ ਹੋਣਗੇ। ਇਹ ਨਗਰ ਕੀਰਤਨ ਰੇਲਵੇ ਸਟੇਸ਼ਨ, ਭੰਡਾਰੀ ਪੁਲ, ਹਾਲ ਬਜ਼ਾਰ, ਗੋਲ ਹੱਟੀ ਚੌਂਕ, ਸਾਰਾਗੜ੍ਹੀ ਚੌਂਕ ਤੋਂ ਜਲ੍ਹਿਆਂਵਾਲਾ ਬਾਗ ਰਾਹੀਂ ਹੁੰਦਾ ਹੋਇਆ ਸ੍ਰੀ ਹਰਿਮੰਦਰ ਸਾਹਿਬ ਜਾ ਕੇ ਸਮਾਪਤ ਹੋਵੇਗਾ। ਡਾ. ਨਿੱਜਰ ਨੇ ਸਮੂਹ ਪ੍ਰਿੰਸੀਪਲ ਸਾਹਿਬਾਨ ਨੂੰ ਨਗਰ ਕੀਰਤਨ ਦੌਰਾਨ ਅਨੁਸ਼ਾਸਨ ਅਤੇ ਸਫ਼ਾਈ ਦਾ ਖਾਸ ਧਿਆਨ ਰਖਦਿਆਂ ਬੱਚਿਆਂ ਲਈ ਮੈਡੀਕਲ ਮੁੱਢਲੀ ਸਹਾਇਤਾ ਦਾ ਵਿਸ਼ੇਸ਼ ਪ੍ਰਬੰਧ ਕਰਨ ਲਈ ਵੀ ਹਦਾਇਤਾਂ ਦਿੱਤੀਆਂ। ਉਨ੍ਹਾਂ ਸਮੂਹ ਚੀਫ਼ ਖ਼ਾਲਸਾ ਦੀਵਾਨ ਮੈਂਬਰ ਸਾਹਿਬਾਨ ਨੂੰ ਨਗਰ ਕੀਰਤਨ ਵਿਚ ਸ਼ਾਮਲ ਹੋਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਕੀਤੀ। ਇਸ ਮੌਕੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ, ਮੀਤ ਪ੍ਰਧਾਨ ਜਗਜੀਤ ਸਿੰਘ, ਸਥਾਨਕ ਪ੍ਰਧਾਨ ਸੰਤੋਖ ਸਿੰਘ ਸੇਠੀ, ਆਨਰੇਰੀ ਜੁਆਇੰਟ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ, ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਹਰਮਨਜੀਤ ਸਿੰਘ, ਤਰਲੋਚਨ ਸਿੰਘ, ਗੁਰਬਖਸ਼ ਸਿੰਘ ਬੇਦੀ, ਗੁਰਭੇਜ ਸਿੰਘ, ਡਾਇਰੈਕਟਰ ਐਜੂਕੇਸ਼ਨਲ ਏ. ਪੀ. ਐਸ. ਚਾਵਲਾ, ਡਾ. ਜਸਬੀਰ ਸਿੰਘ ਸਾਬਰ ਅਤੇ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨ ਹਾਜ਼ਰ ਸਨ।

## ਗੁ: ਬਾਬਾ ਨੈਣਾ ਸਿੰਘ ਤੇ ਗੁ: ਬੱਗਸਰ ਸਾਹਿਬ ਵਿਖੇ ਧਾਰਮਿਕ ਸਮਾਗਮ ਹੋਣਗੇ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਮਾਘੀ ਦੇ ਇਤਿਹਾਸਕ ਦਿਹਾੜੇ ਨੂੰ ਸਮਰਪਿਤ ਨਿਹੰਗ ਸਿੰਘ ਦਲਾਂ ਦੀਆਂ ਵੱਖ-ਵੱਖ ਛਾਉਣੀਆਂ ਵਿੱਚ ਸਾਫ ਸਫਾਈ ਤੇ ਨਿਹੰਗ ਸਿੰਘ ਦੇ ਪੁੱਜਣੇ ਸ਼ੁਰੂ ਹੋ ਗਏ ਹਨ। ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਚਲਦਾ ਵਹੀਰ ਚੱਕ੍ਰਵਰਤੀ ਦੇ 14ਵੇਂ ਮੁਖੀ ਸ਼੍ਰੋਮਣੀ ਸੇਵਾ ਰਤਨ ਸ਼੍ਰੋਮਣੀ ਪੰਥ ਰਤਨ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵੱਲੋਂ ਗੁਰਦੁਆਰਾ ਬਾਬਾ ਨੈਣਾ ਸਿੰਘ ਛਾਉਣੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਸ੍ਰੀ ਮੁਕਤਸਰ ਸਾਹਿਬ ਅਤੇ ਗੁਰਦੁਆਰਾ ਬੱਗਸਰ ਸਾਹਿਬ ਜੱਸੀ ਬਾਗ ਵਾਲੀ ਵਿਖੇ ਬੁੱਢਾ ਦਲ ਦੇ ਨਿਹੰਗ ਸਿੰਘਾਂ ਦੇ ਉਤਾਰੇ ਸ਼ੁਰੂ ਹੋ ਗਏ ਹਨ ਅਤੇ ਮਾਘੀ ਮੇਲੇ ਨੂੰ ਸਮਰਪਿਤ ਧਾਰਮਿਕ ਸਮਾਗਮਾਂ ਦੀਆਂ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਸ਼ੁਰੂ ਹੋ ਰਹੀਆਂ ਹਨ। ਦੋਵਾਂ ਅਸਥਾਨਾਂ ਤੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਇਲਾਹੀ ਅਖੰਡ ਬਾਣੀ ਦੇ ਅਖੰਡ ਪਾਠ 12 ਜਨਵਰੀ ਤੋਂ ਆਰੰਭ ਹੋ ਕੇ 14 ਜਨਵਰੀ ਨੂੰ ਭੋਗ ਪਾਏ ਜਾਣਗੇ। ਏਸੇ ਤਰ੍ਹਾਂ ਬੁੱਢਾ ਦਲ ਦੀ ਛਾਉਣੀ ਗੁ. ਬਾਬਾ ਨੈਣਾ ਸਿੰਘ ਵਿਖੇ ਸ੍ਰੀ ਦਸਮ ਗ੍ਰੰਥ ਜੀ ਦੇ ਭੋਗ 15 ਜਨਵਰੀ ਨੂੰ ਪੈਣਗੇ ਅਤੇ ਮਹੱਲਾ ਚੜ੍ਹੇਗਾ।

# ਹਰ ਖੇਤ ਤੱਕ ਨਹਿਰੀ ਪਾਣੀ ਪੁੱਜਦਾ ਕਰਨ ਲਈ ਜੌੜਾਮਾਜਰਾ ਵੱਲੋਂ ਵਿਧਾਇਕਾਂ ਨਾਲ ਰਾਬਤਾ ਮੁਹਿੰਮ



ਚੰਡੀਗੜ੍ਹ, ( ਗੁਰਜੀਤ ਬਿੱਲਾ )- ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟਾ ਕੇ ਸੂਬੇ ਦੇ ਹਰ ਖੇਤ ਨੂੰ ਸਿੰਜਣ ਲਈ ਨਹਿਰੀ ਪਾਣੀ ਪੁੱਜਦਾ ਕਰਨ ਵਾਸਤੇ ਪੰਜਾਬ ਦੇ ਜਲ ਸਰੋਤ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਦੌਰੇ ਕੀਤੇ ਜਾ ਰਹੇ ਹਨ। ਇਸ ਮੁਹਿੰਮ ਤਹਿਤ ਜੌੜਾਮਾਜਰਾ ਮੁਕਾਮੀ ਵਿਧਾਇਕਾਂ, ਜ਼ਿਲ੍ਹਾ ਪ੍ਰਸ਼ਾਸਨ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਤੋਂ ਜ਼ਮੀਨੀ ਪੱਧਰ ਦੀ ਹਕੀਕਤ ਜਾਣ ਰਹੇ ਹਨ ਅਤੇ ਤੁਰੰਤ ਉਨ੍ਹਾਂ ਮੁਸ਼ਕਲਾਂ ਦਾ ਹੱਲ ਕਰ ਰਹੇ ਹਨ। ਜੌੜਾਮਾਜਰਾ ਵੱਲੋਂ ਜਲ ਸਰੋਤ ਵਿਭਾਗ ਦਾ ਕਾਰਜਭਾਰ ਸਾਂਭਣ ਤੋਂ ਬਾਅਦ ਪਿਛਲੇ ਦਿਨਾਂ ਤੋਂ ਪਟਿਆਲਾ, ਲੁਧਿਆਣਾ, ਮੋਗਾ ਅਤੇ ਅੰਮ੍ਰਿਤਸਰ ਵਿਖੇ ਵੱਖ-ਵੱਖ ਹਲਕਿਆਂ ਦੇ ਵਿਧਾਇਕਾਂ ਨਾਲ ਮੀਟਿੰਗ ਕੀਤੀ ਜਾ ਚੁੱਕੀ ਹੈ। ਕੈਬਨਿਟ ਮੰਤਰੀ ਨੇ ਇਸ ਗੱਲ ਉਤੇ ਖ਼ਾਸ ਜ਼ੋਰ ਦਿੱਤਾ ਹੈ ਕਿ ਪਾਣੀ ਦੀ ਘਾਟ ਅਤੇ ਮਾਰੂਥਲੀਕਰਣ ਦੇ ਰੁਝਾਨ, ਜਿਸ ਦੀ ਅਗਲੇ 20-25 ਸਾਲਾਂ ਦੌਰਾਨ ਸੰਭਾਵਨਾ ਹੈ, ਨੂੰ ਰੋਕਣ ਲਈ ਸਾਨੂੰ ਤੁਰੰਤ ਘੱਟ ਪਾਣੀ ਵਾਲੀਆਂ ਫ਼ਸਲਾਂ ਅਤੇ ਸਮਾਰਟ ਸਿੰਚਾਈ ਤਕਨੀਕਾਂ ਅਪਨਾਉਣ ਦੀ ਲੋੜ ਹੈ ਤਾਂ ਜੋ ਅਸੀਂ ਅਤੇ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਪਾਣੀ ਦੇ ਸੰਕਟ ਤੋਂ ਬਚ ਸਕਣ। ਉਨ੍ਹਾਂ ਦੱਸਿਆ ਕਿ ਸੂਬੇ ਦੇ 150 ਬਲਾਕਾਂ ਵਿੱਚੋਂ 117 ਬਲਾਕ ਪਹਿਲਾਂ ਹੀ ਅਤਿ ਸ਼ੋਸ਼ਿਤ ਸ਼੍ਰੇਣੀ ਅਧੀਨ ਆਉਂਦੇ ਹਨ, ਜਿਸ ਦਾ ਮਤਲਬ ਰਾਜ ਦੇ 80 ਫੀਸਦੀ ਖੇਤਰ ਵਿਚ ਧਰਤੀ ਹੇਠਲੇ ਪਾਣੀ ਦੀ ਸਥਿਤੀ ਚਿੰਤਾਜਨਕ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਧਰਤੀ ਹੇਠਲੇ ਪਾਣੀ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਬਚਾਉਣ ਦੇ ਨਿਰੰਤਰ ਉਪਰਾਲੇ ਕਰ ਰਹੀ ਹੈ ਜਦਕਿ ਪਿਛਲੀਆਂ ਸਰਕਾਰਾਂ ਇਸ ਗੰਭੀਰ ਮੁੱਦੇ ਉਤੇ ਟਾਲਾ ਵਟਦੀਆਂ ਰਹੀਆਂ ਜਿਸ ਕਾਰਨ ਨਹਿਰੀ ਪਾਣੀ ਦਾ ਸਾਰਾ ਢਾਂਚਾ ਲਗਭਗ ਤਬਾਹ ਹੋ ਗਿਆ ਸੀ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨਹਿਰੀ ਢਾਂਚੇ ਨੂੰ ਇਸ ਸਾਉਣੀ ਸੀਜਨ ਦੌਰਾਨ ਪੂਰੀ ਤਰ੍ਹਾਂ ਲੀਹ ਉਤੇ ਲਿਆ ਕੇ ਹਰੇਕ ਖੇਤ ਤੱਕ ਨਹਿਰੀ ਪਾਣੀ ਪੁੱਜਦਾ ਕਰੇਗੀ। ਜੌੜਾਮਾਜਰਾ ਨੇ ਅਧਿਕਾਰੀਆਂ ਨੂੰ ਸਪੱਸ਼ਟ ਆਦੇਸ਼ ਦਿੱਤੇ ਹਨ ਕਿ ਨਹਿਰੀ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਕਰਕੇ ਹੀ ਸੂਬੇ ਵਿੱਚ ਧਰਤੀ ਹੇਠਲੇ ਪਾਣੀ ਦੀ ਵਰਤੋਂ ਘਟਾਈ ਜਾ ਸਕਦੀ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਚਾਲੂ ਵਿੱਤੀ ਵਰ੍ਹੇ ਦੌਰਾਨ 20 ਹਜਾਰ ਹੈਕਟੇਅਰ ਖੇਤੀ ਰਕਬੇ ਨੂੰ ਸੋਧੇ ਪਾਣੀ ਦੀ ਸਿੰਚਾਈ ਸਹੂਲਤ ਨਾਲ ਜੋੜਨ ਦਾ ਵੀ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਧਰਤੀ ਹੇਠਲੇ ਪਾਣੀ ਦੇ ਡਿਗਦੇ ਪੱਧਰ ਨੂੰ ਠੱਲ੍ਹ ਪਾਉਣ ਲਈ ਅਜਿਹੇ ਬਦਲਵੇਂ ਸਿੰਚਾਈ ਜਲ ਸਰੋਤਾਂ ਨੂੰ ਵਿਕਸਤ ਕਰਨ ਅਤੇ ਨਹਿਰੀ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਕਰਨੀ ਲਾਜ਼ਮੀ ਹੈ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਇਸ ਸਮੇਂ ਸਿੰਚਾਈ ਲਈ 320 ਐਮ.ਐਲ.ਡੀ. ਟ੍ਰੀਟਿਡ (ਸੋਧੇ) ਪਾਣੀ ਦੀ ਵਰਤੋਂ ਹੋ ਰਹੀ ਹੈ ਜਿਸ ਨੂੰ ਚਾਲੂ ਵਿੱਤੀ ਸਾਲ ਦੇ ਅੰਤ ਤੱਕ ਦੁੱਗਣਾ ਕਰਕੇ 600 ਐਮ.ਐਲ.ਡੀ ਕਰ ਦਿੱਤਾ ਜਾਵੇਗਾ, ਜਿਸ ਨਾਲ 20,000 ਹੈਕਟੇਅਰ ਰਕਬੇ ਨੂੰ ਸਿੰਚਾਈ ਸਹੂਲਤ ਮਿਲ ਸਕੇਗੀ। ਉਨ੍ਹਾਂ ਕਿਹਾ ਕਿ ਸੀਵਰੇਜ ਟਰੀਟਮੈਂਟ ਪਲਾਂਟ ਤੋਂ ਟ੍ਰੀਟ ਕੀਤੇ ਪਾਣੀ ਦੀ ਵਰਤੋਂ ਨਾਲ ਨਾ ਕੇਵਲ ਸਰਕਾਰ ਦੀ ਪਾਣੀ ਬਚਾਉਣ ਦੀ ਮੁਹਿੰਮ ਨੂੰ ਬਲ ਮਿਲੇਗਾ, ਸਗੋਂ ਟ੍ਰੀਟ ਕੀਤੇ ਪਾਣੀ ਵਿੱਚ ਪੌਸਟਿਕ ਤੱਤਾਂ ਦੀ ਮੌਜੂਦਗੀ ਨਾਲ ਖਾਦ ਦੀ ਘੱਟ ਵਰਤੋਂ ਹੋਵੇਗੀ ਜਿਸ ਨਾਲ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ। ਜਲ ਸਰੋਤ ਮੰਤਰੀ ਵੱਲੋਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਨਹਿਰੀ ਵਿਭਾਗ ਦੇ ਖਾਲਿਆਂ ਉਪਰ ਹੋਏ ਨਾਜਾਇਜ਼ ਕਬਜ਼ੇ ਵੀ ਖਾਲੀ ਕਰਵਾਏ ਜਾਣ ਤਾਂ ਜੋ ਕਿਸਾਨਾਂ ਨੂੰ ਨਹਿਰੀ ਪਾਣੀ ਮਿਲ ਸਕੇ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਜਲ ਸਰੋਤ, ਭੂਮੀ ਅਤੇ ਜਲ ਸੰਭਾਲ ਵਿਭਾਗ ਵੱਲੋਂ ਪਿਛਲੇ ਸਮਿਆਂ ਦੌਰਾਨ ਕੱਢੇ ਗਏ ਖਾਲਿਆਂ ਤੋਂ ਨਾਜਾਇਜ ਕਬਜੇ ਆਪ ਹੀ ਛੱਡ ਦੇਣ ਕਿਉਂਕਿ ਇਨ੍ਹਾਂ ਖਾਲਿਆਂ ਰਾਹੀਂ ਉਨ੍ਹਾਂ ਦੇ ਹੀ ਖੇਤਾਂ ਨੂੰ ਪਾਣੀ ਮਿਲੇਗਾ ਜਿਸ ਨਾਲ ਉਨ੍ਹਾਂ ਨੂੰ ਬਹੁਤ ਲਾਭ ਹੋਵੇਗਾ। ਮੰਤਰੀ ਨੇ ਦੱਸਿਆ ਕਿ ਨਾਲਿਆਂ ਅਤੇ ਖਾਲਿਆਂ ਦੀ ਸਫਾਈ ਲਈ ਸਰਕਾਰ ਨੇ 10 ਵੱਡੀਆਂ ਮਸ਼ੀਨਾਂ ਦੀ ਖਰੀਦ ਕੀਤੀ ਹੈ ਜਿਸ ਨਾਲ ਖਰਚ ਵਿਚ 60 ਫੀਸਦੀ ਬੱਚਤ ਹੋਈ ਹੈ ਅਤੇ ਕੰਮ ਵੀ ਵਧੀਆ ਹੋਣ ਲੱਗਾ ਹੈ। ਉਨ੍ਹਾਂ ਕਿਹਾ ਕਿ ਜੇ ਹੋਰ ਲੋੜ ਮਹਿਸੂਸ ਹੋਈ ਤਾਂ ਹੋਰ ਮਸ਼ੀਨਰੀ ਖਰੀਦੀ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਹੈ ਕਿ ਖਾਲਿਆਂ ਤੇ ਡਰੇਨਾਂ ਦੀ ਸਫਾਈ ਅਤੇ ਚੱਲ ਰਹੇ ਪ੍ਰਾਜੈਕਟਾਂ ਨੂੰ ਸਮਾਂਬੱਧ ਢੰਗ ਨਾਲ ਪੂਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕਣਕ ਦੀ ਫਸਲ ਕੱਟਣ ਤੋਂ ਤੁਰੰਤ ਬਾਅਦ ਹਰੇਕ ਡਰੇਨ ਦੀ ਨਿਸ਼ਾਨਦੇਹੀ ਕਰਵਾਈ ਜਾਵੇ।

# ਫੱਜੂਪੁਰ ਦੀ ਪੰਚਾਇਤ ਨੇ ਪਿੰਡ 'ਚ ਚਾਈਨਾ ਡੋਰ ਨਾ ਵਿਕਣ ਦੇਣ ਦਾ ਲਿਆ ਫੈਸਲਾ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਜਾਨਲੇਵਾ ਚਾਈਨਾ ਡੋਰ ਦੀ ਵਿਕਰੀ ਅਤੇ ਵਰਤੋਂ ਉੱਪਰ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਜਿਥੇ ਪੂਰਨ ਤੌਰ 'ਤੇ ਪਾਬੰਦੀ ਲਗਾਈ ਹੋਈ ਹੈ, ਉਥੇ ਬਲਾਕ ਧਾਰੀਵਾਲ ਦੇ ਪਿੰਡ ਫੱਜੂਪੁਰ ਦੀ ਪੰਚਾਇਤ ਵੱਲੋਂ ਵੀ ਇਸ ਚਾਈਨਾ ਡੋਰ ਦੀ ਵਿਕਰੀ ਅਤੇ ਵਰਤੋਂ ਨੂੰ ਪਿੰਡ ਵਿੱਚੋਂ ਪੂਰਨ ਤੌਰ 'ਤੇ ਬੰਦ ਕਰਨ ਦਾ ਅਹਿਦ ਲਿਆ ਹੈ। ਇਸ ਸਬੰਧੀ ਪਿੰਡ ਫੱਜੂਪੁਰ ਦੇ ਸਰਪੰਚ ਬਲਵਿੰਦਰ ਪਾਲ ਟਾਕ ਅਤੇ ਪੰਚਾਇਤ ਮੈਂਬਰਾਂ ਦੀ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਦੌਰਾਨ ਸਮੁੱਚੀ ਗ੍ਰਾਮ ਪੰਚਾਇਤ ਨੇ ਫੈਸਲਾ ਲਿਆ ਕਿ ਉਹ ਪਿੰਡ ਵਿੱਚ ਕਿਸੇ ਵੀ ਦੁਕਾਨਦਾਰ ਨੂੰ ਚਾਈਨਾ ਡੋਰ ਨਹੀਂ ਵੇਚਣ ਦੇਣਗੇ। ਸਰਪੰਚ ਨੇ ਦੱਸਿਆ ਕਿ ਉਹ ਪਿੰਡ ਦੇ ਦੁਕਾਨਦਾਰਾਂ ਨੂੰ ਜਾਨਲੇਵਾ ਅਤੇ ਪਾਬੰਦੀਸ਼ੁਦਾ ਚਾਈਨਾ ਡੋਰ ਵੇਚਣ ਦੀ ਬਜਾਏ ਸੂਤੀ ਡੋਰ ਵੇਚਣ ਲਈ ਜਾਗਰੂਕ ਕਰਨਗੇ। ਉਨ੍ਹਾਂ ਕਿਹਾ ਕਿ ਸੂਤੀ ਧਾਗੇ ਦੀ ਡੋਰ ਬਿਲਕੁਲ ਸੁਰੱਖਿਅਤ ਹੁੰਦੀ ਹੈ ਅਤੇ ਇਸ ਨਾਲ ਕੋਈ ਨੁਕਸਾਨ ਨਹੀਂ ਹੁੰਦਾ ਜਦਕਿ ਸਿੰਥੈਟਿਕ/ਪਲਾਸਟਿਕ (ਚਾਈਨਾ ਡੋਰ) ਨਾਲ ਪਤੰਗਬਾਜ਼ੀ ਕਰਨੀ ਬੇਹੱਦ ਖਤਰਨਾਕ ਹੈ। ਇਹ ਡੋਰ ਜਿਥੇ ਬਿਜਲੀ ਦੀਆਂ ਲਾਈਨਾਂ ਤੇ ਤਾਰਾਂ ਵਿੱਚ ਫਸਣ ਕਾਰਨ ਬਿਜਲੀ ਸਪਲਾਈ ਨੂੰ ਪ੍ਰਭਾਵਿਤ ਕਰਦੀ ਹੈ, ਓਥੇ ਅਸਮਾਨ ਵਿੱਚ ਉੱਡਦੇ ਪੰਛੀਆਂ ਲਈ ਵੀ ਬਹੁਤ ਖਤਰਨਾਕ ਹੈ। ਇਸ ਨਾਲ ਪਿਛਲੇ ਸਾਲਾਂ ਵਿੱਚ ਵਾਪਰੇ ਹਾਦਸਿਆਂ ਦੌਰਾਨ ਕਈ ਜਾਨੀ ਨੁਕਸਾਨ ਹੋਏ ਹਨ ਅਤੇ ਕਈ ਲੋਕ ਜ਼ਖ਼ਮੀ ਹੋਏ ਹਨ। ਦਰੱਖਤਾਂ, ਬਿਜਲੀ ਦੀਆਂ ਤਾਰਾਂ ਨਾਲ ਅੜ ਕੇ ਟੁੱਟੀ ਜਾਂ ਫਿਰ ਜ਼ਮੀਨ 'ਤੇ ਪਈ ਇਹ ਚਾਈਨਾ ਡੋਰ ਕਦੇ ਵੀ ਗਲਦੀ/ਨਸ਼ਟ ਨਹੀਂ ਹੁੰਦੀ, ਜਦਕਿ ਰਵਾਇਤੀ ਮਾਂਜੇ ਨਾਲ ਸੂਤੀ ਧਾਗੇ ਦੀ ਬਣੀ ਡੋਰ ਅਜਿਹੀ ਸੂਰਤ ਵਿੱਚ ਕੁੱਝ ਸਮੇਂ ਬਾਅਦ ਹੀ ਗਲ ਕੇ ਨਸ਼ਟ ਹੋ ਜਾਂਦੀ ਹੈ। ਖੇਤਾਂ ਵਿੱਚ ਕਣਕ, ਕਮਾਦ ਆਦਿ ਫਸਲਾਂ ਵਿੱਚ ਟੁੱਟ ਕੇ ਡਿੱਗੀ ਚਾਈਨਾ ਡੋਰ ਕਿਸਾਨਾਂ ਲਈ ਵੀ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਪੈਦਾ ਕਰਦੀ ਹੈ। ਸਰਪੰਚ ਬਲਵਿੰਦਰ ਪਾਲ ਟਾਕ ਨੇ ਜਿਥੇ ਦੁਕਾਨਦਾਰਾਂ ਨੂੰ ਚਾਈਨਾ ਡੋਰ ਨਾ ਵੇਚਣ ਦੀ ਅਪੀਲ ਕੀਤੀ, ਉਥੇ ਪਤੰਗਬਾਜ਼ੀ ਦਾ ਸ਼ੌਕ ਰੱਖਣ ਵਾਲੇ ਬੱਚਿਆਂ ਦੇ ਮਾਪਿਆਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਇਸ ਫੈਸਲੇ ਨੂੰ ਸਫਲ ਬਣਾਉਣ ਲਈ ਪੰਚਾਇਤ ਦਾ ਸਾਥ ਦੇਣ ਅਤੇ ਆਪਣੇ ਬੱਚਿਆਂ ਨੂੰ ਚਾਈਨਾ ਡੋਰ ਦੇ ਮਾਰੂ ਪ੍ਰਭਾਵਾਂ ਤੋਂ ਜਾਣੂ ਕਰਵਾਉਣ। ਮੀਟਿੰਗ ਵਿੱਚ ਸਰਪੰਚ ਬਲਵਿੰਦਰ ਪਾਲ ਟਾਕ, ਸੀਨੀਅਰ ਆਗੂ ਕੇਵਲ ਕ੍ਰਿਸ਼ਨ ਟਾਕ, ਪੰਚਾਇਤ ਮੈਂਬਰ ਸਾਂਈ ਦਾਸ, ਪਵਨ ਕੁਮਾਰ, ਹਰਜਿੰਦਰ ਸਿੰਘ, ਕੁਲਦੀਪ ਜੱਜ, ਸੁਮਨ ਜੰਬਾ, ਚੰਦ ਰਾਣੀ, ਪੂਜਾ ਰਾਣੀ ਦਰਸਨਾ ਕੌਰ, ਬਲਕੀਤ ਕੌਰ ਆਦਿ ਹਾਜ਼ਰ ਸਨ।

# ਮਲਟੀਪਰਪਜ਼ ਸਪੋਰਟਸ ਸਟੇਡੀਅਮ ਲਮੀਨੀ ਵਿਖੇ ਮਨਾਇਆ ਜਾਵੇਗਾ ਗਣਤੰਤਰ ਦਿਵਸ : ਡੀ ਸੀ



ਪਠਾਨਕੋਟ (ਦਵਿੰਦਰ ਸਿੰਘ)-ਗਣਤੰਤਰ ਦਿਵਸ ਦੀਆਂ ਤਿਆਰੀਆਂ ਜ਼ਿਲ੍ਹਾ ਪੱਧਰੀ ਸਮਾਰੋਹ ਸਬੰਧੀ ਅੱਜ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਵਿਖੇ ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ) ਦੀ ਪ੍ਰਧਾਨਗੀ ਵਿੱਚ ਵੱਖ-ਵੱਖ ਵਿਭਾਗੀ ਅਧਿਕਾਰੀਆਂ ਨਾਲ ਇੱਕ ਮੀਟਿੰਗ ਆਯੋਜਿਤ ਕੀਤੀ ਗਈ।ਇਸ ਵਿੱਚ ਹੋਰਨਾਂ ਤੋਂ ਇਲਾਵਾ ਮੇਜਰ ਡਾ. ਸੁਮਿਤ ਮੁਧ ਐਸਡੀਐਮ ਪਠਾਨਕੋਟ, ਜਿਓਤਸਨਾ ਸਿੰਘ ਪੀਸੀਐਸ, ਸਮੀਰ ਸਿੰਘ ਡੀਐਸਪੀ ਸਿਟੀ ਪਠਾਨਕੋਟ, ਰਾਜੇਸ਼ ਕੁਮਾਰ ਜ਼ਿਲ੍ਹਾ ਸਿੱਖਿਆ ਅਫਸਰ ਪਠਾਨਕੋਟ, ਡਾ. ਸੁਨੀਲ ਕੁਮਾਰ ਐਸਐਮਓ ਪਠਾਨਕੋਟ, ਰਾਮ ਲੁਭਾਇਆ ਜ਼ਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ ਅਤੇ ਹੋਰ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ ।ਵਧੀਕ ਡਿਪਟੀ ਕਮਿਸ਼ਨਰ (ਜ) ਪਠਾਨਕੋਟ ਨੇ ਕਿਹਾ ਕਿ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਸਥਾਨਕ ਮਲਟੀਪਰਪਜ਼ ਸਪੋਰਟਸ ਸਟੇਡੀਅਮ, ਲਮੀਨੀ (ਪਠਾਨਕੋਟ) ਵਿਖੇ ਮਨਾਇਆ ਜਾਵੇਗਾ ਅਤੇ ਪਠਾਨਕੋਟ ਵਿਖੇ ਆਯੋਜਿਤ ਸਮਾਰੋਹ ਵਿੱਚ ਗੁਰਮੀਤ ਸਿੰਘ ਖੁੱਡੀਆਂ ਖੇਤੀਬਾੜੀ ਅਤੇ ਪਸ਼ੂ ਪਾਲਣ ਮੰਤਰੀ ਪੰਜਾਬ ਮੁੱਖ ਮਹਿਮਾਨ ਵਜੋਂ ਹਾਜ਼ਰ ਹੋ ਕੇ ਰਾਸ਼ਟਰੀ ਝੰਡਾ ਲਹਿਰਾਉਣਗੇ।ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ) ਨੇ ਦੱਸਿਆ ਕਿ ਸਥਾਨਕ ਮਲਟੀਪਰਪਜ਼ ਸਪੋਰਟਸ ਸਟੇਡੀਅਮ, ਲਮੀਨੀ (ਪਠਾਨਕੋਟ) ਵਿਖੇ 19 ਅਤੇ 22 ਜਨਵਰੀ ਨੂੰ ਰਿਹਰਸਲ ਕੀਤੀ ਜਾਵੇਗੀ ਅਤੇ 24 ਜਨਵਰੀ ਨੂੰ ਫੁੱਲ ਡ੍ਰੈੱਸ ਰਿਹਰਸਲ ਕੀਤੀ ਜਾਵੇਗੀ।

ਉਨ੍ਹਾਂ ਵੱਲੋਂ ਗਣਤੰਤਰ ਦਿਵਸ ਦੀਆਂ ਤਿਆਰੀਆਂ ਲਈ ਵੱਖ-ਵੱਖ ਜ਼ਿਲ੍ਹਾ ਅਧਿਕਾਰੀਆਂ ਦੀਆਂ ਡਿਊਟੀਆਂ ਵੀ ਲਗਾਈਆਂ ਗਈਆਂ।ਉਨ੍ਹਾਂ ਦੱਸਿਆ ਕਿ ਗਣਤੰਤਰ ਦਿਵਸ ਸਮਾਰੋਹ ਦੌਰਾਨ ਵੱਖ-ਵੱਖ ਸਕੂਲਾਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ ਅਤੇ ਪੰਜਾਬ ਪੁਲਸ, ਐੱਨਸੀਸੀ., ਮਹਿਲਾ ਪੁਲਸ ਅਤੇ ਹੋਮ ਗਾਰਡ ਵੱਲੋਂ ਮਾਰਚ ਪਾਸਟ ਕੀਤਾ ਜਾਵੇਗਾ

# ਸੇਮ ਨਾਲੇ 'ਚ ਉੱਗੀ ਲੰਬੀ-ਲੰਬੀ ਜੜੀ ਬੂਟੀ, ਬਰਸਾਤਾਂ 'ਚ ਲੱਗ ਜਾਂਦੈ ਪਾਣੀ ਨੂੰ ਡੱਕਾ



ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ 'ਤੇ ਪਿੰਡ ਹੱਲੇਚਾਹੀ ਨੇੜੇ ਸੜਕ ਵਿਚਕਾਰੋਂ ਵਗਦੇ ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਰਕੇ ਉਸ ਵਿਚ ਲੰਬੀ-ਲੰਬੀ ਜੜੀ ਬੂਟੀ ਉੱਗੀ ਪਈ ਹੈ। ਇਸ ਕਰਕੇ ਵਰਖਾ ਦੇ ਦਿਨਾਂ ਵਿਚ ਪਾਣੀ ਦਾ ਸਹੀ ਨਿਕਾਸ ਨਹੀਂ ਹੁੰਦਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ਼ੇਰ ਸਿੰਘ, ਗੁਰਮੀਤ ਸਿੰਘ, ਮਨਪ੍ਰੀਤ ਸਿੰਘ ਅਤੇ ਸੁਸ਼ੀਲ ਕੁਮਾਰ ਨੇ ਦੱਸਿਆ ਕਿ ਇਹ ਸੇਮ ਨਾਲਾ ਸੜਕ ਪਾਰ ਕਰਕੇ ਕਲਾਨੌਰ ਵਾਲੀ ਸਾਈਡ ਨੂੰ ਚਲਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਬਰਸਾਤ ਦਾ ਮੌਸਮ ਜਾਰੀ ਹੈ ਅਤੇ ਸੇਮ ਨਾਲੇ ਅੰਦਰ ਗੰਦਗੀ ਦੀ ਭਰਮਾਰ ਆਮ ਦੇਖੀ ਜਾ ਸਕਦੀ ਹੈ। ਇਸ ਸੇਮ ਨਾਲੇ ਵਿਚ ਲੰਬਾ-ਲੰਬਾ ਘਾਹ ਅਤੇ ਜੰਗਲੀ ਬੂਟੀ ਉੱਗੀ ਪਈ ਹੈ ਜਿਸ ਕਰਕੇ ਇਥੇ ਹਰ ਸਮੇਂ ਗੰਦਗੀ ਦੀ ਭਰਮਾਰ ਰਹਿੰਦੀ ਹੈ। ਇਸ ਗੰਦਗੀ ਨਾਲ ਭਿਆਨਕ ਬਿਮਾਰੀ ਫੈਲਣ ਦਾ ਖਦਸ਼ਾ ਰਹਿੰਦਾ ਹੈ। ਇਲਾਕਾ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਸਬੰਧਿਤ ਵਿਭਾਗ ਪਾਸੋਂ ਮੰਗ ਕੀਤੀ ਕਿ ਇਸ ਨਾਲੇ ਦੀ ਸਫ਼ਾਈ ਤੇ ਡੂੰਘਾਈ ਕਰਵਾਈ ਜਾਵੇ ਤਾਂ ਜੋ ਪਾਣੀ ਦਾ ਨਿਕਾਸ ਸਹੀ ਤਰੀਕੇ ਨਾਲ ਹੋ ਸਕੇ।

## ਅੱਜ ਬਿਜਲੀ ਬੰਦ ਰਹੇਗੀ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪਾਵਰਕਾਮ ਸਬ ਡਵੀਜ਼ਨ ਦਫਤਰ ਧਾਰੀਵਾਲ ਦੇ ਐੱਸਡੀਓ ਇੰਜੀ. ਜਤਿੰਦਰ ਸ਼ਰਮਾ ਨੇ ਦੱਸਿਆ ਕਿ 11 ਕੇ. ਵੀ. ਸਿਟੀ ਫੀਡਰ ਦੀ ਜ਼ਰੂਰੀ ਮੁਰੰਮਤ ਕਰਨ ਲਈ ਸਿਟੀ ਫੀਡਰ ਦੀ ਬਿਜਲੀ ਸਪਲਾਈ 11 ਜਨਵਰੀ, ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਬੰਦ ਰਹੇਗੀ। ਇਸ ਕਾਰਨ ਸ਼ਹਿਰ ਧਾਰੀਵਾਲ ਦੇ ਲੁਧਿਆਣਾ ਮੁਹੱਲਾ, ਕ੍ਰਿਸ਼ਨਾ ਗਲੀ, ਮਿੱਲ ਕੁਆਰਟਰ, ਗੋਪਾਲ ਨਗਰ, ਡਡਵਾਂ ਰੋਡ, ਲਾਲ ਬਾਗ, ਗਲੀ ਜਸਵੰਤ ਰਾਏ ਅਤੇ ਰਣੀਆ ਆਦਿ ਇਲਾਕੇ ਦੀ ਬਿਜਲੀ ਸਪਲਾਈ ਪ੍ਰਭਾਵਿਤ ਰਹੇਗੀ। ਐੱਸਡੀਓ ਸ਼ਰਮਾ ਨੇ ਇਹ ਵੀ ਦੱਸਿਆ ਕਿ ਇਹ ਕੰਮ ਮੌਸਮ ਸਾਫ ਰਹਿਣ ਦੀ ਹਾਲਤ ਵਿੱਚ ਹੀ ਕਰਵਾਇਆ ਜਾਵੇਗਾ।

## ਐਕਸਕਲੂਸਿਵ ਵਰਲਡ ਰਿਕਾਰਡਜ਼ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪ੍ਰਤੀ ਪ੍ਰਗਟਾਈ ਸ਼ਰਧਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਐਕਸਕਲੂਸਿਵ ਵਰਲਡ ਰਿਕਾਰਡਜ਼ ਨਾਂ ਦੀ ਸੰਸਥਾ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਦੁਨੀਆ ਦੇ ਸਭ ਤੋਂ ਵੱਧ ਸ਼ਰਧਾਲੂਆਂ ਦੀ ਆਮਦ ਵਾਲੇ ਪਵਿੱਤਰ ਅਸਥਾਨ ਦੇ ਸਤਿਕਾਰ ਵਜੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਨਮਾਨ ਪੱਤਰ ਭੇਟ ਕੀਤਾ ਗਿਆ ਹੈ। ਸੰਸਥਾ ਦੇ ਮੁਖੀ ਡਾ. ਪੰਕਜ ਖਟਵਾਨੀ ਅਤੇ ਦੀਪਕ ਥਾਵਾਨੀ ਨੇ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਪੁੱਜ ਕੇ ਇਹ ਸਨਮਾਨ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਨੂੰ ਸੌਂਪਿਆ। ਇਸ ਮੌਕੇ ਗੱਲਬਾਤ ਕਰਦਿਆਂ ਡਾ. ਪੰਕਜ ਖਟਵਾਨੀ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਸਤਿਕਾਰ ਭੇਟ ਕਰਕੇ ਸ਼ਰਧਾ ਪ੍ਰਗਟਾਈ ਗਈ ਹੈ। ਉਨ੍ਹਾਂ ਕਿਹਾ ਕਿ ਇਹ ਮਹਾਨ ਅਸਥਾਨ ਪੂਰੀ ਦੁਨੀਆ ਦੇ ਸ਼ਰਧਾਲੂਆਂ ਲਈ ਬੇਹੱਦ ਸ਼ਰਧਾ ਦਾ ਪ੍ਰਤੀਕ ਹੈ ਅਤੇ ਲੱਖਾਂ ਸੰਗਤਾਂ ਦੀ ਆਮਦ ਦੇ ਬਾਵਜੂਦ ਪ੍ਰਬੰਧਕਾਂ ਵੱਲੋਂ ਬੇਹਤਰੀਨ ਸੇਵਾਵਾਂ ਦਿੱਤੀਆਂ ਜਾਂਦੀਆਂ ਹਨ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਵਡਿਆਈ ਵੱਡੀ ਹੈ ਅਤੇ ਹਰ ਸ਼ਰਧਾਲੂ ਇਥੇ ਨਤਮਸਤਕ ਹੋ ਕੇ ਖ਼ੁਸ਼ੀਆਂ ਪ੍ਰਾਪਤ ਕਰਦਾ ਹੈ। ਐਕਸਕਲੂਸਿਵ ਵਰਲਡ ਰਿਕਾਰਡਜ਼ ਨਾਂ ਦੀ ਸੰਸਥਾ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਪ੍ਰਗਟਾਉਣੀ ਵੀ ਇਸ ਪਾਵਨ ਅਸਥਾਨ ਪ੍ਰਤੀ ਸਮਰਪਣ ਦਾ ਹੀ ਹਿੱਸਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਹਰਭਜਨ ਸਿੰਘ ਵਕਤਾ ਵੀ ਮੌਜੂਦ ਸਨ।

## 515 ਗ੍ਰਾਮ ਹੈਰੋਇਨ ਸਮੇਤ ਪਾਕਿ ਡਰੋਨ ਬਰਾਮਦ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਨ/ਰਣਬੀਰ ਸਿੰਘ ਗੋਲਣ)-ਗੁਆਂਢੀ ਦੇਸ਼ ਪਾਕਿਸਤਾਨ ਵੱਲੋਂ ਆਏ ਦਿਨ ਭਾਰਤ ਦਾ ਮਾਹੌਲ ਖ਼ਰਾਬ ਕਰਨ ਦੇ ਮਕਸਦ ਨਾਲ ਡਰੋਨ ਰਾਹੀਂ ਹਥਿਆਰ ਅਤੇ ਨਸ਼ੇ ਵਾਲੇ ਪਦਾਰਥ ਭੇਜਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ, ਜਿਸ ਨੂੰ ਸਰਹੱਦ 'ਤੇ ਤਾਇਨਾਤ ਬੀ. ਐੱਸ. ਐਫ. ਅਤੇ ਪੰਜਾਬ ਪੁਲਸ ਵੱਲੋਂ ਨਾਕਾਮ ਕੀਤਾ ਜਾ ਰਿਹਾ ਹੈ।ਇਸ ਦੀ ਫਿਰ ਤੋਂ ਇਕ ਹੋਰ ਤਾਜ਼ਾ ਮਿਸਾਲ ਉਸ ਵੇਲੇ ਵੇਖਣ ਨੂੰ ਮਿਲੀ ਜਦੋਂ ਭਾਰਤ-ਪਾਕਿਸਤਾਨ ਸਰਹੱਦ ਨੇੜਿਓਂ ਇੱਕ ਪਾਕਿ ਡਰੋਨ ਥਾਣਾ ਖਾਲੜਾ ਦੀ ਪੁਲਸ ਨੇ 515 ਗ੍ਰਾਮ ਹੈਰੋਇਨ ਸਮੇਤ ਬਰਾਮਦ ਕਰ ਲਿਆ ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਬ-ਡਵੀਜ਼ਨ ਭਿੱਖੀਵਿੰਡ ਦੇ ਡੀ. ਐੱਸ. ਪੀ. ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਖਾਲੜਾ ਪੁਲਸ ਅਤੇ ਬੀ. ਐੱਸ. ਐੱਫ. ਨੂੰ ਸੂਚਨਾ ਪ੍ਰਾਪਤ ਹੋਈ ਸੀ ਕਿ ਪਾਕਿਸਤਾਨ ਵੱਲੋਂ ਆਇਆ ਇੱਕ ਪਾਕਿ ਡਰੋਨ ਭਾਰਤੀ ਖੇਤਰ ਵਿਚ ਬੀ. ਓ. ਪੀ. ਧਰਮਾ ਰਾਹੀਂ ਦਾਖਲ ਹੋਇਆ ਹੈ, ਜਿਸ ਤੋਂ ਬਾਅਦ ਥਾਣਾ ਖਾਲੜਾ ਦੀ ਪੁਲਸ ਅਤੇ ਬੀ. ਐੱਸ. ਐੱਫ. ਦੀ 103 ਬਟਾਲੀਅਨ ਵੱਲੋਂ ਸਾਂਝੇ ਤੌਰ 'ਤੇ ਤਲਾਸ਼ੀ ਮੁਹਿੰਮ ਚਲਾਈ ਗਈ ਜਿਸ ਵਿੱਚ ਰਣਜੋਧ ਸਿੰਘ ਪੁੱਤਰ ਲਖਵਿੰਦਰ ਸਿੰਘ ਵਾਸੀ ਪਿੰਡ ਦੋਦੇ ਦੇ ਖੇਤਾਂ ਵਿੱਚੋਂ ਪਾਕਿ ਡਰੋਨ ਨੂੰ 515 ਗ੍ਰਾਮ ਹੈਰੋਇਨ ਸਮੇਤ ਬਰਾਮਦ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਥਾਣਾ ਖਾਲੜਾ ਵਿਖੇ ਅਣਪਛਾਤੇ ਵਿਅਕਤੀ ਖਿਲਾਫ਼ ਮਾਮਲਾ ਦਰਜ ਕਰਦੇ ਹੋਏ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ।



## ਸੜਕਾਂ ਦੀ ਸਾਫ-ਸਫ਼ਾਈ ਮੁਹਿੰਮ 'ਚ ਇੱਕ ਹੋਰ ਟਰੱਕ ਮਾਊਂਟਿਡ ਰੋਡ ਸਵੀਪਿੰਗ ਮਸ਼ੀਨ ਸ਼ਾਮਲ



ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਅਤੇ ਕਮਿਸ਼ਨਰ ਨਗਰ ਨਿਗਮ ਅੰਮ੍ਰਿਤਸਰ ਘਨਸ਼ਾਮ ਥੋਰੀ ਨੇ ਕਿਹਾ ਕਿ ਨਗਰ ਨਿਗਮ ਅੰਮ੍ਰਿਤਸਰ ਦਾ ਇਹ ਮੁੱਖ ਫਰਜ਼ ਹੈ ਕਿ ਉਹ ਆਪਣੇ ਨਾਗਰਿਕਾਂ ਨੂੰ ਸਾਰੀਆਂ ਨਾਗਰਿਕ ਸਹੂਲਤਾਂ ਪ੍ਰਦਾਨ ਕਰੇ। ਸ਼ਹਿਰ ਦੀਆਂ ਸਾਰੀਆਂ ਮੁੱਖ ਸੜਕਾਂ ਦੀ ਬਿਹਤਰ ਸੜਕ ਸਵੀਪਿੰਗ ਲਈ, ਨਗਰ ਨਿਗਮ ਅੰਮ੍ਰਿਤਸਰ ਨੇ ਆਪਣੇ ਫਲੀਟ ਵਿੱਚ ਇੱਕ ਹੋਰ ਟਰੱਕ ਮਾਊਂਟਿਡ ਰੋਡ ਸਵੀਪਿੰਗ ਮਸ਼ੀਨ ਸ਼ਾਮਲ ਕੀਤੀ ਹੈ ਅਤੇ ਹੁਣ ਪੰਜ ਟਰੱਕ ਮਾਊਂਟਿਡ ਰੋਡ ਸਵੀਪਿੰਗ ਮਸ਼ੀਨ ਅਤੇ 4 ਹੋਰ ਛੋਟੀਆਂ ਮਸ਼ੀਨਾਂ ਕੁੱਲ 9 ਰੋਡ ਸਵੀਪਿੰਗ ਮਸ਼ੀਨਾਂ ਦਿਨ-ਰਾਤ ਕੰਮ ਕਰਨਗੀਆਂ।ਨਵੀਂ ਟਰੱਕ ਮਾਊਂਟਿਡ ਰੋਡ ਸਵੀਪਿੰਗ ਮਸ਼ੀਨ 40.77 ਲੱਖ ਰੁਪਏ ਦੀ ਲਾਗਤ ਨਾਲ ਖਰੀਦੀ ਗਈ ਹੈ ਅਤੇ ਮੈਸਰਜ਼ ਹਰ ਇੰਟਰਨੈਸ਼ਨਲ ਦੁਆਰਾ ਇਸ ਦੀ ਖਰੀਦ ਲਈ ਉਚਿਤ ਪ੍ਰਕਿਰਿਆ ਅਪਣਾ ਕੇ ਸਪਲਾਈ ਕੀਤੀ ਗਈ ਹੈ।ਸ੍ਰੀ ਥੋਰੀ ਨੇ ਸ਼ਹਿਰ ਵਾਸੀਆਂ ਨੂੰ ਸਾਫ਼-ਸਫ਼ਾਈ ਰਾਹੀਂ ਸ਼ਹਿਰ ਦੇ ਵਾਤਾਵਰਨ ਨੂੰ ਸੰਭਾਲਣ ਲਈ ਨਗਰ ਨਿਗਮ, ਅੰਮ੍ਰਿਤਸਰ ਦਾ ਸਹਿਯੋਗ ਦੇਣ ਲਈ ਕਿਹਾ ਅਤੇ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਕਰਕੇ ਸੜਕਾਂ 'ਤੇ ਕੂੜਾ ਨਾ ਸੁੱਟਣ ਅਤੇ ਕੂੜੇਦਾਨਾਂ ਵਿੱਚ ਸੁੱਟਣ ਦੀ ਅਪੀਲ ਕੀਤੀ।

# ਰਾਜਾ ਵੜਿੰਗ ਨਾਲ ਮਜੀਠਾ ਹਲਕੇ ਦੇ ਬਲਾਕ ਪ੍ਰਧਾਨਾਂ ਦੀ ਮੀਟਿੰਗ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ ਅਗਾਮੀ ਲੋਕ ਸਭਾ ਚੋਣਾਂ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸੇ ਲੜੀ ਦੇ ਤਹਿਤ ਹਾਈਕਮਾਂਡ ਵੱਲੋਂ ਪੰਜਾਬ ਪ੍ਰਦੇਸ ਕਾਂਗਰਸ ਕਮੇਟੀ ਦਾ ਇੰਚਾਰਜ ਦੇਵੇਂਦਰ ਯਾਦਵ ਨੂੰ ਨਿਯੁਕਤ ਕੀਤਾ ਗਿਆ ਜਿਨ੍ਹਾਂ ਵੱਲੋਂ ਸਿਲਸਿਲੇਵਾਰ ਕਾਂਗਰਸ ਭਵਨ ਚੰਡੀਗੜ੍ਹ ਵਿਖੇ ਤਿੰਨ ਦਿਨਾ ਦੌਰੇ ਦੌਰਾਨ ਹਰ ਕਾਂਗਰਸੀ ਆਗੂ ਤੇ ਵਰਕਰ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਲੋਕ ਸਭਾ ਚੋਣਾਂ ਲਈ ਕਾਂਗਰਸ ਵਧੀਆ ਪਰਦਰਸ਼ਨ ਕਰਕੇ ਜਿੱਤ ਹਾਸਲ ਕਰੇ। ਅੱਜ ਬਲਾਕ ਕਾਂਗਰਸ ਦੇ ਪ੍ਰਧਾਨਾਂ ਦੀ ਮੀਟਿੰਗ ਹੋਈ।

ਮੀਟਿੰਗ ਉਪਰੰਤ ਹਲਕਾ ਮਜੀਠਾ ਦੇ ਬਲਾਕ ਕਾਂਗਰਸ ਪ੍ਰਧਾਨ ਨਵਤੇਜ ਸਿੰਘ, ਸਤਨਾਮ ਸਿੰਘ ਕਾਜੀਕੋਟ, ਨਵਦੀਪ ਸਿੰਘ ਸੋਨਾ ਮਜੀਠਾ ਤੇ ਪ੍ਰਦੀਪ ਸਿੰਘ ਗੋਲਣ ਨੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੀਟਿੰਗ ਕਰਕੇ ਮਜੀਠੇ ਹਲਕੇ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ ਤੇ ਰਾਜਾ ਵੜਿੰਗ ਨੂੰ ਵਿਸ਼ਵਾਸ ਦਿਵਾਇਆ ਕਿ ਕਾਂਗਰਸ ਪਾਰਟੀ ਮਜੀਠੇ ਹਲਕੇ ਵਿੱਚੋਂ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਦੀ ਅਗਵਾਈ ਵਿੱਚ ਜੋ ਲੰਮੇ ਸਮੇਂ ਤੋਂ ਦਿਨ-ਰਾਤ ਮਿਹਨਤ ਕਰ ਰਹੇ ਹਨ, ਦੀ ਅਗਵਾਈ ਵਿੱਚ ਕਾਂਗਰਸ ਪਾਰਟੀ ਦੇ ਝੰਡੇ ਨੂੰ ਬੁਲੰਦ ਕਰਨਗੇ ਤੇ ਵੱਡੀ ਲੀਡ ਪਾਰਟੀ ਦੇ ਹੱਕ ਵਿੱਚ ਦਿਵਾਉਣਗੇ। ਰਾਜਾ ਵੜਿੰਗ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਾਰਟੀ ਦੇ ਪ੍ਰੋਗਰਾਮਾਂ ਨੂੰ ਹਰ ਬੂਥ ਪੱਧਰ 'ਤੇ ਘਰ-ਘਰ ਪਹੁੰਚਾਉਣ ਦੀ ਜ਼ਿੰਮੇਵਾਰੀ ਤੁਹਾਡੀ ਬਲਾਕ ਪ੍ਰਧਾਨਾਂ ਦੀ ਹੈ ਤੇ ਮੈਂ ਜਲਦ ਹੀ ਤੁਹਾਡੀ ਮੀਟਿੰਗ ਆਲ ਇੰਡੀਆ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਕਅਰਜਨ ਖੜਗੇ ਤੇ ਰਾਹੁਲ ਗਾਂਧੀ ਨਾਲ ਵੀ ਕਰਵਾਵਾਂਗਾ।

ਕੌਂਸਲਰ ਨਵਦੀਪ ਸਿੰਘ ਸੋਨਾ ਨੇ ਕਿਹਾ ਕਿ ਪੰਜਾਬ ਵਿਚਲੀ ਆਮ ਆਦਮੀ ਪਾਰਟੀ ਤੋਂ ਲੋਕਾਂ ਦਾ ਮੋਹ ਭੰਗ ਹੋ ਗਿਆ ਹੈ ਤੇ ਲੋਕ ਆਪਣੇ ਆਪ ਨੂੰ ਠੱਗਿਆ ਜਿਹਾ ਮਹਿਸੂਸ ਕਰ ਰਹੇ ਹਨ ਤੇ ਹੁਣ ਜ਼ਮੀਨੀ ਪੱਧਰ 'ਤੇ ਲੋਕਾਂ ਦਾ ਝੁਕਾਅ ਕਾਂਗਰਸ ਪਾਰਟੀ ਵੱਲ ਹੈ ਤੇ ਆ ਰਹੀਆਂ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਵੱਡੇ ਫਰਕ ਨਾਲ ਜਿੱਤ ਪ੍ਰਾਪਤ ਕਰੇਗੀ।

# ਲੈਕਚਰਾਰ ਸੁਰਜੀਤ ਸਿੰਘ ਬੇਦੀ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬਾ ਡੇਰਾ ਬਾਬਾ ਨਾਨਕ ਦੇ ਰਹਿਣ ਵਾਲੇ ਐਡਵੋਕੇਟ ਗੁਰਪ੍ਰੀਤ ਸਿੰਘ ਬੇਦੀ ਅਤੇ ਕੈਨੇਡਾ ਵਾਸੀ ਹਰਪ੍ਰੀਤ ਸਿੰਘ ਬੇਦੀ ਦੇ ਪਿਤਾ ਸਾਬਕਾ ਪੰਜਾਬੀ ਦੇ ਲੈਕਚਰਾਰ ਸੁਰਜੀਤ ਸਿੰਘ ਬੇਦੀ (80) ਜਿਨ੍ਹਾਂ ਦਾ ਕੁਝ ਦਿਨ ਪਹਿਲਾਂ ਦਿਹਾਂਤ ਹੋ ਗਿਆ ਸੀ, ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅੱਜ ਉਨ੍ਹਾਂ ਦੇ ਗ੍ਰਹਿ ਗਲੀ ਅਮੀਸ਼ਾਹੀਆਂ ਵਿਖੇ ਪਾਏ ਗਏ। ਉਪਰੰਤ ਅੰਤਿਮ ਅਰਦਾਸ, ਕੀਰਤਨ ਤੇ ਸ਼ਰਧਾਂਜਲੀ ਸਮਾਗਮ ਸਥਾਨਕ 10 ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ੍ਰੀ ਚੰਦ ਵਿਖੇ ਕਰਵਾਇਆ ਗਿਆ। ਇਸ ਮੌਕੇ ਭਾਈ ਮਨਜਿੰਦਰ ਸਿੰਘ ਧਾਰੋਵਾਲੀ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਕੀਰਤਨੀ ਜਥੇ ਵੱਲੋਂ ਵਿਰਾਗਮਈ ਕੀਰਤਨ ਕੀਤਾ ਗਿਆ। ਉਪਰੰਤ ਹੈੱਡ ਗ੍ਰੰਥੀ ਬਾਬਾ ਭੁਪਿੰਦਰ ਸਿੰਘ ਵੱਲੋਂ ਸੁਰਜੀਤ ਸਿੰਘ ਬੇਦੀ ਦੀ ਆਤਮਿਕ ਸ਼ਾਂਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਰਵੀਕਰਨ ਸਿੰਘ ਕਾਹਲੋਂ, ਜਥੇਦਾਰ ਅਮਰੀਕ ਸਿੰਘ ਸਾਹਪੁਰ ਗੋਰਾਇਆ ਮੈਂਬਰ ਐੱਸਜੀਪੀਸੀ, ਸਾਬਕਾ ਨਗਰ ਕੌਂਸਲ ਪ੍ਰਧਾਨ ਐਡਵੋਕੇਟ ਪ੍ਰਮੀਤ ਸਿੰਘ ਬੇਦੀ, ਮਾਸਟਰ ਸਤਨਾਮ ਸਿੰਘ ਧਾਰੋਵਾਲੀ ਅਤੇ ਮਾਸਟਰ ਚਰਨਜੀਤ ਸਿੰਘ ਬੇਦੀ ਨੇ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ ਬਾਬਾ ਸੁਰਜੀਤ ਸਿੰਘ ਬੇਦੀ ਦੇ ਅਕਾਲ ਚਲਾਣਾ ਕਰ ਜਾਣ ਨਾਲ ਜਿੱਥੇ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ ਉੱਥੇ ਧਾਰਮਿਕ ਤੌਰ ਅਤੇ ਰਾਜਨੀਤਕ ਤੌਰ 'ਤੇ ਵੀ ਸਾਡੇ ਸਮਾਜ ਨੂੰ ਬਹੁਤ ਵੱਡਾ ਘਾਟਾ ਪਿਆ ਹੈ ਜੋ ਕਦੇ ਪੂਰਾਂ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਬਾਬਾ ਸੁਰਜੀਤ ਸਿੰਘ ਬੇਦੀ ਵੱਲੋਂ ਅਧਿਆਪਕ ਜਥੇਬੰਦੀ ਨੂੰ ਜੋ ਸੇਵਾਵਾਂ ਦਿੱਤੀਆਂ ਗਈਆਂ ਸਨ, ਉਨ੍ਹਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਇਸ ਮੌਕੇ ਕਵਿਤਾ ਬੇਦੀ ਜ਼ਿਲ੍ਹਾ ਮੈਨੇਜਰ ਕੋਆਪਰੇਟਿਵ ਬੈਂਕ ਗੁਰਦਾਸਪੁਰ, ਐੱਨਆਰਆਈ ਬਾਬਾ ਰਜਿੰਦਰ ਸਿੰਘ ਬੇਦੀ, ਬਾਬਾ ਮਨਜੀਤ ਸਿੰਘ ਬੇਦੀ ਅਮੀਸ਼ਾਹੀਆਂ, ਚੇਅਰਮੈਨ ਕੰਵਲਜੀਤ ਖੁਸ਼ਹਾਲਪੁਰ, ਸੱਜਣ ਸਿੰਘ ਖਲੀਲਪੁਰ, ਮਹਿੰਗਾ ਰਾਮ ਗਰੀਬ, ਚਰਨਜੀਤ ਸਿੰਘ ਬੇਦੀ, ਭਾਜਪਾ ਆਗੂ ਰਾਜੂ ਪੰਡਿਤ, ਬਾਬਾ ਜੰਗੀ ਬੇਦੀ, ਡਾ. ਮਨਮੋਹਨ ਸਿੰਘ ਭੱਟੀ, ਵਪਾਰ ਮੰਡਲ ਪ੍ਰਧਾਨ ਵਿਪਨ ਸੋਨੀ, ਮੈਡਮ ਊਸ਼ਾ ਬੇਦੀ, ਪ੍ਰਿੰਸੀਪਲ ਰਾਕੇਸ਼ ਮਹਾਜਨ, ਮਾਸਟਰ ਸਵਿੰਦਰ ਸਿੰਘ ਸੂਰੀ, ਮਾਸਟਰ ਨਰਿੰਦਰ ਸਿੰਘ, ਜਨਕ ਰਾਜ ਮਹਾਜਨ, ਬਾਬਾ ਸੋਨੂੰ ਬੇਦੀ, ਮਾਸਟਰ ਓਮ ਪ੍ਰਕਾਸ਼, ਬਾਬਾ ਮਿੱਟੀ ਬੇਦੀ, ਬਾਬਾ ਭਗਵਾਨ ਦਾਸ, ਪਿਆਰਾ ਲਾਲ ਫੌਜੀ, ਧਰਮਪਾਲ ਸਿੰਘ ਮੱਤਰੀ, ਸੱਤਪਾਲ ਸਿੰਘ ਮੱਤਰੀ, ਸੁੱਚਾ ਸਿੰਘ ਸੈਕਟਰੀ, ਰੁਪਿੰਦਰ ਕੁਮਾਰ ਤੋਂ ਇਲਾਵਾ ਬਾਰ ਐਸੋਸੀਏਸ਼ਨ ਬਟਾਲਾ ਤੇ ਗੁਰਦਾਸਪੁਰ ਦੇ ਵਕੀਲ ਅਤੇ ਵੱਖ-ਵੱਖ ਕੋਆਪਰੇਟਿਵ ਬੈਂਕਾਂ ਦੇ ਕਰਮਚਾਰੀ ਹਾਜ਼ਰ ਸਨ।

# ਮਨਿਸਟੀਰੀਅਲ ਸਟਾਫ਼ ਸਿੱਖਿਆ ਵਿਭਾਗ ਜ਼ਿਲਾ ਇਕਾਈ ਵੱਲੋਂ ਨਵੇਂ ਸਾਲ ਦਾ ਕੈਲੰਡਰ ਰਿਲੀਜ਼



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਮਨਿਸਟੀਰੀਅਲ ਸਟਾਫ਼ ਸਿੱਖਿਆ ਵਿਭਾਗ ਜ਼ਿਲਾ ਇਕਾਈ ਵੱਲੋਂ ਸਾਲ 2024 ਦਾ ਕੈਲੰਡਰ ਮਾਨਯੋਗ ਸੁਸ਼ੀਲ ਕੁਮਾਰ ਤੁਲੀ ਜ਼ਿਲਾ ਸਿੱਖਿਆ ਅਫਸਰ (ਸੈਸਿ) ਅੰਮ੍ਰਿਤਸਰ ਅਤੇ ਇੰਦੂ ਬਾਲਾ ਉਪ ਜ਼ਿਲਾ ਸਿੱਖਿਆ ਅਫਸਰ (ਐਸਿ) ਅੰਮ੍ਰਿਤਸਰ ਵੱਲੋਂ ਜ਼ਿਲਾ ਸਿੱਖਿਆ ਅਫਸਰ ਦੇ ਦਫ਼ਤਰ ਵਿਖੇ ਰਿਲੀਜ਼ ਕੀਤਾ ਗਿਆ। ਇਸ ਮੌਕੇ ਯੂਨੀਅਨ ਦੇ ਹੇਠਾਂ ਦਰਜ ਅਹੁਦੇਦਾਰ ਅਤੇ ਯੂਨੀਅਨ ਮੈਂਬਰ ਹਾਜ਼ਰ ਸਨ। ਮਲਕੀਅਤ ਸਿੰਘ ਜ਼ਿਲਾ ਪ੍ਰਧਾਨ, ਤੇਜਿੰਦਰ ਕੁਮਾਰ ਜਨਰਲ ਸਕੱਤਰ, ਗੁਰਬਿੰਦਰ ਸਿੰਘ ਛੀਨਾ, ਜ਼ਿਲਾ ਵਿੱਤ ਸਕੱਤਰ, ਸੁਖਦੇਵ ਸਿੰਘ ਪ੍ਰਧਾਨ ਤਹਿਸੀਲ ਮਜੀਠਾ, ਗੁਰਜੋਤ ਸਿੰਘ, ਗੁਰਪ੍ਰਤਾਪ ਸਿੰਘ ਤਹਿਸੀਲ ਪ੍ਰਧਾਨ, ਗੁਰਦੀਪ ਸਿੰਘ, ਤਹਿਸੀਲ ਪ੍ਰਧਾਨ, ਮਨਦੀਪ ਸਿੰਘ ਤਹਿਸੀਲ ਪ੍ਰਧਾਨ, ਜਤਿੰਦਰ ਸਿੰਘ, ਸ਼ੰਕਰ ਰਾਜਪੂਤ, ਧਰਮਿੰਦਰ ਸਿੰਘ, ਰਾਜਦੀਪ ਸਿੰਘ, ਅਮਰਪ੍ਰੀਤ ਸਿੰਘ, ਕਪਿਲ ਵਰਮਾ, ਬਲਵਿੰਦਰ ਸਿੰਘ, ਗੁਰਚਰਨ ਸਿੰਘ, ਅਮਰੀਸ਼ ਸ਼ਰਮਾ, ਗੁਰਪਾਲ ਸਿੰਘ, ਮੁਖਤਿਆਰ ਸਿੰਘ, ਦਿਲਬਾਗ ਸਿੰਘ ਅਤੇ ਹੋਰ ਸਾਥੀ।

## ਪੇਟ ਦੇ ਕੈਂਸਰ ਲਈ ਉਮੀਦ ਦੀ ਨਵੀਂ ਕਿਰਨ ਜਾਗੀ

ਪਟਿਆਲਾ : ਫੋਰਟਿਸ ਹਸਪਤਾਲ, ਮੋਹਾਲੀ ਵਿੱਚ ਫੋਰਟਿਸ ਕੈਂਸਰ ਇੰਸਟੀਚਿਊਟ ਦੇ ਸਰਜੀਕਲ ਓਨਕੋਲੋਜੀ ਵਿਭਾਗ ਨੇ ਸਿਊਡੋਮਾਈਕਸੋਮਾ ਪੇਰੀਟੋਨੀ (ਪੀਐਮਪੀ) ਕੈਂਸਰ ਤੋਂ ਪੀੜਤ 70 ਸਾਲਾ ਔਰਤ ਦਾ ਸਾਇਟੋਰੈਡਕਟਿਵ ਸਰਜਰੀ (ਸੀਆਰਐਸ) ਅਤੇ ਐਚਆਈਪੀਈਸੀ ਸਰਜਰੀ ਰਾਹੀਂ ਸਫਲਤਾਪੂਰਵਕ ਇਲਾਜ ਕਰਕੇ ਇੱਕ ਹੋਰ ਡਾਕਟਰੀ ਉਪਲੱਬਧੀ ਹਾਸਿਲ ਕੀਤੀ ਹੈ।ਡਾ. ਰੋਹੀਲਾ ਨੇ ਕਿਹਾ ਕਿ ਇਹ ਇੱਕ ਗੁੰਝਲਦਾਰ ਸਰਜਰੀ ਸੀ ਜਿਸ ਵਿੱਚ ਅੰਤੜੀਆਂ ਨੂੰ ਕੱਟਣਾ ਅਤੇ ਲਿਵਰ ਅਤੇ ਅੰਤੜੀਆਂ ਵਿੱਚੋਂ ਟਿਊਮਰ ਨੂੰ ਹਟਾਉਣਾ ਸ਼ਾਮਿਲ ਸੀ ।ਪੂਰੀ ਸਾਈਟੋਰਡਕਸ਼ਨ ਵਿੱਚ ਲਗਭਗ 9 ਘੰਟੇ ਲੱਗੇ ।ਸੀਆਰਐੱਸ ਐੱਚਆਈਪੀਈਸੀ ਇੱਕ ਪ੍ਰਮੁੱਖ ਸਰਜੀਕਲ ਪ੍ਰਕਿਰਿਆ ਹੈ ਅਤੇ ਇਸ ਵਿੱਚ ਟਰੇਂਡ ਸਰਜਨ, ਐਨਸਥੀਸੀਆ ਦੀਆਂ ਤਜਰਬੇਕਾਰ ਟੀਮਾਂ ਅਤੇ ਆਈਸੀਯੂ ਕ੍ਰਿਟੀਕਲ ਕੇਅਰ ਟੀਮ, ਕੀਮੋਥੈਰੇਪੀ ਨਾਲ ਸਬੰਧਿਤ ਜਟਿਲਤਾਵਾਂ ਦੇ ਪ੍ਰਬੰਧਨ ਲਈ ਤਜਰਬੇਕਾਰ ਮੈਡੀਕਲ ਓਨਕੋਲੋਜੀ ਟੀਮ ਦੀ ਜ਼ਰੂਰਤ ਹੁੰਦੀ ਹੈ।

# ਪੱਤਰਕਾਰ ਗੁਰਨਾਮ ਸਿੰਘ ਚੱਕ ਮੰਡੇਰ ਨਮਿੱਤ ਸ਼ਰਧਾਂਜਲੀ ਸਮਾਗਮ



ਬਹਿਰਾਮ (ਅਵਤਾਰ ਕਲੇਰ) ਸੀਨੀਅਰ ਪੱਤਰਕਾਰ ਗੁਰਨਾਮ ਸਿੰਘ ਚੱਕ ਮੰਡੇਰ ਦਾ ਬੀਤੇ ਦਿਨੀਂ ਇੱਕ ਸੜਕ ਹਾਦਸੇ ਵਿੱਚ ਦੇਹਾਂਤ ਹੋ ਗਿਆ ਸੀ ।ਉਨਾਂ ਨਮਿਤ ਸ਼੍ਰੀ ਗੁਰੂ ਰਵਿਦਾਸ ਗੁਰਦੁਆਰਾ ਚੱਕ ਮੰਡੇਰ ਵਿਖੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਭੋਗ ਪਾਇਆ ਗਿਆ ।ਉਪਰੰਤ ਭਾਈ ਹਰਦੀਪ ਸਿੰਘ ਤੇ ਭਾਈ ਮਹਿੰਦਰ ਪਾਲ ਸਿੰਘ ਨੇ ਕਥਾ ਕੀਰਤਨ ਕੀਤਾ ਅਤੇ ਵਿਛੜੀ ਰੂਹ ਦੀ ਸ਼ਾਂਤੀ ਲਈ ਪ੍ਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕੀਤੀ ।ਪਗੜੀ ਦੀ ਰਸਮ ਹੋਈ । ਇਸ ਮੌਕੇ ਗਿਆਨ ਚੰਦ ਸੰਮਤੀ ਮੈਂਬਰ,ਕੇਵਲ ਸਿੰਘ ਰਾਣੂੰ ਚੱਕ ਮੰਡੇਰ, ਬੀਬੀ ਹਰਨਿੰਦਰ ਕੌਰ ਸਰਪੰਚ ਚੱਕ ਮੰਡੇਰ, ਗੁਰਵਿੰਦਰ ਸਿੰਘ ਪੰਚ, ਸੇਵਾ ਮੁਕਤ ਮੈਨੇਜਰ ਦਲਜੀਤ ਸਿੰਘ ਘੁੰਮਣ, ਬੀਬੀ ਹਰਬੰਸ ਕੌਰ ਸਾਬਕਾ ਸਰਪੰਚ ਜੰਡਿਆਲੀ, ਜੋਗਿੰਦਰ ਸਿੰਘ ਜੰਡਿਆਲੀ, ਸਾਬਕਾ ਸਰਪੰਚ ਗੁਰਦਿਆਲ ਚੰਦ, ਲੇਖ ਰਾਜ ਕੁਲਥਮ,ਅਵਤਾਰ ਕਲੇਰ ਮੇਹਲੀ, ਆਰ.ਡੀ ਰਾਮਾ,ਧਰਮਾ ਬੈਂਸ ਘੁੰਮਣਾ, ਇਕਬਾਲ ਸਿੰਘ ਬਹਿਰਾਮ,ਬਲਜੀਤ ਸਿੰਘ, ਹਰਜਿੰਦਰ ਨੰਬਰਦਾਰ ਬਹਿਰਾਮ,ਪਵਨ ਕੁਮਾਰ, ਅਮਨ ਕੁਮਾਰ,ਤਰਲੋਚਨ ਸਿੰਘ ਬਾਹੜ ਮਜਾਰਾ,ਦਿਨੇਸ਼ ਭੰਡਾਰੀ ਬਹਿਰਾਮ, ਚਮਨ ਲਾਲ,ਧਰਮਵੀਰ ਪਾਲ,ਅਵਤਾਰ ਚੰਦ, ਮੱਖਣ ਲਾਲ ਆਦਿ ਹਾਜ਼ਰ ਸਨ ।

## ਹੈਰੋਇਨ ਸਣੇ ਦੋ ਨੌਜਵਾਨ ਕਾਬੂ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਥਾਣਾ ਧਾਰੀਵਾਲ ਦੀ ਪੁਲਸ ਨੇ ਦੋ ਨੌਜਵਾਨਾਂ ਨੂੰ 9.5 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ। ਜ਼ਿਲ੍ਹਾ ਪੁਲਸ ਮੁੱਖੀ ਗੁਰਦਾਸਪੁਰ ਦੇ ਹੁਕਮਾਂ ਅਨੁਸਾਰ ਸਹਾਇਕ ਸਬ ਇੰਸਪੈਕਟਰ ਬਲਬੀਰ ਸਿੰਘ ਨੇ ਸਮੇਤ ਪੁਲਸ ਪਾਰਟੀ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਵਿਸ਼ੇਸ਼ ਚੈਕਿੰਗ ਦੌਰਾਨ ਕਿੰਗ ਪੈਲੇਸ ਅਹਿਮਦਾਬਾਦ ਨੇੜਿਓਂ ਦੋ ਨੌਜਵਾਨਾਂ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਜਦੋਂ ਉਨ੍ਹਾਂ ਦੀ ਤਲਾਸ਼ੀ ਲਈ ਤਾਂ ਉਨ੍ਹਾਂ ਕੋਲੋਂ 9 ਗ੍ਰਾਮ 50 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ। ਮੁਲਜ਼ਮਾਂ ਨੇ ਆਪਣੀ ਪਛਾਣ ਚੰਦਰ ਕਾਂਤ, ਮਨਦੀਪ ਸਿੰਘ ਪੁੱਤਰਾਨ ਮਹਿੰਦਰਪਾਲ ਵਾਸੀ ਅਹਿਮਦਾਬਾਦ ਵਜੋਂ ਦੱਸੀ। ਪੁਲਸ ਨੇ ਚੰਦਰ ਕਾਂਤ ਤੇ ਮਨਦੀਪ ਸਿੰਘ ਨੂੰ 9 ਗ੍ਰਾਮ 50 ਮਿਲੀਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਵਿਰੁੱਧ ਐਨਡੀਪੀਐਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ।

# ਨਿਊ ਸਵੈਨ ਮਲਟੀਟੈਕ ਆਈ ਪੀ ਓ ਦਾ ਉਦਘਾਟਨ ਅੱਜ

ਲੁਧਿਆਣਾ-ਨਿਊ ਸਵੈਨ ਮਲਟੀਟੈਕ ਲਿਮਟਿਡ ਆਟੋਮੋਟਿਵ ਉਦਯੋਗ ਅਤੇ ਆਧੁਨਿਕ ਖੇਤੀ ਲਈ ਸ਼ੁੱਧਤਾ-ਇੰਜੀਨੀਅਰ ਵਾਲੇ ਪੁਰਜ਼ੇ ਅਤੇ ਪੁਰਜ਼ੇ ਬਣਾਉਣ ਵਿੱਚ ਮਾਹਰ ਹੈ। ਕੰਪਨੀ ਆਪਣੀ ਸ਼ੁਰੂਆਤੀ ਜਨਤਕ ਪੇਸ਼ਕਸ਼ (ਆਈਪੀਓ) ਲਾਂਚ ਕਰਕੇ ਜਨਤਕ ਹੋਣ ਜਾ ਰਹੀ ਹੈ ਅਤੇ 50.16 ਲੱਖ ਸ਼ੇਅਰਾਂ ਰਾਹੀਂ 33-11 ਕਰੋੜ ਰੁਪਏ ਜੁਟਾਉਣ ਜਾ ਰਹੀ ਹੈ। ਆਪਣੀ ਐੱਸਐੱਮਈ ਸ਼ੁਰੂਆਤੀ ਜਨਤਕ ਪੇਸ਼ਕਸ਼ (ਆਈਪੀਓ) ਲਈ ਨਿਊ ਸਵੈਨ ਮਲਟੀਟੈਕ ਲਿਮਟਿਡ ਨੇ 62 ਰੁਪਏ ਤੋਂ 66 ਰੁਪਏ ਪ੍ਰਤੀ ਸ਼ੇਅਰ ਦੀ ਕੀਮਤ ਬੈਂਡ ਨਿਰਧਾਰਤ ਕੀਤੀ ਹੈ। ਕੰਪਨੀ ਦੇ ਸ਼ੇਅਰ ਬੁੱਧਵਾਰ 18 ਜਨਵਰੀ 2024 ਦੀ ਅਨੁਮਾਨਿਤ ਸੂਚੀਬੱਧ ਮਿਤੀ ਦੇ ਨਾਲ ਐੱਸਐੱਮਈ ਤੇ ਸੂਚੀਬੱਧ ਕੀਤੇ ਜਾਣਗੇ। ਬਿੱਗ ਸ਼ੇਅਰ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ਨਿਊ ਸਵੈਨ ਮਲਟੀਟੈਕ ਆਈਪੀਓ ਲਈ ਰਜਿਸਟਰਾਰ ਹੈ ਅਤੇ ਹੇਮ ਸਿਕਿਓਰਿਟੀਜਦ ਲਿਮਟਿਡ ਅਤੇ ਸ਼ੇਅਰ ਇੰਡੀਆ ਕੈਪੀਟਲ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ਬੁੱਕ-ਰਨਿੰਗ ਲੀਡ ਮੈਨੇਜਰ ਹਨ। ਇਸ ਦੀ ਕਮਾਈ ਦੀ ਵਰਤੋਂ ਰਿਆਨ, ਲੁਧਿਆਣਾ ਵਿਖੇ ਸਥਿਤ ਮੌਜੂਦਾ ਨਿਰਮਾਣ ਯੂਨਿਟ ਲਈ ਕੁਝ ਮਸ਼ੀਨਰੀ ਦੀ ਖਰੀਦ, ਕਰਜ਼ੇ ਦੇ ਹਿੱਸੇ ਦੀ ਮੁੜ ਅਦਾਇਗੀ, ਕਾਰਜਸ਼ੀਲ ਪੂੰਜੀ ਦੀਆਂ ਜ਼ਰੂਰਤਾਂ ਅਤੇ ਆਮ ਕਾਰਪੋਰੇਟ ਉਦੇਸ਼ਾਂ ਨੂੰ ਪੂਰਾ ਕਰਨ ਲਈ ਕੀਤੀ ਜਾਵੇਗੀ। ਨਿਊ ਸਵੈਨ ਮਲਟੀਟੈਕ ਆਈਪੀਓ ਲਈ ਸ਼ਸੇਅਰ ਮੰਗਲਵਾਰ 16 ਜਨਵਰੀ, 2024 ਨੂੰ ਅਲਾਟ ਕੀਤੇ ਜਾਣ ਦੀ ਉਮੀਦ ਹੈ ਅਤੇ ਸ਼ੇਅਰ ਬੁੱਧਵਾਰ 17 ਜਨਵਰੀ 2024 ਨੂੰ ਅਲਾਟੀਆਂ ਦੇ ਡੀਮੈਟ ਖਾਤੇ ਵਿੱਚ ਕ੍ਰੈਡਿਟ ਕੀਤੇ ਜਾਣਗੇ।

## ਸਬ ਇੰਸਪੈਕਟਰ ਪਵਿੱਤਰ ਸਿੰਘ ਥਾਣਾ ਕਾਠਗੜ੍ਹ ਦੇ ਨਵੇਂ ਐੱਸ ਐੱਚ ਓ ਨਿਯੁਕਤ



ਬਲਾਚੌਰ/ਕਾਠਗੜ੍ਹ (ਸੁਭਾਸ਼ ਭਾਟੀਆ)- ਥਾਣਾ ਕਾਠਗੜ੍ਹ ਦੇ ਨਵ ਨਿਯੁਕਤ ਸਬ ਇੰਸਪੈਕਟਰ ਐਸ ਐਚ ਓ ਪਵਿੱਤਰ ਸਿੰਘ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਉਹ ਥਾਣਾ ਬਲਾਚੌਰ 'ਚ ਵੀ ਆਪਣੀਆਂ ਸੇਵਾਵਾਂ ਦੇ ਚੁੱਕੇ ਹਨ । ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਐਸ ਐਚ ਓ ਪਵਿੱਤਰ ਸਿੰਘ ਨੇ ਕਿਹਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਤੇ ਜੇਕਰ ਕੋਈ ਵਿਅਕਤੀ ਨਸ਼ਾ ਕਰਦਾ ਜਾਂ ਵੇਚਦਾ ਫੜਿਆ ਗਿਆ ਤਾਂ ਉਸ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਹਲਕੇ 'ਚ ਗੈਰ-ਕਾਨੂੰਨੀ ਕੰਮ ਕਰਨ ਵਾਲਿਆਂ ਖ਼ਿਲਾਫ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ । ਉਨ੍ਹਾ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਤਸਕਰਾਂ ਨੂੰ ਠੱਲ੍ਹ ਪਾਉਣ ਲਈ ਪੁਲਸ ਨੂੰ ਆਪਣਾ ਸਹਿਯੋਗ ਦੇਣ। ਉਨ੍ਹਾ ਕਿਹਾ ਕਿ ਨਸ਼ਾ ਤਸਕਰ ਜਾਂ ਸਮਾਜ ਵਿਰੋਧੀ ਅਨਸਰ ਦੀ ਸੂਚਨਾ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ। ਜੇਕਰ ਕਿਸੇ ਵਿਅਕਤੀ ਨੂੰ ਕਿਤੇ ਕੋਈ ਸ਼ੱਕੀ ਵਸਤੂ ਦਿਖਾਈ ਦਿੰਦੀ ਹੈ ਤਾਂ ਉਸ ਦੀ ਸੂਚਨਾ ਤੁਰੰਤ ਪੁਲਸ ਨੂੰ ਦਿੱਤੀ ਜਾਵੇ । ਉਨ੍ਹਾ ਭਰੋਸਾ ਦਿੱਤਾ ਕਿ ਹਲਕੇ 'ਚ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਬਹਾਲ ਰੱਖਣਾ ਉਨ੍ਹਾ ਦੀ ਪਹਿਲ ਹੋਵੇਗੀ।


asrec (India) Limited

ਰਜਿ: ਦਫਤਰ : 201/202 ਏ, ਬਿਲਡਿੰਗ ਨੰ: 2, ਸੋਲੀਟੇਅਰ ਕਾਰਪੋਰੇਟ ਪਾਰਕ, ਅੰਧੇਰੀ ਘਾਟਕੋਪਰ ਲਿੰਕ ਰੋਡ, ਚਕਾਲਾ, ਅੰਧੇਰੀ (ਈ) ਮੁੰਬਈ-400093,
ਸ਼ਾਖਾ ਦਫਤਰ : 402, ਚੌਥੀ ਮੰਜ਼ਲ, ਅਪਰਾ ਟਾਵਰ, ਐੱਸ ਸੀ ਓ-130-131-132, ਫਿਰੋਜ਼ ਗਾਂਧੀ ਮਾਰਕਿਟ, ਲੁਧਿਆਣਾ, ਪੰਜਾਬ-141001

**ਐੱਸਟਸ ਦੀ ਵਿਕਰੀ ਲਈ ਜਨਤਕ ਨਿਲਾਮੀ [ਵੇਖੋ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 6 (2)]**

ਅਚੱਲ/ਚੱਲ ਐੱਸਟਸ ਦੀ ਵਿਕਰੀ ਲਈ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 (6) ਅਤੇ 6 (2) ਅਤੇ 9 ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਤਹਿਤ ਈ-ਨਿਲਾਮੀ ਵਿਕਰੀ ਨੋਟਿਸ। ਆਮ ਜਨਤਾ ਨੂੰ ਖ਼ਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਐਜ਼ਰੈੱਕ ਇੰਡੀਆ ਲਿਮ: ਕੋਲ ਰਹਿਣ/ਚਾਰਜਡ ਹੇਠਾਂ ਦਰਸਾਈਆਂ ਅਚੱਲ/ਚੱਲ ਜਾਇਦਾਦਾਂ, ਜਿਨ੍ਹਾਂ ਦਾ ਸਕਿਉਰਡ ਕ੍ਰੈਡਿਟਰ ਵੱਲੋਂ ਸੰਕੇਤਕ/ਭੌਤਿਕ ਕਬਜ਼ਾ ਹਾਸਲ ਕਰ ਲਿਆ ਹੈ, ਦੀ ਵਿਕਰੀ 'ਜਿਵੇਂ ਹੈ ਜਿੱਥੇ ਹੈ', 'ਜੋ ਵੀ ਹੈ ਜਿਵੇਂ ਹੈ', 'ਉੱਥੇ ਜੋ ਵੀ ਹੈ' ਅਤੇ 'ਨੋ ਰੀਕੋਰਸ' ਦੇ ਆਧਾਰ 'ਤੇ ਕੀਤੀ ਜਾਵੇਗੀ। ਸਰਫੇਸੀ ਐਕਟ ਤਹਿਤ ਹੇਠਾਂ ਦਰਸਾਈਆਂ ਜਾਇਦਾਦਾਂ ਦੀ ਈ-ਨਿਲਾਮੀ 31.01.2024 ਨੂੰ ਦੁਪਹਿਰ 1.00 ਵਜੇ ਤੋਂ ਦੁਪਹਿਰ 2.00 ਵਜੇ ਤੱਕ ਕੀਤੀ ਜਾਵੇਗੀ।

| | |
|---|---|
| ਏ) ਕਰਜ਼ਦਾਰ ਦਾ ਨਾਂਅ ਅਤੇ ਪਤਾ<br>ਬੀ) ਗਰੰਟਰਾਂ/ਰਹਿਣਕਾਰਾਂ ਦਾ ਨਾਂਅ | ਮੈਸ : ਪੁਰਤੀ ਐਕਸਪੋਰਟ ਡੀ-3, ਟੈਕਸਟਾਈਲ ਕਾਲੋਨੀ ਇੰਡਸਟਰੀਅਲ ਏਰੀਆ-ਏ, ਲੁਧਿਆਣਾ, ਨਾਲ ਹੀ ਭੱਠਾ ਬੂਆ ਰੋਡ ਨੇੜੇ ਜਾਲੀਆਂ ਵਾਲੀ ਫੈਕਟਰੀ ਹੈਬੜਾਂ, ਲੁਧਿਆਣਾ ਮਾਲਕ ਗੁਰਪ੍ਰੀਤ ਸਿੰਘ, ਗਰੰਟ/ਰਹਿਣਕਾਰ : 1. ਸ੍ਰੀ ਗੁਰਪ੍ਰੀਤ ਸਿੰਘ ਪੁੱਤਰ ਸ੍ਰੀ ਸਰਦਾਰ ਸਿੰਘ 2. ਸ੍ਰੀ ਸਰਦਾਰ ਸਿੰਘ ਪੁੱਤਰ ਸ੍ਰੀ ਬਲਵੰਤ ਸਿੰਘ 3. ਸ੍ਰੀਮਤੀ ਗੁਰਮੀਤ ਕੌਰ ਪਤਨੀ ਸ੍ਰੀ ਇੰਦਰਜੀਤ ਸਿੰਘ 4. ਸ੍ਰੀਮਤੀ ਵਰਿੰਦਰ ਕੌਰ ਪਤਨੀ ਸ੍ਰੀ ਜਗਪ੍ਰੀਤ ਸਿੰਘ 5 ਸ੍ਰੀ ਇੰਦਰਪ੍ਰੀਤ ਸਿੰਘ ਪੁੱਤਰ ਸ੍ਰੀ ਸਰਦਾਰ ਸਿੰਘ 6. ਸ੍ਰੀ ਜਗਪ੍ਰੀਤ ਸਿੰਘ ਪੁੱਤਰ ਸ੍ਰੀ ਸਰਦਾਰ ਸਿੰਘ 7 ਸ੍ਰੀ ਅਮਰਜੀਤ ਸਿੰਘ ਪੁੱਤਰ ਸ੍ਰੀ ਕੁਲਦੀਪ ਸਿੰਘ 8 ਸ੍ਰੀਮਤੀ ਮੋਹਿੰਦਰ ਕੌਰ ਪਤਨੀ ਸ੍ਰੀ ਸਦਾਰਾ ਸਿੰਘ 9. ਸ੍ਰੀ ਮੁਖਤਿਆਰ ਸਿੰਘ ਪੁੱਤਰ ਸ੍ਰੀ ਬਲਵੰਤ ਸਿੰਘ ਸਾਰੇ ਵਾਸੀ ਬੀ-34-5575/4, ਗਲੀ ਨੰ. 4, ਰਘੂਬੀਰ ਪਾਰਕ, ਜੱਸੀਆਂ ਰੋਡ, ਹੈਬੋਵਾਲ ਕਲਾਂ, ਲੁਧਿਆਣਾ |
| ਏ) ਡਿਮਾਂਡ ਨੋਟਿਸ ਦੀ ਮਿਤੀ (13 (2))<br>ਬੀ) ਸੰਕੇਤਕ ਕਬਜ਼ੇ ਦੀ ਮਿਤੀ (13 (4))<br>ਸੀ) ਡੀ ਆਰ ਟੀ ਚੰਡੀਗੜ੍ਹ 'ਚ ਦਾਇਰ ਮੁਕੱਦਮਾ/ਓ ਏ ਅਨੁਸਾਰ ਦਾਅਵਾ ਰਕਮ | (ਏ) 31.03.2012<br>(ਬੀ) 22.08.2012<br>(ਸੀ) ਰੁਪਏ 8,54,85,418.00<br>(ਅੱਠ ਕਰੋੜ ਚੌਰੰਜਾ ਲੱਖ ਪਚਾਸੀ ਹਜ਼ਾਰ ਚਾਰ ਸੌ ਅਠਾਰਾਂ ਰੁਪਏ ਕੇਵਲ)<br>ਜਮ੍ਹਾਂ 16.12.2012 ਤੋਂ ਵਿਆਜ, ਮੁਕੰਮਲ ਅਦਾਇਗੀ ਦੀ ਮਿਤੀ ਤੱਕ ਲਾਗਤਾਂ, ਚਾਰਜਿਜ਼ ਅਤੇ ਖਰਚੇ। |
| ਭੌਤਿਕ ਕਬਜ਼ੇ/ਸੰਕੇਤਕ ਕਬਜ਼ੇ ਦੇ ਵੇਰਵੇ | ਖੁੱਲ੍ਹਾ ਪਲਾਟ/ਸੰਕੇਤਕ |
| ਜਾਇਦਾਦ ਦਾ ਵੇਰਵਾ | ਪਿੰਡ ਹੈਬੜਾਂ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਹੱਦਬਸਤ 25 ਵਿਖੇ ਸਥਿਤ ਜਾਇਦਾਦ ਫੈਕਟਰੀ ਦੀ ਜ਼ਮੀਨ ਰਕਬਾ 2 ਕਨਾਲ-16 ਮਰਲੇ (ਲਗਭਗ 1694 ਵਰਗ ਗਜ਼) ਖਸਰਾ ਨੰ. 72/8/2, 12/1-13-18 ਖੱਤਾ ਨੰ. 832/860, ਜਮ੍ਹਾਂਬੰਦੀ ਸਾਲ 2005-2006 ਨਾਲ ਸੰਬੰਧਤ ਸਭ ਕੁਝ। ਹੱਦਾਂ ਹੇਠ ਅਨੁਸਾਰ ਪੂਰਬ : ਸ੍ਰੀ ਵਰਿਆਮ ਸਿੰਘ, ਪੱਛਮ : ਸੜਕ 16' ਚੌੜੀ, ਉੱਤਰ : ਹਰਸੱਜਣ ਸਿੰਘ ਦੀ ਜ਼ਮੀਨ ਅਤੇ ਦੱਖਣ : ਸ੍ਰੀ ਹਰਮਿੰਦਰ ਕੌਰ ਦੀ ਜ਼ਮੀਨ। ਵਸੀਕਾ ਨੰ. 11062, ਮਿਤੀ 07.08.2008 ਅਨੁਸਾਰ ਸ੍ਰੀਮਤੀ ਗੁਰਮੀਤ ਕੌਰ ਪਤਨੀ ਸ੍ਰੀ ਇੰਦਰਪ੍ਰੀਤ ਸਿੰਘ ਦੇ ਨਾਂਅ |
| ਏ) ਰਾਖਵੀਂ ਕੀਮਤ<br>ਬੀ) ਬਿਆਨਾ ਰਕਮ ਡਿਪਾਜ਼ਟ | (ਏ) ਰੁਪਏ 28,25,000/- (ਰੁਪਏ ਅਠਾਈ ਲੱਖ ਪੰਝੀ ਹਜ਼ਾਰ ਕੇਵਲ)<br>(ਬੀ) ਰੁਪਏ 2,83,000/- (ਰੁਪਏ ਦੋ ਲੱਖ ਤਿਰਆਸੀ ਹਜ਼ਾਰ ਕੇਵਲ) |
| ਨਿਰੀਖਣ ਦੀ ਮਿਤੀ ਅਤੇ ਸਮਾਂ : ਜਾਇਦਾਦ : 25.01.2024 (ਦੁਪਹਿਰ 1.00 ਵਜੇ ਤੋਂ ਦੁਪਹਿਰ 2.00 ਵਜੇ ਤੱਕ) | |
| ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 29.01.2024 (ਦਫਤਰੀ ਸਮੇਂ ਸਵੇਰੇ 9.00 ਵਜੇ ਤੋਂ ਸ਼ਾਮ ਦੇ 5.00 ਵਜੇ ਤੱਕ) | |
| ਈ-ਨਿਲਾਮੀ ਦੀ ਮਿਤੀ : 31.01.2024 | |
| ਸਮਾਂ ਦੁਪਹਿਰ 1.00 ਵਜੇ ਤੋਂ ਦੁਪਹਿਰ 2.00 ਵਜੇ ਤੱਕ (ਸਰਗਰਮ ਅਪਸਾਈਡ ਬੋਲੀ ਦੇ ਸਮੇਂ ਤੋਂ 5 ਮਿੰਟਾਂ ਦੇ ਵਾਧੇ ਨਾਲ) | |

ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ ਐਜ਼ਰੈੱਕ (ਇੰਡੀਆ) ਲਿਮ: ਵੱਲੋਂ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ, ਵੈੱਬਸਾਈਟ www.asrecindia.co.in ਜੋ ਕਿ ਈ-ਨਿਲਾਮੀ ਸਰਵਿਸ ਪ੍ਰੋਵਾਈਡਰ ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ਼ ਲਿਮ: ਆਕਸ਼ਨ ਟਾਈਗਰ, ਅਹਿਮਦਾਬਾਦ ਦੀ ਵੈੱਬਸਾਈਟ https://sarfaesi.auctiontiger.net 'ਤੇ ਵੀ ਉਪਲੱਬਧ ਹੈ। ਚਾਹਵਾਨ ਬੋਲੀਕਾਰ ਕੋਲ ਯੋਗ ਈ-ਮੇਲ ਪਤਾ ਹੋਣਾ ਚਾਹੀਦਾ ਹੈ। ਸੰਪਰਕ ਵਿਅਕਤੀ ਮੈਸ: ਈ-ਪ੍ਰੋਕਿਉਰਮੈਂਟ ਟੈਕਨਾਲੋਜਿਜ਼ ਲਿਮ: (ਆਕਸ਼ਨ ਟਾਈਗਰ) ਸ੍ਰੀ ਰਾਮ ਪ੍ਰਸਾਦ, ਮੋਬਾਈਲ ਨੰ: 8000023297, ਹੈਲਪਲਾਈਨ ਨੰ: 079-61200531/544/596/559 ਹੋਰ ਪੁੱਛਗਿੱਛ ਲਈ ਕ੍ਰਿਪਾ ਕਰਕੇ ਅਧਿਕਾਰਤ ਅਫਸਰ ਰਾਜੀਵ ਘਈ ਸੰਪਰਕ ਨੰ. 7011926017, ਲੈਂਡਲਾਈਨ ਨੰ. 0161-4625488, ਈਮੇਲ ਆਈ ਡੀ asrec.ludhiana@asrecindia.co.in ਨਾਲ ਕੰਮਕਾਜ ਵਾਲੇ ਦਿਨ ਦਫਤਰੀ ਸਮੇਂ ਦੌਰਾਨ ਸੰਪਰਕ ਕੀਤਾ ਜਾ ਸਕਦਾ ਹੈ।

ਇਹ ਵਿਕਰੀ ਨੋਟਿਸ ਉਪਰੋਕਤ ਕਰਜ਼ਦਾਰਾਂ ਅਤੇ ਗਰੰਟਰਾਂ/ਰਹਿਣਕਾਰਾਂ ਲਈ ਸਰਫੇਸੀ ਐਕਟ ਦੇ ਰੂਲ 8 (6) ਅਤੇ ਹੋਰ ਨਿਯਮਾਂ ਤਹਿਤ 15 ਦਿਨਾਂ ਦਾ ਵਿਧਾਨਕ ਵਿਕਰੀ ਨੋਟਿਸ ਵੀ ਹੈ, ਜੋ ਉਹਨਾਂ ਨੂੰ ਉਪਰੋਕਤ ਮਿਤੀ ਤੇ ਸਮੇਂ 'ਤੇ ਨਿਲਾਮੀ/ਵਿਕਰੀ ਅਤੇ ਉਹਨਾਂ ਵੱਲੋਂ ਉਪਰੋਕਤ ਦਰਸਾਏ ਬਕਾਏ ਸਮੇਤ ਭਵਿੱਖੀ ਵਿਆਜ, ਲਾਗਤ ਅਤੇ ਖਰਚੇ ਨਿਲਾਮੀ ਦੀ ਨਿਰਧਾਰਤ ਮਿਤੀ ਤੋਂ ਪਹਿਲਾਂ ਅਦਾ ਕਰਕੇ ਐੱਸਟਸ ਦੇ ਪੁਨਰਗ੍ਰਹਿਣ ਦੀ ਨਸੀਹਤ ਕੀਤੀ ਜਾਂਦੀ ਹੈ, ਅਸਫਲ ਰਹਿਣ 'ਤੇ ਜਾਇਦਾਦ, ਅਧਿਕਾਰਤ ਅਫਸਰ/ਸਕਿਉਰਡ ਕ੍ਰੈਡਿਟਰ ਦੀ ਮਰਜ਼ੀ ਨਾਲ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 (5) ਅਧੀਨ ਕਿਸੇ ਵੀ ਤਰੀਕੇ ਨਾਲ ਵੇਚ ਦਿੱਤੀ ਜਾਵੇਗੀ, ਜੇਕਰ ਫਿਰ ਵੀ ਕੋਈ ਬਕਾਇਆ ਰਹਿ ਜਾਵੇਗਾ ਤਾਂ ਸਮੇਤ ਵਿਆਜ, ਲਾਗਤਾਂ ਅਤੇ ਚਾਰਜਿਜ਼ ਦੇ ਵਸੂਲਿਆ ਜਾਵੇਗਾ।

ਮਿਤੀ : 11.01.2024, ਸਥਾਨ : ਲੁਧਿਆਣਾ ਸਹੀ/-ਅਧਿਕਾਰਤ ਅਫਸਰ

ਨਵਾਂ ਜ਼ਮਾਨਾ

ਵੀਰਵਾਰ, 11 ਜਨਵਰੀ 2024

# ਇੰਡੀਆ ਗੱਠਜੋੜ ਨੇ ਤੇਜ਼ੀ ਫੜੀ

*ਇੰਡੀਆ ਗੱਠਜੋੜ ਦੇ ਭਾਈਵਾਲ ਕੁਝ ਸਮਾਂ ਪਹਿਲਾਂ ਕਾਂਗਰਸ 'ਤੇ ਦੋਸ਼ ਲਾਉਂਦੇ ਰਹੇ ਸਨ ਕਿ ਉਹ ਸੀਟਾਂ ਦੀ ਵੰਡ ਦੇ ਮਾਮਲੇ 'ਤੇ ਲਗਾਤਾਰ ਦੇਰ ਕਰ ਰਹੀ ਹੈ। ਇਨ੍ਹਾਂ ਪਾਰਟੀਆਂ ਦੀ ਗੱਲ ਠੀਕ ਵੀ ਸੀ, ਕਿਉਂਕਿ ਭਾਜਪਾ ਨੇ ਤਾਂ 'ਵਿਕਸਤ ਭਾਰਤ ਸੰਕਲਪ ਯਾਤਰਾ' ਦੇ ਨਾਂਅ ਉੱਤੇ ਸਾਰੀ ਸਰਕਾਰੀ ਮਸ਼ੀਨਰੀ ਲਾ ਕੇ ਆਪਣੀ ਚੋਣ ਮੁਹਿੰਮ ਕਾਫ਼ੀ ਸਮਾਂ ਪਹਿਲਾਂ ਤੋਂ ਸ਼ੁਰੂ ਕੀਤੀ ਹੋਈ ਹੈ। ਹੁਣ ਰਾਮ ਮੰਦਰ ਦੇ ਉਦਘਾਟਨ ਦੇ ਨਾਂਅ ਉੱਤੇ ਆਪਣੀਆਂ ਸਾਰੀਆਂ ਨਾਕਾਮੀਆਂ ਨੂੰ ਧਰਮ ਦੀ ਚਾਦਰ ਹੇਠ ਛੁਪਾਉਣ ਦੇ ਰਾਹ ਤੁਰੀ ਹੋਈ ਹੈ।*

*ਚੰਗੀ ਗੱਲ ਇਹ ਹੈ ਕਿ ਚਾਲੂ ਹਫ਼ਤੇ ਦੇ ਸ਼ੁਰੂ ਤੋਂ ਕਾਂਗਰਸ ਨੇ ਸੀਟ ਵੰਡ ਦੇ ਮਾਮਲੇ ਉੱਤੇ ਤੇਜ਼ੀ ਫੜ ਲਈ ਹੈ। ਸਭ ਤੋਂ ਪਹਿਲਾਂ ਕਾਂਗਰਸ ਦੀ ਦੂਜੇ ਦਲਾਂ ਨਾਲ ਸੀਟ ਵੰਡ ਲਈ ਬਣਾਈ ਕਮੇਟੀ ਨੇ ਆਮ ਆਦਮੀ ਪਾਰਟੀ ਦੇ ਆਗੂਆਂ ਨਾਲ ਗੱਲਬਾਤ ਕੀਤੀ। ਮੀਟਿੰਗ ਤੋਂ ਬਾਅਦ ਕਾਂਗਰਸ ਦੇ ਜਨਰਲ ਸਕੱਤਰ ਮੁਕੁਲ ਵਾਸਨਿਕ ਨੇ ਕਿਹਾ ਕਿ ਢਾਈ ਘੰਟੇ ਵੱਖ-ਵੱਖ ਮੁੱਦਿਆਂ 'ਤੇ ਚਰਚਾ ਹੋਈ। ਇਸ ਵਿੱਚ ਵੱਖ-ਵੱਖ ਸੀਟਾਂ ਉੱਤੇ ਚੋਣ ਲੜਨ ਦੀ ਯੋਜਨਾ ਵੀ ਸ਼ਾਮਲ ਸੀ। ਇਸ ਮੀਟਿੰਗ ਵਿੱਚ ਆਪ ਵੱਲੋਂ ਜਨਰਲ ਸਕੱਤਰ ਸੰਦੀਪ ਪਾਠਕ, ਦਿੱਲੀ ਦੀ ਮੰਤਰੀ ਆਤਿਸ਼ੀ ਤੇ ਸੌਰਭ ਭਾਰਦਵਾਜ ਸ਼ਾਮਲ ਸਨ। ਮੀਟਿੰਗ ਤੋਂ ਬਾਅਦ ਦੋਹਾਂ ਧਿਰਾਂ ਨੇ ਮਿਲ ਕੇ ਚੋਣਾਂ ਲੜਨ ਦਾ ਸੰਕਲਪ ਦੁਹਰਾਇਆ। ਅੰਦਰਲੇ ਸੂਤਰਾਂ ਮੁਤਾਬਕ ਆਮ ਆਦਮੀ ਪਾਰਟੀ ਨੇ ਦਿੱਲੀ ਤੇ ਪੰਜਾਬ ਤੋਂ ਇਲਾਵਾ ਗੁਜਰਾਤ, ਹਰਿਆਣਾ ਤੇ ਗੋਆ ਵਿੱਚ ਵੀ ਸੀਟਾਂ ਦੀ ਮੰਗ ਕੀਤੀ ਹੈ। ਗੁਜਰਾਤ ਵਿੱਚ ਤਾਂ ਉਸ ਨੇ ਇੱਕ ਹਲਕੇ ਤੋਂ ਆਪਣਾ ਉਮੀਦਵਾਰ ਵੀ ਐਲਾਨ ਦਿੱਤਾ ਹੈ। ਉਸੇ ਦਿਨ ਕਾਂਗਰਸ ਕਮੇਟੀ ਦੀ ਜਨਤਾ ਦਲ ਯੂ ਤੇ ਆਰ ਜੇ ਡੀ ਦੇ ਆਗੂਆਂ ਨਾਲ ਬਿਹਾਰ ਵਿੱਚ ਸੀਟਾਂ ਦੀ ਵੰਡ ਦਾ ਮੁੱਦਾ ਵੀ ਵਿਚਾਰਿਆ ਗਿਆ।*

*ਮੰਗਲਵਾਰ ਨੂੰ ਕਾਂਗਰਸ ਪਾਰਟੀ ਦੇ ਆਗੂਆਂ ਦੀ ਮੀਟਿੰਗ ਸ਼ਿਵ ਸੈਨਾ ਠਾਕਰੇ ਤੇ ਐੱਨ ਸੀ ਪੀ ਦੇ ਆਗੂਆਂ ਨਾਲ ਹੋਈ। ਇਸ ਮੀਟਿੰਗ ਵਿੱਚ ਮਹਾਰਾਸ਼ਟਰ ਦੀਆਂ 48 ਸੀਟਾਂ ਉੱਤੇ ਲੱਗਭੱਗ ਸਹਿਮਤੀ ਬਣ ਗਈ ਹੈ। ਮੀਟਿੰਗ ਤੋਂ ਬਾਅਦ ਕਾਂਗਰਸ ਦੇ ਆਗੂ ਰਮੇਸ਼ ਚੇਨੀਥਲਾ ਨੇ ਕਿਹਾ ਕਿ 'ਇੰਡੀਆ' ਗੱਠਜੋੜ ਵਿੱਚ ਸੀਟਾਂ ਦੀ ਵੰਡ ਦਾ ਐਲਾਨ ਕਰਨ ਵਾਲਾ ਮਹਾਰਾਸ਼ਟਰ ਪਹਿਲਾ ਰਾਜ ਹੋਵੇਗਾ। ਮੀਟਿੰਗ ਵਿੱਚ ਪ੍ਰਕਾਸ਼ ਅੰਬੇਡਕਰ ਦੀ ਵੰਚਿਤ ਬਹੁਜਨ ਅਗਾੜੀ ਨੂੰ ਵੀ 'ਇੰਡੀਆ' ਗੱਠਜੋੜ ਵਿੱਚ ਸ਼ਾਮਲ ਕੀਤੇ ਜਾਣ ਦਾ ਫੈਸਲਾ ਲਿਆ ਗਿਆ ਹੈ। ਯਾਦ ਰਹੇ ਕਿ ਪ੍ਰਕਾਸ਼ ਅੰਬੇਡਕਰ ਦੀ ਪਾਰਟੀ ਦਾ ਵਿਦਰਭ ਖੇਤਰ ਵਿੱਚ ਮਜ਼ਬੂਤ ਅਧਾਰ ਹੈ। ਉਸ ਦੀ ਪਾਰਟੀ ਵੱਲੋਂ 2019 ਵਿੱਚ ਲਈਆਂ ਵੋਟਾਂ ਕਾਰਨ ਕਾਂਗਰਸ ਤੇ ਐੱਨ ਸੀ ਪੀ ਦੇ ਇੱਕ ਦਰਜਨ ਦੇ ਕਰੀਬ ਉਮੀਦਵਾਰ ਹਾਰ ਗਏ ਸਨ।*

*ਮੰਗਲਵਾਰ ਨੂੰ ਹੀ ਕਾਂਗਰਸੀ ਆਗੂਆਂ ਦੀ ਸਮਾਜਵਾਦੀ ਪਾਰਟੀ ਦੇ ਆਗੂਆਂ ਨਾਲ ਮੀਟਿੰਗ ਹੋਈ। ਲੋਕ ਸਭਾ ਚੋਣ 2024 ਲਈ ਯੂ ਪੀ ਸਭ ਤੋਂ ਮਹੱਤਵਪੂਰਨ ਰਾਜ ਹੈ। 2019 ਵਿੱਚ ਭਾਜਪਾ ਨੇ 62 ਸੀਟਾਂ ਜਿੱਤੀਆਂ ਸਨ। ਇਸ ਮੀਟਿੰਗ ਵਿੱਚ ਕਾਂਗਰਸ ਵੱਲੋਂ ਮੁਕੁਲ ਵਾਸਨਿਕ ਤੇ ਸਲਮਾਨ ਖ਼ੁਰਸ਼ੀਦ ਅਤੇ ਸਪਾ ਵੱਲੋਂ ਰਾਮ ਗੋਪਾਲ ਯਾਦਵ ਤੇ ਜਾਵੇਦ ਅਲੀ ਸ਼ਾਮਲ ਹੋਏ। ਸੀਟਾਂ ਦੀ ਵੰਡ ਨੂੰ ਅਮਲੀ ਰੂਪ ਦੇਣ ਲਈ ਅਗਲੀ ਮੀਟਿੰਗ 12 ਨੂੰ ਹੋਵੇਗੀ। ਇਸੇ ਦੌਰਾਨ ਇਹ ਵੀ ਖ਼ਬਰ ਆਈ ਹੈ ਕਿ ਬਸਪਾ ਪ੍ਰਤੀ ਅਖਿਲੇਸ਼ ਯਾਦਵ ਨਰਮ ਹੋ ਗਏ ਹਨ। ਹੁਣ ਤੱਕ ਅਖਿਲੇਸ਼ ਮਾਇਆਵਤੀ ਦਾ ਨਾਂਅ ਸੁਣ ਕੇ ਵੀ ਭੜਕ ਜਾਂਦੇ ਸਨ, ਪਰ ਕਾਂਗਰਸ ਦੀ ਇਹ ਸਮਝ ਰਹੀ ਹੈ ਕਿ ਗੱਠਜੋੜ ਵਿੱਚ ਬਸਪਾ ਨੂੰ ਸ਼ਾਮਲ ਕੀਤੇ ਬਿਨਾਂ ਯੂ ਪੀ ਦੀ ਲੜਾਈ ਨਹੀਂ ਜਿੱਤੀ ਜਾ ਸਕਦੀ।*

*ਖ਼ਬਰ ਹੈ ਕਿ ਪਿਛਲੇ ਦਿਨੀਂ ਅਖਿਲੇਸ਼ ਨੇ ਚੋਣਾਂ ਸੰਬੰਧੀ ਸਮਾਜਵਾਦੀ ਪਾਰਟੀ ਦੇ ਵਿਧਾਇਕਾਂ ਨਾਲ ਮੀਟਿੰਗ ਕੀਤੀ ਸੀ। ਮੀਟਿੰਗ ਵਿੱਚ ਇੱਕ ਵਿਧਾਇਕ ਨੇ ਮਾਇਆਵਤੀ ਬਾਰੇ ਟਿੱਪਣੀ ਕੀਤੀ ਸੀ। ਇਸ ਉੱਤੇ ਅਖਿਲੇਸ਼ ਯਾਦਵ ਨੇ ਵਿਧਾਇਕ ਨੂੰ ਝਾੜਦਿਆਂ ਕਿਹਾ ਸੀ ਕਿ ਭੈਣ ਜੀ ਦਾ ਨਾਂਅ ਸਨਮਾਨ ਨਾਲ ਲਿਆ ਜਾਵੇ। ਰਾਜਨੀਤਕ ਮਤਭੇਦ ਆਪਣੀ ਥਾਂ ਹਨ, ਪਰ ਅਸੀਂ ਕਿਸੇ ਪ੍ਰਤੀ ਅਪਮਾਨਜਨਕ ਸ਼ਬਦ ਨਹੀਂ ਬੋਲ ਸਕਦੇ। ਮੀਟਿੰਗ ਵਿੱਚ ਸ਼ਾਮਲ ਵਿਧਾਇਕਾਂ ਨੇ ਸੰਕੇਤ ਦਿੱਤਾ ਹੈ ਕਿ ਅਖਿਲੇਸ਼ ਮਾਇਆਵਤੀ ਪ੍ਰਤੀ ਨਰਮ ਹੋ ਗਏ ਹਨ। ਹੁਣ ਤੱਕ ਸੀਟਾਂ ਦੀ ਵੰਡ ਬਾਰੇ ਜੋ ਵਿਚਾਰਾਂ ਹੋਈਆਂ ਹਨ, ਉਹ ਪਾਰਟੀਆਂ ਦੇ ਦੂਜੀ ਕਤਾਰ ਦੇ ਆਗੂਆਂ ਵਿਚਕਾਰ ਹੋਈਆਂ ਹਨ। ਹੁਣ ਇਹ ਆਗੂ ਆਪਣੀ-ਆਪਣੀ ਪਾਰਟੀ ਦੇ ਮੁਖੀਆਂ ਨੂੰ ਵੇਰਵੇ ਦੇਣਗੇ। ਇਸ ਤੋਂ ਬਾਅਦ ਅਗਲੀਆਂ ਮੀਟਿੰਗਾਂ ਪਾਰਟੀ ਦੇ ਉੱਚ ਆਗੂਆਂ ਵਿੱਚ ਹੋਣਗੀਆਂ, ਜਿਨ੍ਹਾਂ ਵਿੱਚ ਸੀਟਾਂ ਦੀ ਵੰਡ ਦੇ ਮੁੱਦੇ ਨੂੰ ਨਿਬੇੜਨ ਦੀ ਕੋਸ਼ਿਸ਼ ਹੋਵੇਗੀ।*

# ਬਿਲਕਿਸ ਬਾਨੋ ਦੀ ਇਨਸਾਫ਼ ਲਈ ਜੰਗ 'ਚ ਜਿੱਤ



ਗੁਰਮੀਤ ਸਿੰਘ ਪਲਾਹੀ

ਗੁਜਰਾਤ ਵਿੱਚ ਗੋਧਰਾ ਕਾਂਡ ਤੋਂ ਬਾਅਦ ਤਿੰਨ ਮਾਰਚ 2002 ਨੂੰ ਦੰਗੇ ਭੜਕ ਗਏ ਸਨ। ਰੰਧਿਕਪੁਰ ਪਿੰਡ, ਜੋ ਗੁਜਰਾਤ ਦੀ ਤਹਿਸੀਲ ਲਿਮਖੇੜਾ (ਜ਼ਿਲ੍ਹਾ ਦਾਹੋਦ) ਦਾ ਇੱਕ ਪਿੰਡ ਹੈ, ਵਿੱਚ ਭੀੜ ਨੇ ਬਿਲਕਿਸ ਬਾਨੋ ਦੇ ਘਰ ਉਤੇ ਹਮਲਾ ਬੋਲ ਦਿੱਤਾ। ਬਿਲਕਿਸ ਆਪਣੇ ਪਰਵਾਰ ਨਾਲ ਖੇਤ ਵਿੱਚ ਲੁਕ ਗਈ ਸੀ। ਉਦੋਂ ਉਸ ਦੀ ਉਮਰ 21 ਸਾਲ ਸੀ ਤੇ ਉਹ 5 ਮਹੀਨੇ ਦੀ ਗਰਭਵਤੀ ਸੀ। ਦੰਗਾਈਆਂ ਨੇ ਬਿਲਕਿਸ ਨੂੰ ਫੜ ਕੇ ਗੈਂਗਰੇਪ ਕੀਤਾ। ਉਸ ਦੀ ਮਾਂ ਤੇ ਤਿੰਨ ਹੋਰ ਔਰਤਾਂ ਨਾਲ ਵੀ ਰੇਪ ਕੀਤਾ।

ਇਹ ਹਮਲਾ ਏਨਾ ਭਿਆਨਕ ਸੀ ਕਿ ਬਿਲਕਿਸ ਦੇ ਪਰਵਾਰ ਦੇ 17 ਜੀਆਂ ਵਿਚੋਂ 7 ਨੂੰ ਮਾਰ ਦਿੱਤਾ ਗਿਆ। ਛੇ ਲਾਪਤਾ ਪਾਏ ਗਏ, ਜਿਹੜੇ ਮੁੜ ਕਦੇ ਨਹੀਂ ਮਿਲੇ। ਹਮਲੇ ਵਿੱਚ ਸਿਰਫ਼ ਬਿਲਕਿਸ, ਇੱਕ ਵਿਅਕਤੀ ਅਤੇ ਤਿੰਨ ਸਾਲ ਦਾ ਬੱਚਾ ਹੀ ਬਚੇ ਸਨ।

ਇਹ ਘਟਨਾ ਪੂਰੇ ਦੇਸ਼ ਵਿੱਚ ਚਰਚਾ ਵਿੱਚ ਆਈ। ਗੈਂਗਰੇਪ ਦੇ ਮੁਲਜ਼ਮਾਂ ਨੂੰ ਦੋ ਸਾਲਾਂ ਬਾਅਦ 2004 ਵਿੱਚ ਗ੍ਰਿਫ਼ਤਾਰ ਕੀਤਾ ਗਿਆ। ਸੀ ਬੀ ਆਈ ਸਪੈਸ਼ਲ ਕੋਰਟ ਵਿੱਚ ਮੁਕੱਦਮਾ ਚੱਲਿਆ। ਜਨਵਰੀ 2008 ਵਿੱਚ 11 ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ। ਦੋਸ਼ੀਆਂ ਨੇ ਹਾਈ ਕੋਰਟ ਵਿੱਚ ਅਪੀਲ ਪਾਈ। ਪਰ ਉਹ ਰੱਦ ਹੋ ਗਈ।

ਇਹ ਮਾਮਲਾ ਉਸ ਵੇਲੇ ਚਰਚਾ ਵਿੱਚ ਆਇਆ, ਜਦੋਂ ਗੁਜਰਾਤ ਸਰਕਾਰ ਨੇ 11 ਦੋਸ਼ੀਆਂ ਦੀ ਸਜ਼ਾ ਮੁਆਫ਼ ਕਰਦਿਆਂ 15 ਅਗਸਤ 2022 ਨੂੰ ਇਹਨਾਂ ਨੂੰ ਰਿਹਾਅ ਕਰ ਦਿੱਤਾ। ਬਿਲਕਿਸ ਬਾਨੋ ਵੱਲੋਂ ਇਸ ਫ਼ੈਸਲੇ ਵਿਰੁੱਧ ਸੁਪਰੀਮ ਕੋਰਟ ਵਿੱਚ ਅਪੀਲ ਕੀਤੀ ਗਈ, ਜਿਸ ਦਾ ਫ਼ੈਸਲਾ ਕਰਦਿਆਂ ਭਾਰਤ ਦੀ ਸੁਪਰੀਮ ਕੋਰਟ ਨੇ ਬਿਲਕਿਸ ਕਾਂਡ ਦੇ 11 ਦੋਸ਼ੀਆਂ ਦੀ ਫਰਾਡ ਨਾਲ ਸਜ਼ਾ ਘਟਾਉਣ 'ਤੇ ਗੁਜਰਾਤ ਸਰਕਾਰ ਦੀ ਖਿਚਾਈ ਕੀਤੀ ਅਤੇ ਇਨ੍ਹਾਂ ਬਲਾਤਕਾਰੀਆਂ ਨੂੰ ਫਿਰ ਅੰਦਰ ਡੱਕਣ ਲਈ ਹੁਕਮ ਦਿੱਤਾ ਹੈ।

ਸੁਪਰੀਪ ਕੋਰਟ ਦਾ ਬਿਲਕਿਸ ਬਾਨੋ ਮਾਮਲੇ ਵਿੱਚ ਫ਼ੈਸਲਾ ਗੁਜਰਾਤ ਸਰਕਾਰ ਦੇ ਪੱਖਪਾਤੀ ਵਰਤਾਰੇ ਉਤੇ ਸਖ਼ਤ ਅਦਾਲਤੀ ਹਮਲਾ ਹੈ। ਅਦਾਲਤ ਨੇ ਦੋਸ਼ੀਆਂ ਨੂੰ ਦੋ ਹਫ਼ਤਿਆਂ ਦੇ ਅੰਦਰ ਆਤਮ-ਸਮਰਪਣ ਕਰਨ ਦੇ ਹੁਕਮ ਦਿੱਤੇ ਹਨ ਅਤੇ ਨਾਲ ਹੀ ਅਦਾਲਤ ਨੂੰ ਗੁੰਮਰਾਹ ਕਰਨ ਅਤੇ ਹੱਕ ਹੜੱਪਣ ਨੂੰ ਲੈ ਕੇ ਗੁਜਰਾਤ ਸਰਕਾਰ ਨੂੰ ਫਿਟਕਾਰ ਲਾਈ ਹੈ। ਸੁਪਰੀਮ ਕੋਰਟ ਨੇ ਆਪਣੇ ਹੁਕਮ 'ਚ ਕਿਹਾ ਹੈ ਕਿ ਗੁਜਰਾਤ ਸਰਕਾਰ ਨੂੰ ਦੋਸ਼ੀਆਂ ਨੂੰ ਰਿਹਾਅ ਕਰਨ ਦਾ ਕੋਈ ਹੱਕ ਹੀ ਨਹੀਂ ਸੀ, ਕਿਉਂਕਿ ਪੂਰੇ ਮਾਮਲੇ ਦੀ ਸੁਣਵਾਈ ਮਹਾਰਾਸ਼ਟਰ ਵਿੱਚ ਹੋਈ ਸੀ, ਇਸ ਲਈ ਇਸ ਦਾ ਫ਼ੈਸਲਾ ਮਹਾਰਾਸ਼ਟਰ ਹੀ ਕਰ ਸਕਦਾ ਸੀ।

ਬਿਲਕਿਸ ਬਾਨੋ ਘਟਨਾ ਮਹਿਲਾਵਾਂ ਖਿਲਾਫ਼ ਘਿਣਾਉਣੇ, ਖੌਫ਼ਨਾਕ ਅਪਰਾਧ ਦੀ ਇੱਕ ਸ਼ਰਮਨਾਕ ਘਟਨਾ ਹੈ। ਆਮ ਤੌਰ 'ਤੇ ਔਰਤਾਂ ਫਿਰਕੂ ਦੰਗਿਆਂ, ਜੰਗਾਂ ਵਿੱਚ ਬੁਰੀ ਤਰ੍ਹਾਂ ਸ਼ਿਕਾਰ ਬਣਾਈਆਂ ਜਾਂਦੀਆਂ ਹਨ। ਉਹਨਾਂ ਦੇ ਕਤਲ ਹੁੰਦੇ ਹਨ। ਉਹਨਾ ਨਾਲ ਬਲਾਤਕਾਰ ਹੁੰਦਾ ਹੈ ਅਤੇ ਇਹ ਪਸ਼ੂ ਬਿਰਤੀ ਵਾਲੇ ਮਨੁੱਖਾਂ ਦੀ ਸ਼ਰਮਨਾਕ ਕਾਰਵਾਈ ਹੁੰਦੀ ਹੈ, ਪਰ ਸਰਕਾਰਾਂ ਵੱਲੋਂ ਇਸ ਕਿਸਮ ਦੇ ਲੋਕਾਂ ਦੇ ਹੱਕ ਵਿੱਚ ਖੜ੍ਹ ਕੇ ਉਹਨਾਂ ਦੀ ਸਜ਼ਾ ਮੁਆਫ਼ ਕਰਨਾ, ਕੀ ਕਲਿਆਣਕਾਰੀ ਸਰਕਾਰ ਦੇ ਕੋਈ ਲੱਛਣ ਹਨ?

ਦੇਸ਼ ਦੀ ਸੁਪਰੀਮ ਕੋਰਟ ਨੇ ਗੁਜਰਾਤ ਸਰਕਾਰ ਵੱਲੋਂ ਦੋਸ਼ੀਆਂ ਦੇ ਹੱਕ 'ਚ ਲਏ ਫ਼ੈਸਲੇ ਨੂੰ ਰੱਦ ਕਰਦਿਆਂ ਕਿਹਾ ਕਿ ਉਸ ਨੇ ਉਨ੍ਹਾਂ ਅਧਿਕਾਰਾਂ ਦਾ ਇਸਤੇਮਾਲ ਕੀਤਾ, ਜੋ ਉਸ ਕੋਲ ਨਹੀਂ ਸਨ। ਉਸ ਨੇ ਤਾਕਤ ਦੀ ਦੁਰਵਰਤੋਂ ਕੀਤੀ ਹੈ।

ਬਿਲਕਿਸ ਬਾਨੋ ਮਾਮਲੇ ਵਿੱਚ ਗੁਜਰਾਤ ਸਰਕਾਰ ਦਾ ਰੁਖ ਸ਼ੁਰੂ ਤੋਂ ਹੀ ਪੱਖਪਾਤੀ ਦੇਖਿਆ ਗਿਆ ਸੀ। ਜਦ ਦੋਸ਼ੀ ਜੇਲ੍ਹ ਵਿੱਚ ਸਨ, ਤਦ ਵੀ ਉਨ੍ਹਾਂ ਨੂੰ ਲੰਮੇ ਸਮੇਂ ਤੱਕ ਦੀ ਪੈਰੋਲ ਦਿੱਤੀ ਗਈ। ਇਹ ਠੀਕ ਹੈ ਕਿ ਸੂਬਾ ਸਰਕਾਰਾਂ ਨੂੰ ਕੁਝ ਮਾਮਲਿਆਂ ਉਤੇ ਦੋਸ਼ੀਆਂ ਦੀ ਸਜ਼ਾ ਮੁਆਫ਼ ਕਰਨ ਦਾ ਅਧਿਕਾਰ ਹੈ, ਪਰੰਤੂ ਇਹ ਇਸ ਗੱਲ ਦੀ ਸਰਕਾਰ ਦੇ ਵਿਵੇਕ ਦੀ ਪ੍ਰੀਖਿਆ ਹੁੰਦੀ ਹੈ ਕਿ ਉਹ ਕਿਸ ਮਾਮਲੇ ਵਿੱਚ ਇਹੋ ਜਿਹਾ ਫ਼ੈਸਲਾ ਲੈਂਦੀ ਹੈ।

ਬਿਲਕਿਸ ਦਾ ਮਾਮਲਾ ਸਧਾਰਨ ਮਾਮਲਾ ਨਹੀਂ ਸੀ, ਇਹ ਔਰਤਾਂ ਨਾਲ ਸੰਬੰਧਤ ਇੱਕ ਸ਼ਰਮਨਾਕ ਘਟਨਾ ਸੀ, ਜੋ ਜਾਣ ਬੁਝ ਕੇ ਕੀਤੀ ਗਈ। ਸਮਝ ਤੋਂ ਬਾਹਰੀ ਗੱਲ ਹੈ ਕਿ ਦੋਸ਼ੀਆਂ ਦੀ ਸਜ਼ਾ ਮੁਆਫ਼ ਕਰਨ ਵੇਲੇ ਬਿਲਕਿਸ ਦੀ ਪੀੜਾ ਅਤੇ ਹੱਕਾਂ ਨੂੰ ਕਦੇ ਨਹੀਂ ਸਮਝਿਆ ਕਿ ਉਸ ਦੇ ਪਰਵਾਰ ਦੇ ਜੀਅ ਉਸ ਦੀਆਂ ਅੱਖਾਂ ਸਾਹਮਣੇ ਮਾਰ ਦਿੱਤੇ ਗਏ, ਜਿਨ੍ਹਾਂ ਵਿੱਚ ਉਸ ਦੀ 3 ਸਾਲ ਦੀ ਧੀ ਵੀ ਸ਼ਾਮਲ ਸੀ ਅਤੇ ਉਸ ਨਾਲ ਉਸ ਵੇਲੇ ਸਮੂਹਕ ਬਲਾਤਕਾਰ ਕੀਤਾ ਗਿਆ, ਜਿਸ ਵੇਲੇ ਉਹ 5 ਮਹੀਨੇ ਦੀ ਗਰਭਵਤੀ ਸੀ।

ਹੈਰਾਨੀ ਦੀ ਗੱਲ ਤਾਂ ਇਹ ਵੀ ਹੈ ਕਿ ਜਿਸ ਵੇਲੇ 15 ਅਗਸਤ 2022 ਨੂੰ ਦੋਸ਼ੀਆਂ ਨੂੰ ਗੁਜਰਾਤ ਸਰਕਾਰ ਵੱਲੋਂ ਰਿਹਾਅ ਕੀਤਾ ਗਿਆ ਤਾਂ ਦੋਸ਼ੀਆਂ ਦਾ ਫੁੱਲ ਮਾਲਾਵਾਂ ਪਾ ਕੇ ਸਵਾਗਤ ਕੀਤਾ ਗਿਆ। ਇਹ ਵਿਖਾਉਣ ਦਾ ਯਤਨ ਹੋਇਆ ਕਿ ਦੋਸ਼ੀਆਂ ਨੇ ਕੋਈ ਅਪਰਾਧ ਨਹੀਂ ਕੀਤਾ, ਸਗੋਂ ਕੋਈ ਮਹੱਤਵਪੂਰਨ ਬਹਾਦਰੀ ਵਾਲਾ ਕੰਮ ਕੀਤਾ ਸੀ ਤੇ ਜੇਲ੍ਹ ਗਏ ਸਨ। ਕੀ ਇਸ ਪਿੱਛੇ ਕੋਈ ਰਾਜਨੀਤਕ ਮਕਸਦ ਨਹੀਂ? ਕੀ ਬਲਾਤਕਾਰੀਆਂ ਨੂੰ ਸਜ਼ਾ ਮੁਆਫ਼ੀ ਸਮਾਜ ਵਿੱਚ ਗਲਤ ਸੰਦੇਸ਼ ਦੇਣ ਦਾ ਯਤਨ ਨਹੀਂ ਹੈ? ਕੀ ਇਸ ਕਿਸਮ ਦੀ ਸਰਕਾਰੀ ਸਰਪ੍ਰਸਤੀ ਜਾਇਜ਼ ਹੈ?

ਲਗਭਗ 23 ਵਰ੍ਹਿਆਂ ਤੋਂ ਬਿਲਕਿਸ ਬਾਨੋ ਕਾਨੂੰਨੀ ਲੜਾਈ ਲੜ ਰਹੀ ਹੈ। ਆਪਣੀਆਂ ਅੱਖਾਂ ਵਿੱਚ ਅੱਥਰੂ ਲੈ ਕੇ ਉਸ ਨੇ ਇਹ ਵਰ੍ਹੇ ਇਨਸਾਫ ਉਡੀਕਿਆਂ ਗੁਜ਼ਾਰੇ ਹਨ। ਜਿਹੜਾ ਦਰਦ ਉਸ ਨੇ ਦਿਲ 'ਤੇ ਹੰਢਾਇਆ, ਉਸ 'ਚ ਦੇਸ਼ ਦੀਆਂ ਜਮਹੂਰੀ ਕਦਰਾਂ ਕੀਮਤਾਂ, ਲੋਕ ਹਿਤੈਸ਼ੀ ਤਾਕਤਾਂ ਨੇ ਉਸ ਨਾਲ ਖੜ ਕੇ ਸਾਥ ਦਿੱਤਾ।

ਦੇਸ਼ ਦੀ ਉੱਚ ਅਦਾਲਤ ਨੇ ਜਦੋਂ ਇਹ ਫ਼ੈਸਲਾ ਲਿਆ ਕਿ ਪੀੜਤਾ ਦੇ ਅਧਿਕਾਰ ਵੀ ਅਹਿਮ ਹਨ ਅਤੇ ਇਹ ਇੱਕ ਮਹਿਲਾ ਵੀ ਸਨਮਾਨ ਦੀ ਹੱਕਦਾਰ ਹੈ, ਫਿਰ ਭਾਵੇਂ ਉਸ ਨੂੰ ਸਮਾਜ ਵਿੱਚ ਕਿੰਨਾ ਵੀ ਉੱਚਾ ਜਾਂ ਨੀਵਾਂ ਮੰਨਿਆ ਜਾਵੇ ਜਾਂ ਉਹ ਕਿਸੇ ਵੀ ਧਰਮ ਜਾਂ ਦੀਨ ਨੂੰ ਮੰਨਦੀ ਹੋਵੇ ਤਾਂ ਬਿਲਕਿਸ ਬਾਨੋ ਸਮੇਤ ਦੇਸ਼ ਭਰ ਦੀਆਂ ਔਰਤਾਂ ਨੇ ਸਕੂਨ ਮਹਿਸੂਸ ਕੀਤਾ ਹੋਏਗਾ।

ਦੇਸ਼ ਵਿੱਚ ਫਿਰਕੂ ਦੰਗਿਆਂ ਦਾ ਵਾਪਰਨਾ ਸਰਕਾਰਾਂ ਦੀ ਅਣਗਹਿਲੀ ਦਾ ਸਿੱਟਾ ਹੈ। ਆਮ ਤੌਰ 'ਤੇ ਕਿਹਾ ਇਹ ਜਾਂਦਾ ਹੈ ਕਿ ਸ਼ਾਸਨ ਕਰਨ ਵਾਲੇ ਲੋਕ ਜਾਂ ਸ਼ਾਸਨ ਪ੍ਰਾਪਤ ਕਰਨ ਦੀ ਚਾਹ ਰੱਖਣ ਵਾਲੇ ਲੋਕ ਫਿਰਕਿਆਂ, ਧਰਮਾਂ ਦੇ ਨਾਮ 'ਤੇ ਲੋਕਾਂ 'ਚ ਕੁੜੱਤਣ ਪੈਦਾ ਕਰਦੇ ਹਨ, ਅਪਰਾਧੀਆਂ ਨੂੰ ਸਰਪ੍ਰਸਤੀ ਦਿੰਦੇ ਹਨ। ਅੱਜ ਤਾਂ ਚੋਣ ਫਾਇਦੇ ਲਈ 'ਨਿਆਂ ਦੀ ਹੱਤਿਆ' ਦਾ ਰੁਝਾਨ ਲਗਾਤਾਰ ਵਧ ਰਿਹਾ ਹੈ, ਜੋ ਕਿ ਜਮਹੂਰੀ ਪ੍ਰਬੰਧ ਲਈ ਖਤਰਨਾਕ ਵਰਤਾਰਾ ਹੈ।

ਸੁਪਰੀਮ ਕੋਰਟ ਦੀਆਂ ਟਿੱਪਣੀਆਂ ਧਿਆਨ ਦੀ ਮੰਗ ਕਰਦੀਆਂ ਹਨ। ਸੀਨੀਅਰ ਵਕੀਲ ਵਰਿੰਦਾ ਗਰੋਵਰ ਕਹਿੰਦੀ ਹੈ, 'ਇਸ ਫ਼ੈਸਲੇ ਨੇ ਕਾਨੂੰਨ ਦੇ ਸ਼ਾਸਨ ਅਤੇ ਇਸ ਦੇਸ਼ ਦੇ ਲੋਕਾਂ ਖ਼ਾਸ ਕਰਕੇ ਮਹਿਲਾਵਾਂ ਦੇ ਕਾਨੂੰਨੀ ਪ੍ਰਣਾਲੀ ਤੇ ਅਦਾਲਤਾਂ ਵਿੱਚ ਭਰੋਸੇ ਨੂੰ ਬਰਕਾਰ ਰੱਖਿਆ ਹੈ ਅਤੇ ਨਿਆਂ ਦਾ ਭਰੋਸਾ ਦਿੱਤਾ ਹੈ।'

ਪਰ ਕੀ ਇਹ ਸੱਚਮੁੱਚ ਇਵੇਂ ਹੈ? ਬਿਲਕਿਸ ਬਾਨੋ ਲੰਮੇ ਸਮੇਂ ਤੋਂ ਕਿਸੇ ਲੁਕਵੇਂ ਥਾਂ 'ਤੇ ਰਹਿਣ ਲਈ ਮਜਬੂਰ ਹੈ। ਕੀ ਉਸ ਨੂੰ ਗੁਜਰਾਤ ਸਰਕਾਰ ਵਲੋਂ ਸੁਰੱਖਿਆ ਨਹੀਂ ਮਿਲਣੀ ਚਾਹੀਦੀ? ਉਹ ਹਿੰਮਤ ਨਾਲ ਲੜ ਰਹੀ ਹੈ। ਪਰਵਾਰ ਵੀ ਪਾਲ ਰਹੀ ਹੈ। ਬਿਨ੍ਹਾਂ ਸ਼ੱਕ ਉਸ ਦੇ ਪਰਿਵਾਰ, ਦੋਸਤਾਂ, ਮਿੱਤਰਾਂ ਦਾ ਸਾਥ ਉਸ ਨਾਲ ਹੋਏਗਾ, ਪਰ ਉਹ ਇੱਕ ਸਟੇਟ ਡਰ ਹੰਢਾ ਕੇ ਵੀ ਜੇਕਰ ਆਪਣੇ ਹੱਕਾਂ ਲਈ ਲੜ ਰਹੀ ਹੈ ਤਾਂ ਉਸ ਨੂੰ ਇੱਕ ਨਿਡਰ, ਬਹਾਦਰ ਮਹਿਲਾ ਦਾ ਖਿਤਾਬ ਨਹੀਂ ਮਿਲਣਾ ਚਾਹੀਦਾ?

ਦੇਸ਼ ਦੇ ਵੱਖੋ-ਵੱਖਰੇ ਹਿੱਸਿਆਂ 'ਚ ਦੰਗਿਆਂ ਦੀ ਘਟਨਾਵਾਂ ਵਾਪਰਦੀਆਂ ਹਨ। ਸਾਲ 2023 'ਚ ਹਰਿਆਣਾ 'ਚ ਇਹੋ ਜਿਹੀਆਂ ਘਟਨਾਵਾਂ ਵਾਪਰੀਆਂ। ਹਜ਼ਾਰਾਂ ਨਹੀਂ, ਲੱਖਾਂ ਲੋਕ ਦੰਗਿਆਂ ਦੀ ਭੇਟ ਚੜ੍ਹਦੇ ਹਨ, ਪਰ ਸਭ ਤੋਂ ਵੱਧ ਮਹਿਲਾਵਾਂ ਇਹਨਾਂ ਦੰਗਿਆਂ ਦਾ ਸ਼ਿਕਾਰ ਹੁੰਦੀਆਂ ਹਨ। ਇਹ ਅਣਮਨੁੱਖੀ ਵਰਤਾਰਾ ਦੇਸ਼ ਦੇ ਮੱਥੇ 'ਤੇ ਕਲੰਕ ਹੈ।

ਇਸ ਵਰਤਾਰੇ ਨੂੰ ਨੱਥ ਪਾਉਣ ਲਈ ਸੂਝਵਾਨ ਲੋਕ ਸਾਰਥਕ ਭੂਮਿਕਾ ਨਿਭਾ ਸਕਦੇ ਹਨ ਜਾਂ ਫਿਰ ਅਦਾਲਤਾਂ ਵਿਸ਼ੇਸ਼ ਭੂਮਿਕਾ ਨਿਭਾ ਸਕਦੀਆਂ ਹਨ। ਦੇਸ਼ ਦੇ ਕਾਨੂੰਨ ਦੀ ਰੱਖਿਅਕ ਬਣ ਕੇ ਸਰਕਾਰਾਂ ਅਤੇ ਤਾਕਤ ਦੇ ਭੁੱਖੇ ਨੇਤਾਵਾਂ ਨੂੰ ਨੱਥ ਪਾ ਸਕਦੀਆਂ ਹਨ, ਕਿਉਂਕਿ ਜਦੋਂ ਕੁਝ ਉਲਾਰੂ ਨੇਤਾ ਜਾਂ ਸਰਕਾਰਾਂ ਆਪਣੀ ਹੀ ਨਵੀਂ ਨਿਆਂ ਪ੍ਰਣਾਲੀ ਵਿਕਸਤ ਕਰ ਰਹੀਆਂ ਹਨ, ਜਿਵੇਂ ਗੁਜਰਾਤ ਸਰਕਾਰ ਨੇ ਕੀਤੀ ਹੈ, ਤਾਂ ਸੂਝਵਾਨ ਲੋਕਾਂ ਨੂੰ ਸਿਰਫ਼ ਚਿੰਤਾ ਜਾਂ ਚਿੰਤਨ ਕਰਨ ਦੀ ਭੂਮਿਕਾ ਨਿਭਾਉਣ ਤੱਕ ਸੀਮਤ ਨਹੀਂ ਹੋਣਾ ਹੋਵੇਗਾ, ਸਗੋਂ ਨਿਆਂ ਲਈ ਖੜਨਾ ਹੋਵੇਗਾ।

ਅੱਜ ਦੇਸ਼ ਵਿੱਚ ਹਾਕਮ ਧਿਰਾਂ ਵੱਲੋਂ ਜਿਸ ਢੰਗ ਦਾ ਵਰਤਾਰਾ ਹੈ ਕਿ ਜੇਕਰ ਤੁਸੀਂ ਉਨ੍ਹਾਂ ਨਾਲ ਹੋ ਤਾਂ ਘਿਣਾਉਣਾ ਅਪਰਾਧ ਵੀ ਕਰ ਸਕਦੇ ਹੋ ਅਤੇ ਕੁਝ ਨਹੀਂ ਹੋਏਗਾ, ਕੋਈ ਸਜ਼ਾ ਨਹੀਂ ਹੋਏਗੀ, ਪਰ ਜੇਕਰ ਇਹ ਇੱਕ ਕਸਵੱਟੀ ਬਣ ਰਿਹਾ ਹੈ ਤਾਂ ਇਹ ਦੇਸ਼, ਇਸ ਦੀਆਂ ਔਰਤਾਂ ਅਤੇ ਲੋਕਾਂ ਲਈ ਬਹੁਤ ਖ਼ਤਰਨਾਕ ਹੈ।

# ਸੰਪਰਕ : 98158-02070

# ਸਾਹਿਬਜ਼ਾਦਿਆਂ ਨੂੰ 'ਵੀਰ ਬਾਲ' ਕਹਿਣਾ ਨਹੀਂ ਢੁਕਵਾਂ



ਜਗੀਰ ਸਿੰਘ ਜਗਤਾਰ

ਜਲਵਾਯੂ ਤਬਦੀਲੀ ਅਤੇ ਵਧ ਰਹੀ ਗਰਮੈਸ਼ ਦੇ ਜੋ ਵੀ ਅੰਕੜੇ ਅਤੇ ਦਾਅਵੇ ਹੋਣ, ਫਿਰ ਵੀ ਪੰਜਾਬ ਦੀ ਧਰਤੀ 'ਤੇ ਹਰ ਸਾਲ ਦੇਸੀ ਸੰਮਤ ਦੇ ਮਹੀਨੇ ਪੋਹ ਦੇ ਆਰੰਭ 'ਚ, ਜੋ ਈਸਵੀ ਸੰਮਤ ਦੇ ਦਸੰਬਰ ਮਹੀਨੇ ਦੇ ਅੰਤਿਮ ਦਹਾਕੇ ਵਿਚ ਆਉਂਦੇ ਹਨ, ਉਸ ਵਿਚ ਅਥਾਹ ਠੰਢ ਪੈਂਦੀ ਹੈ। ਧੁੰਦ ਅਤੇ ਬਾਰਿਸ਼ ਇਸ ਮੌਸਮ ਦੀ ਠੰਢ 'ਚ ਹੋਰ ਵਾਧਾ ਕਰਦੀਆਂ ਹਨ। ਅਜਿਹੇ ਮੌਸਮ ਵਿਚ ਅੱਜ ਤੋਂ 357 ਸਾਲ ਪਹਿਲਾਂ ਪੰਜਾਬ ਦੀ ਧਰਤੀ 'ਤੇ ਜੋ ਘਟਨਾਵਾਂ ਵਾਪਰੀਆਂ, ਉਹ ਸੰਸਾਰ ਦੇ ਇਤਿਹਾਸ ਵਿਚ ਲਾਸਾਨੀ ਥਾਂ ਰੱਖਦੀਆਂ ਹਨ।

ਸਿੱਖ ਪੰਥ ਜੋ ਸੰਸਾਰ ਵਿਚ ਪ੍ਰਚੱਲਿਤ ਧਰਮਾਂ ਵਿਚ ਵਿਲੱਖਣ ਸਥਾਨ ਰੱਖਦਾ ਹੈ, ਉਸ ਦੇ ਦਸਵੇਂ ਪੈਗੰਬਰ, ਗੁਰੂ ਗੋਬਿੰਦ ਸਿੰਘ ਆਨੰਦਪੁਰ ਦੇ ਕਿਲ੍ਹੇ ਵਿਚ ਸੂਰਬੀਰ ਪਹਿਰੂਆਂ ਅਤੇ ਪਰਵਾਰ ਨਾਲ ਰਹਿੰਦੇ ਸਨ। ਉਨ੍ਹਾਂ ਵੱਲੋਂ ਕਲਗੀ ਲਾ ਕੇ ਯੋਧਿਆਂ ਵਾਂਗ ਵਿਚਰਨਾ, ਪਹਾੜੀ ਰਾਜਿਆਂ ਅਤੇ ਮੁਗਲ ਸਰਕਾਰ ਨੂੰ ਉੱਕਾ ਹੀ ਨਹੀਂ ਸੀ ਭਾਉਂਦਾ। ਦੋਨੋਂ ਧਿਰਾਂ ਵੱਖ-ਵੱਖ ਧਰਮਾਂ ਵਿਚ ਵਿਸ਼ਵਾਸ ਰੱਖਣ ਦੇ ਦਾਅਵੇਦਾਰ ਹੋਣ ਦੇ ਬਾਵਜੂਦ ਮਿਲ ਕੇ ਆਪਣੀਆਂ ਵੱਡੀਆਂ ਫੌਜਾਂ ਨਾਲ ਮਈ 1704 ਵਿਚ ਆਨੰਦਪੁਰ ਦੇ ਕਿਲ੍ਹੇ ਨੂੰ ਘੇਰਾ ਪਾ ਲਿਆ ਅਤੇ ਕਿਲ੍ਹੇ ਵਿਚ ਖਾਧ ਖੁਰਾਕ ਜਾਣ ਤੋਂ ਰੋਕ ਦਿੱਤੀ। ਖਾਲਸਾ ਫੌਜਾਂ ਗਿਣਤੀ ਵਿਚ ਘੱਟ ਹੋਣ, ਘੋੜਿਆਂ ਲਈ ਨੀਰੇ, ਚਾਰੇ ਦੀ ਤੋਟ ਅਤੇ ਸਿੰਘਾਂ ਦੀ ਰਸਦ ਪਾਣੀ ਨਾ ਪਹੁੰਚਣ ਨੇ ਕਿਲ੍ਹੇ ਵਿਚਲੇ ਯੋਧਿਆਂ ਲਈ ਮੁਸ਼ਕਲਾਂ ਖੜ੍ਹੀਆਂ ਕਰ ਦਿੱਤੀਆਂ। ਇਸ ਦੇ ਬਾਵਜੂਦ ਉਹ ਪਹਾੜੀ ਰਾਜਿਆਂ ਤੇ ਮੁਗਲ ਸਰਕਾਰ ਦੀਆਂ ਫੌਜਾਂ ਨਾਲ ਡਟ ਕੇ ਮੁਕਾਬਲਾ ਕਰ ਰਹੇ ਸਨ। ਬਾਹਰਲਾ ਟਿੱਡੀ ਦਲ ਵਰਗਾ ਲਸ਼ਕਰ ਵੀ ਉਕਤਾ ਗਿਆ। ਇਸ ਹਾਲਾਤ ਨੂੰ ਵੇਖ ਕੇ ਪਹਾੜੀ ਰਾਜਿਆਂ ਅਤੇ ਮੁਗਲ ਹਾਕਮਾਂ ਨੇ ਗੁਰੂ ਗੋਬਿੰਦ ਸਿੰਘ ਨੂੰ ਸੁਝਾਅ ਦਿੱਤਾ ਕਿ ਉਹ ਆਨੰਦਪੁਰ ਦਾ ਕਿਲ੍ਹਾ ਛੱਡ ਦੇਣ, ਬਾਹਰਲੀਆਂ ਫੌਜਾਂ ਉਹਨਾਂ ਨੂੰ ਸੁਰੱਖਿਅਤ ਲਾਂਘਾ ਦੇ ਦੇਣਗੀਆਂ। ਇਸ ਤਰ੍ਹਾਂ ਆਪਸੀ ਵਿਰੋਧ ਅਤੇ ਲੜਾਈ ਖਤਮ ਹੋ ਜਾਵੇਗੀ। ਇਸ ਵਾਅਦੇ ਨੂੰ ਕਥਨੀ ਅਨੁਸਾਰ ਨਿਭਾਉਣ ਲਈ ਪਹਾੜੀ ਰਾਜਿਆਂ ਨੇ ਗੀਤਾ ਦਾ ਅਤੇ ਮੁਗਲ ਹਾਕਮਾਂ ਨੇ ਕੁਰਾਨ 'ਤੇ ਹੱਥ ਰੱਖ ਕੇ ਸੁਗੰਧਾਂ ਖਾਧੀਆਂ।

ਪੰਜ ਪਿਆਰਿਆਂ ਨੇ ਕਿਲ੍ਹੇ ਅੰਦਰਲੀ ਖਾਧ ਖੁਰਾਕ ਦੀ ਤੰਗ ਦਸਤੀ ਅਤੇ ਹਾਕਮਾਂ ਦੀਆਂ ਸੋਚਾਂ ਦੇ ਆਧਾਰ 'ਤੇ ਗੁਰੂ ਜੀ ਨੂੰ ਕਿਲ੍ਹਾ ਛੱਡਣ ਦਾ ਆਦੇਸ਼ ਕੀਤਾ। ਇਸ ਅਨੁਸਾਰ 21 ਦਸੰਬਰ 1704 ਨੂੰ ਗੁਰੂ ਗੋਬਿੰਦ ਸਿੰਘ ਨੇ ਸਮੁੱਚੇ ਪਰਵਾਰ ਅਤੇ ਸਿੱਖ ਫੌਜੀਆਂ ਨਾਲ ਕਿਲ੍ਹਾ ਖਾਲੀ ਕਰ ਦਿੱਤਾ। ਜਿਉਂ ਹੀ ਉਹ ਬਾਹਰ ਨਿਕਲੇ ਤਾਂ ਪਹਾੜੀ ਰਾਜਿਆਂ ਤੇ ਮੁਗਲ ਹਾਕਮਾਂ ਨੇ ਆਪਣੀਆਂ ਸੁਗੰਧਾਂ ਤੋੜ ਕੇ, ਉਹਨਾਂ 'ਤੇ ਹਮਲਾ ਕਰ ਦਿੱਤਾ। ਜਿਸ ਕਾਰਨ ਉਹ ਸਰਸਾ ਨਦੀ ਪਾਰ ਕਰਦੇ ਹੋਏ ਤਿੰਨ-ਚਾਰ ਹਿੱਸਿਆਂ ਵਿਚ ਵੰਡੇ ਗਏ। ਗੁਰੂ ਸਾਹਿਬ ਤੋਂ ਵੱਡੇ ਸਾਹਿਬਜ਼ਾਦੇ ਚਮਕੌਰ ਦੀ ਕੱਚੀ ਗੜ੍ਹੀ ਪੁੱਜ ਗਏ। ਗੁਰੂ ਸਾਹਿਬ ਮਹਿਲ ਮਾਤਾ ਸੁੰਦਰੀ ਤੇ ਮਾਤਾ ਸਾਹਿਬ ਕੌਰ, ਭਾਈ ਮਨੀ ਸਿੰਘ, ਭਾਈ ਧੰਨਾ ਸਿੰਘ, ਭਾਈ ਜਵਾਹਰ ਸਿੰਘ ਦੇ ਸੇਵਾਦਾਰਾਂ ਨਾਲ ਰੋਪੜ ਵੱਲ ਨਿਕਲ ਗਏ। ਬਾਅਦ ਵਿਚ ਉਹ ਦਿੱਲੀ ਪਹੁੰਚ ਗਏ। ਮਾਤਾ ਗੁਜਰੀ, ਦੋਨੋਂ ਛੋਟੇ ਸਾਹਿਬਜ਼ਾਦਿਆਂ ਨਾਲ ਜੰਗਲਾਂ ਵਿਚ ਤੁਰਦੇ ਹੋਏ ਸਤਲੁਜ ਦਰਿਆ ਦੇ ਕੰਢੇ ਪਿੰਡ ਚੱਕ ਡੇਰਾ ਵਿਚ ਕੌਮਾ ਮਾਸਕੀ ਨੇ ਆਪਣੀ ਝੌਂਪੜੀ ਵਿਚ ਰਾਤ ਕਟਾਈ, ਆਪ ਬਾਹਰ ਸੁੱਤਾ। ਸਵੇਰ ਸਮੇਂ ਨੇੜੇ ਦੇ ਪਿੰਡ ਤੋਂ ਲਛਮੀ ਨਾਂਅ ਦੀ ਇੱਕ ਸੁਆਣੀ ਤੋਂ ਭੋਜਨ ਬਣਵਾਇਆ, ਜੋ ਆਪ ਲੈ ਕੇ ਉਹਨਾਂ ਚਾਰਾਂ ਨੂੰ ਛਕਣ ਲਈ ਪੁੱਜੀ, ਕੁਝ ਗਰਮ ਕੱਪੜੇ ਵੀ ਦੇ ਕੇ ਗਈ। ਮਾਤਾ ਜੀ ਨੇ ਖੁਸ਼ ਹੋ ਕੇ ਉਸ ਨੂੰ ਸੋਨੇ ਦੀਆਂ ਚੂੜੀਆਂ ਤੇ ਮਾਸਕੀ ਨੂੰ ਕੁਝ ਮੋਹਰਾਂ ਦਿੱਤੀਆਂ। ਉਸ ਸਮੇਂ ਤੱਕ ਗੰਗੂ ਰਾਮ ਜੋ ਗੁਰੂ ਪਰਵਾਰ ਦਾ ਰਸੋਈਆ ਸੀ, ਉਹ ਉੱਥੇ ਪੁੱਜ ਗਿਆ ਅਤੇ ਮਾਤਾ ਜੀ ਅਤੇ ਦੋਨੋਂ ਸਾਹਿਬਜ਼ਾਦਿਆਂ ਨੂੰ ਆਪਣੇ ਪਿੰਡ ਸਹੇੜੀ ਲੈ ਗਿਆ। ਮਾਤਾ ਜੀ ਪਾਸ ਸੋਨੇ ਦੀਆਂ ਮੋਹਰਾਂ ਦਾ ਧੇਲਾ ਦੇਖ ਮਨ ਬੇਈਮਾਨ ਹੋ ਗਿਆ ਅਤੇ ਪਿੰਡ ਦੇ ਚੌਧਰੀ ਨੂੰ ਨਾਲ ਲੈ ਕੇ ਉਹਨਾਂ ਤਿੰਨਾਂ ਬਾਰੇ ਮੋਰਿੰਡਾ ਦੇ ਹਾਕਮਾਂ ਨੂੰ ਸੂਚਿਤ ਕਰ ਦਿੱਤਾ, ਜਿਸ ਨਵਾਬ ਤੋਂ ਇਨਾਮ ਹਾਸਲ ਕਰਨ ਹਿਤ ਮਾਤਾ ਗੁਜਰੀ ਨੂੰ ਦੋਵੇਂ ਸਾਹਿਬਜ਼ਾਦਿਆਂ ਸਮੇਤ ਸਰਹੰਦ ਦੇ ਇੱਕ ਠੰਢੇ ਬੁਰਜ ਵਿਚ ਕੈਦ ਕਰ ਦਿੱਤਾ।

ਇਸ ਤੋਂ ਪਿੱਛੋਂ ਜੋ ਵਾਪਰਿਆ, ਸਾਹਿਬਜ਼ਾਦਿਆਂ ਦੇ ਨੀਂਹਾਂ ਵਿਚ ਚਿਣਨ ਆਦਿ ਸਾਰੇ ਵੇਰਵੇ ਸੌ ਸਾਲ ਤੋਂ ਵੀ ਵੱਧ ਸਮੇਂ ਤੋਂ ਰਾਗੀ, ਢਾਡੀ, ਕਵੀਸ਼ਰ ਆਦਿ ਪ੍ਰਚਾਰਕ ਸੰਗਤਾਂ ਅੱਗੇ ਪੇਸ਼ ਕਰਦੇ ਆ ਰਹੇ ਹਨ। ਇਸੇ ਤਰ੍ਹਾਂ ਚਮਕੌਰ ਦੀ ਗੜ੍ਹੀ ਵਿਚ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਤੇ ਬਾਬਾ ਜੁਝਾਰ ਸਿੰਘ ਵਲੋਂ ਮੁਗਲ ਫੌਜ ਨਾਲ ਸਿਝਦਿਆਂ ਆਪਾ ਵਾਰਨ, ਗੁਰੂ ਗੋਬਿੰਦ ਸਿੰਘ ਦਾ ਉੱਚ ਦਾ ਪੀਰ ਬਣ ਕੇ ਉੱਥੋਂ ਨਿਕਲਣ ਆਦਿ ਸਾਰੇ ਬਿਰਤਾਂਤ ਸੰਗਤਾਂ ਦੇ ਸਨਮੁਖ ਹੁੰਦੇ ਆ ਰਹੇ ਹਨ।

ਇਹ ਸੰਗਰਾਮ ਸਾਢੇ ਤਿੰਨ ਸੌ ਸਾਲ ਤੋਂ ਪਹਿਲਾਂ ਦੇ ਹਾਕਮਾਂ ਨੂੰ ਤਾਂ ਵੰਗਾਰਦਾ ਹੀ ਸੀ, ਅੱਜ ਦੇ ਹਾਕਮ ਨੂੰ ਵੀ ਚਿੰਤਾ ਵਿਚ ਪਾ ਰਿਹਾ ਹੈ। ਜਿੱਥੇ ਸਾਹਿਬਜ਼ਾਦਿਆਂ ਦੇ ਸਰੀਰਕ ਤੌਰ 'ਤੇ ਇਸ ਧਰਤੀ 'ਤੇ ਜੂਝਣ ਸਮੇਂ ਪਹਾੜੀ ਰਾਜਿਆਂ ਅਤੇ ਮੁਗਲ ਬਾਦਸ਼ਾਹਤ ਨੂੰ ਭੈਅ ਭੀਤ ਕਰਦਾ ਸੀ, ਉੱਥੇ ਅੱਜ ਦੇ ਹਾਕਮਾਂ ਨੂੰ ਉਹਨਾਂ ਦਾ ਇਤਿਹਾਸ ਹੀ ਕਾਂਬਾ ਛੱਡ ਰਿਹਾ ਹੈ। ਸਮੇਂ ਦੇ ਹਾਕਮ ਇਹ ਵੀ ਜਾਣਦੇ ਹਨ ਕਿ ਪੰਜਾਬ ਦੀ ਧਰਤੀ ਦੇ ਜੰਮਪਲ ਅਤੇ ਗੁਰੂ ਨਾਮਲੇਵਾ ਲੁਕਾਈ ਜਬਰ ਨਾਲ ਦਬਾਈ ਨਹੀਂ ਜਾ ਸਕਦੀ, ਇਸ ਨਾਲ ਤਾਂ ਉਹ ਖੁੱਦੋ (ਬਾਲ) ਵਾਂਗ ਹੋਰ ਬੁੜ੍ਹਕਦੀ ਹੈ। ਇਹਨਾਂ ਨੂੰ ਤਾਂ ਭਰਮ-ਭੁਲੇਖਿਆਂ ਰਾਹੀਂ ਲੀਹ ਤੋਂ ਲਾਹਿਆ ਜਾ ਸਕਦਾ ਹੈ।

ਪੰਜਾਬੀ ਸੱਭਿਆਚਾਰ ਅਨੁਸਾਰ ਤਜਰਬੇਕਾਰ ਸੋਚ ਰੱਖਣ ਵਾਲੇ ਨੂੰ ਬਾਬਾ ਕਿਹਾ ਜਾਂਦਾ ਹੈ, ਜਦੋਂ ਕਿ ਬੱਚੇ, ਬਾਲਕ ਕਹੇ ਜਾਂਦੇ ਹਨ। ਗੁਰੂ ਗੋਬਿੰਦ ਸਿੰਘ ਦੀ ਉੱਚਤਾ ਅਨੁਸਾਰ ਉਹਨਾਂ ਦੇ ਬੱਚਿਆਂ ਨੂੰ ਬਾਬਾ ਕਹਿ ਕੇ ਸੰਬੰਧਤ ਕਰਨ ਦੀ ਸਿੱਖ ਸੱਭਿਆਚਾਰ ਦੀ ਰਵਾਇਤ ਹੈ। ਇਸ ਲਈ ਛੋਟੇ ਸਾਹਿਬਜ਼ਾਦੇ ਜੋ 7 ਅਤੇ 9 ਸਾਲ ਦੀ ਉਮਰ ਦੇ ਹੀ ਸਨ, ਨੂੰ ਵੀ ਬਾਬਾ ਕਹਿ ਕੇ ਸੰਬੋਧਿਤ ਕੀਤਾ ਜਾਂਦਾ ਹੈ। ਦੇਸ਼ ਦੇ ਮੌਜੂਦਾ ਹਾਕਮ ਸਿੱਖ ਸੱਭਿਆਚਾਰ ਦੀ ਇਸ ਉੱਚ ਰਵਾਇਤ ਨੂੰ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਦੇਸ਼ ਭਰ ਵਿਚ ਮਨਾਉਣ ਦੇ ਦਿਖਾਵੇ ਤਹਿਤ ਮੇਟਣ ਦੇ ਰਾਹ ਤੁਰੇ ਹਨ। ਕਿਹਾ ਜਾ ਰਿਹਾ ਹੈ ਕਿ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ 'ਵੀਰ ਬਾਲ ਦਿਵਸ' ਵਜੋਂ ਦੇਸ਼ ਭਰ ਵਿਚ ਮਨਾਇਆ ਜਾਵੇਗਾ। ਇਸ ਮਹਾਨ ਕੁਰਬਾਨੀ ਤੋਂ ਦੇਸ਼ ਭਰ ਦੇ ਲੋਕਾਂ ਨੂੰ ਜਾਣੂ ਕਰਾਉਣਾ ਸਮੇਂ ਦੇ ਹਾਕਮਾਂ ਦਾ ਉਦੇਸ਼ ਹੁੰਦਾ ਤਾਂ ਛੋਟੇ ਸਾਹਿਬਜ਼ਾਦਿਆਂ ਦਾ ਦਿਵਸ ਕਹਿ ਕੇ ਵੀ ਸਮਾਗਮ ਕੀਤੇ ਜਾ ਸਕਦੇ ਸਨ। 'ਵੀਰ ਬਾਲ ਦਿਵਸ' ਕਹਿਣ ਨਾਲ ਸਿੱਖ ਸਭਿਆਚਾਰ ਦੀ ਰਵਾਇਤ ਅਨੁਸਾਰ ਸਾਹਿਬਜ਼ਾਦਿਆਂ ਨੂੰ ਬਾਬਾ ਕਹਿ ਕੇ ਸੰਬੋਧਿਤ ਕਰਨ ਨੂੰ ਹੀ ਵਿਸਾਰਿਆ ਨਹੀਂ ਜਾ ਰਿਹਾ, ਨਾਲ ਛੋਟੇ ਸਾਹਿਬਜ਼ਾਦਿਆਂ ਵੱਲੋਂ ਮੁਗਲ ਹਾਕਮ ਦੇ ਜ਼ੁਲਮ ਸਾਹਮਣੇ ਡਟਣ ਨੂੰ ਵੀ 'ਵੀਰ ਬਾਲਕ' ਕਹਿ ਕੇ ਔਜਲਾ ਕਰਨ ਦੀ ਤੁਰਪ ਚਾਲ ਵਰਤੀ ਜਾ ਰਹੀ ਹੈ।

ਇਸ ਸਾਰੀ ਮੁਹਿੰਮ ਬਾਰੇ ਸਿੱਖੀ ਦੇ ਪ੍ਰਚਾਰ, ਪਸਾਰ ਦੇ ਪਹਿਰੂਏ ਕਹਾਉਣ ਦੇ ਦਾਅਵੇਦਾਰ ਅਕਾਲੀ ਆਗੂ ਗੱਦੀਆਂ ਦੇ ਸੌਦਿਆਂ ਦੀ ਝਾਕ ਵਿਚ ਮੂਕ ਦਰਸ਼ਕ ਬਣੇ ਹੋਏ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਗੂਆਂ ਨੇ ਇੱਕ ਵਾਰ ਮਲਵੀ ਜੀਭ ਨਾਲ ਕਿੰਤੂ ਕਰਕੇ ਚੁੱਪ ਧਾਰ ਲਈ ਹੈ। ਦੇਸ਼ ਦੇ ਮੌਜੂਦਾ ਹਾਕਮਾਂ ਦਾ ਇਹ ਕਦਮ ਸੋਚੀ-ਸਮਝੀ ਰਾਜਸੀ ਨੀਤੀ ਦਾ ਹਿੱਸਾ ਨਾ ਹੁੰਦਾ ਤਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ 'ਤੇ 'ਮਾਤਮੀ ਬਿਗਲ ਵਜਾਉਣ' ਦੇ ਕੀਤੇ ਐਲਾਨ ਨੂੰ ਹੋਈ ਆਲੋਚਨਾ ਪਿੱਛੋਂ ਵਾਪਸ ਲੈਣ ਵਾਂਗ ਸੋਧ ਕਰ ਲੈਂਦੇ। ਇਹ ਵੀ ਹੈਰਾਨੀ ਦੀ ਗੱਲ ਹੈ ਕਿ ਜਿਹਨਾਂ ਆਗੂਆਂ ਨੇ ਮਾਤਮੀਂ ਬਿਗਲ ਵਜਾਉਣ ਨੂੰ ਗਲਤ ਕਹਿਣ ਦੀ ਦੁਹਾਈ ਪਾਈ, ਉਹ ਸਾਹਿਬਜ਼ਾਦਿਆਂ ਨੂੰ 'ਵੀਰ ਬਾਲ' ਕਹਿ ਕੇ ਛੁਟਿਆਉਣ ਬਾਰੇ ਮੂੰਹਾਂ 'ਚ ਘੁੰਗਣੀਆਂ ਪਾਈ ਬੈਠੇ ਹਨ।

ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਲੱਗਭੱਗ ਢਾਈ ਸੌ ਵਰ੍ਹੇ ਬਾਅਦ ਹੋਏ ਸ਼ਾਇਰ ਅੱਲ੍ਹਾ ਯਾਰ ਖਾਂ ਯੋਗੀ, ਜਿਸ ਦੀ ਲਿਖਤ ਅੱਜ ਵੀ ਗੁਰੂ ਘਰਾਂ ਵਿਚ ਪ੍ਰਵਾਲਿਤ ਹੈ, ਲਿਖਦਾ ਹੈ:

ਬਸ ਇੱਕ ਹਿੰਦ ਮੇਂ ਤੀਰਥ ਹੈ ਯਾਤਰਾ ਕੇ ਲੀਏ,
ਕਟਾਏ ਬਾਪ ਨੇ ਬੇਟੇ ਯਹਾਂ ਖੁਦਾ ਕੇ ਲੀਏ।

ਪੰਜਾਬ ਦੇ ਇਤਿਹਾਸ, ਸਿੱਖ ਪੰਥ ਸੰਗਰਾਮੀਆਂ ਨੂੰ ਬਾਲਕ ਦਰਸਾਉਣਾ ਠੀਕ ਨਹੀਂ ਹਨ, ਉਹਨਾਂ ਨੂੰ ਬਾਬਾ ਅਜੀਤ ਸਿੰਘ, ਬਾਬਾ ਜੋਰਾਵਰ ਸਿੰਘ, ਬਾਬਾ ਜੁਝਾਰ ਸਿੰਘ, ਬਾਬਾ ਫਤਿਹ ਸਿੰਘ ਹੀ ਕਿਹਾ ਜਾਂਦਾ ਹੈ, ਇਹੋ ਹੀ ਕਹਿਣਾ ਬਣਦਾ ਹੈ। ਉਹਨਾਂ ਦੀਆਂ ਮਹਾਨ ਕੁਰਬਾਨੀਆਂ ਨੇ ਇਸ ਸੰਬੋਧਨ 'ਤੇ ਮੋਹਰ ਲਾ ਦਿੱਤੀ ਹੈ। ਪੰਜਾਬ ਦੀ ਧਰਤੀ ਉੱਤੇ ਜੋ ਵੀ ਨੀਂਹਾਂ ਵਿਚ ਚਿਣੇ ਗਏ ਸੂਰਬੀਰਾਂ ਨੂੰ ਯਾਦ ਕਰਨਾ ਚਾਹੁੰਦਾ ਹੈ, ਉਹ ਬਾਬਾ ਜੁਝਾਰ ਸਿੰਘ ਤੇ ਬਾਬਾ ਫਤਿਹ ਸਿੰਘ ਕਹਿ ਕੇ ਉਹਨਾਂ ਨੂੰ ਨਮਨ ਕਰੋ। ਕੇਂਦਰੀ ਸਰਕਾਰ ਫਤਿਹਗੜ੍ਹ ਸਾਹਿਬ ਨੂੰ ਫਤਿਹ ਕਰਨ ਵਾਲਿਆਂ ਲਈ ਹਾਅ ਦਾ ਨਾਹਰਾ ਮਾਰਨ ਵਾਲੇ ਨਵਾਬ ਮਾਲੇਰਕੋਟਲਾ ਦੀ ਢੁਕਵੀਂ ਯਾਦਗਾਰ, ਰਿਆਸਤ ਮਾਲੇਰਕੋਟਲਾ ਜੋ ਹੁਣ ਜ਼ਿਲ੍ਹਾ ਹੈ, ਉਸ ਦੇ ਵਿਕਾਸ ਲਈ ਢੁਕਵੀਂ ਯੋਜਨਾ ਬਣਾ ਕੇ ਉਸ ਨੂੰ ਸੀਮਤ ਸਮੇਂ ਵਿਚ ਪੂਰਨ ਕਰੇ। ਇਹ ਵੀ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਇੱਕ ਸਿਜਦਾ ਹੋਵੇਗਾ।

# ਸੰਪਰਕ : 94179-71600

# ਕੀ ਦੇਸ਼ 'ਚ ਧਰਮ ਦੀ ਪਹਿਰੇਦਾਰੀ ਕਰਨਾ ਸਟੇਟ ਦੀ ਜ਼ਿੰਮੇਵਾਰੀ ਹੈ ?



ਸੁਰਜੀਤ ਸਿੰਘ

ਅੱਜ-ਕੱਲ੍ਹ ਸਿਆਸੀ ਲੋਕਾਂ ਦਾ ਧਰਮ ਪ੍ਰਤੀ ਮੋਹ ਕੁੱਝ ਜ਼ਿਆਦਾ ਹੀ ਦੇਖਣ ਨੂੰ ਮਿਲਦਾ ਹੈ। ਕੋਈ ਲੀਡਰ ਭਾਵੇਂ ਧਾਰਮਿਕ ਹੋਵੇ ਜਾਂ ਨਾ, ਉਹ ਲੋਕਾਂ ਨਾਲ ਮਿਲ ਕੇ ਧਰਮ ਪ੍ਰਤੀ ਆਪਣੀ ਜ਼ਿੰਮੇਵਾਰੀ ਵਧ-ਚੜ੍ਹ ਕੇ ਨਿਭਾਉਣ ਨੂੰ ਪਹਿਲ ਦਿੰਦਾ ਹੈ। ਇਸ ਦਾ ਕਾਰਨ ਇਹ ਹੈ ਕਿ ਲੋਕ ਧਰਮ ਦੇ ਅਸਲ ਫਲਸਫੇ ਨੂੰ ਛੱਡ ਕੇ ਧਰਮਾਂ ਦੇ ਪ੍ਰਤੀ ਅੰਧ-ਵਿਸ਼ਵਾਸ ਵਿਚ ਜ਼ਿਆਦਾ ਗੜੁੱਚ ਹੁੰਦੇ ਹਨ। ਉੱਧਰ ਸਿਆਸੀ ਲੀਡਰਾਂ ਲਈ ਵੀ ਬੜਾ ਸੌਖਾ ਕੰਮ ਹੈ ਕਿ ਅਨਪੜ੍ਹ ਅਤੇ ਗਰੀਬ ਤਬਕੇ ਦੇ ਲੋਕਾਂ ਨੂੰ ਧਰਮ ਵਿਚ ਉਲਝਾਈ ਰੱਖੋ ਤੇ ਆਪਣਾ ਸਿਆਸੀ ਉੱਲੂ ਸਿੱਧਾ ਕਰੀ ਰੱਖੋ। ਅਗਲੇ ਸਾਲ ਲੋਕ ਸਭਾ ਚੋਣਾਂ ਹੋਣ ਵਾਲੀਆਂ ਹਨ। ਸਿਆਸੀ ਪਾਰਟੀਆਂ ਨੇ ਆਪੋ-ਆਪਣੇ ਢੰਗ ਨਾਲ ਤਿਆਰੀ ਵਿੱਢ ਰੱਖੀ ਹੈ। ਭਾਜਪਾ ਵੀ ਪਿੱਛੇ ਨਹੀਂ ਹੈ। ਲੋਕਾਂ ਨੂੰ ਧਰਮ ਦੇ ਨਾਂਅ 'ਤੇ ਉਲਝਾਈ ਰੱਖਣ ਲਈ ਭਾਜਪਾ ਬਹੁਤ ਹੀ ਦੂਰਅੰਦੇਸ਼ੀ ਪਾਰਟੀ ਹੈ। ਉਸ ਨੇ ਪਹਿਲਾਂ ਹੀ ਸੋਚ ਰੱਖਿਆ ਹੈ ਕਿ ਉਹ ਦੇਸ਼ ਨੂੰ ਲੋਕ ਸਭਾ ਚੋਣਾਂ ਤੋਂ ਪਹਿਲਾਂ ਰਾਮ ਮੰਦਰ ਦੀ ਅਦੁੱਤੀ ਸੌਗਾਤ ਦੇਣ ਜਾ ਰਹੀ ਹੈ। 22 ਜਨਵਰੀ ਨੂੰ ਰਾਮ ਮੰਦਰ ਦਾ ਉਦਘਾਟਨ ਹੋਣਾ ਤੈਅ ਕੀਤਾ ਗਿਆ ਹੈ। ਅਯੋਧਿਆ ਵਿਚ ਜੋ ਵੀ ਧਾਰਮਿਕ ਘਟਨਾਕ੍ਰਮ ਚੱਲ ਰਿਹਾ ਹੈ, ਉਸ ਦੀ ਦੇਖ-ਰੇਖ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਅਦਿੱਤਿਆ ਨਾਥ ਕਰ ਰਹੇ ਹਨ। ਮੁੱਖ ਮੰਤਰੀ ਹੁੰਦੇ ਹੋਏ ਉਹ ਹੀ ਮੰਦਰ ਵਿਚ ਆਰਤੀ ਆਦਿ ਉਤਾਰਨ ਦੀ ਧਾਰਮਿਕ ਡਿਊਟੀ ਨਿਭਾਉਂਦੇ ਹਨ। ਜਦੋਂ 22 ਜਨਵਰੀ ਨੂੰ ਰਾਮ ਮੰਦਰ ਦਾ ਉਦਘਾਟਨ ਹੋਵੇਗਾ ਤਾਂ ਦੇਸ਼ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਪਣੀ ਪ੍ਰਧਾਨ ਮੰਤਰੀ ਦੀ ਹੈਸੀਅਤ ਵਿਚ ਹਾਜ਼ਰ ਰਹਿਣਗੇ। ਸਾਰੇ ਧਾਰਮਿਕ ਅਨੁਸ਼ਠਾਨ ਉਹਨਾਂ ਦੀ ਹੀ ਪ੍ਰਧਾਨਗੀ ਵਿਚ ਸੰਪੰਨ ਹੋਣਗੇ। ਦੇਸ਼ ਵਿਚ ਹੁਣ ਤੋਂ ਹੀ ਇਸ ਧਾਰਮਿਕ ਅਨੁਸ਼ਠਾਨ ਦਾ ਬੁਖਾਰ ਚੜ੍ਹਨਾ ਆਰੰਭ ਹੋ ਗਿਆ ਹੈ। ਭਾਰਤੀ ਜਨਤਾ ਪਾਰਟੀ ਇਸ ਇਵੈਂਟ ਨੂੰ ਕੈਸ਼ ਕਰਨ ਵਿਚ ਪੂਰੀ ਤਾਣ ਲਾ ਦੇਵੇਗੀ, ਤਾਂ ਕਿ ਭਾਰਤ ਦੇ ਲੋਕਾਂ ਨੂੰ ਇਹ ਵਿਸ਼ਵਾਸ ਹੋ ਜਾਵੇ ਕਿ ਰਾਮ ਮੰਦਰ ਲਈ 'ਹਿੰਦੂਆਂ' ਦੀ ਪਾਰਟੀ ਹੀ ਸੰਜੀਦਾ ਹੈ। ਬਾਕੀ ਸਾਰੀਆਂ ਸਿਆਸੀ ਪਾਰਟੀਆਂ 'ਦੇਸ਼ ਵਿਰੋਧੀ' ਅਤੇ 'ਹਿੰਦੂ ਵਿਰੋਧੀ' ਹਨ। ਇਸੇ ਜਨਵਰੀ ਮਹੀਨੇ ਵਿਚ 26 ਜਨਵਰੀ ਨੂੰ ਦੇਸ਼ ਨੇ ਗਣਤੰਤਰ ਦਿਵਸ ਵੀ ਮਨਾਉਣਾ ਹੈ। ਇਸ ਗਣਤੰਤਰ ਦਿਵਸ ਨੂੰ ਦੇਸ਼ ਦਾ ਸੰਵਿਧਾਨ ਲਾਗੂ ਹੋਇਆ ਸੀ। ਦੇਸ਼ ਹਰ ਸਾਲ ਗਣਤੰਤਰ ਦਿਵਸ ਇਸ ਲਈ ਮਨਾਉਂਦਾ ਹੈ ਤਾਂ ਕਿ ਉਸ ਨੂੰ ਯਾਦ ਰਹੇ ਕਿ ਭਾਰਤ ਇੱਕ ਲੋਕਤਾਂਤਰਿਕ ਦੇਸ਼ ਹੈ। ਸੰਵਿਧਾਨ ਦੇ ਆਰਟੀਕਲ 51 ਏ (ਐਚ) ਵਿਚ ਦਰਜ ਹੈ ਕਿ ਦੇਸ਼ ਦਾ ਹਰ ਨਾਗਰਿਕ ਇੱਕ ਵਿਗਿਆਨਕ ਸੋਚ ਅਪਣਾਏਗਾ। ਸੰਵਿਧਾਨ ਮੁਤਾਬਿਕ ਭਾਰਤ ਦਾ ਕੋਈ ਰਾਜ ਧਰਮ ਨਹੀਂ ਹੈ। ਭਾਰਤ ਨੂੰ ਧਰਮ ਨਿਰਪੇਖ ਦੇਸ਼ ਐਲਾਨਿਆ ਗਿਆ ਹੈ। ਸਾਰੇ ਧਰਮਾਂ ਨੂੰ ਬਰਾਬਰ ਸਤਿਕਾਰ ਦਿੱਤਾ ਜਾਵੇਗਾ। ਹੁਣ ਸਵਾਲ ਇਹ ਉਠਦਾ ਹੈ ਕਿ ਜਦੋਂ ਦੇਸ਼ ਦਾ ਸੰਵਿਧਾਨ ਇਸ ਗੱਲ ਤੋਂ ਮੁਨਕਰ ਹੈ ਕਿ ਦੇਸ਼ ਦਾ ਕੋਈ ਰਾਜ ਧਰਮ ਨਹੀਂ ਹੈ ਤਾਂ ਫੇਰ ਰਾਜ ਕਰਦੀਆਂ ਪਾਰਟੀਆਂ ਭਾਵੇਂ ਉਹ ਕਿਸੇ ਵੀ ਸੂਬੇ ਵਿਚ ਹੋਣ, ਸਰਕਾਰੀ ਤੌਰ 'ਤੇ ਲੋਕਾਂ ਦੇ ਧਾਰਮਿਕ ਮਾਮਲਿਆਂ ਵਿੱਚ ਵਧ-ਚੜ੍ਹ ਕੇ ਕਿਉਂ ਆਪਣੀ ਸ਼ਮੂਲੀਅਤ ਦਰਜ ਕਰਾਉਂਦੀਆਂ ਹਨ? ਧਰਮ ਹਰ ਆਦਮੀ ਦਾ ਇੱਕ ਨਿੱਜੀ ਮਾਮਲਾ ਹੈ। ਤੁਸੀਂ ਆਪਣੇ ਘਰ ਦੀ ਚਾਰਦੀਵਾਰੀ ਅੰਦਰ ਰਹਿ ਕੇ ਜਿਸ ਮਰਜ਼ੀ ਢੰਗ ਨਾਲ ਪੂਜਾ-ਪਾਠ ਕਰੋ। ਇਸ ਦਾ ਵਿਖਾਵਾ ਹੋਰ ਲੋਕਾਂ ਨੂੰ ਕਰਨ ਦੀ ਲੋੜ ਨਹੀਂ ਹੈ। ਜਦੋਂ ਧਰਮ ਘਰਾਂ ਵਿਚੋਂ ਨਿਕਲ ਕੇ ਗਲੀਆਂ ਅਤੇ ਬਾਜ਼ਾਰਾਂ ਵਿਚ ਆਉਂਦਾ ਹੈ ਤਾਂ ਧਾਰਮਿਕ ਫਸਾਦ ਹੁੰਦੇ ਹਨ। ਗਰੀਬ ਲੋਕ ਮਰਦੇ ਹਨ। ਸਮਾਜ ਵਿਚ ਨਫਰਤ ਫੈਲਦੀ ਹੈ। ਹੈਰਾਨੀ ਉਦੋਂ ਹੁੰਦੀ ਹੈ ਕਿ ਜਦੋਂ ਨਸਲੀ ਦੰਗਿਆਂ ਦਾ ਲੀਡਰ ਸਿਆਸੀ ਲਾਭ ਲੈਣ ਦੀ ਕੋਸ਼ਿਸ਼ ਕਰਦੇ ਹਨ। ਹੁਣ ਜਦੋਂ 22 ਜਨਵਰੀ ਨੂੰ ਰਾਮ ਮੰਦਰ ਦੇ ਉਦਘਾਟਨ ਲਈ ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚੋਂ ਲੋਕ ਅਯੋਧਿਆ ਲਈ ਵਜ਼ੀਰਾਂ ਘੱਤ ਕੇ ਆਉਣਗੇ ਅਤੇ ਭਾਜਪਾ ਇਸ ਦਾ ਪ੍ਰਚਾਰ ਕਰੇਗੀ ਤਾਂ ਜਿਹਨਾਂ ਸੂਬਿਆਂ ਵਿਚ ਭਾਜਪਾ ਦੀਆਂ ਸਰਕਾਰਾਂ ਨਹੀਂ ਹਨ ਤਾਂ ਉੱਥੇ ਗੈਰ ਸਮਾਜੀ ਅਨਸਰ ਮਾਮਲੇ ਨੂੰ ਭੜਕਾਉਣ ਦੀ ਕੋਸ਼ਿਸ਼ ਵੀ ਕਰ ਸਕਦੇ ਹਨ, ਜਿਸ ਨਾਲ ਦੇਸ਼ ਦੇ ਪ੍ਰਭਾਵਤ ਖਿੱਤਿਆਂ ਵਿਚ ਧਾਰਮਿਕ ਉਪਰਾਮਤਾ ਪੈਦਾ ਹੋ ਸਕਦੀ ਹੈ। ਇਸ ਧਾਰਮਿਕ ਹਲਚਲ ਨੂੰ ਕਈ ਸਿਆਸੀ ਪਾਰਟੀਆਂ ਆਪਣੇ ਹਿੱਤਾਂ ਲਈ ਵੀ ਵਰਤ ਸਕਦੀਆਂ ਹਨ। ਅਸਲ ਵਿਚ ਧਰਮ ਨੂੰ ਸਿਆਸਤ ਲਈ ਵਰਤਣ ਦਾ ਦੁਨੀਆ ਦੇ ਹੋਰ ਦੇਸ਼ਾ ਵਿਚ ਵੀ ਚਲਨ ਹੈ, ਕਿਉਂਕਿ ਧਰਮ ਇੱਕ ਅਜਿਹਾ ਨਾਜ਼ੁਕ ਮੁੱਦਾ ਹੈ, ਜਿਸ 'ਤੇ ਲੋਕ ਛੇਤੀ ਭੜਕ ਜਾਂਦੇ ਹਨ ਅਤੇ ਉਹਨਾਂ ਦੀਆਂ ਭਾਵਨਾਵਾਂ ਨੂੰ ਅਸਾਨੀ ਨਾਲ ਕੈਸ਼ ਕੀਤਾ ਜਾ ਸਕਦਾ ਹੈ। ਜਿਹਨਾਂ ਦੇਸ਼ਾਂ ਨੇ ਧਰਮ ਨੂੰ ਹਥਿਆਰ ਬਣਾ ਕੇ ਰਾਜਨੀਤੀ ਕੀਤੀ ਹੈ, ਉੱਥੇ ਕਦੇ ਵੀ ਰਾਜਨੀਤਕ ਸਥਿਰਤਾ ਨਹੀਂ ਰਹੀ। ਸਾਡਾ ਗੁਆਂਢੀ ਮੁਲਕ ਪਾਕਿਸਤਾਨ ਇਸ ਦੀ ਜ਼ਿੰਦਾ ਮਿਸਾਲ ਹੈ। ਧਰਮ ਸਮਾਜ ਨੂੰ ਵਿਗਿਆਨਕ ਨਜ਼ਰੀਆ ਅਪਣਾਉਣ ਵਿਚ ਵੱਡੀ ਵਾਧਾ ਹੈ, ਇਸ ਲਈ ਧਰਮ ਮੁਆਸ਼ਰੇ ਨੂੰ ਵਿਗਿਆਨਕ ਲੀਹਾਂ ਤੇ ਅੱਗੇ ਵਧਣ ਤੋਂ ਰੋਕਦਾ ਹੈ। ਸਾਡੇ ਦੇਸ਼ ਦੇ ਵਿਗਿਆਨਕ ਵੀ ਵਿਗਿਆਨਕ ਤਜਰਬਾ ਕਰਨ ਵੇਲੇ ਧਾਰਮਿਕ ਅਨੁਸ਼ਠਾਨ ਕਰਨ ਨੂੰ ਪਹਿਲ ਦਿੰਦੇ ਹਨ ਅਤੇ ਅਰਦਾਸ ਕਰਦੇ ਹਨ ਕਿ ਉਹਨਾਂ ਦਾ ਇਹ ਤਜਰਬਾ ਸਫਲ ਹੋ ਜਾਵੇ। ਮਾਨਵ ਜਾਤੀ ਦੇ ਉਦਗਮ ਤੋਂ ਧਰਮ ਕਿਧਰੇ ਵੀ ਨਹੀਂ ਸੀ। ਵਿਗਿਆਨੀ ਡਾਰਵਿਨ ਅਨੁਸਾਰ ਮਾਨਵਤਾ ਦੀ ਧਰਤੀ 'ਤੇ ਹੋਂਦ ਵਿਕਾਸਵਾਦ ਦੀ ਦੇਣ ਹੈ, ਨਾ ਕਿ ਕਿਸੇ ਕਥਿਤ ਭਗਵਾਨ ਦੀ। ਜਿਵੇਂ ਹੀ ਧਰਤੀ 'ਤੇ ਮਾਨਵ ਜਾਤੀ ਨੇ ਵਿਕਾਸ ਦਾ ਪਹੀਆ ਗੇੜਨਾ ਸ਼ੁਰੂ ਕੀਤਾ, ਉਵੇਂ ਹੀ ਉਸ ਵਿਚ ਜਾਗਰੂਕਤਾ ਆਉਣੀ ਸ਼ੁਰੂ ਹੋ ਗਈ। ਕਬੀਲਿਆਂ ਤੋਂ ਸਮਾਜ ਹੋਂਦ ਵਿਚ ਆਇਆ ਅਤੇ ਸਮਾਜ ਤੋਂ ਪ੍ਰਸ਼ਾਸਨ। ਜਦੋਂ ਸਮਾਜ ਤੇ ਰਾਜਿਆਂ ਨੇ ਰਾਜ ਕਰਨਾ ਸ਼ੁਰੂ ਕਰ ਦਿੱਤਾ ਤਾਂ ਲੋਕਾਂ ਨੂੰ ਜਾਂ ਤਾਂ ਤਾਕਤ ਦੇ ਜ਼ੋਰ 'ਤੇ ਅਨੁਸ਼ਾਸਨ ਵਿਚ ਰੱਖਿਆ ਜਾਂਦਾ ਸੀ ਜਾਂ ਫੇਰ ਆਸਾਨ ਤਰੀਕਾ ਇਹ ਕਿ ਉਹਨਾਂ ਨੂੰ ਧਰਮ ਦੀ ਘੁੱਟੀ ਪਿਲਾ ਕੇ ਇਹ ਦੱਸਿਆ ਜਾਣ ਲੱਗ ਪਿਆ ਕਿ ਰਾਜਾ ਰੱਬ ਦਾ ਰੂਪ ਹੈ। ਮਨੁੱਖ ਨੇ ਆਪਣੀ ਸੁਵਿਧਾ ਅਨੁਸਾਰ ਰੱਬ ਦੀ ਸਿਰਜਣਾ ਕਰ ਲਈ। ਇਸ ਦੇ ਖਿਲਾਫ ਬੋਲਣਾ ਰੱਬ ਦਾ ਅਪਮਾਨ ਹੈ। ਇਸ ਸਮਾਜ ਵਿਚ ਜਦੋਂ ਕਦੇ ਕਿਸੇ ਬਾਗੀ ਤਬੀਅਤ ਦੇ ਸ਼ਖ਼ਸ ਨੇ ਰਾਜੇ ਦੇ ਖਿਲਾਫ ਬੋਲਣ ਦੀ ਜੁਰਅਤ ਕੀਤੀ ਤਾਂ ਉਸ ਦਾ ਲੋਕਾਂ ਦੇ ਇਕੱਠ ਵਿਚ ਸਿਰ ਕਲਮ ਕਰਵਾ ਦਿੱਤਾ ਜਾਂਦਾ ਸੀ ਜਾਂ ਫੇਰ ਉਸ ਨੂੰ ਸ਼ਰੇਆਮ ਕੋਹਲੂ ਵਿਚ ਪਿੜਵਾ ਦਿੱਤਾ ਜਾਂਦਾ ਸੀ। ਇਹ ਦ੍ਰਿਸ਼ ਐਨਾ ਖੌਫਨਾਕ ਹੁੰਦਾ ਸੀ ਤਾਂ ਕਿ ਹੋਰ ਲੋਕ ਰਾਜੇ ਦੇ ਖਿਲਾਫ ਉੱਠਣ ਦੀ ਜੁਰਅੱਤ ਨਾ ਕਰ ਸਕਣ। ਇਨਸਾਨ ਨੇ ਹੋਰ ਤਰੱਕੀ ਕੀਤੀ ਤਾਂ ਦੁਨੀਆ ਵਿਚ ਲੋਕਤੰਤਰ ਆਇਆ, ਜਿੱਥੇ ਪਰਜਾ ਹੀ ਰਾਜੇ ਨੂੰ ਚੁਣਨ ਦਾ ਅਧਿਕਾਰ ਰੱਖਦੀ ਹੈ। ਹੁਣ ਇਹ ਰਾਜੇ ਦੇ ਹੱਥ ਵਿਚ ਹੈ ਕਿ ਉਹ ਦੇਸ਼ ਦੀ ਪਰਜਾ ਨੂੰ ਕਿਵੇਂ ਧਰਮਾਂ ਦੇ ਨਾਂਅ 'ਤੇ ਵਰਗਲਾ ਕੇ ਉਹਨਾਂ 'ਤੇ ਰਾਜ ਕਰਦਾ ਹੈ। ਆਮ ਤੌਰ 'ਤੇ ਚੋਣਾਂ ਦੌਰਾਨ ਸਿਆਸੀ ਆਗੂ ਬਹੁਤ ਸਾਰੇ ਧਾਰਮਿਕ ਡਰਾਮੇ ਕਰਦੇ ਹਨ। ਹਾਲਾਂਕਿ ਪੰਜਾਬ ਇੱਕ ਖੁਸ਼ਹਾਲ ਸੂਬਾ ਹੈ। ਲੋਕ ਚੇਤਨ ਹਨ, ਪਰ ਧਾਰਮਿਕਤਾ ਇਹਨਾਂ ਦੀ ਵੀ ਕਮਜ਼ੋਰੀ ਹੈ, ਜਿਸ ਨੂੰ ਧਾਰਮਿਕ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੇ ਲੰਮੇ ਸਮੇਂ ਤੋਂ ਰੱਜ ਕੇ ਕੈਸ਼ ਕੀਤਾ ਹੈ। ਪੰਜਾਬ ਵਿਚ ਧਰਮ ਦੇ ਨਾਂਅ 'ਤੇ ਹੀ ਲਗਾਤਾਰ ਦਸ ਸਾਲ ਤੱਕ ਅੱਤਵਾਦੀ ਖੂਨ-ਖਰਾਬਾ ਹੁੰਦਾ ਰਿਹਾ ਅਤੇ ਸਿਆਸੀ ਪਾਰਟੀ ਨਾਲੇ ਆਪਣੇ ਵਰਕਰ ਮਰਵਾਉਂਦੀ ਰਹੀ, ਨਾਲੇ ਲੋਕਾਂ ਨਾਲ ਹੁੰਦਾ ਇਹ ਘਾਣ ਚੁੱਪਚਾਪ ਦੇਖਦੀ ਰਹੀ। ਇਸ ਧਾਰਮਿਕ ਜਨੂੰਨ ਦਾ ਜੇਕਰ ਕਿਸੇ ਨੇ ਡਟ ਕੇ ਵਿਰੋਧ ਕੀਤਾ ਤਾਂ ਉਹ ਖੱਬੇ ਪੱਖੀ ਪਾਰਟੀਆਂ ਸਨ। ਬੇਸ਼ੱਕ ਉਹਨਾਂ ਨੇ ਅੱਤਵਾਦੀਆਂ ਹੱਥੋਂ ਆਪਣੀ ਲੀਡਰਸ਼ਿਪ ਦੀ ਕਰੀਮ ਮਰਵਾ ਲਈ, ਪਰ ਉਹ ਧਾਰਮਿਕ ਜਨੂੰਨ ਅੱਗੇ ਨਹੀਂ ਝੁਕੇ। ਜਦੋਂ ਵੀ ਰਾਜ ਕਰਦੇ ਅਕਾਲੀ ਦਲ ਨੂੰ ਲੋਕਮਤ ਤੋਂ ਖਤਰਾ ਪੈਦਾ ਹੋਇਆ ਤਾਂ ਉਹਨਾ 'ਪੰਥ ਖਤਰੇ ਵਿਚ' ਦਾ ਹੋਕਾ ਦੇ ਕੇ ਆਕਸੀਜਨ ਪ੍ਰਾਪਤ ਕੀਤੀ। ਇਸ ਦੀ ਤਾਜ਼ਾ ਮਿਸਾਲ ਉਦੋਂ ਸਾਹਮਣੇ ਆਈ ਜਦੋਂ ਸਰਸੇ ਵਾਲੇ ਰਾਮ ਰਹੀਮ ਦੀ ਮੁਆਫੀ ਦਾ ਮੁੱਦਾ ਗਰਮਾਇਆ ਤਾਂ ਅਕਾਲੀ ਦਲ ਨੇ ਲੋਕਾਂ ਦੇ ਜਜ਼ਬਾਤ ਨਾਲ ਖੇਡਦਿਆਂ ਧਰਮ ਦੀ ਇਤਿਹਾਸਕ ਵਿਰਾਸਤ ਨੂੰ ਪੂਰੇ ਪੰਜਾਬ ਵਿਚ ਘੁਮਾਇਆ। ਇਸੇ ਤਰ੍ਹਾਂ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਦੇਸ਼ ਦੇ ਸਿੱਖ ਧਾਰਮਿਕ ਅਸਥਾਨਾਂ ਦੀ ਯਾਤਰਾ ਲਈ ਮੁਫਤ ਬੱਸ ਸੇਵਾ ਯੋਜਨਾ ਚਾਲੂ ਕੀਤੀ। ਅਕਾਲੀ ਦਲ ਦੇ ਨਕਸ਼ੇ-ਕਦਮਾਂ 'ਤੇ ਚੱਲਦਿਆਂ ਅਤੇ ਲੋਕਾਂ ਦੇ ਧਾਰਮਿਕ ਜਜ਼ਬਾਤਾਂ ਨਾਲ ਖੇਡਦਿਆਂ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੀ ਧਾਰਮਿਕ ਅਸਥਾਨਾਂ ਲਈ ਮੁਫਤ ਬੱਸ ਸੇਵਾ ਸ਼ੁਰੂ ਕੀਤੀ ਹੈ। ਇਸੇ ਤਰ੍ਹਾਂ ਸਰਕਾਰੀ ਦਫਤਰਾਂ ਵਿਚ ਜਿੱਥੇ ਵੱਖ-ਵੱਖ ਧਰਮਾਂ ਅਤੇ ਵਿਚਾਰਧਾਰਾਵਾਂ ਦੇ ਲੋਕ ਕੰਮ ਕਰਦੇ ਹਨ, ਉੱਥੇ ਦਫਤਰ ਦੇ ਦੋ-ਚਾਰ ਚੌਧਰੀਨੁਮਾ ਲੋਕ ਦਫਤਰ ਵਿਚ ਧਾਰਮਿਕ ਅਨੁਸ਼ਠਾਨ ਕਰਾਉਣ ਦਾ ਬੀੜਾ ਚੁੱਕ ਲੈਂਦੇ ਹਨ।

ਸਾਡੇ ਸਮਾਜ ਨੂੰ ਧਰਮ ਨਹੀਂ ਚਾਹੀਦਾ। ਧਰਮ ਵਿਅਕਤੀਗਤ ਮਾਮਲਾ ਹੈ। ਆਪਣੇ ਬਲਬੂਤੇ 'ਤੇ ਉਹ ਜਿਹੜੇ ਮਰਜ਼ੀ ਧਾਰਮਿਕ ਅਸਥਾਨ ਦੀ ਯਾਤਰਾ ਕਰੇ। ਇਹ ਸਟੇਟ ਦੀ ਜ਼ਿੰਮੇਵਾਰੀ ਨਹੀਂ ਹੈ। ਸਟੇਟ ਦੀ ਜ਼ਿੰਮੇਵਾਰੀ ਸਟੇਟ ਦੇ ਲੋਕਾਂ ਨੂੰ ਸਿੱਖਿਆ, ਸਿਹਤ, ਰੋਜ਼ਗਾਰ ਅਤੇ ਬਿਹਤਰ ਇਨਫਰਾਸਟਰਕਚਰ ਦੇਣ ਦੀ ਹੈ, ਜਿਸ ਤੋਂ ਹਰ ਸਰਕਾਰ ਕੰਨੀਂ ਕਤਰਾਉਂਦੀ ਹੈ। ਇਹ ਮੌਲਿਕ ਸੁਵਿਧਾਵਾਂ ਲੋਕਾਂ ਨੂੰ ਮੁਹੱਈਆ ਨਹੀਂ ਕਰਾਈਆਂ ਜਾਂਦੀਆਂ। ਲੋਕ ਰੋਟੀ, ਕੱਪੜਾ ਅਤੇ ਮਕਾਨ ਦੀ ਬਜਾਏ ਸਰਕਾਰ ਤੋਂ ਧਾਰਮਿਕ ਅਸਥਾਨਾਂ ਦੀ ਯਾਤਰਾ ਲੈ ਕੇ ਹੀ ਖੁਸ਼ ਹੋ ਜਾਂਦੇ ਹਨ। ਲੋਕਾਂ ਨੂੰ ਆਪਣੇ ਅਧਿਕਾਰਾਂ ਦੀ ਜਾਣਕਾਰੀ ਨਹੀਂ ਹੈ। ਇਸੇ ਤਰ੍ਹਾਂ ਦੇਸ਼ ਜੇਕਰ ਰਾਮ ਮੰਦਰ ਚਾਹੁੰਦਾ ਹੈ ਤਾਂ ਇਸ ਮਾਮਲੇ ਨੂੰ ਧਾਰਮਿਕ ਲੋਕਾਂ ਤੱਕ ਹੀ ਮਹਿਦੂਦ ਰਹਿਣ ਦੇਣਾ ਚਾਹੀਦਾ ਹੈ। ਇਸ ਵਿਚ ਸਟੇਟ ਦੀ ਭਾਗੀਦਾਰੀ ਨਹੀਂ ਹੋਣੀ ਚਾਹੀਦੀ।

# ਸੰਪਰਕ : 98154-61301

11-JAN-PAGE-5.qxd 1/10/2024 11:00 PM Page 1



# ਸਮਾਰਟ ਸਿਟੀ 'ਚ ਲੋਕਾਂ ਦਾ ਜੀਵਨ ਵੀ ਸੁਖਾਲਾ ਹੋਣਾ ਚਾਹੀਦਾ : ਸੀ ਪੀ ਆਈ




**ਲੁਧਿਆਣਾ (ਐਮ.ਐਸ.ਭਾਟੀਆ)** ਭਾਰਤੀ ਕਮਿਊਨਿਸਟ ਪਾਰਟੀ ਨੇ ਲੁਧਿਆਣਾ ਦੇ ਸਮਾਰਟ ਸ਼ਹਿਰਾਂ ਵਿੱਚੋਂ ਇੱਕ ਹੋਣ ਦੀ ਖ਼ਬਰ 'ਤੇ ਪ੍ਰਤੀਕਿਰਿਆ ਜ਼ਾਹਰ ਕਰਦਿਆਂ ਕਿਹਾ ਕਿ ਸ਼ਹਿਰ ਪੱਥਰਾਂ ਅਤੇ ਇੱਟਾਂ ਨਾਲ ਨਹੀਂ ਬਣਦੇ, ਸਿਰਫ਼ ਫਲਾਈਓਵਰਾਂ ਦਾ ਬਨਣਾ ਨਹੀਂ ਹੁੰਦੇ, ਸਗੋਂ ਇਨ੍ਹਾਂ ਵਿੱਚ ਰਹਿਣ ਵਾਲੇ ਮਨੁੱਖਾਂ ਨਾਲ ਹੁੰਦੇ ਹਨ। ਇਸ ਲਈ ਇੱਕ ਸ਼ਹਿਰ ਨੂੰ ਸਮਾਰਟ ਤਾਂ ਹੀ ਕਿਹਾ ਜਾ ਸਕਦਾ ਹੈ, ਜੇਕਰ ਇਹ ਸਾਰੇ ਨਾਗਰਿਕਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਕਰਨ ਵਿੱਚ ਮਦਦ ਕਰਦਾ ਹੈ।

ਮੌਜੂਦਾ ਸਮਾਰਟ ਸਿਟੀ ਪ੍ਰੋਜੈਕਟ ਆਮ ਅਤੇ ਮਿਹਨਤਕਸ਼ ਲੋਕਾਂ ਦੇ ਮੁੱਦਿਆਂ ਅਤੇ ਲੋੜਾਂ ਦੇ ਕਿਸੇ ਵੀ ਸੰਦਰਭ ਤੋਂ ਬਿਨਾਂ ਹੈ। ਮਜ਼ਦੂਰ, ਗ਼ਰੀਬ ਮਾੜੀਆਂ ਸਥਿਤੀਆਂ ਵਿੱਚ ਤੇ ਬਹੁਤ ਜ਼ਿਆਦਾ ਭੀੜ-ਭੜੱਕੇ ਵਾਲੇ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਰਹਿ ਰਹੇ ਹਨ। ਉੱਚ ਕੀਮਤਾਂ ਦੇ ਕਾਰਨ ਉਨ੍ਹਾਂ ਨੂੰ ਕਈ ਵਾਰ ਇੱਕ ਕਮਰਾ 8 ਵਿਅਕਤੀਆਂ ਲਈ ਸਾਂਝਾ ਕਰਨਾ ਪੈਂਦਾ ਹੈ। ਇਸ ਨਾਲ ਉਨ੍ਹਾਂ ਦੀ ਸਿਹਤ ਅਤੇ ਕੰਮ ਕਰਨ ਦੀ ਸਮਰੱਥਾ 'ਤੇ ਅਸਰ ਪੈਂਦਾ ਹੈ। ਇਨ੍ਹਾਂ ਕਾਮਿਆਂ ਨੂੰ ਘੱਟੋ-ਘੱਟ ਉਜਰਤ ਦੇਣ ਦਾ ਕੋਈ ਅਸਰਦਾਰ ਅਮਲ ਨਹੀਂ ਹੈ।

ਇਨ੍ਹਾਂ ਵਿੱਚੋਂ ਬਹੁਤੇ ਰਜਿਸਟਰਡ ਨਾ ਹੋਣ ਕਾਰਨ ਈਐਸਆਈ ਅਤੇ ਪੀਐਫ਼ ਆਦਿ ਦੀਆਂ ਮੁੱਢਲੀਆਂ ਸਹੂਲਤਾਂ ਤੋਂ ਵੀ ਵਾਂਝੇ ਹਨ, ਜਿਸ ਕਾਰਨ ਰੇਹੜੀ-ਫੜੀ ਵਾਲਿਆਂ ਨੂੰ ਮਾਫੀਆ ਦੀ ਲੁੱਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਕਾਰਨ ਉਨ੍ਹਾਂ ਨੂੰ ਨਗਰ ਨਿਗਮ ਦੇ ਕ੍ਰਮਚਾਰੀਆਂ ਅਤੇ ਪੁਲਸ ਦੇ ਗੁੱਸੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਵੈਂਡਿੰਗ ਜ਼ੋਨ ਐਕਟ ਨੂੰ ਲਾਗੂ ਕਰਨ ਵਿੱਚ ਦੇਰੀ ਇਨ੍ਹਾਂ ਦੀ ਮਾੜੀ ਹਾਲਤ ਦਾ ਕਾਰਨ ਹੈ।

ਇਸ ਸਮਾਰਟ ਸਿਟੀ ਪ੍ਰੋਜੈਕਟ ਵਿੱਚ ਉਨ੍ਹਾਂ ਦੇ ਮੁੱਦਿਆਂ ਨੂੰ ਹੱਲ ਕਰਨ ਦਾ ਕੋਈ ਜ਼ਿਕਰ ਨਹੀਂ ਹੈ। ਲੁਧਿਆਣਾ ਵਿੱਚ ਸਿਹਤ ਸਹੂਲਤਾਂ ਅਤੇ ਸਿੱਖਿਆ ਦਾ ਪ੍ਰਬੰਧ ਤਾਂ ਹੈ ਪਰ ਉਹ ਸਿਰਫ਼ ਪੈਸੇ ਵਾਲੇ ਲੋਕਾਂ ਲਈ ਹੈ। f

ਸੱਖਿਆ ਤੇ ਸਿਹਤ ਲਈ ਹੇਠਲੇ ਸਮਾਜਿਕ ਆਰਥਿਕ ਵਰਗ ਦੇ ਲੋਕਾਂ ਲਈ ਮਿਆਰੀ ਸਿੱਖਿਆ ਅਤੇ ਸਿਹਤ ਪ੍ਰਾਪਤ ਕਰਨ ਦਾ ਕੋਈ ਵਧੀਆ ਪ੍ਰਬੰਧ ਨਹੀਂ ਹੈ। ਸੜਕਾਂ ਖਾਸ ਤੌਰ 'ਤੇ ਬਾਹਰਲੇ ਖੇਤਰਾਂ ਵਿੱਚ ਜਿੱਥੇ ਘੱਟ ਆਮਦਨੀ ਵਰਗ ਦੇ ਲੋਕ ਰਹਿੰਦੇ ਹਨ, ਬਹੁਤ ਖਰਾਬ ਹਾਲਤ ਵਿੱਚ ਹਨ। ਇਨ੍ਹਾਂ ਖੇਤਰਾਂ ਵਿੱਚ ਸਫ਼ਾਈ ਤੇ ਪੀਣ ਯੋਗ ਪਾਣੀ ਦੀ ਸਪਲਾਈ ਵਰਗੀਆਂ ਬੁਨਿਆਦੀ ਸਹੂਲਤਾਂ ਦੀ ਘਾਟ ਹੈ। ਇਸ ਲਈ ਜਦੋਂ ਤੱਕ ਉਪਰੋਕਤ ਮੁੱਦਿਆਂ ਨੂੰ ਸਹੀ ਢੰਗ ਨਾਲ ਹੱਲ ਨਹੀਂ ਕੀਤਾ ਜਾਂਦਾ, ਉਦੋਂ ਤੱਕ ਲੁਧਿਆਣਾ ਨੂੰ ਸਮਾਰਟ ਸਿਟੀ ਵਜੋਂ ਗਰਦਾਨਣਾ ਗ਼ਲਤ ਹੋਵੇਗਾ। ਬਿਆਨ ਜਾਰੀ ਕਰਨ ਵਾਲਿਆਂ ਵਿੱਚ ਜ਼ਿਲ੍ਹਾ ਸਕੱਤਰ ਕਾਮਰੇਡ ਡੀ.ਪੀ.ਮੌੜ, ਚਮਕੌਰ ਸਿੰਘ ਅਤੇ ਡਾਕਟਰ ਅਰੁਣ ਮਿਤਰਾ, ਸ਼ਹਿਰੀ ਸਕੱਤਰ ਐਮ.ਐਸ. ਭਾਟੀਆ, ਸਹਾਇਕ ਸ਼ਹਿਰੀ ਸਕੱਤਰ ਵਿਜੇ ਕੁਮਾਰ, ਕੁਲਵੰਤ ਕੌਰ ਤੇ ਡਾਕਟਰ ਵਿਨੋਦ ਸ਼ਾਮਲ ਹਨ।

## 85 ਗ੍ਰਾਮ ਹੈਰੋਇਨ ਕਾਰ ਆਈ-20 ਸਮੇਤ ਤਿੰਨ ਗ੍ਰਿਫ਼ਤਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਥਾਣਾ ਸਦਰ ਫ਼ਿਰੋਜ਼ਪੁਰ ਤੇ ਥਾਣਾ ਸਦਰ ਜ਼ੀਰਾ ਪੁਲਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਤਿੰਨ ਵਿਅਕਤੀਆਂ ਨੂੰ 85 ਗ੍ਰਾਮ ਹੈਰੋਇਨ, ਇਕ ਕਾਰ ਆਈ-20 ਸਮੇਤ ਗ੍ਰਿਫ਼ਤਾਰ ਕਰਕੇ ਉਨ੍ਹਾਂ ਖਿਲਾਫ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

ਥਾਣਾ ਸਦਰ ਫ਼ਿਰੋਜ਼ਪੁਰ ਦੇ ਸਬ ਇੰਸਪੈਕਟਰ ਤਰਸੇਮ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਇਲਾਕੇ ਵਿਚ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਅਨ ਸੁੱਖਾ ਸਿੰਘ ਉਰਫ਼ ਮੁੱਖਾ ਪੁੱਤਰ ਟੇਕ ਸਿੰਘ ਅਤੇ ਲਖਵਿੰਦਰ ਸਿੰਘ ਉਰਫ ਲੱਖਾ ਪੁੱਤਰ ਭੀਖਨ ਸਿੰਘ ਵਾਸੀਅਨ ਪਿੰਡ ਕਿਲਚੇ ਹੈਰੋਇਨ ਪੀਣ ਤੇ ਵੇਚਣ ਦੇ ਆਦੀ ਹਨ, ਜੋ ਅੱਜ ਵੀ ਕਾਰ ਆਈ-20 ਨੰਬਰ ਪੀਬੀ 05 ਏਪੀ 1270 'ਤੇ ਪਿੰਡ ਕਿਲਚੇ ਤੋਂ ਫਿਰੋਜ਼ਪੁਰ ਵੱਲ ਆ ਰਹੇ ਹਨ। ਜੇਕਰ ਹੁਣੇ ਨਾਕਾਬੰਦੀ ਕੀਤੀ ਜਾਵੇ ਤਾਂ ਕਾਬੂ ਆ ਸਕਦੇ ਹਨ। ਪੁਲਿਸ ਪਾਰਟੀ ਵੱਲੋਂ ਨਾਕਾਬੰਦੀ ਕਰਕੇ ਦੋਸ਼ੀਅਨ ਨੂੰ ਸਮੇਤ ਉਕਤ ਕਾਰ ਦੇ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ 50 ਗ੍ਰਾਮ ਹੈਰੋਇਨ ਬਰਾਮਦ ਹੋਈ।

ਉਧਰ ਥਾਣਾ ਸਦਰ ਜ਼ੀਰਾ ਪੁਲਸ ਦੇ ਸਹਾਇਕ ਥਾਣੇਦਾਰ ਅਵਨੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਬੱਸ ਅੱਡਾ ਰਟੋਲ ਬੇਟ ਪਾਸ ਪੁੱਜੇ ਤਾਂ ਪਿੰਡ ਰਟੋਲ ਬੇਟ ਵੱਲੋਂ ਆਉਂਦੀ ਲਿੰਕ ਸੜਕ 'ਤੇ ਇਕ ਨੌਜਵਾਨ ਗੁਰਪ੍ਰੀਤ ਪੁੱਤਰ ਬਲਵਿੰਦਰ ਸਿੰਘ ਵਾਸੀ ਚਿਰਾਗਸ਼ਾਹ ਵਾਲਾ ਥਾਣਾ ਕੋਟ ਈਸੇ ਖਾਂ, ਜ਼ਿਲ੍ਹਾ ਮੋਗਾ ਆਉਂਦਾ ਵਿਖਾਈ ਦਿੱਤਾ, ਜੋ ਪੁਲਿਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ ਤੇ ਇਕ ਦਮ ਮੌਕੇ ਤੋਂ ਭੱਜਣ ਲੱਗਾ, ਜਿਸ ਨੂੰ ਪੁਲਸ ਪਾਰਟੀ ਵੱਲੋਂ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਸ ਕੋਲੋਂ 35 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

## ਪੰਜਾਬ ਦੇ ਲੋਕ ਬਾਦਲ ਸਾਹਿਬ ਵੱਲੋਂ ਕੀਤੇ ਕੰਮਾਂ ਨੂੰ ਕਰ ਰਹੇ ਯਾਦ : ਹਨੀ ਫੱਤਣਵਾਲਾ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ/ਪਰਿਜਤ ਸਿੰਘ)** ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਅਤੇ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਜੀਤ ਸਿੰਘ ਬਰਾੜ, ਹਨੀ ਫੱਤਣਵਾਲਾ ਨੇ ਕਿਹਾ ਕਿ ਲੋਕ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਵੱਲੋਂ ਕੀਤੇ ਗਏ ਕੰਮਾਂ ਨੂੰ ਯਾਦ ਕਰ ਰਹੇ ਨੇ।ਬਾਦਲ ਸਾਹਿਬ ਨੇ ਆਪਣੇ ਕਾਰਜਕਾਲ ਜਿੰਨੇ ਕੰਮ ਕਰਾਏ, ਉਹਨਾਂ ਕਿਸੇ ਪਾਰਟੀ ਵੱਲੋਂ ਨਹੀਂ ਕਰਾਏ ਗਏ।ਇਸ ਕਰਕੇ ਲੋਕ ਅੱਜ ਵੀ ਬਾਦਲ ਸਾਹਿਬ ਨੂੰ ਯਾਦ ਕਰਦੇ ਹਨ।

ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਨੀ ਫੱਤਣਵਾਲਾ ਨੇ ਪਿੰਡ ਉਦੇਕਰਨ ਵਿਖੇ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਪਿੰਡ ਉਦੇਕਰਨ, ਚੌਂਤਰਾ, ਸੰਗਰਾਣਾ, ਮੱੜਮੱਲੂ, ਲੁਬਾਣਿਆਂਵਾਲੀ, ਭੰਗੇਵਾਲਾ, ਮਾਨ ਸਿੰਘ ਵਾਲਾ, ਮੁਕੰਦ ਸਿੰਘ ਵਾਲਾ, ਜਗਤ ਸਿੰਘ ਵਾਲਾ, ਕਾਨਿਆਂਵਾਲੀ, ਲੰਡੇ ਰੋਡੇ, ਜੱਸੇਆਣਾ, ਬੂੜਾਗੁੱਜਰ ਵਿਖੇ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਝੂਠ ਮਾਰ ਕੇ ਅਤੇ ਲੋਕਾਂ ਦੇ ਜਜ਼ਬਾਤਾਂ ਨਾਲ ਖਿਲਵਾੜ ਕਰਕੇ ਕਾਂਗਰਸ ਤੇ ਆਪ ਸਰਕਾਰ ਆਈ। ਇਹਨਾਂ ਸਰਕਾਰਾਂ ਨੇ ਲੋਕਾਂ ਨਾਲ ਕੀਤੇ ਕੋਈ ਵਾਦੇ ਪੂਰੇ ਨਹੀਂ ਕੀਤੇ, ਜਦਕਿ ਬਾਦਲ ਸਾਹਿਬ ਨੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕੀਤੇ ਸਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਮੇਲਾ ਮਾਘੀ ਤੇ ਇਸ ਵਾਰ ਦੋ ਕਾਨਫਰੰਸਾਂ ਕੀਤੀਆਂ ਜਾ ਰਹੀਆਂ ਹਨ।12 ਜਨਵਰੀ ਨੂੰ ਇਸਤਰੀ ਅਕਾਲੀ ਦਲ ਵੱਲੋਂ ਕੀਤੀ ਜਾਣ ਵਾਲੀ ਕਾਨਫਰੰਸ 'ਚ ਜਿੱਥੇ 20 ਹਜ਼ਾਰ ਬੀਬੀਆਂ ਦਾ ਇਕੱਠ ਹੋਣ ਜਾ ਰਿਹਾ ਹੈ, ਉੱਥੇ ਹੀ 14 ਜਨਵਰੀ ਨੂੰ ਸੁਖਬੀਰ ਸਿੰਘ ਬਾਦਲ ਦੀ ਅਗਵਾਈ 'ਚ ਹੋਣ ਵਾਲੀ ਕਾਨਫਰੰਸ ਚ ਲਗਭਗ 50 ਹਜ਼ਾਰ ਤੋਂ ਵੱਧ ਲੋਕਾਂ ਦਾ ਇਕੱਠ ਹੋਵੇਗਾ, ਜਿਹੜਾ ਇਹ ਸਾਬਿਤ ਕਰ ਦੇਵੇਗਾ ਕਿ ਲੋਕ ਹਾਲੇ ਵੀ ਅਕਾਲੀ ਦਲ ਨੂੰ ਪਿਆਰ ਕਰਦੇ ਨੇ।ਇਹ ਕਾਨਫਰੰਸਾਂ ਵਿਰੋਧੀਆਂ ਦੀ ਨੀਂਦ ਉਡਾ ਦੇਵੇਗੀ।ਅਕਾਲੀ ਵਰਕਰਾਂ 'ਚ ਇਹਨਾਂ ਕਾਨਫਰੰਸਾਂ ਨੂੰ ਲੈ ਕੇ ਪੂਰਾ ਜੋਸ਼ ਹੈ ।ਕਾਨਫਰੰਸਾਂ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਨੇ।14 ਜਨਵਰੀ ਦੀ ਕਾਨਫਰੰਸ ਵਿੱਚ ਸੁਖਬੀਰ ਸਿੰਘ ਬਾਦਲ ਤੋਂ ਇਲਾਵਾ ਪਾਰਟੀ ਦੀ ਸਮੂਚੀ ਲੀਡਰਸ਼ਿਪ ਸੰਬੋਧਨ ਕਰਨ ਪਹੁੰਚੇਗੀ।ਕਾਨਫਰੰਸ ਨੂੰ ਲੈ ਕੇ ਵਰਕਰਾਂ 'ਚ ਜੋਸ਼ ਦੇਖਣ ਨੂੰ ਮਿਲ ਰਿਹਾ ਹੈ ਤੇ ਪੰਡਾਲ ਲਾਉਣ ਦੀਆਂ ਤਿਆਰੀਆਂ ਸ਼ੁਰੂ ਹੋ ਚੁੱਕੀਆਂ ਨੇ।

ਇਸ ਮੌਕੇ ਸਾਬਕਾ ਵਿਧਾਇਕ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਨੇ ਵੀ ਵਰਕਰਾਂ 'ਚ ਕਾਨਫਰੰਸਾਂ ਨੂੰ ਲੈ ਕੇ ਜੋਸ਼ ਭਰਿਆ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਕਾਨਫ਼ਰੰਸ ਇਤਿਹਾਸ ਰਚੇਗੀ।

## ਕਾਤਰਾਂ

### ਵੋਟਰ ਸੂਚੀਆਂ 'ਚੋਂ ਕਟੌਤੀ ਸੰਬੰਧੀ ਦੇਵੇਂਦਰ ਯਾਦਵ ਨਾਲ ਮੁਲਾਕਾਤ

**ਮਮਦੋਟ (ਹਰਪਾਲ ਸਿੰਘ ਸੋਢੀ)** ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਆਸ਼ੂ ਬੰਗੜ ਨੇ ਹਲਕੇ ਦੀਆਂ ਸਮੱਸਿਆਵਾਂ ਨੂੰ ਲੈ ਕੇ ਪੰਜਾਬ ਕਾਗਰਸ ਦੇ ਇੰਚਾਰਜ ਦੇਵੇਂਦਰ ਯਾਦਵ ਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੂੰ ਜਾਣਕਾਰੀ ਦਿੰਦਿਆਂ ਆਸ਼ੂ ਬੰਗੜ ਦੱਸਿਆ ਕਿ ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਪਿੰਡਾਂ ਦੀਆਂ ਵੋਟਰ ਸੂਚੀਆਂ ਵਿੱਚੋਂ ਗ਼ਲਤ ਤਰੀਕੇ ਨਾਲ ਕੀਤੀ ਜਾ ਰਹੀ ਕਟੌਤੀ ਤੇ ਪੰਚਾਇਤਾਂ ਦੇ ਰੋਕੇ ਜਾ ਰਹੇ ਕੰਮਾਂ ਨੂੰ ਲੈ ਕੇ ਸੀਨੀਅਰ ਲੀਡਰਸ਼ਿਪ ਨਾਲ ਮੁਲਾਕਾਤ ਕੀਤੀ ਗਈ ਹੈ ਤੇ ਉਨ੍ਹਾਂ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਉਹ ਜਲਦ ਇਸ ਤਰ੍ਹਾਂ ਦੀਆਂ ਕੀਤੀਆਂ ਜਾ ਰਹੀਆਂ ਵਧੀਕੀਆਂ ਨੂੰ ਲੈ ਕੇ ਵੱਡਾ ਪ੍ਰੋਗਰਾਮ ਉਲੀਕਣਗੇ।

### ਪਾਵਰਕਾਮ ਪੈਨਸ਼ਨਰਾਂ ਨੇ ਮੰਗਾਂ ਮੰਨਣ ਦੀ ਕੀਤੀ ਅਪੀਲ

**ਧੂਰੀ, (ਬਿੰਨੀ ਗਰਗ)** ਪੈਨਸ਼ਨਰ ਐਸੋਸੀਏਸ਼ਨ (ਰਜਿ:) ਮੰਡਲ ਪਾਵਰਕਾਮ ਧੂਰੀ ਦੀ ਜਨਰਲ ਮੀਟਿੰਗ ਸਾਥੀ ਹਰਦੇਵ ਸਿੰਘ ਮੀਤ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੈਨਸ਼ਨਰਾਂ ਦੀਆਂ ਲਮਕ ਅਵਸਥਾ ਵਿੱਚ ਪਈਆਂ ਮੰਗਾਂ 'ਤੇ ਵਿਚਾਰ ਕੀਤਾ ਗਿਆ।ਪੈਨਸ਼ਨਰਾਂ ਦੀਆਂ 01.01.2016 ਤੋਂ ਪੈਡਿੰਗ ਡੀ.ਏ ਦੀਆਂ ਕਿਸ਼ਤਾਂ ਦਾ ਏਰੀਅਰ ਤੇ ਸਕੇਲਾਂ ਦਾ ਏਰੀਅਰ ਜੋ ਸਰਕਾਰ ਬਣਨ ਤੋਂ ਪਹਿਲਾਂ ਸਹਿਮਤੀ ਹੋਈ ਸੀ। ਇਸ ਤੋਂ ਇਲਾਵਾ 01.01.2016 ਵਿੱਚ ਸੇਵਾਮੁਕਤ ਹੋਏ ਸਾਥੀਆਂ ਦੀ ਤਰ੍ਹਾਂ 31.12.2015 ਤੋਂ ਪਹਿਲਾਂ ਸੇਵਾਮੁਕਤ ਹੋਏ ਪੈਨਸ਼ਨਰਾਂ ਨੂੰ 2.59 ਦੇ ਫ਼ਾਰਮੂਲੇ ਤਹਿਤ ਪੈਨਸ਼ਨਰਾਂ ਨੂੰ ਲਾਭ ਦਿੱਤਾ ਜਾਵੇ।ਮੈਡੀਕਲ 2000/- ਪ੍ਰਤੀ ਮਹੀਨਾ ਦਿੱਤਾ ਜਾਵੇ। ਸਟੇਟ ਕਮੇਟੀ ਨਾਲ ਗੱਲਬਾਤ ਰਾਹੀਂ ਮੰਗਾਂ ਦਾ ਨਿਪਟਾਰਾ ਕੀਤਾ ਜਾਵੇ।ਪੈਨਸ਼ਨਰਾਂ ਨੂੰ 23 ਸਾਲਾਂ ਲਾਭ ਜੋ 2018 ਤੋਂ ਪਹਿਲਾਂ ਸੇਵਾਮੁਕਤ ਹੋਏ ਹਨ, ਤੁਰੰਤ ਦਿੱਤਾ ਜਾਵੇ।

### ਮਾਤਾ ਪ੍ਰਕਾਸ਼ ਦੇਵੀ ਨਮਿਤ ਪਾਠ ਦਾ ਭੋਗ 19 ਨੂੰ



**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ)** ਕਰਿਆਨਾ ਮਰਚੈਂਟ ਸਟੋਰ ਦੇ ਅੰਮ੍ਰਿਤਪਾਲ, ਅਸ਼ੋਕ ਕੁਮਾਰ ਗੋਲੂ, ਵਿਨੋਦ ਕੁਮਾਰ ਨਿੱਕਾ ਪਰਵਾਰ ਨੂੰ ਉਸ ਸਮੇਂ ਵੱਡਾ ਸਦਮਾ ਲੱਗਾ, ਜਦੋਂ ਉਨ੍ਹਾਂ ਦੀ ਮਾਤਾ ਪ੍ਰਕਾਸ਼ ਦੇਵੀ ਦਾ ਦਿਹਾਂਤ ਹੋ ਗਿਆ।ਇਸ ਮੌਤ 'ਤੇ ਸਾਬਕਾ ਮੰਤਰੀ ਭਾਈ ਗੋਬਿੰਦ ਸਿੰਘ ਲੌਂਗੋਵਾਲ, ਭਾਈ ਬਲਵਿੰਦਰ ਸਿੰਘ ਕੈਂਬੋਵਾਲ, ਸ਼ਹੀਦ ਭਾਈ ਦਿਆਲਾ ਜੀ ਸਕੂਲ ਦੇ ਚੇਅਰਮੈਨ ਮਹਿੰਦਰ ਸਿੰਘ ਦੁੱਲਟ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਫ਼ਤਿਹ) ਦੇ ਸੀਨੀਅਰ ਮੀਤ ਪ੍ਰਧਾਨ ਅੰਮ੍ਰਿਤਪਾਲ ਸਿੰਘ ਸਿੱਧੂ, ਜ਼ਿਲ੍ਹਾ ਪ੍ਰਧਾਨ ਕਿਸਾਨ ਯੂਨੀਅਨ ਬਿਕਰਮਜੀਤ ਸਿੰਘ ਰਾਓ, ਅੰਮ੍ਰਿਤਪਾਲ ਸਿੰਗਲਾ, ਕਾਲਾ ਮਿੱਤਲ, ਸ਼੍ਰੋਮਣੀ ਅਕਾਲੀ ਦਲ (ਅ) ਦੇ ਅਮਰਜੀਤ ਸਿੰਘ ਗਿੱਲ, ਕਾ. ਬੀਬੀ ਸ਼ਮਿੰਦਰ ਕੌਰ ਗਿੱਲ, ਰਮੇਸ਼ ਸ਼ਰਮਾ, ਸੰਜੇ ਸੈਨ, ਮੇਲਾ ਸਿੰਘ ਸੂਬੇਦਾਰ, ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਗੁਰਤੇਗ ਸਿੰਘ ਲੌਂਗੋਵਾਲ ਤੋਂ ਇਲਾਵਾ ਹੋਰ ਵੱਖ-ਵੱਖ ਪਾਰਟੀ ਆਗੂਆਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਗਰੁੜ ਪੁਰਾਣ ਜੀ ਦੇ ਪਾਠ ਦਾ ਭੋਗ 19 ਜਨਵਰੀ ਨੂੰ ਸ਼ਿਵ ਮੰਦਰ ਪੱਤੀ ਸੁਨਾਮੀ ਵਿਖੇ ਪਵੇਗਾ।

## 21 ਨੂੰ ਕੱਢੀ ਜਾਵੇਗੀ ਸ੍ਰੀ ਰਾਮ ਭਗਵਾਂ ਯਾਤਰਾ



**ਬਾਘਾ ਪੁਰਾਣਾ, (ਮਨੀ ਸਿੰਗਲਾ)** ਅਯੁੱਧਿਆ 'ਚ 22 ਜਨਵਰੀ ਨੂੰ ਰਾਮ ਲੱਲਾ ਦੇ ਪ੍ਰਾਣ ਪ੍ਰਤਿਸ਼ਠਾ ਦਾ ਸੱਦਾ ਪੱਤਰ ਘਰ-ਘਰ ਜਾ ਕੇ ਦੇਣ ਲਈ ਸ੍ਰੀ ਰਾਮ ਲੀਲਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਵੱਲੋਂ ਵੱਖ-ਵੱਖ ਗਲੀਆਂ-ਮੁਹੱਲਿਆਂ ਵਿਚ ਜਾ ਕੇ ਸੱਦਾ ਪੱਤਰ ਦਿੱਤਾ ਜਾ ਰਿਹਾ ਹੈ ਤੇ ਮੈਂਬਰਾਂ ਵੱਲੋਂ ਭਗਤਾਂ ਨੂੰ ਸੰਦੇਸ਼ ਦਿੱਤਾ ਜਾ ਰਿਹਾ ਹੈ ਕਿ 22 ਜਨਵਰੀ ਨੂੰ ਆਪਣੇ ਆਪਣੇ ਘਰਾਂ ਵਿੱਚ ਦੀਪਮਾਲਾ ਕੀਤੀ ਜਾਵੇ ਅਤੇ 22 ਜਨਵਰੀ ਉਪਰੰਤ ਅਯੁੱਧਿਆਂ ਦੇ ਭਗਵਾਨ ਸ੍ਰੀ ਰਾਮ ਮੰਦਰ ਦੇ ਦਰਸ਼ਨ ਕੀਤੇ ਜਾਣ ਆਪ ਜੀ ਨੂੰ ਹਾਰਦਿਕ ਸੱਦਾ ਦਿੱਤਾ ਜਾਂਦਾ ਹੈ।

ਇਸ ਮੌਕੇ ਸ੍ਰੀ ਰਾਮ ਲੀਲਾ ਉਤਸਵ ਕਮੇਟੀ ਦੇ ਪ੍ਰਧਾਨ ਦੀਪਕ ਗਰਗ ਬੌਬੀ, ਰੌਸ਼ਨ ਲਾਲ ਰੋਸ਼ੀ, ਅਸ਼ਵਨੀ ਸ਼ਰਮਾ, ਵਿਜੇ ਸ਼ਰਮਾ ਨੇ ਕਿਹਾ ਕਿ 3610 ਕਿਲੋਗ੍ਰਾਮ ਭਾਰੀ ਅਗਰਬੱਤੀ ਗੁਜਰਾਤ ਤੋਂ ਅਯੁੱਧਿਆ ਲਿਆਂਦੀ ਜਾ ਰਹੀ ਹੈ, ਜੋ 108 ਫੁੱਟ ਲੰਬੀ ਹੈ, ਜੋ ਇਹ ਅਗਰਬੱਤੀ ਕਰੀਬ ਡੇਢ ਮਹੀਨੇ ਬਲੇਗੀ ਅਤੇ 50 ਕਿਲੋਮੀਟਰ ਦੇ ਦਾਇਰੇ ਤੱਕ ਫੈਲਾਏਗੀ ਖੁਸ਼ਬੂ ਅਤੇ ਉਨ੍ਹਾਂ ਕਿਹਾ ਕਿ 22 ਜਨਵਰੀ ਨੂੰ ਅਯੁੱਧਿਆ ਵਿਖੇ 12:30 ਵਜੇ ਪ੍ਰਾਣ ਪ੍ਰਤਿਸ਼ਠਾ ਸਮਾਗਮ ਦੀ ਸ਼ੁਰੂਆਤ ਹੋਵੇਗੀ।

ਇਸ ਮੌਕੇ ਸ੍ਰੀ ਅਨੰਦਪੁਰ ਕੁਟੀਆ ਸੱਤਸੰਤ ਆਸ਼ਰਮ ਬਾਘਾ ਪੁਰਾਣਾ ਵਿੱਚ ਵੱਡੀ ਗਿਣਤੀ ਭਗਤਾਂ ਨੇ ਪਹੁੰਚ ਸੰਕੀਰਤਨ ਕੀਤਾ ਗਿਆ।ਰਾਮਲੀਲਾ ਉਤਸਵ ਕਮੇਟੀ ਦੇ ਪ੍ਰਧਾਨ ਦੀਪਕ ਗਰਗ ਬੌਬੀ, ਅਸ਼ਵਨੀ ਸ਼ਰਮਾ, ਰੌਸ਼ਨ ਲਾਲ ਰੋਸ਼ੀ, ਸੰਦੀਪ ਠੰਡੂ, ਮਨੋਜ ਕੁਮਾਰ ਨੇ ਦੱਸਿਆ ਕਿ 22 ਜਨਵਰੀ ਨੂੰ ਅਯੁੱਧਿਆ ਵਿਖੇ ਸ੍ਰੀ ਰਾਮ ਲੱਲਾ ਦੀ ਪ੍ਰਾਣ ਪ੍ਰਤਿਸ਼ਠਾ ਹੋ ਰਹੀ ਹੈ ਅਤੇ ਅਯੁੱਧਿਆ ਵਿਖੇ 22 ਜਨਵਰੀ ਨੂੰ 12:30 ਵਜੇ ਸਮਾਗਮ ਦੀ ਸ਼ੁਰੂਆਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਸਾਰਾ ਪ੍ਰੋਗਰਾਮ ਅਯੁੱਧਿਆ ਤੋਂ ਸ੍ਰੀ ਸ਼ਿਵ ਮੰਦਿਰ ਵਿਖੇ ਐਲ.ਈ.ਡੀ ਰਾਹੀ ਭਗਤਾਂ ਨੂੰ ਲਾਈਵ ਦਿਖਾਇਆ ਜਾਵੇਗਾ ਅਤੇ ਉਨ੍ਹਾਂ ਕਿਹਾ ਕਿ 21 ਜਨਵਰੀ ਨੂੰ ਦੁਪਿਹਰ ਠੀਕ 3 ਵਜੇ ਸ੍ਰੀ ਸ਼ਿਵ ਮੰਦਿਰ ਤੋਂ ਰਾਮ ਭਗਵਾਂ ਯਾਤਰਾ ਸ੍ਰੀ ਸ਼ਿਵ ਮੰਦਿਰ ਤੋਂ ਰਵਾਨਾ ਹੋਵੇਗੀ, ਜਿੱਥੇ ਦੁਕਾਨਦਾਰ ਫੁੱਲਾਂ ਦੀ ਵਰਖਾ ਕਰਕੇ ਜ਼ੋਰਦਾਰ ਸਵਾਗਤ ਕਰਨਗੇ।

ਇਹ ਯਾਤਰਾ ਮੋਗਾ ਰੋਡ, ਕੋਟਕਪੂਰਾ ਰੋਡ, ਨਿਹਾਲ ਸਿੰਘ ਵਾਲਾ ਰੋਡ, ਮੁੱਦਕੀ ਰੋਡ ਤੋਂ ਹੁੰਦੀ ਹੋਈ ਵਾਪਸ ਸ੍ਰੀ ਸ਼ਿਵ ਮੰਦਿਰ ਵਿਖੇ ਪੁੱਜੇਗੀ। ਉਨ੍ਹਾਂ ਕਿਹਾ ਕਿ 21 ਜਨਵਰੀ ਨੂੰ ਸਵੇਰੇ 9 ਵਜੇ ਰਮਾਇਣ ਦਾ ਪ੍ਰਣ ਪਾਠ ਅਰੰਭ ਹੋਵੇਗਾ ਅਤੇ 22 ਜਨਵਰੀ ਨੂੰ ਸਵੇਰੇ ਸਮਾਪਤੀ ਹੋਵੇਗੀ ਅਤੇ ਬਾਅਦ ਵਿੱਚ ਭੋਜਨ ਵਰਤਾਇਆ ਜਾਵੇਗਾ।

## ਗਣਤੰਤਰ ਦਿਵਸ ਦੀਆਂ ਤਿਆਰੀਆਂ ਦੀ ਸਮੀਖਿਆ ਲਈ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਮੀਟਿੰਗ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਗਣਤੰਤਰ ਦਿਵਸ 2024 ਧੂਮਧਾਮ ਨਾਲ ਮਨਾਉਣ ਸਬੰਧੀ ਤਿਆਰੀਆਂ ਦੀ ਸਮੀਖਿਆ ਲਈ ਵਧੀਕ ਡਿਪਟੀ ਕਮਿਸ਼ਨਰ ਜਨਰਲ ਰਵਿੰਦਰ ਸਿੰਘ ਅਰੋੜਾ ਨੇ ਡੀਸੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ।

ਮੀਟਿੰਗ ਦੌਰਾਨ ਰਵਿੰਦਰ ਸਿੰਘ ਅਰੋੜਾ ਨੇ ਕਿਹਾ ਕਿ ਗਣਤੰਤਰ ਦਿਵਸ ਸਾਡਾ ਕੌਮੀ ਤਿਉਹਾਰ ਹੈ ਅਤੇ ਇਸ ਦਿਨ ਭਾਰਤ ਮਹਾਨ ਗਣਰਾਜ ਬਣਿਆ ਸੀ ਅਤੇ ਇਸਦਾ ਆਪਣਾ ਸੰਵਿਧਾਨ ਲਾਗੂ ਹੋਇਆ ਸੀ।ਇਸ ਲਈ ਇਹ ਦਿਨ ਕੌਮੀ ਜਜ਼ਬੇ ਅਤੇ ਧੂਮਧਾਮ ਨਾਲ ਮਨਾਇਆ ਜਾਣਾ ਹੈ।ਉਨ੍ਹਾਂ ਕਿਹਾ ਕਿ ਦੇਸ਼ ਆਜਾਦੀ ਦਾ ਅੰਮ੍ਰਿਤ ਮਹਾਂਉਤਸਵ ਵੀ ਮਨਾ ਰਿਹਾ ਹੈ, ਇਸ ਲਈ ਇਸਦੀ ਮਹੱਤਤਾ ਹੋਰ ਵਧ ਜਾਂਦੀ ਹੈ।ਇਸ ਲਈ ਸਾਰੇ ਵਿਭਾਗ ਉੱਚ ਦਰਜੇ ਦੀਆਂ ਤਿਆਰੀਆਂ ਕਰਨ ਤਾਂ ਜੁ ਇਹ ਦਿਨ ਯਾਦਗਾਰੀ ਢੰਗ ਨਾਲ ਮਨਾਇਆ ਜਾ ਸਕੇ।

ਵਧੀਕ ਡਿਪਟੀ ਕਮਿਸ਼ਨਰ ਨੇ ਪੁਲਿਸ ਨੂੰ ਸੁਰੱਖਿਆ ਤੇ ਟ੍ਰੈਫ਼ਿਕ ਪ੍ਰਬੰਧ ਕਰਨ ਲਈ ਕਿਹਾ, ਜਦੋਂ ਕਿ ਸਿਹਤ ਵਿਭਾਗ ਨੂੰ ਮੈਡੀਕਲ ਟੀਮਾਂ ਦੀ ਤਾਇਨਾਤੀ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨਗਰ ਕੌਂਸਲ ਨੂੰ ਸਾਫ਼-ਸਫ਼ਾਈ ਵਿਵਸਥਾ ਠੀਕ ਰੱਖਣ ਲਈ ਕਿਹਾ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮੌਕੇ ਪੰਜਾਬ ਦੇ ਵਿਰਸੇ ਨੂੰ ਵਿਖਾਉਂਦਾ ਅਤੇ ਦੇਸ਼ ਭਗਤੀ ਦੇ ਜਜ਼ਬੇ ਵਾਲਾ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਲਈ ਤਿਆਰੀਆਂ ਜਾਰੀ ਹਨ।ਉਨ੍ਹਾਂ ਨੇ ਕਿਹਾ ਕਿ ਇਸ ਮੌਕੇ ਵੱਖ-ਵੱਖ ਵਿਭਾਗਾਂ ਵੱਲੋਂ ਆਪਣੀਆਂ ਸਕੀਮਾਂ ਅਤੇ ਪ੍ਰੋਗਰਾਮਾਂ ਸਬੰਧੀ ਝਾਕੀਆਂ ਵੀ ਸਜਾਈਆਂ ਜਾਣਗੀਆਂ।

## ਡੀ ਐੱਸ ਪੀ ਦਫ਼ਤਰ ਅੱਗੇ ਚੱਲ ਰਹੇ ਪੱਕੇ ਮੋਰਚੇ ਵੱਲੋਂ ਸ਼ਹਿਰ 'ਚ ਰੋਸ ਮੁਜ਼ਾਹਰਾ




**ਬੁਢਲਾਡਾ (ਅਸ਼ੋਕ ਲਾਕੜਾ)** ਡੀ ਐੱਸ ਪੀ ਦਫ਼ਤਰ ਬੁਢਲਾਡਾ ਸਾਹਮਣੇ ਪਿੰਡ ਕੁਲਰੀਆਂ ਦੇ ਕਿਸਾਨਾਂ ਦੇ ਹੱਕ ਵਿੱਚ ਲੱਗਾ ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਦਾ ਪੱਕਾ ਮੋਰਚਾ ਪੰਜਵੇਂ ਦਿਨ ਵੀ ਜਾਰੀ ਰਿਹਾ, ਜਿਸ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਸਮੇਤ ਔਰਤਾਂ ਅਤੇ ਬੱਚਿਆਂ ਨੇ ਵੀ ਸ਼ਮੂਲੀਅਤ ਕੀਤੀ। ਮੋਰਚੇ ਵਿੱਚ ਕਪੂਰਥਲਾ ਤੋਂ ਅਵਤਾਰ ਸਿੰਘ ਸੈਦੋਵਾਲ, ਮੋਗਾ ਤੋਂ ਸੁਖਚੈਨ ਸਿੰਘ ਰਾਜੂ ਅਤੇ ਮੋਹਾਲੀ ਤੋਂ ਪ੍ਰਦੀਪ ਮਿੱਤਲ ਦੀ ਅਗਵਾਈ ਵਿੱਚ ਕਿਸਾਨਾਂ ਦੇ ਕਾਫ਼ਲੇ ਸ਼ਾਮਲ ਹੋਏ।

ਧਰਨਾਕਾਰੀਆਂ ਵੱਲੋਂ ਕੜਾਕੇ ਦੀ ਠੰਢ ਵਿੱਚ ਬੁਢਲਾਡਾ ਸ਼ਹਿਰ ਵਿੱਚ ਭਾਰੀ ਰੋਸ ਮੁਜ਼ਾਹਰਾ ਕਰਕੇ ਪੁਲਿਸ ਪ੍ਰਸ਼ਾਸਨ ਅਤੇ ਹਲਕਾ ਵਿਧਾਇਕ ਬੁੱਧ ਰਾਮ ਦੇ ਵਿਰੋਧ ਵਿੱਚ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਨੇ ਦੋਸ਼ ਲਾਇਆ ਕਿ ਕੁਲਰੀਆਂ ਦੇ ਕਿਸਾਨ ਸੀਤਾ ਸਿੰਘ ਅਤੇ ਉਸਦੇ ਪੁੱਤਰ ਗੁਰਪ੍ਰੀਤ ਸਿੰਘ 'ਤੇ ਕੁਲਰੀਆਂ ਦੇ ਰਾਜੂ ਸਰਪੰਚ ਅਤੇ ਉਸਦੇ ਗਿਰੋਹ ਵੱਲੋਂ ਕੀਤਾ ਹਮਲਾ ਹਲਕਾ ਵਿਧਾਇਕ ਦੀ ਸ਼ਹਿ 'ਤੇ ਕੀਤਾ ਗਿਆ ਹੈ, ਜਿਸਦੇ ਦਬਾਅ ਹੇਠ ਪੁਲਸ ਪ੍ਰਸ਼ਾਸਨ ਵੱਲੋਂ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਤੋਂ ਲਗਾਤਾਰ ਟਾਲਾ ਵੱਟਿਆ ਜਾ ਰਿਹਾ ਹੈ। ਲੰਘੀ 15 ਦਸੰਬਰ ਤੋਂ ਲੱਗਣ ਵਾਲਾ ਇਹ ਮੋਰਚਾ ਭਾਂਵੇ ਜ਼ਿਲ੍ਹਾ ਪੁਲਸ ਮੁਖੀ ਦੇ ਭਰੋਸੇ ਤੋਂ ਬਾਅਦ ਮੁਲਤਵੀ ਕਰ ਦਿੱਤਾ ਗਿਆ ਸੀ, ਪ੍ਰੰਤੂ ਪੁਲਸ ਵੱਲੋਂ ਲਏ ਗਏ ਇੱਕ ਹਫ਼ਤੇ ਦੀ ਬਜਾਏ ਤਿੰਨ ਹਫ਼ਤੇ ਬੀਤਣ 'ਤੇ ਵੀ ਕੋਈ ਕਾਰਵਾਈ ਨਾ ਕੀਤੀ ਤਾਂ ਮਜਬੂਰਨ ਕਿਸਾਨਾਂ ਵੱਲੋਂ ਸੰਘਰਸ਼ ਦਾ ਬਿਗਲ ਵਜਾਇਆ ਗਿਆ ਹੈ ।

ਇਕੱਠ ਨੂੰ ਸੰਬੋਧਨ ਕਰਨ ਵਾਲੇ ਮੁੱਖ ਆਗੂਆਂ ਵਿੱਚ ਜਥੇਬੰਦੀ ਦੇ ਸੂਬਾ ਪ੍ਰੈੱਸ ਸਕੱਤਰ ਅੰਗਰੇਜ਼ ਸਿੰਘ ਮੋਹਾਲੀ, ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਮੱਖਣ ਸਿੰਘ ਭੈਣੀ ਬਾਘਾ, ਕੁਲਵੰਤ ਸਿੰਘ ਕਿਸ਼ਨਗੜ੍ਹ ਤੋਂ ਇਲਾਵਾ ਗੁਰਦੀਪ ਸਿੰਘ ਖੁੱਡੀਆਂ, ਕੁਲਵਿੰਦਰ ਚਹਿਲ ਕਪੂਰਥਲਾ, ਜੋਰਾ ਸਿੰਘ ਫ਼ਰੀਦਕੋਟ, ਮਾਨਸਾ ਜ਼ਿਲ੍ਹੇ ਦੇ ਲਖਵੀਰ ਸਿੰਘ ਅਕਲੀਆ, ਬਲਵਿੰਦਰ ਸ਼ਰਮਾ, ਦੇਵੀ ਰਾਮ ਰੰਗੜਿਆਲ, ਸੱਤਪਾਲ ਸਿੰਘ ਵਰ੍ਹੇ, ਬਲਜੀਤ ਸਿੰਘ ਭੈਣੀ ਬਾਘਾ, ਤਾਰਾ ਚੰਦ ਬਰੇਟਾ, ਜਗਦੀਤ ਸਿੰਘ ਹਸਨਪੁਰ ਤੇ ਸੁਰਜੀਤ ਕੌਰ ਕਿਸ਼ਨਗੜ੍ਹ ਆਦਿ ਨੇ ਸੰਬੋਧਨ ਕੀਤਾ।

## 'ਵਰਸਿਟੀ ਦੀ ਗ਼ਲਤੀ ਦਾ ਲਾਭ ਪੇਪਰ ਦੇਣ ਵਾਲਿਆਂ ਨੂੰ ਮਿਲੇ : ਆਗੂ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਪਿਛਲੇ ਦਿਨੀਂ 7 ਜਨਵਰੀ ਨੂੰ ਬਾਬਾ ਫ਼ਰੀਦ ਯੂਨੀਵਰਸਿਟੀ ਨੇ ਸਿਹਤ ਵਿਭਾਗ ਦੇ ਵਿੱਚ ਮਲਟੀਪਰਪਜ਼ ਹੈਲਥ ਵਰਕਰ ਫੀਮੇਲ ਦੀ ਰੈਗੂਲਰ ਭਰਤੀ ਲਈ ਇੱਕ ਪੇਪਰ ਫ਼ਰੀਦਕੋਟ ਦੇ ਵੱਖ-ਵੱਖ ਸੈਂਟਰਾਂ 'ਤੇ ਲਿਆ, ਜਿਸ ਵਿੱਚ ਪੰਜਾਬ ਤੋਂ 7 ਹਜ਼ਾਰ ਦੇ ਕਰੀਬ ਉਮੀਦਵਾਰ ਇਹ ਪੇਪਰ ਦੇਣ ਲਈ ਪਹੁੰਚੇ।ਇਸ ਮੌਕੇ ਯੂਨੀਵਰਸਿਟੀ ਨੇ ਚਾਰ ਪੰਜ ਸਵਾਲਾਂ ਦੇ ਉੱਤਰ ਸਿਲੇਬਸ ਮੁਤਾਬਕ ਉੱਤਰ ਗ਼ਲਤ ਕਰਾਰ ਦਿੱਤੇ, ਜਿਸ ਕਾਰਨ ਉਥੇ ਗਏ ਉਮੀਦਵਾਰਾਂ ਦੇ ਵਿੱਚ ਵਿਆਪਕ ਰੋਸ ਪੈਦਾ ਹੋ ਗਿਆ।ਇਸ ਸਬੰਧੀ ਮੁਲਾਜ਼ਮਾਂ ਦੀ ਸਿਹਤ ਵਿਭਾਗ ਦੇ ਮੁਲਾਜ਼ਮਾਂ ਦੀ ਪ੍ਰਮੁੱਖ ਜਥੇਬੰਦੀ ਮਲਟੀਪਰਪਜ ਹੈਲਥ ਇੰਪਲਾਈਜ਼ ਮੇਲ ਫੀਮੇਲ ਯੂਨੀਅਨ ਪੰਜਾਬ ਦੇ ਕਨਵੀਨਰ ਮਨਜੀਤ ਕੌਰ ਫ਼ਰੀਦਕੋਟ, ਗੁਰਦੇਵ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਮੰਗਵਾਲ, ਲਖਵਿੰਦਰ ਕੌਰ ਜੋਹਲ ਅਤੇ ਸਲਾਹਕਾਰ ਜਸਬੀਰ ਕੌਰ ਮੂਨਕ, ਸੀਨੀਅਰ ਮੀਤ ਪ੍ਰਧਾਨ ਪ੍ਰਭਜੀਤ ਵੇਰਕਾ, ਸੁਖਜੀਤ ਸਿੰਘ ਸੇਖੋਂ, ਨਰਿੰਦਰ ਸ਼ਰਮਾ, ਅਵਤਾਰ ਸਿੰਘ ਗੰਢੂਆ, ਰਣਦੀਪ ਸਿੰਘ ਫ਼ਤਿਹਗੜ੍ਹ, ਗਗਨਦੀਪ ਸਿੰਘ ਖਾਲਸਾ, ਸੁਖਜਿੰਦਰ ਸਿੰਘ ਫਾਜ਼ਿਲਕਾ, ਚੰਦ ਸਿੰਘ ਬਠਿੰਡਾ, ਹਰਜਿੰਦਰ ਸਿੰਘ ਬਰਨਾਲਾ, ਦਿਲਜੀਤ ਸਿੰਘ ਢਿੱਲੋਂ, ਜਗਤਾਰ ਸਿੰਘ ਪਟਿਆਲਾ, ਜਸਵਿੰਦਰ ਸਿੰਘ ਪੰਧੇਰ, ਬਲਜੀਤ ਕਪੂਰਥਲਾ, ਦਰਸ਼ਨ ਰੋਪੜ, ਲਖਵਿੰਦਰ ਮੋਰਿੰਡਾ, ਨਿਸ਼ਾਨ ਸਿੰਘ ਗੁਰਦਾਸਪੁਰ, ਅਮਿਤਪਾਲ ਮਲੇਰਕੋਟਲਾ, ਅਲਤਾਫ ਮਲੇਰਕੋਟਲਾ ਤੇ ਹੋਰ ਆਗੂਆਂ ਨੇ ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਤੋਂ ਮੰਗ ਕੀਤੀ ਕਿ ਉਹ ਫੌਰੀ ਇਸ ਮਾਮਲੇ ਵਿੱਚ ਦਾਖਲ ਦੇ ਕੇ ਯੂਨੀਵਰਸਿਟੀ ਤੋਂ ਇਸ ਗ਼ਲਤੀ ਦੇ ਗ੍ਰੇਸ ਨੰਬਰ ਵਿਦਿਆਰਥੀਆਂ ਨੂੰ ਦਬਾਉਣ ਯੂਨੀਵਰਸਿਟੀ ਦੇ ਅਧਿਕਾਰੀ ਵੀ ਰਿਜ਼ਲਟ ਨੂੰ ਦੂਰ ਕਰਕੇ ਵਿਦਿਆਰਥੀਆਂ ਦੇ ਨੰਬਰ ਲਾਉਣ। ਆਗੂਆਂ ਨੇ ਕਿਹਾ ਕਿ ਜੇਕਰ ਯੂਨੀਵਰਸਿਟੀ ਨੇ ਆਪਣੀ ਗ਼ਲਤੀ ਨਾਲ ਸੁਧਾਰੀ ਤਾਂ ਅਗਲੇ ਹਫ਼ਤੇ ਸਾਡੀ ਜਥੇਬੰਦੀ ਮਲਟੀਪਰਪਜ ਹੈਲਥ ਇੰਪਲਾਈਜ਼ ਮੇਲ ਫੀਮੇਲ ਯੂਨੀਅਨ ਵੱਲੋਂ ਯੂਨੀਵਰਸਿਟੀ ਅੱਗੇ ਨੁਮਾਇੰਦਾ ਰੋਸ ਮੁਜ਼ਾਹਰਾ ਕੀਤਾ ਜਾਵੇਗਾ।

## ਲੋਕ ਭਲਾਈ ਸਕੀਮਾਂ ਨੂੰ ਬਜ਼ੁਰਗ ਤੇ ਦਿਵਿਆਂਗ ਤੱਕ ਪੁਚਾਉਣਾ ਬਣਾਇਆ ਜਾਵੇ ਯਕੀਨੀ : ਵਧੀਕ ਡਿਪਟੀ ਕਮਿਸ਼ਨਰ



**ਸੰਗਤ ਮੰਡੀ, (ਰਾਜਦੀਪ ਜੋਸ਼ੀ)**- ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਪੂਨਮ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ 'ਚ ਆਰਪੀਡਬਲਿਯੂਡੀ ਐਕਟ, ਦਿਵਿਆਂਗ ਤੇ ਸੀਨੀਅਰ ਸਿਟੀਜਨਜ਼ ਦੀਆਂ ਸਮੱਸਿਆਵਾਂ ਦੇ ਮੱਦੇਨਜ਼ਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਸਮੀਖਿਆ ਬੈਠਕ ਕੀਤੀ।ਇਸ ਮੌਕੇ ਉਨ੍ਹਾਂ ਜਿੱਥੇ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ, ਉੱਥੇ ਸਮਾਜ ਸੇਵੀ ਸੰਸਥਾਵਾਂ ਤੋਂ ਲੋੜੀਂਦੇ ਸੁਝਾਅ ਵੀ ਲਏ।

ਬੈਠਕ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਰਕਾਰ ਦੀਆਂ ਸਕੀਮਾਂ ਨੂੰ ਜ਼ਮੀਨੀ ਪੱਧਰ ਉੱਤੇ ਬਜ਼ੁਰਗ ਤੇ ਦਿਵਿਆਂਗ ਤੱਕ ਪੁਚਾਉਣਾ ਯਕੀਨੀ ਬਣਾਇਆ ਜਾਵੇ ਤਾਂ ਜੁ ਕੋਈ ਵੀ ਯੋਗ ਲਾਭਪਾਤਰੀ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਤਰ੍ਹਾਂ ਦੀਆਂ ਲੋਕ ਭਲਾਈ ਸਕੀਮਾਂ ਤੋਂ ਵਾਝਾਂ ਨਾ ਰਹਿ ਸਕੇ।ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਦਫ਼ਤਰਾਂ 'ਚ ਆਉਣ ਵਾਲੇ ਸਾਰੇ ਬਜ਼ੁਰਗਾਂ ਤੇ ਦਿਵਿਆਂਗ ਵਿਅਕਤੀਆਂ ਨੂੰ ਮਾਣ-ਸਤਿਕਾਰ ਦਿੱਤਾ ਜਾਵੇ ਤੇ ਉਨ੍ਹਾਂ ਦੇ ਕੰਮ ਨੂੰ ਪਹਿਲ ਦੇ ਆਧਾਰ 'ਤੇ ਕਰਨਾ ਲਾਜ਼ਮੀ ਬਣਾਇਆ ਜਾਵੇ।

ਇਸ ਦੌਰਾਨ ਮੈਡਮ ਪੂਨਮ ਸਿੰਘ ਨੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਰੇਲਵੇ ਵਿਭਾਗ ਨਾਲ ਤਾਲਮੇਲ ਕਰਕੇ ਬਜ਼ੁਰਗਾਂ ਤੇ ਦਿਵਿਆਂਗ ਵਿਅਕਤੀਆਂ ਲਈ ਪਲੇਟਫਾਰਮਾਂ ਤੇ ਲਿਫ਼ਟ ਦਾ ਪ੍ਰਬੰਧ ਕਰਨਾ ਯਕੀਨੀ ਬਣਾਇਆ ਜਾਵੇਗਾ ਤਾਂ ਜੁ ਉਨ੍ਹਾਂ ਨੂੰ ਕੋਈ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।ਇਸ ਦੌਰਾਨ ਉਨ੍ਹਾਂ ਕਿਹਾ ਕਿ ਸ਼ਹਿਰ ਚ ਰੇਲਵੇ, ਬੱਸ ਸਟੈਂਡ, ਹਨੂੰਮਾਨ ਚੌਕ ਤੋਂ ਇਲਾਵਾਂ ਢੁੱਕਵੀਆਂ ਥਾਂਵਾਂ ਦਾ ਪ੍ਰਬੰਧ ਕੀਤਾ ਜਾਵੇ, ਜਿੱਥੇ ਬਜ਼ੁਰਗਾਂ ਦੀ ਮੱਦਦ ਲਈ ਹੈਲਪਲਾਇਨ ਨੰਬਰ ਲਈ ਵੱਖ-ਵੱਖ ਤਰ੍ਹਾਂ ਦੇ ਸਾਇਨ ਬੋਰਡ ਲਾਏ ਜਾਣ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਸੀਨੀਅਰ ਸਿਟੀਜ਼ਨਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ, ਜਿਨ੍ਹਾਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿਵਾਇਆ ਗਿਆ।ਉਨ੍ਹਾਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨੂੰ ਹਦਾਇਤ ਕਰਦਿਆਂ ਕਿਹਾ ਕਿ ਸੀਨੀਅਰ ਸਿਟੀਜ਼ਨਾਂ ਨਾਲ ਤਾਲਮੇਲ ਕਰਕੇ ਬਜ਼ੁਰਗਾਂ ਤੇ ਦਿਵਿਆਂਗ ਵਿਅਕਤੀਆਂ ਦੀ ਮੱਦਦ ਲਈ ਐਕਸ਼ਨ ਪਲਾਨ ਤਿਆਰ ਕਰਨਾ ਯਕੀਨੀ ਬਣਾਉਣ।

ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਮੈਡਮ ਜਸਬੀਰ ਕੌਰ, ਸੁਪਰਡੈਂਟ ਮੈਡਮ ਗੁਲਸ਼ਨ ਮਹਿਤਾ ਤੋਂ ਇਲਾਵਾ ਪੁਲਿਸ, ਸਿਹਤ, ਸਿੱਖਿਆ ਤੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਹਾਜ਼ਰ ਸਨ।

## ਭਾਰਤੀ ਕਿਸਾਨ ਯੂਨੀਅਨ ਮਾਨਸਾ ਦੀ ਮੀਟਿੰਗ ਹੋਈ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਭਾਰਤੀ ਕਿਸਾਨ ਯੂਨੀਅਨ ਮਾਨਸਾ ਪੰਜਾਬ ਦੀ ਇਕਾਈ ਬਲਾਕ ਗਿੱਦੜਬਾਹਾ ਤੇ ਲੰਬੀ ਦੀ ਮੀਟਿੰਗ ਬਲਾਕ ਪ੍ਰਧਾਨ ਸੁਖਮੰਦਰ ਸਿੰਘ ਅਤੇ ਬਲਵਿੰਦਰ ਸਿੰਘ ਬਲਾਕ ਪ੍ਰੈਸ ਸਕੱਤਰ ਦੀ ਅਗਵਾਈ ਵਿੱਚ ਦਾਣਾ ਮੰਡੀ ਗਿੱਦੜਬਾਹਾ ਵਿਖੇ ਹੋਈ।

ਮੀਟਿੰਗ ਵਿੱਚ ਸੂਬਾ ਜਰਨਲ ਸਕੱਤਰ ਬੇਅੰਤ ਸਿੰਘ ਮਹਿਮਾ ਸਰਜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਇਸ ਮੌਕੇ ਪ੍ਰਧਾਨ ਸੁਖਮੰਦਰ ਸਿੰਘ, ਬਲਜਿੰਦਰ ਸਿੰਘ, ਬਲਵਿੰਦਰ ਸਿੰਘ ਕੱਖਾਂਵਾਲੀ ਅਤੇ ਬੇਅੰਤ ਸਿੰਘ ਤੋਂ ਇਲਾਵਾ ਕਿਸਾਨ ਆਗੂਆਂ ਨੇ ਆਪਣੇ ਸੰਬੋਧਨ ਵਿੱਚ ਕਿਸਾਨ ਮਜ਼ਦੂਰ ਏਕਤਾ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਪੰਜਾਬ ਦੀਆਂ ਪੰਜ ਕਿਸਾਨ ਜਥੇਬੰਦੀਆਂ ਵੱਲੋਂ ਪੰਜਾਬ ਦੇ ਪਾਣੀਆਂ ਦੀ ਰਾਖੀ, ਵਾਤਾਵਰਣ ਬਚਾਉਣ, ਸੰਘੀ ਢਾਂਚੇ ਤੋਂ ਬਚਾਉਣਾ ਕਿਸਾਨ ਮਜ਼ਦੂਰਾਂ ਦੇ ਸਮੁੱਚੇ ਕਰਜ਼ੇ ਤੋਂ ਮੁਕਤੀ ਕਰਾਉਣ ਨੂੰ ਲੈ ਕੇ 18 ਜਨਵਰੀ ਤੋਂ ਚੰਡੀਗੜ੍ਹ ਵਿਖੈ ਪੱਕਾ ਮੋਰਚਾ ਲਾਇਆ ਜਾ ਰਿਹਾ ਹੈ।

ਇਸ ਮੌਕੇ ਉਨ੍ਹਾਂ ਚੰਡੀਗੜ੍ਹ ਮੋਰਚੇ ਵਿੱਚ ਵੱਧ ਤੋਂ ਵੱਧ ਕਿਸਾਨ ਮਜ਼ਦੂਰਾਂ ਨੂੰ ਟਰੈਕਟਰ-ਟਰਾਲੀਆਂ ਲੈ ਕੇ ਸਮੂਲੀਅਤ ਕਰਨ ਲਈ ਅਪੀਲ ਕਰਦਿਆਂ ਕਿਹਾ ਕਿ ਆਪਣੀਆਂ ਹੱਕੀ ਮੰਗਾਂ ਲਈ ਸਾਨੂੰ ਸੰਘਰਸ਼ ਦੇ ਰਾਹ 'ਤੇ ਤੁਰਨ ਦੀ ਮੁੱਖ ਲੋੜ ਹੈ। ਇਸ ਮੌਕੇ ਬਲਦੇਵ ਸਿੰਘ ਬੁੱਟਰ ਬਖੂਆ, ਰਵਿੰਦਰ ਸਿੰਘ, ਬੋਹੜ ਸਿੰਘ ਚੁੱਧੇ ਕਲਾਂ, ਨਰਿੰਦਰ ਸਿੰਘ, ਨੱਢਾ ਸਿੰਘ ਗਿੱਦੜਬਾਹਾ, ਗੁਰਪਿਆਰ ਸਿੰਘ ਕੱਖਾਂਵਾਲੀ, ਸੁਖਦੇਵ ਸਿੰਘ ਬੱਲੂਆਣਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

## ਸਿਹਤ ਤੇ ਸਿੱਖਿਆ ਦੇ ਖੇਤਰ 'ਚ ਲਿਆਂਦੀਆਂ ਜਾ ਰਹੀਆਂ ਹਨ ਅਹਿਮ ਤੇ ਕ੍ਰਾਂਤੀਕਾਰੀ ਤਬਦੀਲੀਆਂ : ਜਗਰੂਪ ਸਿੰਘ ਗਿੱਲ



**ਬਠਿੰਡਾ, (ਰਾਜਦੀਪ ਜੋਸ਼ੀ)** ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸਿਹਤ ਅਤੇ ਸਿੱਖਿਆ ਦੇ ਖੇਤਰ 'ਚ ਅਹਿਮ ਤੇ ਕ੍ਰਾਂਤੀਕਾਰੀ ਤਬਦੀਲੀਆਂ ਲਿਆਂਦੀਆਂ ਜਾ ਰਹੀਆਂ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਬਠਿੰਡਾ (ਸ਼ਹਿਰੀ) ਦੇ ਵਿਧਾਇਕ ਜਗਰੂਪ ਸਿੰਘ ਗਿੱਲ ਨੇ ਸਥਾਨਕ ਪਰਸ ਰਾਮ ਨਗਰ (ਅਰਜਨ ਨਗਰ) ਵਿਖੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਦਾ ਉਦਘਾਟਨ ਕਰਨ ਮੌਕੇ ਕੀਤਾ। ਇਸ ਤੋਂ ਪਹਿਲਾਂ ਗਿੱਲ ਨੇ ਸਰਹੰਦ ਕਨਾਲ ਦੇ ਨਾਲ ਉੱਡੀਆਂ ਕਲੋਨੀ ਤੋਂ ਲੈ ਕੇ ਰਿੰਗ ਰੋਡ ਤੱਕ 4 ਕਿਲੋਮੀਟਰ ਲੰਬਾਈ ਵਾਲੇ ਸਾਈਕਲ 'ਤੇ ਪੈਦਲ ਟਰੈਕ ਦਾ ਉਦਘਾਟਨ ਵੀ ਕੀਤਾ। ਇਸ ਮੌਕੇ ਉਨ੍ਹਾਂ ਦੇ ਕਮਿਸ਼ਨਰ ਨਗਰ ਨਿਗਮ ਸ੍ਰੀ ਰਾਹੁਲ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

ਜਗਰੂਪ ਸਿੰਘ ਗਿੱਲ ਨੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਦਾ ਉਦਘਾਟਨ ਕਰਨ ਮੌਕੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਕੇ ਪ੍ਰਾਈਵੇਟ ਤੇ ਮਾਡਲ ਸਕੂਲਾਂ ਨਾਲੋਂ ਬੇਹਤਰ ਸਹੂਲਤਾਂ ਮੁਹੱਈਆ ਕਰਾ ਰਹੀ ਹੈ। ਉਨ੍ਹਾਂ ਸਕੂਲ ਸਟਾਫ਼ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਉਹ ਵਿਦਿਆਰਥੀਆਂ ਦੇ ਸੁਨਿਹਰੀ ਭਵਿੱਖ ਲਈ ਹੋਰ ਮਿਹਨਤ ਕਰਨ।

ਇਸ ਮੌਕੇ ਵਿਧਾਇਕ ਨੇ ਦੱਸਿਆ ਕਿ ਸੂਬਾ ਸਰਕਾਰ ਵਲੋਂ ਇਸ ਸਕੂਲ ਦੀ ਉਸਾਰੀ ਲਈ 507.00 ਲੱਖ ਰੁਪਏ ਉਪਲਬਧ ਕਰਾਏ ਗਏ ਸਨ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਨੇ ਪਰਸ ਰਾਮ ਨਗਰ ਵਿਖੇ 2.209 ਏਕੜ ਜਗ੍ਹਾ ਤਕਰੀਬਨ 2 ਕਰੋੜ ਰੁਪਏ ਵਿੱਚ ਖਰੀਦੀ ਗਈ ਅਤੇ ਜਿਸ 'ਤੇ ਇਹ 2 ਮੰਜ਼ਲਾ ਬਹੁਤ ਹੀ ਸ਼ਾਨਦਾਰ ਸਮਾਰਟ ਸਕੂਲ ਬਣਾਇਆ ਗਿਆ ਹੈ।

ਇਸ ਤੋਂ ਪਹਿਲਾਂ ਵਿਧਾਇਕ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬਠਿੰਡਾ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਕਿਸ ਵੀ ਤਰ੍ਹਾਂ ਦੀ ਕੋਈ ਕਸਰ ਨਹੀਂ ਛੱਡੀ ਜਾਵੇਗੀ। ਉਨ੍ਹਾਂ ਦੱਸਿਆ ਕਿ ਬਠਿੰਡਾ ਵਿਖੇ 2 ਕਰੋੜ 60 ਲੱਖ ਦੀ ਲਾਗਤ ਨਾਲ ਨੇਚਰ ਪਾਰਕ, ਜਨਤਾ ਨਗਰ ਦਾ ਪੁਲ਼ ਜੋ ਬਹੁਤ ਹੀ ਪੁਰਾਣਾ ਹੋ ਚੁੱਕਾ ਸੀ, ਨੂੰ 50 ਕਰੋੜ ਰੁਪਏ ਦੀ ਲਾਗਤ ਨਾਲ 33 ਫੁੱਟ ਚੌੜਾ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਲਾਇਨੋਂ ਪਾਰ ਖੇਤਰ ਦੇ ਵਸਨੀਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਦੂਰ ਕੀਤਾ ਜਾਵੇਗਾ।

ਇਸ ਦੌਰਾਨ ਉਨ੍ਹਾਂ ਕਿਹਾ ਕਿ 2.54 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਇਹ ਸਾਈਕਲ ਟਰੈਕ ਖਾਸ ਕਰਕੇ ਲਾਇਨੋ ਪਾਰ ਖੇਤਰ ਦੇ ਵਸਨੀਕਾਂ ਲਈ ਲਾਹੇਵੰਦ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਇੱਥੇ ਸੈਰ ਕਰਨ ਨਾਲ ਜਿੱਥੇ ਲੋਕ ਸਿਹਤਮੰਦ ਹੋਣਗੇ, ਉੱਥੇ ਹੀ ਉਹ ਕੁਦਰਤੀ ਵਾਤਾਵਰਣ ਦੀ ਸ਼ੁੱਧਤਾ ਦਾ ਵੀ ਆਨੰਦ ਮਾਣ ਸਕਣਗੇ। ਉਨ੍ਹਾਂ ਕਿਹਾ ਕਿ ਉਡੀਆ ਕਲੋਨੀ ਤੋਂ ਲੈ ਕੇ ਰਿੰਗ ਰੋਡ ਤੱਕ ਬਣਾਏ ਗਏ ਇਸ 4 ਕਿਲੋਮੀਟਰ ਲੰਬਾਈ ਵਾਲੇ ਟਰੈਕ 'ਤੇ ਸੈਰ ਕਰਨ ਵਾਲੇ ਲੋਕਾਂ ਲਈ ਆਰਾਮ ਕਰਨ ਵਾਸਤੇ ਬੈਂਚ ਅਤੇ ਲਾਇਟਾਂ ਆਦਿ ਦੀ ਸਹੂਲਤ ਵੀ ਮੁਹੱਈਆ ਕਰਾਈ ਗਈ ਹੈ।

## ਪੀ ਐੱਮ ਵਿਸ਼ਵਕਰਮਾ ਡਿਸਟ੍ਰਿਕਟ ਇੰਪਲੀਮੈਂਟੇਸ਼ਨ ਕਮੇਟੀ ਦੀ ਮੀਟਿੰਗ



**ਮੋਗਾ (ਅਮਰਜੀਤ ਬੱਬਰੀ)**-ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਪੀਐਮ ਵਿਸ਼ਵਕਰਮਾ ਸਕੀਮ ਦੀ ਜ਼ਿਲ੍ਹਾ ਮੋਗਾ ਵਿੱਚ ਵੱਖ-ਵੱਖ ਤਰ੍ਹਾਂ ਦੇ 18 ਕਿੱਤਿਆਂ ਨਾਲ ਜੁੜੇ ਹਸਤਕਾਰਾਂ ਦੀ ਰਜਿਸਟ੍ਰੇਸ਼ਨ ਦਾ ਕੰਮ ਸ਼ੁਰੂ ਹੋ ਗਿਆ ਹੈ।ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਸਕੀਮ ਤਹਿਤ ਬਣਾਈ ਗਈ ਡਿਸਟ੍ਰਿਕਟ ਇੰਪਲੀਮੈਂਟੇਸ਼ਨ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ।

ਪੀ.ਐਮ. ਵਿਸ਼ਵਕਰਮਾ ਸਕੀਮ ਤਹਿਤ ਵੱਖ-ਵੱਖ ਉਮੀਦਵਾਰਾਂ ਦੀਆਂ ਹੁਣ ਤੱਕ 117 ਅਰਜ਼ੀਆਂ ਆਈਆਂ ਸਨ, ਜਿਨ੍ਹਾਂ ਨੂੰ ਡਿਪਟੀ ਕਮਿਸ਼ਨਰ ਵੱਲੋਂ ਅਗਲੇਰੀ ਕਾਰਵਾਈ ਲਈ ਮਨਜ਼ੂਰੀ ਦੇ ਦਿੱਤੀ ਗਈ ਹੈ।ਉਨ੍ਹਾਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਇਸ ਸਕੀਮ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ ਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ।ਸਕੀਮ ਤਹਿਤ ਹਸਤ ਕਲਾਕਾਰਾਂ ਨੂੰ ਇਕ ਪੋਰਟਲ ਉੱਤੇ ਰਜਿਸਟਰ ਕਰਾਇਆ ਜਾ ਰਿਹਾ ਹੈ।ਰਜਿਸਟ੍ਰੇਸ਼ਨ ਦਾ ਕੰਮ ਜ਼ਿਲ੍ਹਾ ਮੋਗਾ ਵਿੱਚ ਚੱਲ ਰਹੇ 300 ਤੋਂ ਵਧੇਰੇ ਕਾਮਨ ਸਰਵਿਸ ਸੈਂਟਰਾਂ ਉੱਤੇ ਜਾਰੀ ਹੈ।ਰਜਿਸਟ੍ਰੇਸ਼ਨ ਦਾ ਇਹ ਡਾਟਾ ਜ਼ਿਲ੍ਹਾ ਉਦਯੋਗ ਕੇਂਦਰ ਵਿੱਚ ਇਕੱਠਾ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਕਮੇਟੀ ਨੂੰ ਨਿਰਦੇਸ਼ ਜਾਰੀ ਕੀਤੇ ਕਿ 18 ਕਿੱਤਿਆਂ ਨਾਲ ਜੁੜੇ ਹਸਤਕਾਰਾਂ ਦੀ ਸੌ ਫ਼ੀਸਦੀ ਰਜਿਸਟ੍ਰੇਸ਼ਨ ਨੂੰ ਯਕੀਨੀ ਬਣਾਉਣ ਦੇ ਯਤਨ ਕੀਤੇ ਜਾਣ।ਇਸ ਸਕੀਮ ਦੇ ਵਿੱਚ ਵਿਸ਼ਵਕਰਮੀਆਂ ਨੂੰ ਉਨ੍ਹਾਂ ਦੇ ਕਿੱਤੇ ਵਿੱਚ ਹੋਰ ਨਿਪੁੰਨਤਾ ਲਿਆਉਣ ਲਈ ਟ੍ਰੇਨਿੰਗ ਮੁਹੱਈਆ ਕਰਾਈ ਜਾਵੇਗੀ ਅਤੇ 500 ਰੁਪਏ ਪ੍ਰਤੀ ਦਿਨ ਵੀ ਦਿੱਤੇ ਜਾਣਗੇ।ਯੋਗ ਹਸਤਕਾਰਾਂ ਨੂੰ ਕੇਂਦਰ ਵੱਲੋਂ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ ਅਤੇ ਟੂਲ ਕਿੱਟ ਖਰੀਦਣ ਲਈ 15 ਹਜ਼ਾਰ ਰੁਪਏ ਦਾ ਵਾਊਚਰ ਦਿੱਤਾ ਜਾਵੇਗਾ।ਇਸ ਉਪਰੰਤ ਉਨ੍ਹਾਂ ਨੂੰ ਬਿਨਾਂ ਕਿਸੇ ਫ਼ੀਸ ਤੋਂ ਇੱਕ ਲੱਖ ਰੁਪਏ ਦਾ ਕਰਜ਼ਾ ਦਿੱਤਾ ਜਾਵੇਗਾ, ਜਿਸ ਉੱਤੇ ਮਹਿਜ਼ 5 ਫ਼ੀਸਦੀ ਦਰ ਨਾਲ ਵਿਆਜ ਲੱਗੇਗਾ।ਨਿਰਧਾਰਤ 18 ਮਹੀਨੇ ਵਿੱਚ ਇਹ ਕਰਜ਼ਾ ਲਾਹੁਣ ਵਾਲੇ ਹਸਤ ਕਲਾਕਾਰਾਂ ਨੂੰ ਨਵੇਂ ਸਿਰੇ ਤੋਂ 2 ਲੱਖ ਰੁਪਏ ਕਰਜ਼ਾ ਮਿਲਣਯੋਗ ਹੋਵੇਗਾ, ਜਿਸ ਨਾਲ ਉਹ ਆਪਣਾ ਕੰਮ ਹੋਰ ਵਧਾ ਸਕਣਗੇ।

ਵਿਸ਼ਵਕਰਮੀਆਂ ਨੂੰ ਡਿਜ਼ੀਟਲ ਟ੍ਰਾਂਜੈਕਸ਼ਨ ਨੂੰ ਸਸ਼ਕਤੀਕਰਨ ਕਰਨ ਲਈ ਇੰਸੈਂਟਿਵ ਮੁਹੱਈਆ ਕਰਾਏ ਜਾਣਗੇ ਅਤੇ ਉਤਪਾਦਾਂ ਨੂੰ ਸੇਲ ਕਰਨ ਲਈ ਮਾਰਕਟਿੰਗ ਸਪੋਰਟ ਦਿੱਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਇਹ ਸਕੀਮ ਹਸਤ ਕਲਾਕਾਰਾਂ ਦੇ ਆਰਥਿਕ ਅਤੇ ਸਮਾਜਿਕ ਉਥਾਨ ਵਿੱਚ ਅਹਿਮ ਭੂਮਿਕਾ ਅਦਾ ਕਰੇਗੀ।ਉਨ੍ਹਾਂ ਜ਼ਿਲ੍ਹਾ ਮੋਗਾ ਦੇ ਹਸਤ ਕਲਾਕਾਰਾਂ ਨੂੰ ਇਸ ਸਕੀਮ ਦਾ ਲਾਭ ਲੈਣ ਦਾ ਸੱਦਾ ਦਿੱਤਾ।

## ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਪਿਛਲੀ ਸਰਕਾਰ ਸਮੇਂ ਹੋਏ ਕੰਮਾਂ ਦਾ ਕੀਤਾ ਨਿਰੀਖਣ



**ਨਾਭਾ, (ਵਰਿੰਦਰ ਵਰਮਾ)** ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜਸਵੀਰ ਸਿੰਘ ਜੱਸੀ ਸੋਹੀਆਂ ਵਾਲਾ ਨੇ ਏਕਤਾ ਕਲੋਨੀ, ਸ਼ਾਰਦਾ ਕਲੋਨੀ ਤੇ ਗੋਬਿੰਦ ਨਗਰ ਵਿੱਚ ਪਿਛਲੀ ਸਰਕਾਰ ਸਮੇਂ ਹੋਏ ਕੰਮਾਂ ਦਾ ਸਬੰਧਤ ਮਹਿਕਮੇ ਦੇ ਅਧਿਕਾਰੀਆਂ ਨਾਲ ਜਾ ਕੇ ਨਿਰੀਖਣ ਕੀਤਾ। ਇਸ ਮੌਕੇ ਮੁਹੱਲਾ ਨਿਵਾਸੀ ਵੀ ਮੌਜੂਦ ਸਨ। ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਭਗਵੰਤ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਭ੍ਰਿਸ਼ਟਾਚਾਰ ਮੁਕਤ ਸਾਫ਼ ਸੁਥਰਾ ਪ੍ਰਸ਼ਾਸਨ ਦੇਣ ਲਈ ਵਚਨਬੱਧ ਹੈ ਤੇ ਲੋਕਾਂ ਨੂੰ ਸਹੂਲਤਾਂ ਦੇਣ ਲਈ ਵੱਡੀ ਪੱਧਰ 'ਤੇ ਵਿਕਾਸ ਕਾਰਜ ਕਰਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਕਈ ਮਹੀਨਿਆਂ ਤੋਂ ਏਕਤਾ ਕਲੋਨੀ, ਸ਼ਾਰਧਾ ਕਲੋਨੀ ਤੇ ਗੋਬਿੰਦ ਨਗਰ ਦੇ ਨਿਵਾਸੀਆਂ ਵੱਲੋਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ ਕਿ ਪਿਛਲੀ ਕਾਂਗਰਸ ਸਰਕਾਰ ਸਮੇਂ ਆਏ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਦੇ ਖਰਚਣ ਉਪਰੰਤ ਵੀ ਉਪਰੋਕਤ ਮੁਹੱਲਿਆਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਦਾ ਕੋਈ ਪ੍ਰਬੰਧ ਨਹੀਂ ਹੋਇਆ ਤੇ ਸਿਵਰੇਜ ਵੀ ਹਲੇ ਤੱਕ ਚਾਲੂ ਨਹੀਂ ਹੋਇਆ, ਜਿਸ ਕਰਕੇ ਉਹ ਮੌਕਾ ਦੇਖਣ ਲਈ ਆਏ ਹਨ।

ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਪਿਛਲੀ ਸਰਕਾਰ ਸਮੇਂ ਗ਼ਲਤ ਢੰਗ ਨਾਲ ਖਰਚੇ ਗਏ ਪੈਸਿਆਂ ਦੀ ਪਾਈ-ਪਾਈ ਦਾ ਹਿਸਾਬ ਲਿਆ ਜਾਵੇਗਾ ਤੇ ਇਸਦੀ ਬਰੀਕੀ ਨਾਲ ਜਾਂਚ ਪੜਤਾਲ ਕੀਤੀ ਜਾਵੇਗੀ। ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਭਗਵੰਤ ਮਾਨ ਨੂੰ ਮਿਲ ਕੇ ਉਹ 2012 ਤੋਂ ਲੈ ਕੇ ਨਗਰ ਕੌਂਸਲ ਵਿੱਚ ਹੋਏ ਕੰਮਾਂ ਤੇ ਘਪਲਿਆਂ ਦੀ ਜਾਂਚ ਕਰਾਉਣਗੇ।

11-JAN-PAGE-7.qxd 1/10/2024 10:59 PM Page 1



# ਪੇਂਡੂ ਜਲ ਸਪਲਾਈ ਸਕੀਮਾਂ ਦੇ ਨਿੱਜੀਕਰਨ/ਪੰਚਾਇਤੀਕਰਨ ਦੀਆਂ ਲੋਕ ਤੇ ਵਰਕਰ ਵਿਰੋਧੀ ਨੀਤੀਆਂ ਖਿਲਾਫ਼ ਸੰਘਰਸ਼ਾਂ ਦਾ ਐਲਾਨ



**ਜਲਾਲਾਬਾਦ, (ਜੀਤ ਕੁਮਾਰ)** ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਲੁਧਿਆਣਾ ਪ੍ਰਤਾਪ ਚੌਕ ਦੇ ਨੇੜੇ ਸਥਿਤ ਪਾਣੀ ਵਾਲੀ ਟੈਂਕੀ 'ਤੇ ਸੰਪੰਨ ਹੋਈ। ਮੀਟਿੰਗ 'ਚ ਲਏ ਗਏ ਫ਼ੈਸਲਿਆਂ ਸਬੰਧੀ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਤੇ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫ਼ਲੀਆਂਵਾਲਾ ਨੇ ਕਿਹਾ ਕਿ ਆਮ ਆਦਮੀ ਦੀ ਹਿਤੈਸ਼ੀ ਹੋਣ ਦੇ ਖੋਖਲੇ ਦਾਅਵੇ ਕਰਨ ਵਾਲੀ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਮੌਜੂਦਾ ਸੂਬੇ ਦੀ ਆਪ ਸਰਕਾਰ ਵੀ ਪਿਛਲੀਆਂ ਕਾਂਗਰਸ ਅਤੇ ਅਕਾਲੀ-ਭਾਜਪਾ ਸਰਕਾਰਾਂ ਦੇ ਰਾਹ 'ਤੇ ਚੱਲ ਰਹੀ ਹੈ, ਕਿਉਂਕਿ ਪਿਛਲੀਆਂ ਚੋਣਾਂ ਦੇ ਦੌਰਾਨ ਕੀਤੇ ਗਏ ਵਾਅਦੇ ਦੇ ਅਨੁਸਾਰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ 'ਚ ਪਿਛਲੇ 15-20 ਸਾਲਾਂ ਤੋਂ ਪੇਂਡੂ ਜਲ ਸਪਲਾਈ ਸਕੀਮਾਂ ਅਤੇ ਦਫ਼ਤਰਾਂ ਵਿਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਤੋਂ ਭੱਜ ਰਹੀ ਹੈ, ਜਿਸਦੀ ਮਿਸਾਲ ਮੁੱਖ ਮੰਤਰੀ ਪੰਜਾਬ ਵੱਲੋਂ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਨਾਲ 19 ਵਾਰ ਲਿਖਤੀ ਮੀਟਿੰਗਾਂ ਦਾ ਸਮਾਂ ਤੈਅ ਹੋਣ ਦੇ ਬਾਵਜੂਦ ਮੁੱਖ ਮੰਤਰੀ ਵੱਲੋਂ ਇੱਕ ਵਾਰ ਵੀ ਮੀਟਿੰਗ ਨਹੀਂ ਕੀਤੀ ਗਈ ਹੈ ਅਤੇ ਨਾ ਹੀ ਮੰਗਾਂ-ਮਸਲਿਆਂ ਦਾ ਹੱਲ ਕੀਤਾ ਗਿਆ ਹੈ, ਇਸਦੇ ਨਾਲ ਹੀ ਲੋਕ ਤੇ ਵਰਕਰ ਵਿਰੋਧੀ ਨੀਤੀਆਂ ਲਾਗੂ ਕਰਨ ਦੇ ਸਿਲਸਿਲੇ ਨੂੰ ਜਾਰੀ ਰੱਖ ਕੇ ਜਲ ਸਪਲਾਈ ਵਿਭਾਗ ਦਾ ਨਿੱਜੀਕਰਨ/ਪੰਚਾਇਤੀਕਰਨ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ, ਸਰਕਾਰ ਦੇ ਆਦੇਸ਼ਾਂ ਤਹਿਤ ਮੈਨੇਜਮੈਂਟ ਵੱਡੇ ਪੱਧਰ ਤੇ ਲੋਕ ਮਾਰੂ ਨੀਤੀਆਂ ਲਾਗੂ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੀ ਹੈ, ਜਿਸ ਨਾਲ ਜਿੱਥੇ ਲੋਕਾਂ ਨੂੰ ਪੀਣ ਵਾਲਾ ਪਾਣੀ ਮਹਿੰਗੇ ਮੁੱਲ 'ਤੇ ਮਿਲੇਗਾ ਅਤੇ ਉਥੇ ਇਸਦੇ ਨਾਲ ਹੀ ਸਾਲਾਂਬੱਧੀ ਅਰਸ਼ੇ ਤੋਂ ਠੇਕਾ ਪ੍ਰਣਾਲੀ ਅਧੀਨ ਸੇਵਾਵਾਂ ਦੇ ਰਹੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਦੇ ਕੱਚੇ ਪਿੱਲੇ ਰੁਜ਼ਗਾਰ ਨੂੰ ਖੋਹਣ ਦੀਆਂ ਨਾਕਾਮ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਮਜਬੂਰਨ ਤਿੱਖੇ ਸੰਘਰਸ਼ ਕੀਤੇ ਜਾਣਗੇ।

ਉਨ੍ਹਾਂ ਕਿਹਾ ਕਿ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਵਿਚ ਪਿਛਲੇ ਲੰਮੇ ਸਮੇਂ ਤੋਂ ਇਨਲਿਸਟਮੈਂਟ, ਆਊਟਸੋਰਸ, ਠੇਕੇਦਾਰਾਂ ਅਤੇ ਕੰਪਨੀ ਰਾਹੀ ਕੰਮ ਕਰਦੇ ਵਰਕਰਾਂ ਨੂੰ ਵਿਭਾਗ 'ਚ ਸ਼ਾਮਲ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਾਉਣ ਲਈ, ਕਿਰਤ ਵਿਭਾਗ ਪੰਜਾਬ ਸਰਕਾਰ ਦੇ ਅਨੁਸਾਰ ਵਧੇ ਹੋਏ ਰੇਟ ਲਾਗੂ ਕਰਨ ਅਤੇ ਪੇਂਡੂ ਜਲ ਸਪਲਾਈ ਸਕੀਮਾਂ ਦਾ ਨਿੱਜੀਕਰਨ, ਪੰਚਾਇਤੀਕਰਨ ਅਤੇ ਸਕਾਡਾ ਸਿਸਟਮ ਦੀਆਂ ਲੋਕ ਵਿਰੋਧੀ ਨੀਤੀਆਂ ਨੂੰ ਰੱਦ ਕਰਨ ਦੀ ਮੰਗ ਲਈ ਸਰਕਾਰ ਅਤੇ ਮੈਨੇਜਮੈਂਟ ਦੇ ਖਿਲਾਫ ਸੰਘਰਸ਼ਾਂ ਦਾ ਐਲਾਨ ਕੀਤਾ ਗਿਆ ਹੈ, ਜਿਸ ਤਹਿਤ 23 ਜਨਵਰੀ ਨੂੰ ਸਾਰੇ ਪੰਜਾਬ 'ਚ ਵਿਭਾਗੀ ਮੰਡਲ ਦਫ਼ਤਰਾਂ ਅੱਗੇ ਕਾਰਜਕਾਰੀ ਇੰਜਨੀਅਰ ਦੇ ਖਿਲਾਫ ਰੋਹ ਭਰਪੂਰ ਧਰਨੇ ਦਿੱਤੇ ਜਾਣਗੇ ਅਤੇ ਕਾਰਗੁਜ਼ਾਰੀ ਇੰਜੀਨੀਅਰ ਨੂੰ ਮੰਗ-ਪੱਤਰ ਦਿੱਤੇ ਜਾਣਗੇ। ਇਸਦੇ ਬਾਅਦ ਫਰਵਰੀ ਨੂੰ ਵਿਭਾਗੀ ਮੁਖੀ ਦੇ ਦਫ਼ਤਰ ਮੋਹਾਲੀ ਅੱਗੇ ਪਰਵਾਰਾਂ ਤੇ ਬੱਚਿਆਂ ਸਮੇਤ ਸੂਬਾ ਪੱਧਰੀ ਧਰਨਾ ਦਿੱਤਾ ਜਾਵੇਗਾ।

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ 22 ਤੋਂ 26 ਜਨਵਰੀ ਤੱਕ ਲਗਾਤਰ ਤਰ੍ਹਾਂ ਚੱਲਣ ਵਾਲੇ ਧਰਨਿਆਂ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ, ਸਾਰੇ ਪੰਜਾਬ ਵਿੱਚ 23 ਜਨਵਰੀ ਨੂੰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਉਪਰੋਕਤ ਉਲੀਕੇ ਸੰਘਰਸ਼ ਪ੍ਰੋਗਰਾਮਾਂ ਨੂੰ ਸਫ਼ਲ ਬਣਾਉਣ ਲਈ ਹਰੇਕ ਜ਼ਿਲ੍ਹੇ ਦੇ ਆਗੂਆਂ ਵੱਲੋਂ ਜ਼ਿਲ੍ਹਾ ਤੇ ਬ੍ਰਾਂਚ ਪੱਧਰੀ ਮੀਟਿੰਗਾਂ ਕਰਕੇ ਵਰਕਰਾਂ ਨੂੰ ਪਰਵਾਰਾਂ ਸਮੇਤ ਸ਼ਾਮਲ ਹੋਣ ਲਈ ਲਾਮਬੰਦ ਕੀਤਾ ਜਾਵੇਗਾ।

## ਲੋਕ ਵਿਰੋਧੀ ਸਰਕਾਰਾਂ ਨੂੰ ਅਸੰਤੁਸ਼ਟ ਜਨਤਾ ਮਿੱਟੀ 'ਚ ਮਿਲਾ ਦਿੰਦੀ : ਸਿਕੰਦਰ ਸਿੰਘ



ਸਮਰਾਲਾ, (ਸੁਰਜੀਤ ਸਿੰਘ) ਲੋਕ ਵਿਰੋਧੀ ਸਰਕਾਰਾਂ ਤੇ ਲੋਕ ਦੋਖੀ ਸਿਆਸੀ ਆਗੂ ਜਦੋਂ ਲੋਕਾਂ ਦੀਆਂ ਉਮੀਦਾਂ 'ਤੇ ਪੂਰੇ ਨਾ ਉਤਰਨ ਅਤੇ ਉਹਨਾਂ ਦੀਆਂ ਮੰਗਾਂ ਨੂੰ ਨਜਰਅੰਦਾਜ ਕਰਨਾ ਸ਼ੁਰੂ ਕਰ ਦੇਣ ਤਾਂ ਲੋਕਤੰਤਰ ਢਾਂਚੇ ਵਿਚ ਵਿੱਚ ਅੱਕੇ ਹੋਏ ਲੋਕ ਉਨ੍ਹਾਂ ਨੂੰ ਗੱਦੀਓਂ ਲਾਹ ਕੇ ਔਕਾਤ ਦਿਖਾ ਦਿੰਦੇ ਹਨ ਅਤੇ ਉਨ੍ਹਾਂ ਦੇ ਵਜੂਦ ਨੂੰ ਮਿੱਟੀ ਵਿਚ ਮਿਲਾ ਦਿੰਦੇ ਹਨ। ਇਹ ਵਿਚਾਰ ਬਿਜਲੀ ਮਹਿਕਮੇ ਅਤੇ ਪੰਜਾਬ ਸਰਕਾਰ ਤੋਂ ਸੇਵਾ ਮੁਕਤ ਹੋਏ ਮੁਲਾਜ਼ਮਾਂ ਦੀ ਇੱਕ ਭਰਵੀਂ ਰੈਲੀ ਨੂੰ ਸੰਬੋਧਨ ਕਰਦੇ ਹੋਏ ਕੇਂਦਰੀ ਕਮੇਟੀ ਦੇ ਮੈਂਬਰ ਤੇ ਸਮਰਾਲਾ ਡਵੀਜ਼ਨ ਦੇ ਪ੍ਰਧਾਨ ਸਿਕੰਦਰ ਸਿੰਘ ਨੇ ਸਰਕਾਰ ਨੂੰ ਵੰਗਾਰਦਿਆਂ ਹੋਇਆਂ ਪ੍ਰਕਟ ਕੀਤੇ। ਉਨ੍ਹਾਂ ਕਿਹਾ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਚੋਣ ਵਾਅਦਿਆਂ ਨੂੰ ਛਿੱਕੇ ਟੰਗ ਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਦਰਕਿਨਾਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਨੂੰ ਲੋਕਾਂ ਨੇ ਬਦਲਾਅ ਦੇ ਨਾਂ ਤੇ ਚੁਣਿਆ ਸੀ, ਪਰ ਸੂਬੇ ਵਿਚ ਕਿਸੇ ਤਰ੍ਹਾਂ ਦਾ ਬਦਲਾਅ ਨਹੀਂ ਦਿਸ ਰਿਹਾ। ਲੋਕ ਪਹਿਲੀਆਂ ਸਰਕਾਰਾਂ ਦੇ ਕਾਰਜਕਾਲ ਵਾਂਗ ਹੀ ਬੇਚੈਨ ਹੋਕੇ ਲੜ ਰਹੇ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੂੰ ਚੇਤੇ ਰੱਖਣਾ ਚਾਹੀਦਾ ਹੈ ਕਿ ਪੰਜਾਬ 'ਤੇ ਪੱਚੀ ਸਾਲ ਰਾਜ ਕਰਨ ਦੇ ਦਮਗਜੇ ਮਾਰਨ ਵਾਲਾ ਸੁਖਬੀਰ ਬਾਦਲ ਅਤੇ ਉਸਦੀ ਪਾਰਟੀ ਅੱਜ ਮਹਿਜ ਦੋ ਸੀਟਾਂ ਤੇ ਸਿਮਟ ਕੇ ਰਹਿ ਗਈ ਹੈ। ਉਹਨਾਂ ਕਿਹਾ ਕਿ 'ਪੰਥ ਰਤਨ' ਅਖਵਾਉਣ ਵਾਲਾ ਪੰਜ ਵਾਰ ਰਿਹਾ ਮੁੱਖ ਮੰਤਰੀ ਪ੍ਰਕਾਸ਼ ਦਿੰਘ ਬਾਦਲ ਖੁਦ ਆਪਣੀ ਸੀਟ ਹਾਰ ਗਿਆ। ਇਸੇ ਤਰਾਂ ਕੈਪਟਨ ਅਮਰਿੰਦਰ ਸਿੰਘ ਅਤੇ ਉਸਦਾ ਮੁਲਾਜਮ ਦੋਖੀ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਵੀ ਲੋਕਾਂ ਨੇ ਮਿੱਟੀ ਵਿੱਚ ਮਿਲਾ ਦਿੱਤੇ ਹਨ। ਉਨ੍ਹਾਂ ਮੌਜੂਦਾ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਸਰਕਾਰ ਨੂੰ ਕੰਧਾਂ 'ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ। ਲੋਕ ਤੇ ਮੁਲਾਜ਼ਮ ਜੋ ਨਿੱਤ ਰੈਲੀਆਂ ਅਤੇ ਧਰਨੇ ਪ੍ਰਦਰਸ਼ਨ ਕਰ ਰਹੇ ਹਨ ਕਿ ਕਿੰਨੇ ਕੁ ਪ੍ਰੇਸ਼ਾਨ ਹਨ, ਪਰ ਸਰਕਾਰ ਦੇ ਕੰਨਾਂ 'ਤੇ ਜੂੰ ਤੱਕ ਨਹੀਂ ਸਰਕ ਰਹੀ। ਉਨ੍ਹਾਂ ਕਿਹਾ ਲੋਕ ਆਮ ਆਦਮੀ ਪਾਰਟੀ ਨੂੰ ਉਸਦੀ ਔਕਾਤ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਦਿਖਾ ਦੇਣਗੇ। ਉਨ੍ਹਾਂ ਕਿਹਾ ਸਰਕਾਰ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦਾ 15 ਸੌ ਕਰੋੜ ਰੁਪਏ ਦੱਬੀ ਬੈਠੀ ਹੈ, ਜੋ ਸਮੇਤ ਵਿਆਜ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੇਅ ਰਵੀਜ਼ਨ ਕਮੇਟੀ ਦੀ ਸਿਫ਼ਾਰਸ਼ਾਂ ਦਾ ਬਕਾਇਆ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਲੰਮੇ ਸਮੇਂ ਤੋਂ ਪੈਂਡਿੰਗ ਚੱਲੀਆਂ ਆ ਰਹੀਆਂ ਹਨ। ਇਸੇ ਤਰ੍ਹਾਂ 2.59 ਦੇ ਫਾਰਮੂਲੇ ਦੀ ਮੰਗ, ਸੇਵਾਮੁਕਤ ਹੋਏ ਮੁਲਾਜ਼ਮਾਂ ਨੂੰ ਬਿਜਲੀ ਖਪਤ ਵਿਚ ਰਿਆਇਤ ਅਤੇ ਕੈਸ਼ਲੈੱਸ ਇਲਾਜ ਵਰਗੀਆਂ ਅਹਿਮ ਮੰਗਾਂ 'ਤੇ ਲੰਮੇ ਸਮੇਂ ਤੋਂ ਲੜਾਈ ਜਾਰੀ ਹੈ, ਪਰ ਸਰਕਾਰ ਉਸ ਨੂੰ ਆਨੇ-ਬਹਾਨੇ ਟਾਲਣ ਦੀ ਕੋਸ਼ਿਸ਼ ਕਰ ਰਹੀ ਹੈ। ਇਸੇ ਤਰਾਂ ਪੈਨਸਨਰਾਂ ਨੂੰ 23 ਸਾਲਾ ਸਕੇਲ, ਸਰਕਾਰੀ ਅਦਾਰਿਆਂ ਅੰਦਰ ਪੱਕੀ ਭਰਤੀ, ਕੱਚੇ ਮੁਲਾਜ਼ਮ ਪੱਕੇ ਕਰਨਾ ਅਤੇ ਬਿਜਲੀ ਸਰਕਲ ਪਟਿਆਲਾ ਦੇ ਡਿਸਮਿਸ ਕੀਤੇ ਆਗੂ ਬਹਾਲ ਕਰਨਾ ਆਦਿ ਮੰਗਾਂ ਵੀ ਇਸੇ ਲੜਾਈ ਦਾ ਹਿੱਸਾ ਹਨ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਤੇ ਬਿਜਲੀ ਮਹਿਕਮੇ ਦੀ ਮੈਨੇਜਮੈਂਟ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨਦੀ ਤਾਂ ਉਹ ਤਿੱਖੇ ਸੰਘਰਸ਼ ਕਰਨਗੇ ਅਤੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਦੇ ਪ੍ਰਚਾਰ ਦੌਰਾਨ ਸਰਕਾਰ ਦੀ ਅਸਲੀਅਤ ਲੋਕਾਂ ਸਾਹਮਣੇ ਪੇਸ਼ ਕਰਨਗੇ। ਉਨ੍ਹਾਂ ਕਿਹਾ ਇਸ ਸਿਲਸਿਲੇ ਦੀ ਕੜੀ ਦੇ ਰੂਪ ਵਿਚ ਪਟਿਆਲਾ ਵਿਖੇ 30 ਜਨਵਰੀ ਨੂੰ ਜ਼ੋਨ ਧਰਨਾ ਦਿੱਤਾ ਜਾਵੇਗਾ। ਇਸ ਤੋਂ ਪਹਿਲਾਂ ਮੀਟਿੰਗ ਵਿੱਚ ਸਰਕਾਰ ਦੇ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕਰਕੇ ਪੈਨਸਨਰਾਂ ਨੇ ਆਪਣੀ ਭੜਾਸ ਕੱਢੀ। ਮੀਟਿੰਗ ਵਿੱਚ ਭਖਦੀਆਂ ਮੰਗਾਂ ਤੇ ਵਿਚਾਰ ਵਟਾਂਦਰਾ ਕਰਨ ਤੋਂ ਇਲਾਵਾ ਵਿੱਛੜੇ ਪੈਨਸ਼ਨਰਜ਼ ਸਾਥੀਆਂ, ਜਿਨ੍ਹਾਂ ਵਿੱਚ ਸਰੂਪ ਲਾਲ ਮਾਛੀਵਾੜਾ, ਜੋਗਿੰਦਰ ਸਿੰਘ ਸਮਰਾਲਾ ਦੇ ਲੜਕੇ ਸੁਰਮੁਖ ਸਿੰਘ ਅਤੇ ਸਾਥੀ ਬਲਦੇਵ ਸਿੰਘ ਮਾਛੀਵਾੜਾ ਦੇ ਭਰਾ ਬਲਵੰਤ ਸਿੰਘ ਦੀ ਬੇਵਕਤੀ ਮੌਤ 'ਤੇ ਸਾਰਿਆਂ ਨੇ ਦੋ ਮਿੰਟ ਦਾ ਮੌਨ ਰੱਖ ਕੇ ਦੁੱਖ ਦਾ ਇਜ਼ਹਾਰ ਕੀਤਾ।

## ਕਾਤਰਾਂ

### ਚੇਅਰਮੈਨ ਨੇ ਜੌੜੇਮਾਜਰਾ ਨੂੰ ਸ਼ਾਲ ਭੇਟ ਕਰਕੇ ਕੀਤਾ ਸਨਮਾਨਤ



**ਨਾਭਾ (ਵਰਿੰਦਰ ਵਰਮਾ)** ਪੰਜਾਬੀ ਮਾਂ ਬੋਲੀ ਸਾਡੀ ਸ਼ਾਨ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਤੋਂ ਇੰਪਰੂਵਮੈਂਟ ਟਰੱਸਟ ਚੇਅਰਮੈਨ ਸੁਰਿੰਦਰ ਪਾਲ ਸ਼ਰਮਾ ਨੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜੇਮਾਜਰਾ ਨੂੰ ਪੰਜਾਬੀ ਸ਼ਾਲ ਭੇਟ ਕਰਕੇ ਸਨਮਾਨਤ ਕਰਨ ਉਪਰੰਤ ਕੀਤਾ। ਉਨ੍ਹਾਂ ਕਿਹਾ ਕਿ ਮਾਂ ਬੋਲੀ ਪੰਜਾਬੀ ਇੱਕ ਅਜਿਹੀ ਬੋਲੀ ਹੈ, ਜਿਸ ਨੂੰ ਜਿੰਨਾ ਵੀ ਸੁਣੀਏ, ਵਿਚਾਰੀਏ, ਦਿਲ ਨੂੰ ਸਕੂਨ ਮਿਲਦਾ ਹੈ। ਗੁਰੂਆਂ-ਪੀਰਾਂ ਦੀ ਧਰਤੀ ਪੰਜਾਬ ਵਿੱਚ ਪਲੀ ਇਹ ਪੰਜਾਬੀ ਮਾਂ ਬੋਲੀ ਲਈ ਪੰਜਾਬ ਸਰਕਾਰ ਬਹੁਤ ਵਧੀਆ ਉਪਰਾਲੇ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਉਸ ਧਰਤੀ ਦਾ ਨਾਂਅ ਹੈ, ਜਿੱਥੇ ਗੁਰੂਆਂ ਪੀਰਾਂ ਨੇ ਆਪਣੇ ਪਵਿੱਤਰ ਮੁਖਾਰਬਿੰਦ ਤੋਂ ਆਪਣੀ ਬਾਣੀ ਨਾਲ ਇਸ ਨੂੰ ਅੱਗੇ ਤੋਰਿਆ।ਉਨ੍ਹਾਂ ਕਿਹਾ ਕਿ ਕੋਈ ਸਮਾਂ ਸੀ, ਜਦੋਂ ਪੰਜਾਬੀਆਂ ਦੀ ਇਕੱਲੇ ਭਾਰਤ 'ਚ ਹੀ ਨਹੀਂ ਸਗੋਂ ਹੋਰਨਾਂ ਮੁਲਕਾਂ ਵਿੱਚ ਵਾਹ-ਵਾਹ ਹੁੰਦੀ ਸੀ, ਪਰ ਅਫ਼ਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਹੁਣ ਪੰਜਾਬੀ ਪੰਜਾਬੀ ਨਹੀਂ ਰਿਹਾ।ਉਪਰੰਤ ਜੌੜੇਮਾਜਰਾ ਨੇ ਪੰਜਾਬੀ ਸ਼ਾਲ ਭੇਟ ਕਰਕੇ ਸਨਮਾਨਤ ਕਰਨ ਤੇ ਚੇਅਰਮੈਨ ਸੁਰਿੰਦਰ ਪਾਲ ਸ਼ਰਮਾ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਬੰਦੇ ਦਾ ਸਭ ਤੋਂ ਨੇੜਲਾ ਰਿਸ਼ਤਾ ਮਾਂ ਨਾਲ ਹੁੰਦਾ ਹੈ।ਜੇ ਮਾਂ ਮਨੁੱਖ ਨੂੰ ਜਨਮ ਦਿੰਦੀ ਹੈ, ਤਾਂ ਬੋਲੀ ਉਸਨੂੰ ਜ਼ਿੰਦਗੀ ਦੇ ਅਰਥ ਦੱਸਦੀ ਹੈ। ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵੀ ਪੰਜਾਬੀ ਮਾਂ ਬੋਲੀ ਨੂੰ ਲੈ ਕੇ ਉਪਰਾਲੇ ਕੀਤੇ ਜਾ ਰਹੇ ਹਨ।

### ਫਲਾਂ ਦੀ ਪ੍ਰਦਰਸ਼ਨੀ ਤੇ ਗੋਸ਼ਟੀ ਲਈ ਕਿੰਨੂ ਮੇਲਾ 23-24 ਨੂੰ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** -ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ, ਪੰਜਾਬ ਵੱਲੋਂ ਨਿੰਬੂ ਜਾਤੀ ਦੇ ਫ਼ਲਾਂ ਦੀ ਪ੍ਰਦਰਸ਼ਨੀ ਅਤੇ ਗੋਸ਼ਟੀ ਲਈ ਕਿੰਨੂ ਮੇਲਾ 23 ਤੇ 24 ਜਨਵਰੀ ਨੂੰ ਪੀ.ਏ.ਯੂ ਖੇਤਰੀ ਖੋਜ ਕੇਂਦਰ ਸੀਡ ਫਾਰਮ(ਪੱਕਾ) ਮਲੋਟ ਰੋਡ ਅਬੋਹਰ ਵਿਖੇ ਲਾਇਆ ਜਾ ਰਿਹਾ ਹੈ।ਨਿੰਬੂ ਜਾਤੀ ਦੇ ਫਲਾਂ ਦੀ ਐਂਟਰੀ 23 ਜਨਵਰੀ ਨੂੰ ਪ੍ਰਦਰਸ਼ਨੀਆਂ, ਮਾਹਿਰਾਂ ਦੁਆਰਾ ਗੋਸ਼ਟੀ ਅਤੇ ਇਨਾਮਾਂ ਦੀ ਵੰਡ 24 ਜਨਵਰੀ ਨੂੰ ਕੀਤੀ ਜਾਵੇਗੀ।ਵਧੇਰੇ ਜਾਣਕਾਰੀ ਅਤੇ ਪ੍ਰਦਰਸ਼ਨੀ ਸਟਾਲ ਬੁਕਿੰਗ ਲਈ ਖੇਤਰੀ ਖੋਜ ਕੇਂਦਰ ਅਬੋਹਰ ਡਾ ਅਨਿਲ ਸਾਂਗਵਾਨ, ਨਿਰਦੇਸ਼ਕ ਅਬੋਹਰ ਤੇ ਜ਼ਿਲ੍ਹਾ ਪਸਾਰ ਮਾਹਿਰ ਫਾਰਮ ਸਲਾਹਕਾਰ ਸੇਵਾ ਕੇਂਦਰ ਅਬੋਹਰ ਡਾ ਜਗਦੀਸ਼ ਅਰੋੜਾ ਨਾਲ ਸੰਪਰਕ ਕੀਤਾ ਜਾ ਸਕਦਾ।

### ਤੇਜ਼ ਰਫ਼ਤਾਰ ਥਾਰ ਜੀਪ ਦੀ ਫੇਟ ਵੱਜਣ ਕਾਰਨ ਬਜ਼ੁਰਗ ਔਰਤ ਦੀ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** -ਸਰਹਿੰਦ-ਲਾਂਡਰਾ ਮਾਰਗ 'ਤੇ ਤੇਜ਼ ਰਫ਼ਤਾਰ ਥਾਰ ਗੱਡੀ ਵੱਲੋਂ ਮਾਰੀ ਗਈ ਟੱਕਰ ਕਾਰਨ ਇੱਕ ਔਰਤ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ।ਮ੍ਰਿਤਕਾ ਦੀ ਪਛਾਣ ਸੁਰਿੰਦਰ ਕੌਰ (61) ਵਾਸੀ ਪਿੰਡ ਮੌਲ ਜੱਗਰਾਂ (ਯੂ.ਟੀ. ਚੰਡੀਗੜ੍ਹ) ਵਜੋਂ ਹੋਈ ਹੈ।ਮ੍ਰਿਤਕਾ ਦੇ ਜਵਾਈ ਰਣਜੀਤ ਸਿੰਘ ਵਾਸੀ ਪਿੰਡ ਸਰ ਕੱਪੜਾ ਨੇ ਦੱਸਿਆ ਕਿ ਉਸਦੀ ਸੁਰਿੰਦਰ ਕੌਰ ਉਨਾਂ ਨੂੰ ਮਿਲਣ ਵਾਸਤੇ ਪਿੰਡ ਸਰ ਕੱਪੜਾ ਵਿਖੇ ਆਈ ਸੀ ਤੇ ਦੁਪਹਿਰ ਪੌਣੇ ਕੁ ਦੋ ਵਜੇ ਦੇ ਕਰੀਬ ਉਸਦੀ ਸੱਸ ਸੁਰਿੰਦਰ ਕੌਰ ਵਾਪਸ ਆਪਣੇ ਪਿੰਡ ਜਾਣ ਲਈ ਸਰਹਿੰਦ-ਲਾਂਡਰਾ ਮਾਰਗ 'ਤੇ ਸਥਿਤ ਮੇਸ਼ੀ ਢਾਬਾ ਨਜ਼ਦੀਕ ਸੜਕ ਕਿਨਾਰੇ ਖੜ ਕੇ ਬੱਸ ਦਾ ਇੰਤਜ਼ਾਰ ਕਰ ਰਹੀ ਸੀ ਤਾਂ ਬਹੁਤ ਤੇਜ਼ ਰਫਤਾਰ ਨਾਲ ਆਈ ਇੱਕ ਥਾਰ ਗੱਡੀ ਨੇ ਸੁਰਿੰਦਰ ਕੌਰ ਨੂੰ ਫੇਟ ਮਾਰ ਦਿੱਤੀ ਜਿਸ ਕਾਰਨ ਉਹ ਗੰਭੀਰ ਜ਼ਖਮੀ ਹੋ ਗਈ, ਜਿਸ ਨੂੰ ਇਲਾਜ ਲਈ ਸੈਕਟਰ 32 ਹਸਪਤਾਲ ਚੰਡੀਗੜ੍ਹ ਵਿਖੇ ਲਿਜਾਇਆ ਗਿਆ ਤਾਂ ਡਾਕਟਰਾਂ ਨੇ ਉਸਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ। ਰਣਜੀਤ ਸਿੰਘ ਦੇ ਬਿਆਨਾਂ 'ਤੇ ਥਾਣਾ ਬਡਾਲੀ ਆਲਾ ਸਿੰਘ ਵਿਖੇ ਨਾਮਾਲੂਮ ਥਾਰ ਚਾਲਕ ਵਿਰੁੱਧ ਅ/ਧ 279,304ਏ ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਾ ਕੇ ਚੁੰਨੀ ਕਲਾਂ ਚੌਂਕੀ ਦੇ ਇੰਚਾਰਜ ਥਾਣੇਦਾਰ ਮੇਜਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਮੇਲਾ ਮਾਘੀ 'ਤੇ ਲਗਾਇਆ ਜਾਵੇਗਾ ਮੁਫ਼ਤ ਕਿਤਾਬਾਂ ਦਾ ਲੰਗਰ

**ਸ੍ਰੀ ਮੁਕਤਸਰ ਸਾਹਿਬ ( ਕੁਲਭੂਸ਼ਨ ਚਾਵਲਾ)**-ਡਾਕਟਰ ਐਸ ਪੀ ਸਿੰਘ ਉਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਚਾਲੀ ਮੁਕਤਿਆਂ ਦੀ ਪਵਿੱਤਰ ਧਰਤੀ ਸ੍ਰੀ ਮੁਕਤਸਰ ਸਾਹਿਬ ਵਿਖੇ ਲੱਗ ਰਹੇ ਇਤਿਹਾਸਕ ਮਾਘੀ ਦੇ ਮੇਲੇ 'ਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮੁਫ਼ਤ ਕਿਤਾਬਾਂ ਦਾ ਖੁੱਲ੍ਹਾ ਲੰਗਰ ਲਗਾਇਆ ਜਾ ਰਿਹਾ ਹੈ। ਅਰਵਿੰਦਰਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਗੁਰਦੁਆਰਾ ਟੁੱਟੀ ਗੰਢੀ ਸਾਹਿਬ ਦੇ ਨਾਕਾ ਨੰਬਰ 6 ਅਤੇ 7 ਦੇ ਵਿਚਕਾਰ (ਨੇੜੇ ਨਿਹੰਗ ਸਿੰਘਾਂ ਦੀ ਛਾਉਣੀ) ਸ੍ਰੀ ਮੁਕਤਸਰ ਸਾਹਿਬ ਵਿਖੇ 13 ਅਤੇ 14 ਜਨਵਰੀ ਨੂੰ ਮੁਫ਼ਤ ਕਿਤਾਬਾਂ ਦਾ ਖੁੱਲ੍ਹਾ ਲੰਗਰ ਲਗਾਇਆ ਜਾ ਰਿਹਾ ਹੈ। ਇਸ ਵਿੱਚ ਧਾਰਮਿਕ, ਇਤਿਹਾਸ ਨਾਲ ਸਬੰਧਤ, ਸਮਾਜਿਕ ਇਤਿਹਾਸ ਨਾਲ ਸਬੰਧਤ ਵੱਡੀ ਗਿਣਤੀ ਵਿਚ ਕਿਤਾਬਾਂ ਦਿੱਤੀਆਂ ਜਾਣਗੀਆਂ ਤਾਂ ਜੋ ਲੋਕਾਂ ਨੂੰ ਵੱਧ ਤੋਂ ਵੱਧ ਗਿਆਨ ਹੋ ਸਕੇ ਅਤੇ ਨੌਜਵਾਨ ਪੀੜ੍ਹੀ ਵੱਧ ਤੋਂ ਵੱਧ ਕਿਤਾਬਾਂ ਪੜ੍ਹ ਕੇ ਚੰਗੇ ਪਾਸੇ ਤੁਰ ਸਕੇ। ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਇਸ ਉਪਰਾਲੇ ਤਹਿਤ ਪਿੰਡਾਂ 'ਚ ਵੀ ਵੱਡੀ ਗਿਣਤੀ 'ਚ ਲਾਇਬ੍ਰੇਰੀਆਂ ਖੋਲ੍ਹੀਆਂ ਜਾ ਚੁੱਕੀਆਂ ਹਨ। ਇਸ ਮੌਕੇ ਗੁਰਬਿੰਦਰ ਸਿੰਘ ਬਰਾੜ ਇੰਚਾਰਜ ਮਾਲਵਾ ਜ਼ੋਨ, ਲੈਕਚਰਾਰ ਜਸਪਾਲ ਸਿੰਘ, ਬਲਵਿੰਦਰ ਸਿੰਘ ਬਰਾੜ, ਗੁਰਪਾਲ ਸਿੰਘ, ਬਲਜੀਤ ਸਿੰਘ ਮਾਨ, ਮਾਸਟਰ ਰਾਜਿੰਦਰ ਸਿੰਘ, ਅਸ਼ੋਕ ਕੁਮਾਰ, ਸੋਮਨਾਥ, ਬਰਨੇਕ ਸਿੰਘ, ਰਣਧੀਰ ਸਿੰਘ ਸਾਗੂ, ਮਲਕੀਤ ਸਿੰਘ, ਜਤਿੰਦਰ ਸਿੰਘ ਕੈਂਥ, ਗੁਰਚਰਨ ਸਿੰਘ, ਚਰਨਜੀਤ ਸਿੰਘ, ਸੁਖਬੀਰ ਸਿੰਘ, ਮੈਡਮ ਹਰਿੰਦਰ ਕੌਰ, ਮੈਡਮ ਮਨਿੰਦਰ ਕੌਰ, ਪ੍ਰਿੰਸੀਪਲ ਬਿੰਦਰ ਪਾਲ ਕੌਰ ਅਤੇ ਜਸਵਿੰਦਰ ਸਿੰਘ ਮਣਕੂ ਆਦਿ ਹਾਜ਼ਰ ਸਨ।

## ਜ਼ਿਲ੍ਹਾ ਪੁਲਸ ਵੱਲੋਂ ਐੱਨ ਡੀ ਪੀ ਐੱਸ ਤੇ ਆਬਕਾਰੀ ਐਕਟ ਤਹਿਤ 3 ਔਰਤਾਂ ਸਣੇ 17 ਵਿਅਕਤੀ ਗ੍ਰਿਫ਼ਤਾਰ



**ਸ੍ਰੀ ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਪੁਲਸ ਵੱਲੋਂ ਡੀ.ਜੀ.ਪੀ. ਅਰਪਿਤ ਸ਼ੁਕਲਾ ਤੇ ਜ਼ਿਲ੍ਹਾ ਪੁਲਿਸ ਮੁਖੀ ਡਾ. ਰਵਜੋਤ ਗਰੇਵਾਲ ਦੀ ਅਗਵਾਈ ਹੇਠ ਚਲਾਏ ਗਏ ਕਾਸੋ ਸਰਚ ਅਪ੍ਰੇਸ਼ਨ ਤਹਿਤ ਬੀਤੇ 24 ਘੰਟਿਆਂ ਦੌਰਾਨ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਦੀ ਪੁਲਸ ਵੱਲੋਂ ਐਨ.ਡੀ.ਪੀ.ਐਸ. ਐਕਟ ਅਤੇ ਆਬਕਾਰੀ ਐਕਟ ਦੇ 14 ਮੁਕੱਦਮੇ ਦਰਜ ਕਰਦੇ ਹੋਏ 3 ਔਰਤਾਂ ਸਣੇ 17 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਸਰਹਿੰਦ ਮੰਡੀ ਚੌਂਕੀ ਦੇ ਇੰਚਾਰਜ ਥਾਣੇਦਾਰ ਰਾਜਵੰਤ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਅਮਨਪ੍ਰੀਤ ਸਿੰਘ ਉਰਫ ਅਮਨਾ ਵਾਸੀ ਸਰਹਿੰਦ ਤੋਂ ਇੱਕ ਕਿੱਲੋ ਗਾਂਜਾ ਬਰਾਮਦ ਕਰਦੇ ਹੋਏ ਉਸ ਨੂੰ ਅ/ਧ 20ਬੀ ਐਨ.ਡੀ.ਪੀ.ਐਸ. ਐਕਟ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਹੈ।ਥਾਣਾ ਫ਼ਤਹਿਗੜ੍ਹ ਸਾਹਿਬ ਦੇ ਸਹਾਇਕ ਥਾਣੇਦਾਰ ਕਮਲਜੀਤ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਵੱਲੋਂ ਜਗਦੀਸ਼ ਕੁਮਾਰ ਵਾਸੀ ਸਰਹਿੰਦ ਦੇ ਕਬਜ਼ੇ 'ਚੋਂ 27 ਲੀਟਰ ਨਜਾਇਜ਼ ਸ਼ਰਾਬ ਕਰਦਿਆਂ ਉਸ ਨੂੰ ਆਬਕਾਰੀ ਐਕਟ ਦੀ ਧਾਰਾ 61/1/14 ਤਹਿਤ ਗ੍ਰਿਫ਼ਤਾਰ ਕੀਤਾ ਗਿਆ ਹੈ।ਥਾਣਾ ਫ਼ਤਹਿਗੜ੍ਹ ਸਾਹਿਬ ਦੇ ਥਾਣੇਦਾਰ ਅਵਤਾਰ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਵੱਲੋਂ ਸਨੀ ਸੂਦ ਵਾਸੀ ਸਰਹਿੰਦ ਸ਼ਹਿਰ ਤੋਂ 500 ਨਸ਼ੇ ਦੀਆਂ ਗੋਲੀਆਂ ਬਰਾਮਦ ਕਰਦੇ ਹੋਏ ਉਸਨੂੰ ਅ/ਧ 20ਬੀ ਐਨ.ਡੀ.ਪੀ.ਐਸ. ਐਕਟ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਹੈ।ਸਰਹਿੰਦ ਮੰਡੀ ਚੌਂਕੀ ਦੇ ਸਹਾਇਕ ਥਾਣੇਦਾਰ ਮਨਜੀਤ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਵੱਲੋਂ ਸਤਨਾਮ ਸਿੰਘ ਉਰਫ ਸਨੀ ਵਾਸੀ ਸਰਹਿੰਦ ਸ਼ਹਿਰ ਦੇ ਕਬਜ਼ੇ 'ਚੋਂ 27 ਲੀਟਰ ਨਜਾਇਜ਼ ਸ਼ਰਾਬ ਬਰਾਮਦ ਕਰਦੇ ਹੋਏ ਉਸ ਨੂੰ ਆਬਕਾਰੀ ਐਕਟ ਦੀ ਧਾਰਾ 61/1/14 ਤਹਿਤ ਗ੍ਰਿਫ਼ਤਾਰ ਕੀਤਾ ਗਿਆ ਹੈ।ਬਸੀ ਪਠਾਣਾਂ ਸਿਟੀ ਚੌਂਕੀ ਦੇ ਇੰਚਾਰਜ ਥਾਣੇਦਾਰ ਹਰਜੀਤ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਵੱਲੋਂ ਦੀਪਕ ਕੁਮਾਰ ਉਰਫ ਦੀਪਾ ਵਾਸੀ ਬਸੀ ਪਠਾਣਾਂ ਦੇ ਕਬਜ਼ੇ 'ਚੋਂ 400 ਗੋਲੀਆਂ ਲੋਮੋਟਿਲ ਬਰਾਮਦ ਕਰਦਿਆਂ ਉਸਨੂੰ ਅ/ਧ 22ਬੀ/61/85 ਐਨ.ਡੀ.ਪੀ.ਐਸ. ਐਕਟ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਹੈ।ਨਬੀਪਰ ਚੌਂਕੀ ਦੇ ਇੰਚਾਰਜ ਸਹਾਇਕ ਥਾਣੇਦਾਰ ਸੰਜੀਵ ਕੁਮਾਰ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਰਿੰਕੂ ਵਾਸੀ ਤਰਖਾਨਮਾਜਰਾ ਦੇ ਕਬਜ਼ੇ 'ਚੋਂ 10 ਟੀਕੇ ਬਿਉਪਰੇਨੌਰਫਿਨ ਤੇ 10 ਸ਼ੀਸ਼ੀਆਂ ਜ਼ਾਇਕੇਰ ਬਰਾਮਦ ਕਰਦਿਆਂ ਉਸ ਨੂੰ 22ਸੀ/61/85 ਐਨ.ਡੀ.ਪੀ.ਐਸ. ਐਕਟ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਹੈ।ਥਾਣਾ ਸਰਹਿੰਦ ਦੇ ਥਾਣੇਦਾਰ ਸੁਖਵਿੰਦਰ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਮੋਟਰਸਾਈਕਲ ਤੇ ਆ ਰਹੇ ਹਰਦੀਪ ਸਿੰਘ ਉਰਫ਼ ਹਨੀ ਤੇ ਅਮਿਤ ਪਾਹਵਾ ਵਾਸੀਆਨ ਸਰਹਿੰਦ ਦੇ ਕਬਜ਼ੇ 'ਚੋਂ 600 ਗੋਲੀਆਂ ਲੋਮੋਟਿਲ ਬਰਾਮਦ ਕਰਦੇ ਹੋਏ ਦੋਵਾਂ ਨੂੰ 22ਬੀ/61/85 ਐਨ.ਡੀ.ਪੀ.ਐਸ. ਐਕਟ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਹੈ।

ਥਾਣਾ ਮੂਲੇਪੁਰ ਦੇ ਥਾਣੇਦਾਰ ਬਲਵਿੰਦਰ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਸਲਮਾਨ ਖਾਨ ਵਾਸੀ ਪਿੰਡ ਨਲੀਨਾ ਕਲਾਂ ਦੇ ਕਬਜ਼ੇ 'ਚੋਂ 8 ਟੀਕੇ ਪੈਨਰਾਜ਼ੋਸਿਨ ਲੈਕਟੇਟ ਤੇ 6 ਸ਼ੀਸ਼ੀਆਂ ਫਿਨਾਇਰਮਿਨ ਮੈਲੀਏਟ ਦੀਆਂ ਬਰਾਮਦ ਕਰਦੇ ਹੋਏ ਉਸ ਨੂੰ 22ਬੀ/61/85 ਐਨ.ਡੀ.ਪੀ.ਐਸ.ਐਕਟ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਹੈ।ਥਾਣਾ ਮੰਡੀ ਗੋਬਿੰਦਗੜ੍ਹ ਦੇ ਹੀ ਸਹਾਇਕ ਥਾਣੇਦਾਰ ਜਸਪਾਲ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਵੱਲੋਂ ਸਲੋਚਨਾ ਵਾਸੀ ਮੰਡੀ ਗੋਬਿੰਦਗੜ੍ਹ ਦੇ ਕਬਜ਼ੇ 'ਚੋਂ 180 ਗੋਲੀਆਂ ਲੋਮੋਟਿਲ ਬਰਾਮਦ ਕਰਦਿਆਂ ਉਸ ਨੂੰ ਅ/ਧ 22ਬੀ/61/85 ਐਨ.ਡੀ.ਪੀ.ਐਸ. ਐਕਟ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਹੈ।ਥਾਣਾ ਮੰਡੀ ਗੋਬਿੰਦਗੜ੍ਹ ਦੇ ਹੀ ਸਹਾਇਕ ਥਾਣੇਦਾਰ ਹਰਮਿੰਦਰ ਸਿੰਘ ਦੀ ਅਗਵਾਈ ਵਾਲੀ ਪੁਲਿਸ ਪਾਰਟੀ ਵੱਲੋਂ ਮੋਨੂੰ ਕੁਮਾਰ ਵਾਸੀ ਮੰਡੀ ਗੋਬਿੰਦਗੜ੍ਹ ਦੇ ਕਬਜ਼ੇ 'ਚੋਂ 200 ਗੋਲੀਆਂ ਟਰਾਮਾਡੋਲ ਬਰਾਮਦ ਕਰਦੇ ਹੋਏ ਉਸਨੂੰ ਅ/ਧ 22ਬੀ/61/85 ਐਨ.ਡੀ.ਪੀ.ਐਸ. ਐਕਟ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਹੈ।

## ਪਰਾਲੀ ਨੂੰ ਅੱਗ ਲਾਉਣ ਦੀ ਪ੍ਰਥਾ ਦਾ ਜੜ੍ਹੋਂ ਖਾਤਮਾ ਕਰਨ ਲਈ ਡੀ ਸੀ ਨੇ ਕਿਸਾਨਾਂ ਤੋਂ ਲਏ ਸੁਝਾਅ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਪਰਾਲੀ ਨੂੰ ਅੱਗ ਲਾਉਣ ਦੀ ਪ੍ਰਥਾ ਦਾ ਜੜ੍ਹੋਂ ਖਾਤਮਾ ਕਰਨ ਦੇ ਮੰਤਵ ਨਾਲ ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਨੀਤ ਸ਼ੇਰਗਿੱਲ ਨੇ ਜ਼ਿਲ੍ਹੇ ਦੇ ਪਿੰਡ ਪੋਲਾ, ਫਾਟਕ ਮਾਜਰੀ ਤੇ ਮੂਲੇਪੁਰ ਦੇ ਕਿਸਾਨਾਂ ਨਾਲ ਗੱਲਬਾਤ ਕੀਤੀ ਤੇ ਪਰਾਲੀ ਦੀ ਸੁਚੱਜੀ ਸੰਭਾਲ ਲਈ ਕਿਸਾਨਾਂ ਨੂੰ ਲੋੜੀਂਦੀ ਮਸ਼ੀਨਰੀ ਤੇ ਹੋਰ ਸਮੱਗਰੀ ਬਾਰੇ ਸੁਝਾਅ ਵੀ ਲਏ।ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਕੀਤੇ ਇਸ ਦੌਰੇ ਦੌਰਾਨ ਡਿਪਟੀ ਕਮਿਸ਼ਨਰ ਨੇ ਪਰਾਲੀ ਨੂੰ ਅੱਗ ਨਾ ਲਾਉਣ ਵਾਲੇ ਕਿਸਾਨਾਂ ਦੇ ਖੇਤਾਂ ਦਾ ਦੌਰਾ ਵੀ ਕੀਤਾ ਅਤੇ ਪਰਾਲੀ ਨੂੰ ਜ਼ਮੀਨ ਵਿੱਚ ਹੀ ਵਾਹ ਕੇ ਬੀਜੀ ਗਈ ਕਣਕ ਦਾ ਜਾਇਜ਼ਾ ਵੀ ਲਿਆ। ਉਨ੍ਹਾਂ ਪਿੰਡ ਪੋਲਾ ਵਿਖੇ ਪਰਾਲੀ ਨੂੰ ਅੱਗ ਲਾਉਣ ਵਾਲੇ ਕਿਸਾਨਾਂ ਦੇ ਖੇਤਾਂ ਵਿੱਚ ਵੀ ਜਾ ਕੇ ਜ਼ਮੀਨੀ ਸਥਿਤੀ ਦਾ ਜਾਇਜ਼ਾ ਲਿਆ।

ਡਿਪਟੀ ਕਮਿਸ਼ਨਰ ਦੀ ਇਸ ਫੇਰੀ ਦੌਰਾਨ ਪਰਾਲੀ ਨੂੰ ਖੇਤ ਵਿੱਚ ਵਾਹ ਕੇ ਫ਼ਸਲ ਬੀਜਣ ਵਾਲੇ ਕਿਸਾਨਾਂ ਨੇ ਦੱਸਿਆ ਕਿ ਪਰਾਲੀ ਨੂੰ ਖੇਤ ਵਿੱਚ ਹੀ ਵਾਹੁਣ ਨਾਲ ਜਿਥੇ ਉਨ੍ਹਾਂ ਦੇ ਖੇਤੀ ਖਰਚੇ ਘੱਟ ਹੋਏ ਹਨ ਉਥੇ ਹੀ ਫ਼ਸਲ ਦੀ ਗੁਣਵੱਤਾ ਵੀ ਬਿਹਤਰ ਹੋਈ ਹੈ ਤੇ ਝਾੜ ਵਧਣ ਦੀ ਵਧੇਰੇ ਆਸਾਰ ਨਜ਼ਰ ਆ ਰਹੇ ਹਨ।ਇਨ੍ਹਾਂ ਕਿਸਾਨਾਂ ਨੇ ਡਿਪਟੀ ਕਮਿਸ਼ਨਰ ਨੂੰ ਇਹ ਵੀ ਦੱਸਿਆ ਕਿ ਪਰਾਲੀ ਦੀ ਸੁਚੱਜੀ ਸੰਭਾਲ ਲਈ ਸਰਕਾਰ ਵੱਲੋਂ ਸਬਸਿਡੀ 'ਤੇ ਦਿੱਤੀ ਗਈ ਖੇਤੀ ਮਸ਼ੀਨਰੀ ਕਿਸਾਨਾਂ ਲਈ ਵਧੇਰੇ ਲਾਹੇਵੰਦ ਸਾਬਤ ਹੋਈ ਹੈ।ਉਨ੍ਹਾਂ ਕਿਹਾ ਕਿ ਅਜਿਹੀਆਂ ਆਧੁਨਿਕ ਖੇਤੀ ਮਸ਼ੀਨਾਂ ਵੱਧ ਤੋਂ ਵੱਧ ਪਿੰਡਾਂ ਦੇ ਕਿਸਾਨਾਂ ਨੂੰ ਮੁਹੱਈਆ ਕਰਾਉਣੀਆਂ ਚਾਹੀਦੀਆਂ ਹਨ। ਪਿੰਡ ਪੋਲਾ ਵਿਖੇ ਪਰਾਲੀ ਨੂੰ ਅੱਗ ਲਾਉਣ ਵਾਲੇ ਕਿਸਾਨਾਂ ਨੂੰ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵੱਧ ਰਿਹਾ ਵਾਤਾਵਰਣ ਪ੍ਰਦੂਸ਼ਣ ਸਾਡੇ ਸਾਰਿਆਂ ਲਈ ਬਹੁਤ ਖ਼ਤਰਨਾਕ ਸਾਬਤ ਹੋ ਸਕਦਾ ਹੈ ਅਤੇ ਇਸ ਨੂੰ ਠੱਲ੍ਹ ਪਾਉਣ ਲਈ ਸਾਰੇ ਵਰਗਾਂ ਦੇ ਲੋਕਾਂ ਖਾਸ ਕਰਕੇ ਕਿਸਾਨਾਂ ਨੂੰ ਅੱਗੇ ਆਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸਾਡੇ ਗੁਰੂ ਸਾਹਿਬਾਨ ਨੇ ਹਵਾ ਨੂੰ ਗੁਰੂ, ਪਾਣੀ ਨੂੰ ਪਿਤਾ ਅਤੇ ਧਰਤੀ ਨੂੰ ਮਾਂ ਦਾ ਦਰਜ਼ਾ ਦਿੱਤਾ ਹੈ। ਸਾਨੂੰ ਆਪਣੇ ਗੁਰੂ ਸਾਹਿਬਾਨ ਵੱਲੋਂ ਦਿੱਤੇ ਗਏ ਉਪਦੇਸ਼ਾਂ ਤੇ ਚੱਲਦੇ ਹੋਏ ਪਰਾਲੀ ਨੂੰ ਅੱਗ ਲਗਾਉਣ ਦੀ ਪ੍ਰਥਾ ਤੋਂ ਗੁਰੇਜ ਕਰਨਾ ਚਾਹੀਦਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਆਉਣ ਵਾਲੀ ਸਾਉਣੀ-2024 ਨੂੰ ਵੇਖਦੇ ਹੋਏ ਪਰਾਲੀ ਦੀ ਸੁਚੱਜੀ ਸੰਭਾਲ ਲਈ ਅਗੇਤੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਤਾਂ ਜੁ ਜ਼ਿਲ੍ਹੇ ਵਿੱਚੋਂ ਪਰਾਲੀ ਨੂੰ ਅੱਗ ਲਾਉਣ ਦੀ ਪ੍ਰਥਾ ਦਾ ਪੱਕੇ ਤੌਰ ਤੇ ਖਾਤਮਾ ਕੀਤਾ ਜਾ ਸਕੇ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ: ਸੰਦੀਪ ਕੁਮਾਰ, ਖੇਤੀਬਾੜੀ ਵਿਕਾਸ ਅਫਸਰ ਦਮਨ ਝਾਂਜੀ, ਖੇਤੀਬਾੜੀ ਅਫਸਰ ਸਰਹਿੰਦ ਡਾ: ਇਕਬਾਲ ਸਿੰਘ, ਖੇਤੀਬਾੜੀ ਵਿਸਥਾਰ ਅਫ਼ਸਰ ਪ੍ਰਭੂ ਨਾਥ ਤੋਂ ਇਲਾਵਾ ਪਿੰਡਾਂ ਦੇ ਪਤਵੰਤੇ ਤੇ ਕਿਸਾਨ ਹਾਜ਼ਰ ਸਨ।

## ਬਠਿੰਡਾ ਪੁਲਸ ਵੱਲੋਂ ਨਸ਼ਾ ਤਸਕਰ ਦੀ ਕਰੀਬ 58 ਲੱਖ ਦੀ ਅਣਅਧਿਕਾਰਤ ਪ੍ਰਾਪਰਟੀ ਜ਼ਬਤ

**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚਲਾਈ ਗਈ ਮੁਹਿੰਮ ਤਹਿਤ ਗੌਰਵ ਯਾਦਵ ਡੀ.ਜੀ.ਪੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਹੇਠ ਹਰਮਨਬੀਰ ਸਿੰਘ ਗਿੱਲ ਐੱਸ.ਐੱਸ.ਪੀ. ਬਠਿੰਡਾ ਵੱਲੋਂ ਜ਼ਿਲ੍ਹਾ ਬਠਿੰਡਾ ਵਿਖੇ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ 'ਤੇ ਸ਼ਿਕੰਜਾ ਕੱਸਦੇ ਹੋਏ ਇਨ੍ਹਾਂ ਦੁਆਰਾ ਨਸ਼ੇ ਦੇ ਕਾਰੋਬਾਰ ਤੋਂ ਬਣਾਈ ਗੈਰ-ਕਾਨੂੰਨੀ ਜਾਇਦਾਦ/ਸੰਪਤੀ ਚੱਲ ਜਾਂ ਅਚੱਲ ਆਦਿ ਨੂੰ ਜ਼ਬਤ ਕਰਨ ਲਈ ਪੰਜਾਬ ਸਰਕਾਰ ਦੁਆਰਾ ਵਿਸ਼ੇਸ਼ ਕਦਮ ਚੁੱਕੇ ਜਾ ਰਹੇ ਹਨ। ਬਠਿੰਡਾ ਪੁਲਸ ਵੱਲੋਂ ਇਸ ਮੁਹਿੰਮ ਤਹਿਤ ਜ਼ਿਲ੍ਹਾ ਬਠਿੰਡਾ 'ਚ ਨਸ਼ੇ ਦੇ ਸੌਦਾਗਰਾਂ ਵੱਲੋਂ ਨਸ਼ੇ ਦੇ ਕਾਰੋਬਾਰ ਤੋਂ ਬਣਾਈ ਅਣਅਧਿਕਾਰਤ/ਗੈਰ-ਕਾਨੂੰਨੀ ਪ੍ਰਾਪਰਟੀ ਨੂੰ ਕੰਪਿਟੈਂਟ ਅਥਾਰਟੀ ਦਿੱਲੀ ਪਾਸੋਂ ਜ਼ਬਤ ਕਰਵਾਇਆ ਗਿਆ।ਜਿਨ੍ਹਾਂ ਦੀ ਕੁੱਲ ਕੀਮਤ ਕਰੀਬ 58 ਲੱਖ ਰੁਪਏ ਹੈ। ਇਸ ਤੋਂ ਇਲਾਵਾ ਹਰਮਨਬੀਰ ਸਿੰਘ ਗਿੱਲ ਐੱਸ.ਐੱਸ.ਪੀ.ਨੇ ਦੱਸਿਆ ਕਿ ਕੰਪਿਟੈਂਟ ਅਥਾਰਟੀ ਦਿੱਲੀ ਪਾਸ ਐੱਨ.ਡੀ.ਪੀ.ਐੱਸ ਦੇ 26 ਕੇਸ ਭੇਜੇ ਗਏ ਸਨ, ਜਿਨ੍ਹਾਂ ਵਿੱਚੋਂ 7 ਐੱਨ.ਡੀ.ਪੀ.ਐੱਸ ਕੇਸਾਂ ਦੀ ਪ੍ਰਾਪਰਟੀ ਕੰਨਫਰਮ ਹੋ ਚੁੱਕੀ ਹੈ ਅਤੇ ਬਾਕੀ ਰਹਿੰਦੇ 19 ਕੇਸਾਂ ਦੀ ਕੰਪਿਟੈਂਟ ਅਥਾਰਟੀ ਪਾਸ ਪੈਂਡਿੰਗ ਹਨ, ਜਿਨ੍ਹਾਂ ਦੀ ਕੁੱਲ ਕੀਮਤ ਕਰੀਬ 2 ਕਰੋੜ 26 ਲੱਖ ਦੇ ਆਸ-ਪਾਸ ਹੈ। ਇਸ ਤੋਂ ਇਲਾਵਾ ਆਉਣ ਵਾਲੇ ਸਮੇਂ ਦੌਰਾਨ ਬਠਿੰਡਾ ਪੁਲਸ ਵੱਲੋਂ ਹੋਰ ਵੀ ਨਸ਼ਾ ਤਸਕਰਾਂ ਦੀਆਂ ਵੱਧ ਤੋਂ ਵੱਧ ਸ਼ਨਾਖਤ ਕਰਕੇ ਕੰਪਿਟੈਂਟ ਅਥਾਰਟੀ ਦਿੱਲੀ ਪਾਸ ਭੇਜ ਕੇ ਜ਼ਬਤ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ ਜ਼ਿਲ੍ਹਾ ਬਠਿੰਡਾ ਦੇ ਕੰਨਫਰਮ ਹੋਏ ਕੇਸਾਂ ਦੇ ਹੁਕਮਾਂ ਦੀਆਂ ਕਾਪੀਆਂ ਦੋਸ਼ੀਆਂ ਦੇ ਸੰਬੰਧਤ ਥਾਣਿਆਂ ਵੱਲੋਂ ਉਨ੍ਹਾਂ ਦੇ ਘਰਾਂ 'ਤੇ ਚਿਪਕਾਈਆਂ ਜਾਂਦੀਆਂ ਹਨ।ਐਫ ਆਈ ਯੂ ਦੇ ਇੰਸਪੈਕਟਰ ਗੁਰਪ੍ਰੀਤ ਸਿੰਘ ਦੇ ਦੱਸਣ ਮੁਤਬਿਕ ਜੋ ਪ੍ਰਾਪਰਟੀ ਕੰਨਫਰਮ ਹੋਈ ਹੈ ਉਸ ਨੂੰ ਨਾ ਤਾਂ ਵੇਚ ਸਕਦੇ ਹਨ ਅਤੇ ਨਾ ਹੀ ਆਪਣੇ ਰਿਸ਼ਤੇਦਾਰ/ਪਰਵਾਰਕ ਮੈਂਬਰ ਦੇ ਨਾਂ 'ਤੇ ਤਬਦੀਲ ਕਰ ਸਕਦੇ ਹਨ। ਬਠਿੰਡਾ ਪੁਲਸ ਨੇ ਕੋਈ ਵੀ ਅਜਿਹਾ ਕਾਰੋਬਾਰ ਕਰਨ ਤੋਂ ਗੁਰੇਜ਼ ਕਰਨ ਦੀ ਅਪੀਲ ਕੀਤੀ ਹੈ।

## ਪਿੰਡਾਂ ਦੇ ਵਿਕਾਸ ਨੂੰ ਪੰਜਾਬ ਸਰਕਾਰ ਦੇ ਰਹੀ ਵਿਸ਼ੇਸ਼ ਤਰਜੀਹ : ਖੁੱਡੀਆਂ



**ਸ੍ਰੀ ਮੁਕਤਸਰ ਸਾਹਿਬ,ਲੰਬੀ, ਮਲੋਟ, (ਸ਼ਮਿੰਦਰਪਾਲ /ਪੂਜਾ /ਪਰਿਜਤ ਸਿੰਘ, ਗੁਰਮੀਤ ਸਿੰਘ ਮੱਕੜ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦੇ ਰਹੀ ਹੈ। ਇਹ ਗੱਲ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਆਪਣੇ ਹਲਕੇ ਦੇ ਪਿੰਡ ਫਤੂਹੀ ਖੇੜਾ ਦਾ ਦੌਰਾ ਕਰਕੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਪਿੰਡ ਵਾਸੀਆਂ ਨੂੰ ਆਖੀ।ਕੈਬਨਿਟ ਮੰਤਰੀ ਨੇ ਇਥੇ ਪਿੰਡ ਵਿਖੇ 40 ਲੱਖ ਦੀ ਲਾਗਤ ਨਾਲ ਹੋਏ ਵਿਕਾਸ ਕੰਮ ਪਿੰਡ ਦੇ ਲੋਕਾਂ ਨੂੰ ਸਮਰਪਤ ਕੀਤੇ ਅਤੇ ਨਾਲ ਹੀ ਵਧੀਆ ਕਾਰਗੁਜ਼ਾਰੀ ਲਈ ਪਿੰਡ ਦੀ ਪੰਚਾਇਤ ਨੂੰ ਵਿਕਾਸ ਕਾਰਜਾਂ ਲਈ ਹੋਰ 5 ਲੱਖ ਰੁਪਏ ਦੀ ਗ੍ਰਾਂਟ ਦਾ ਪ੍ਰਵਾਨਗੀ ਪੱਤਰ ਵੀ ਪਿੰਡ ਵਾਸੀਆਂ ਨੂੰ ਸੌਂਪਿਆ।ਇਸ ਮੌਕੇ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਦੀ ਭਲਾਈ ਲਈ ਵੱਖ ਵੱਖ ਸਕੀਮਾਂ ਬਣਾ ਕੇ ਲਾਗੂ ਕੀਤੀਆਂ ਗਈਆਂ ਹਨ। ਉਨ੍ਹਾਂ ਨੇ ਕਿਹਾ ਕਿ ਸਾਰੇ ਘਰਾਂ ਨੂੰ 600 ਯੂਨਿਟ ਮੁਫ਼ਤ ਬਿਜਲੀ (ਪ੍ਰਤੀ ਬਿਲਿੰਗ ਸਾਈਕਲ) ਦਿੱਤੇ ਜਾਣ ਨਾਲ 85 ਫੀਸਦ ਤੋਂ ਜ਼ਿਆਦਾ ਘਰਾਂ ਦਾ ਬਿਜਲੀ ਦਾ ਬਿੱਲ ਜ਼ੀਰੋ ਆ ਰਿਹਾ ਹੈ। ਉਨ੍ਹਾ ਕਿਹਾ ਕਿ ਇਹ ਲੋਕਾਂ ਲਈ ਇਸ ਮਹਿੰਗਾਈ ਦੇ ਸਮੇਂ 'ਚ ਵੱਡੀ ਰਾਹਤ ਹੈ ਅਤੇ ਸਮਾਜ ਦੇ ਹਰ ਵਰਗ ਨੂੰ ਇਸ ਦਾ ਲਾਭ ਹੋ ਰਿਹਾ ਹੈ।ਇਸੇ ਤਰਾਂ ਸੂਬਾ ਸਰਕਾਰ ਵੱਲੋਂ ਸਿੱਖਿਆ ਅਤੇ ਸਿਹਤ ਨੂੰ ਵੀ ਆਪਣੇ ਤਰਜੀਹੀ ਖੇਤਰ ਬਣਾਏ ਗਏ ਹਨ ਅਤੇ ਜਿੱਥੇ ਸਿੱਖਿਆ ਦੇ ਪੱਧਰ ਵਿਚ ਸੁਧਾਰ ਕੀਤਾ ਜਾ ਰਿਹਾ ਹੈ ਉਥੇ ਹੀ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਪਿੰਡ ਪੱਧਰ 'ਤੇ ਹੀ ਚੰਗੇ ਅਤੇ ਮਿਆਰੀ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ।

## 43 ਪ੍ਰਕਾਰ ਦੀਆਂ ਸੇਵਾਵਾਂ ਸਰਕਾਰ ਲੋਕਾਂ ਦੇ ਘਰਾਂ 'ਚ ਮੁਹੱਈਆ ਕਰਾ ਰਹੀ : ਡੀ ਸੀ

**ਸ੍ਰੀ ਮੁਕਤਸਰ ਸਾਹਿਬ, (ਕੁਲਭੂਸ਼ਨ ਚਾਵਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਤੱਕ ਬਿਹਤਰ ਪ੍ਰਸ਼ਾਸਨਿਕ ਸਹੂਲਤਾਂ ਉਪਲਬੱਧ ਕਰਵਾਉਣ ਲਈ ਸ਼ੁਰੂ ਕੀਤੀ 1076 ਹੈਲਪਲਾਈਨ ਸੇਵਾ ਲੋਕਾਂ ਵਿਚ ਮਕਬੂਲ ਹੋ ਰਹੀ ਹੈ।ਇਸ ਤਹਿਤ ਕੋਈ ਵੀ ਨਾਗਰਿਕ ਫੋਨ ਨੰਬਰ 1076 'ਤੇ ਕਾਲ ਕਰਕੇ 43 ਪ੍ਰਕਾਰ ਦੀਆਂ ਸਰਕਾਰੀ ਸੇਵਾਵਾਂ ਲਈ ਸਰਕਾਰੀ ਨੁਮਾਇੰਦੇ ਨੂੰ ਆਪਣੇ ਘਰ ਬੁਲਾ ਸਕਦਾ ਹੈ ਭਾਵ ਇਨ੍ਹਾਂ 43 ਪ੍ਰਕਾਰ ਦੇ ਸਰਕਾਰੀ ਕੰਮਾਂ ਲਈ ਕਿਸੇ ਵੀ ਦਫ਼ਤਰ ਜਾਣ ਦੀ ਜ਼ਰੂਰਤ ਨਹੀਂ ਸਗੋਂ ਦਫ਼ਤਰ ਚੱਲ ਕੇ ਲੋਕਾਂ ਦੇ ਘਰ ਪਹੁੰਚਦਾ ਹੈ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ ਆਈਏਐਸ ਨੇ ਦਿੱਤੀ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਤਹਿਤ ਵੱਖ-ਵੱਖ ਤਰਾਂ ਦੀਆਂ ਸਰਕਾਰੀ ਸੇਵਾਵਾਂ ਲੋਕਾਂ ਨੂੰ ਉਪਲਬੱਧ ਕਰਵਾਉਣ ਲਈ ਜ਼ਿਲ੍ਹੇ ਵਿਚ 5 ਪ੍ਰਤੀਨਿਧ ਨਿਯੁਕਤ ਕੀਤੇ ਗਏ ਹਨ।ਉਨ੍ਹਾਂ ਨੇ ਦੱਸਿਆ ਕਿ ਪਿੱਛਲੇ ਇਕ ਮਹੀਨੇ ਵਿਚ 353 ਲੋਕਾਂ ਨੇ ਇਸ ਤਰੀਕੇ ਨਾਲ ਸਰਕਾਰੀ ਸੇਵਾਵਾਂ ਲਈ ਅਰਜੀ ਦਿੱਤੀ ਅਤੇ ਇਨ੍ਹਾਂ ਵਿਚ 162 ਨੂੰ ਘਰ ਬੈਠਿਆਂ ਹੀ ਸੇਵਾ ਉਪਲਬਧ ਕਰਾ ਦਿੱਤੀ ਗਈ ਹੈ ਅਤੇ ਬਾਕੀ ਅਰਜ਼ੀਆਂ ਨਿਰਧਾਰਤ ਸਮਾਂ ਹੱਦ ਦੇ ਅੰਦਰ ਕਾਰਵਾਈ ਅਧੀਨ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਤਹਿਤ ਬੁਢਾਪਾ, ਵਿਧਵਾ, ਅੰਗਹੀਣ ਅਤੇ ਆਸ਼ਰਿਤ ਪੈਨਸ਼ਨ, ਆਮਦਨ ਸਰਟੀਫਿਕੇਟ, ਹਲਫੀਆ ਬਿਆਨ, ਭਾਰ ਰਹਿਤ ਸਰਟੀਫਿਕੇਟ, ਜਮਾਂਬੰਦੀ ਕਢਵਾਉਣ ਸਬੰਧੀ, ਜ਼ਮੀਨ ਦੀ ਨਿਸ਼ਾਨਦੇਹੀ, ਜਨਮ ਸਰਟੀਫਿਕੇਟ, ਮੌਤ ਸਰਟੀਫਿਕੇਟ, ਐਸ ਸੀ, ਬੀਸੀ ਸਰਟੀਫਿਕੇਟ ਆਦਿ ਵਰਗੀਆਂ ਕੁੱਲ 43 ਸੇਵਾਵਾਂ ਉਪਲਬੱਧ ਕਰਾਈਆਂ ਜਾ ਰਹੀਆਂ ਹਨ। ਇਸ ਲਈ ਸੇਵਾ ਕੇਂਦਰ 'ਤੇ ਲੱਗਣ ਵਾਲੀ ਫੀਸ ਤੋਂ ਇਲਾਵਾ 120 ਰੁਪਏ ਦੀ ਪ੍ਰਤੀ ਸਰਵਿਸ ਵਿਜਿਟ ਫੀਸ ਅਲੱਗ ਤੋਂ ਲਾਗੂ ਹੈ।

## ਬਿਜਲੀ ਥਰਮਲ ਪਲਾਂਟ ਖਰੀਦ ਕੇ ਪੰਜਾਬ ਵਾਸੀਆਂ ਨੂੰ ਦਿੱਤਾ ਤੋਹਫ਼ਾ : ਦੇਵ ਮਾਨ



**ਨਾਭਾ (ਵਰਿੰਦਰ ਵਰਮਾ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਲਗਾਤਾਰ ਪੰਜਾਬ ਦੀ ਖੁਸ਼ਹਾਲੀ ਤੇ ਪੰਜਾਬੀਆਂ ਦੇ ਚਿਹਰੇ 'ਤੇ ਰੌਣਕ ਲਿਆਉਣ ਲਈ ਯਤਨਸ਼ੀਲ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਰਦਿਆਂ ਪੰਜਾਬ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਗੋਇੰਦਵਾਲ ਦਾ ਬਿਜਲੀ ਥਰਮਲ ਪਲਾਂਟ ਕਰੀਬ 1080 ਕਰੋੜ ਰੁਪਏ ਦੀ ਲਾਗਤ ਨਾਲ ਖਰੀਦ ਕੇ ਪੰਜਾਬੀਆਂ ਦੀ ਝੋਲੀ 'ਚ ਮਾਨ ਸਰਕਾਰ ਨੇ ਨਵੇਂ 2024 ਸਾਲ ਦਾ ਤੋਹਫਾ ਭੇਟ ਕੀਤਾ ਹੈ।

ਦੇਵ ਮਾਨ ਨੇ ਕਿਹਾ ਕਿ ਮਾਨ ਸਰਕਾਰ ਜਿੱਥੇ ਪੰਜਾਬੀਆਂ ਨਾਲ ਕੀਤੇ ਵਾਅਦਿਆਂ ਨੂੰ ਲਗਾਤਾਰ ਪੂਰਾ ਕਰ ਰਹੀ ਹੈ, ਉੱਥੇ ਹੀ ਪੰਜਾਬੀਆਂ ਦੇ ਚਿਹਰੇ 'ਤੇ ਰੌਣਕ ਲਿਆਉਣ ਲਈ ਵੀ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਪੰਜਾਬ ਵਾਸੀਆਂ ਨੂੰ ਬਿਜਲੀ ਖਪਤਕਾਰਾਂ ਨੂੰ 600 ਯੂਨਿਟ ਫ੍ਰੀ ਬਿਜਲੀ ਦੇ ਕੇ ਪੰਜਾਬ ਦੀ ਜਨਤਾ ਨੂੰ ਮਾਨ ਸਰਕਾਰ ਵੱਡੀ ਰਾਹਤ ਪ੍ਰਦਾਨ ਕਰ ਚੁੱਕੀ ਹੈ। ਉਨ੍ਹਾਂ ਕਿਹਾ ਕਿ ਬਿਜਲੀ ਖੇਤਰ ਵਿੱਚ ਕੇਵਲ ਤੇ ਕੇਵਲ ਪੌਣੇ ਦੋ ਸਾਲ ਦੇ ਆਪਣੇ ਕਾਰਜਕਾਲ ਅੰਦਰ ਗੋਇੰਦਵਾਲ ਥਰਮਲ ਪਲਾਂਟ ਖਰੀਦਣ ਦੀ ਇਹ ਦੂਜੀ ਵੱਡੀ ਪੁਲਾਂਘ ਪੁੱਟੀ ਹੈ। ਦੇਵ ਮਾਨ ਨੇ ਕਿਹਾ ਕਿ ਇਸ ਬਿਜਲੀ ਪਲਾਂਟ ਤੋਂ ਪਹਿਲਾਂ ਸਰਕਾਰ ਬਿਜਲੀ ਖਰੀਦ ਕਰਦੀ ਸੀ, ਜੋ ਹੁਣ ਨਹੀਂ ਕਰਨੀ ਪਵੇਗੀ।

## ਕਾਨਫਰੰਸਾਂ ਦਾ ਇਤਿਹਾਸਕ ਇੱਕਠ ਸਿਰਜੇਗਾ ਇਤਿਹਾਸ : ਬਿੱਟੂ



**ਸ੍ਰੀ ਮੁਕਤਸਰ ਸਾਹਿਬ - (ਸ਼ਮਿੰਦਰਪਾਲ /ਪੂਜਾ /ਪਰਿਜਤ ਸਿੰਘ)**-ਸ੍ਰੀ ਮੁਕਤਸਰ ਸਾਹਿਬ ਵਿਖੇ ਇਸ ਵਾਰ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਯੋਗ ਅਗਵਾਈ ਹੇਠ 12 ਅਤੇ 14 ਜਨਵਰੀ ਨੂੰ ਇਤਿਹਾਸਕ ਕਾਨਫਰੰਸਾਂ ਕੀਤੀਆਂ ਜਾਣਗੀਆਂ, ਜੋ ਕਿ ਨਵਾਂ ਇਤਿਹਾਸ ਸਿਰਜਣ ਵਿੱਚ ਸਹਾਈ ਹੋਣਗੀਆਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਮਨਜਿੰਦਰ ਸਿੰਘ ਬਿੱਟੂ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਬਰੀਵਾਲਾ ਨੇ ਕਿਹਾ ਕਿ ਮੁੱਖ ਕਾਨਫਰੰਸ 14 ਜਨਵਰੀ ਨੂੰ ਹੋਵੇਗੀ ਜਦਕਿ ਇਸ ਤੋਂ ਪਹਿਲਾਂ 12 ਜਨਵਰੀ ਨੂੰ ਮਾਤਾ ਭਾਗ ਕੌਰ ਨੂੰ ਸਮਰਪਤ ਇਤਿਹਾਸਕ ਇਸਤਰੀ ਅਕਾਲੀ ਦਲ ਦੀ ਕਾਨਫਰੰਸ ਹੋਵੇਗੀ। ਉਨ੍ਹਾਂ ਕਿਹਾ ਕਿ ਬੀਬੀ ਹਰਗੋਬਿੰਦ ਕੌਰ ਪ੍ਰਧਾਨ ਇਸਤਰੀ ਅਕਾਲੀ ਦੀ ਰਹਿਨੁਮਾਈ ਅਤੇ ਮਿਹਨਤ ਸਦਕਾ ਪਿਛਲੇ ਸਮੇਂ ਤੋਂ ਪੂਰੇ ਪੰਜਾਬ ਵਿੱਚ ਔਰਤਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ, ਜਿਸ ਦੇ ਮੱਦੇਨਜ਼ਰ ਉਕਤ ਇਸਤਰੀ ਅਕਾਲੀ ਦਲ ਦੀ ਕਾਨਫਰੰਸ ਕਰਨ ਦਾ ਪਾਰਟੀ ਵੱਲੋਂ ਫੈਸਲਾ ਕੀਤਾ ਗਿਆ ਹੈ। ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਬਾਰੇ ਗੱਲਬਾਤ ਕਰਦਿਆਂ ਬਿੱਟੂ ਨੇ ਕਿਹਾ ਕਿ ਜਿਥੇ ਆਮ ਲੋਕਾਂ ਦਾ ਸਰਕਾਰ ਤੋਂ ਮੋਹ ਭੰਗ ਹੋ ਗਿਆ ਹੈ ਉਥੇ ਹੀ ਚਾਹੇ ਕਿਸਾਨ, ਵਿਦਿਆਰਥੀ, ਛੋਟੇ ਕਾਰੋਬਾਰੀ ਜਾਂ ਮੁਲਾਜ਼ਮ ਵਰਗ ਹਨ, ਦਾ ਵੀ ਮਨ ਪੂਰੀ ਤਰ੍ਹਾਂ ਇਸ ਸਰਕਾਰ ਤੋਂ ਅੱਕ ਚੁੱਕਿਆ ਹੈ ਜਦਕਿ ਪਿਛਲੇ ਸਮੇਂ 'ਚ ਜਦੋਂ ਵੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਰਹੀ ਹੈ ਤਾਂ ਹਮੇਸ਼ਾ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕੀਤਾ ਗਿਆ ਹੈ ਅਤੇ ਅਕਾਲੀ ਦਲ ਦੀ ਸਰਕਾਰ ਸਮੇਂ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਂਦਾ ਸੀ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਾਰੇ ਮਸਲੇ ਇਨ੍ਹਾਂ ਕਾਨਫਰੰਸਾਂ ਦੌਰਾਨ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸੀਨੀਅਰ ਲੀਡਰਸ਼ਿਪ ਵੱਲੋਂ ਵਿਚਾਰੇ ਜਾਣਗੇ। ਉਨ੍ਹਾਂ ਕਿਹਾ ਕਿ ਜ਼ੈਲ ਬਰੀਵਾਲਾ ਦੇ ਵੱਖ-ਵੱਖ ਪਿੰਡਾਂ 'ਚ ਮੀਟਿੰਗਾਂ ਕਰਕੇ ਸੰਗਤਾਂ ਨੂੰ ਅਪੀਲ ਜਾ ਰਹੀ ਹੈ ਅਤੇ ਸੰਗਤਾਂ ਵਿੱਚ ਵੀ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

## ਭਾਸ਼ਾ ਵਿਭਾਗ ਦੇ ਸਥਾਪਨਾ ਦਿਵਸ 'ਤੇ ਸਾਹਿਤਕ ਮਿਲਣੀ



**ਬਠਿੰਡਾ, (ਰਾਜਦੀਪ ਜੋਸ਼ੀ)** ਭਾਸ਼ਾ ਵਿਭਾਗ ਪੰਜਾਬ ਜ਼ਿਲ੍ਹਾ ਬਠਿੰਡਾ ਵੱਲੋਂ ਭਾਸ਼ਾ ਵਿਭਾਗ ਦੇ 76ਵੇਂ ਸਥਾਪਨਾ ਦਿਵਸ ਨੂੰ ਸਮਰਪਤ ਸਾਹਿਤਕ ਮਿਲਣੀ ਮਹਾਤਮਾ ਗਾਂਧੀ ਲੋਕ ਰਾਜ ਪ੍ਰਸ਼ਾਸਨ ਸੰਸਥਾਨ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਬਠਿੰਡਾ ਵਿਖੇ ਕਰਾਈ ਗਈ, ਜਿਸ ਵਿੱਚ ਬਠਿੰਡਾ ਜ਼ਿਲ੍ਹੇ ਦੇ ਉੱਘੇ ਸਾਹਿਤਕਾਰਾਂ ਨੇ ਸ਼ਮੂਲੀਅਤ ਕੀਤੀ। ਮਿਲਣੀ ਰਾਹੀਂ ਸਾਹਿਤਕਾਰਾਂ ਨੇ ਪੰਜਾਬੀ ਭਾਸ਼ਾ ਦੀ ਪ੍ਰਫੁੱਲਤਾ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਸਮਾਗਮ ਵਿੱਚ ਚੰਦ ਸਿੰਘ ਸਦਿਉੜਾ, ਕਾਲਮ ਨਵੀਸ ਨੇ ਮਹਿਮਾਨ ਵਜੋਂ ਸ਼ਿਰਕਤ ਕੀਤੀ। ਆਪਣੇ ਸੁਆਗਤੀ ਭਾਸ਼ਣ ਰਾਹੀਂ ਕੀਰਤੀ ਕਿਰਪਾਲ ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਕਿਹਾ ਕਿ ਇਸ ਮਿਲਣੀ ਦਾ ਮੂਲ ਮਕਸਦ ਭਾਸ਼ਾ ਵਿਭਾਗ ਦੇ 76ਵੇਂ ਸਥਾਪਨਾ ਦਿਵਸ 'ਤੇ ਸਤਿਕਾਰਤ ਸਾਹਿਤਕਾਰਾਂ ਦੇ ਪੰਜਾਬੀ ਭਾਸ਼ਾ ਨੂੰ ਤਕਨੀਕੀ ਯੁੱਗ ਦਾ ਹਾਣੀ ਬਣਾਉਣ ਸਬੰਧੀ ਵਿਚਾਰਾਂ ਤੋਂ ਜਾਣੂ ਹੋਣਾ ਹੈ। ਉਨ੍ਹਾਂ ਇਹ ਵੀ ਕਿਹਾ ਪੰਜਾਬੀ ਬੋਲੀ ਦੇ ਉਪਾਸ਼ਕ ਬੁੱਧੀਜੀਵੀ ਵਰਗ ਨੂੰ ਸਿਰ ਜੋੜ ਕੇ ਬੈਠਣ ਦੀ ਲੋੜ ਹੈ ਤਾਂ ਜੁ ਇਸ ਦੀ ਪ੍ਰਫੁੱਲਤਾ ਲਈ ਹੰਭਲਾ ਮਾਰਿਆ ਜਾ ਸਕੇ। ਚੰਦ ਸਿੰਘ ਸਦਿਉੜਾ ਨੇ ਪੰਜਾਬੀ ਡਾਇਸਪੋਰਾ ਵੱਲੋਂ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪਸਾਰ ਸਬੰਧੀ ਕੀਤੀਆਂ ਅਣਥੱਕ ਕੋਸ਼ਿਸ਼ਾਂ ਦਾ ਜ਼ਿਕਰ ਕੀਤਾ।

ਇਸ ਦੌਰਾਨ ਸਾਹਿਤਕਾਰਾਂ ਵਿੱਚੋਂ ਕਵਿੱਤਰੀ ਤੇ ਪ੍ਰੋਫੈਸਰ ਨੀਤੂ ਅਰੋੜਾ ਨੇ ਕਿਹਾ ਕਿ ਜੇ ਪੰਜਾਬੀ ਬੋਲੀ ਨੂੰ ਅਗਾਂਹ ਲੈ ਕੇ ਆਉਣਾ ਹੈ ਤਾਂ ਇਸ ਨੂੰ ਰੁਜ਼ਗਾਰ ਅਤੇ ਬਜ਼ਾਰ ਦੀ ਭਾਸ਼ਾ ਬਣਾਉਣ ਦੇ ਨਾਲ-ਨਾਲ ਇਸ ਨੂੰ ਕੰਪਿਊਟਰਾਈਜਡ ਕਰਨਾ ਪਵੇਗਾ। ਗੀਤਕਾਰ ਮਨਪ੍ਰੀਤ ਟਿਵਾਣਾ ਦੇ ਵਿਚਾਰ ਮੁਤਾਬਕ ਇਸ ਨੂੰ ਵਪਾਰ ਮੰਡਲ ਤੇ ਹੋਰ ਅਜਿਹੇ ਅਦਾਰਿਆਂ ਨਾਲ ਲੋਕ ਮਿਲਣੀਆਂ ਦੇ ਰੂਪ ਵਿੱਚ ਮੀਟਿੰਗਾਂ ਰਾਹੀਂ ਉਨ੍ਹਾਂ ਦੀਆਂ ਦੁਕਾਨਾਂ ਦੇ ਨੇਮ ਬੋਰਡ ਪੰਜਾਬੀ ਵਿੱਚ ਕਰਾ ਕੇ ਮਾਂ-ਬੋਲੀ ਦੀ ਪ੍ਰਫੁੱਲਤਾ ਲਈ ਕੰਮ ਕੀਤਾ ਜਾ ਸਕਦਾ ਹੈ।

ਕੁਲਦੀਪ ਬੰਗੀ ਨੇ ਇਸ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਲਾਗੂ ਕਰਾਉਣ 'ਤੇ ਜ਼ੋਰ ਦਿੱਤਾ। ਸ੍ਰੀ ਨਿਰੰਜਣ ਸਿੰਘ ਪ੍ਰੇਮੀ ਨੇ ਕਿਹਾ ਕਿ ਮੋਬਾਈਲ ਟਾਈਪਿੰਗ ਸਾਨੂੰ ਪੰਜਾਬੀ ਵਿੱਚ ਕਰਨੀ ਚਾਹੀਦੀ ਹੈ। ਇਨ੍ਹਾਂ ਤੋਂ ਇਲਾਵਾ ਹੋਰਨਾਂ ਸਾਹਿਤਕਾਰਾਂ ਵਿੱਚੋਂ ਨਰੂਲਾ, ਮਲਕੀਤ ਸਿੰਘ ਮਛਾਣਾ, ਰਾਮ ਸਿੰਘ ਸੇਖੋਂ, ਬੱਬਲਦੀਪ ਸਿੰਘ, ਮੈਡਮ ਅੰਮ੍ਰਿਤਪਾਲ, ਦਵੀ ਸਿੱਧੂ ਤੇ ਸਮਸ਼ੇਰ ਸਿੰਘ ਮੱਲੀ ਨੇ ਆਪਣੇ ਕੀਮਤੀ ਵਿਚਾਰ ਸਾਂਝੇ ਕੀਤੇ।

## ਮਾਘੀ ਨੂੰ ਸਮਰਪਤ ਬੁੱਢਾ ਦਲ ਵੱਲੋਂ ਗੁ: ਬਾਬਾ ਨੈਣਾ ਸਿੰਘ ਤੇ ਗੁ: ਬੱਗਸਰ ਸਾਹਿਬ ਵਿਖੇ ਧਾਰਮਿਕ ਸਮਾਗਮ ਹੋਣਗੇ



**ਮੁਕਤਸਰ ਸਾਹਿਬ, (ਸ਼ਮਿੰਦਰਪਾਲ /ਪੂਜਾ)**- ਮਾਘੀ ਦੇ ਇਤਿਹਾਸਕ ਦਿਹਾੜੇ ਨੂੰ ਸਮਰਪਤ ਨਿਹੰਗ ਸਿੰਘ ਦਲਾਂ ਦੀਆਂ ਵੱਖ-ਵੱਖ ਛਾਉਣੀਆਂ 'ਚ ਸਾਫ ਸਫਾਈ ਤੇ ਨਿਹੰਗ ਸਿੰਘ ਦੇ ਦਲ ਪੁੱਜਣੇ ਸ਼ੁਰੂ ਹੋ ਗਏ ਹਨ। ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਚਲਦਾ ਵਹੀਰ ਚੱਕ੍ਰਵਰਤੀ ਦੇ 14ਵੇਂ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵੱਲੋਂ ਗੁਰਦੁਆਰਾ ਬਾਬਾ ਨੈਣਾ ਸਿੰਘ ਛਾਉਣੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਸ੍ਰੀ ਮੁਕਤਸਰ ਸਾਹਿਬ ਅਤੇ ਗੁਰਦੁਆਰਾ ਬੱਗਸਰ ਸਾਹਿਬ ਜੱਸੀ ਬਾਗ ਵਾਲੀ ਵਿਖੇ ਬੁੱਢਾ ਦਲ ਦੇ ਨਿਹੰਗ ਸਿੰਘਾਂ ਨੇ ਉਤਾਰੇ ਸ਼ੁਰੂ ਹੋ ਗਏ ਹਨ ਅਤੇ ਮਾਘੀ ਮੇਲੇ ਨੂੰ ਸਮਰਪਤ ਧਾਰਮਿਕ ਸਮਾਗਮਾਂ ਦੀਆਂ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਸ਼ੁਰੂ ਹੋ ਰਹੀਆਂ ਹਨ। ਦੋਹਾਂ ਅਸਥਾਨਾਂ 'ਤੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਲਾਹੀ ਅਖੰਡ ਬਾਣੀ ਦੇ ਅਖੰਡ ਪਾਠ 12 ਜਨਵਰੀ ਤੋਂ ਅਰੰਭ ਹੋ ਕੇ 14 ਜਨਵਰੀ ਨੂੰ ਭੋਗ ਪਾਏ ਜਾਣਗੇ। ਏਸੇ ਤਰ੍ਹਾਂ ਬੁੱਢਾ ਦਲ ਦੀ ਛਾਉਣੀ ਗੁ. ਬਾਬਾ ਨੈਣਾ ਸਿੰਘ ਵਿਖੇ ਸ੍ਰੀ ਦਸਮ ਗ੍ਰੰਥ ਜੀ ਦੇ ਭੋਗ 15 ਜਨਵਰੀ ਨੂੰ ਪੈਣਗੇ ਅਤੇ ਮਹੱਲਾ ਚੜ੍ਹੇਗਾ। ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਦੋਹਾਂ ਧਾਰਮਿਕ ਅਸਥਾਨਾਂ 'ਤੇ ਧਾਰਮਿਕ ਦੀਵਾਨ ਸਜਣਗੇ ਅਤੇ ਅੰਮ੍ਰਿਤ ਸੰਚਾਰ ਹੋਵੇਗਾ।ਉਨ੍ਹਾ ਦੱਸਿਆ ਕਿ ਇਹ ਸਾਰੇ ਸਮਾਗਮ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਤੇ ਦਿਸ਼ਾ ਨਿਰਦੇਸ਼ਨਾ ਹੇਠ ਕੀਤੇ ਜਾਣਗੇ।ਉਨ੍ਹਾ ਇਸ ਅਸਥਾਨ ਦੀ ਇਤਿਹਾਸਕ ਮਹੱਤਤਾ ਦੱਸਦਿਆ ਕਿਹਾ ਕਿ ਦਸਵੇਂ ਪਾਤਸ਼ਾਹ ਨੇ ਖਿਦਰਾਣੇ ਦੀ ਢਾਬ ਦਾ ਧਰਮ ਯੁੱਧ ਫ਼ਤਹਿ ਕੀਤਾ, ਧਰਮੀ ਸ਼ਹੀਦ ਸਿੰਘਾਂ ਨੂੰ ਵੱਖ-ਵੱਖ ਖਿਤਾਬ ਬਖ਼ਸ਼ਦੇ ਹੋਏ ਅਤੇ ਹੋਰ ਅਨੇਕਾਂ ਬਚਨਾਂ ਰਾਹੀਂ ਕਲਯੁਗੀ ਜੀਵਾਂ ਦੇ ਉਧਾਰ ਕਰਦੇ ਹੋਏ ਮੁਕਤਸਰ ਤੋਂ ਪਿੰਡ ਜੱਸੀ ਬਾਗ ਵਾਲੀ ਗੁ: ਬੱਗਸਰ ਸਾਹਿਬ ਵਾਲੇ ਸਥਾਨ 'ਤੇ ਪੁੱਜੇ।ਮਾਘੀ ਮੇਲੇ ਨੂੰ ਸਮਰਪਤ ਦੋਹਾਂ ਮਹਾਨ ਤੀਰਥਾਂ 'ਤੇ ਧਾਰਮਿਕ ਸਮਾਗਮ ਚਾਰੇ ਦਿਨ ਚੱਲਣਗੇ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਣਗੇ। ਨਿਹੰਗ ਸਿੰਘ ਫੌਜਾਂ ਦੇ ਲਾਇਸੈਂਸ ਨਵੇਂ ਬਣਾਏ ਅਤੇ ਰੀਨਿਊ ਕੀਤੇ ਜਾਣਗੇ।

## 14 ਤੇ 15 ਨੂੰ ਹੋ ਰਹੀਆਂ ਕਾਨਫਰੰਸਾਂ 'ਚ ਹੁੰਮਹੁਮਾ ਕੇ ਪਹੁੰਚਿਆ ਜਾਵੇ : ਸਿਮਰਨਜੀਤ ਸਿੰਘ ਮਾਨ

**ਸੰਗਰੂਰ (ਪ੍ਰਵੀਨ ਸਿੰਘ)**- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਹਰ ਸਾਲ ਦੀ ਤਰ੍ਹਾਂ ਮਾਘੀ ਦੇ ਮਹਾਨ ਦਿਹਾੜੇ ਉਤੇ ਮੁਕਤਸਰ ਵਿਖੇ 14 ਜਨਵਰੀ ਨੂੰ ਮਲੋਟ ਰੋਡ ਸਾਹਮਣੇ ਡੇਰਾ ਬਾਬਾ ਮਸਤਾਨ ਸਿੰਘ ਵਿਖੇ ਅਤੇ 15 ਜਨਵਰੀ ਨੂੰ ਤਖਤੂਪੁਰਾ ਸਾਹਿਬ ਮੋਗਾ ਵਿਖੇ ਮੀਰੀ-ਪੀਰੀ ਇਤਿਹਾਸਕ ਕਾਨਫਰੰਸਾਂ ਕੀਤੀਆਂ ਜਾ ਰਹੀਆਂ ਹਨ । ਜਿਸ ਵਿਚ ਸਮੁੱਚੀ ਪਾਰਟੀ ਲੀਡਰਸ਼ਿਪ ਵੱਲੋਂ ਜਿਥੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ, ਉਥੇ ਕੌਮ ਨਾਲ ਪੰਥਕ ਵਿਚਾਰਾਂ ਕਰਦੇ ਹੋਏ ਪੰਥ ਨੂੰ ਦਰਪੇਸ਼ ਮਸਲਿਆਂ ਸੰਬੰਧੀ ਵੀ ਵਿਚਾਰਾਂ ਹੋਣਗੀਆਂ । ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਇਹ ਵਿਚਾਰ ਖ਼ਾਲਸਾ ਪੰਥ ਨੂੰ ਦੋਵੇ ਇਤਿਹਾਸਕ ਕਾਨਫਰੰਸਾਂ ਵਿਚ ਸਮੁੱਚੀ ਸਿੱਖ ਕੌਮ ਨੂੰ ਹੁੰਮ ਹੁਮਾ ਕੇ ਪਹੁੰਚਣ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਖ਼ਾਲਸਾ ਪੰਥ ਦਾ ਇਤਿਹਾਸ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਜਦੋਂ ਵੀ ਖਾਲਸਾ ਪੰਥ ਉਤੇ ਹਕੂਮਤੀ ਭੀੜ ਬਣਦੀ ਹੈ, ਤਾਂ ਸਮੁੱਚਾ ਖ਼ਾਲਸਾ ਪੰਥ ਅਜਿਹੇ ਇਤਿਹਾਸਕ ਦਿਹਾੜਿਆਂ ਉਤੇ ਇਕੱਤਰ ਹੋ ਕੇ ਪੰਥਕ ਵਿਚਾਰਾਂ ਕਰਦੇ ਹੋਏ ਆਪਣੀ ਕੌਮੀ ਰਣਨੀਤੀ ਘੜਨ ਅਤੇ ਚੱਲ ਰਹੇ ਕੌਮੀ ਸੰਘਰਸ਼ ਨੂੰ ਆਪਣੀ ਮੰਜ਼ਲ ਵੱਲ ਦ੍ਰਿੜ੍ਹਤਾ ਨਾਲ ਵਧਾਉਣ ਦੀ ਰਣਨੀਤੀ ਵੀ ਤੈਅ ਕਰਦਾ ਹੈ । ਉਨ੍ਹਾ ਉਮੀਦ ਪ੍ਰਗਟ ਕੀਤੀ ਕਿ ਮੁਕਤਸਰ ਮਾਘੀ ਮੌਕੇ ਅਤੇ ਤਖ਼ਤੂਪੁਰਾ ਸਾਹਿਬ ਮੋਗਾ ਵਿਖੇ ਸੰਗਤਾਂ ਆਪਣੇ ਇਤਿਹਾਸਕ ਸਥਾਨਾਂ ਨੂੰ ਨਤਮਸਤਕ ਹੁੰਦੀਆਂ ਹੋਈਆਂ ਇਨ੍ਹਾਂ ਮੀਰੀ-ਪੀਰੀ ਕਾਨਫਰੰਸਾਂ ਵਿਚ ਵੀ ਹਾਜ਼ਰੀ ਲਗਾਉਣਗੀਆਂ ।

# ਫਰਜ਼ੀ ਜ਼ਮਾਨਤ ਬਾਂਡ ਦੇਣ ਵਾਲੇ ਗਰੋਹ ਦਾ ਪਰਦਾਫਾਸ਼



**ਜਲੰਧਰ, ( ਸ਼ੈਲੀ ਐਲਬਰਟ)**- ਜਲੰਧਰ ਕਮਿਸ਼ਨਰੇਟ ਪੁਲਸ ਨੇ ਮੰਗਲਵਾਰ ਨੂੰ ਇਕ ਵੱਡੀ ਸਫਲਤਾ ਹਾਸਲ ਕਰਦੇ ਹੋਏ ਅਜਿਹੇ ਮਾਮਲਿਆਂ 'ਚ ਦੋਸ਼ੀਆਂ ਨੂੰ ਫਾਇਦਾ ਪਹੁੰਚਾਉਣ ਲਈ ਅਪਰਾਧਕ ਮਾਮਲਿਆਂ 'ਚ ਫਰਜ਼ੀ ਜ਼ਮਾਨਤ ਬਾਂਡ ਦੇਣ ਵਾਲੇ ਇਕ ਗਰੋਹ ਦਾ ਪਰਦਾਫਾਸ਼ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਕਮਿਸ਼ਨਰੇਟ ਪੁਲਸ ਨੂੰ ਸੂਹ ਮਿਲੀ ਸੀ ਕਿ ਸੂਬੇ ਵਿੱਚ ਇੱਕ ਹਾਈਪ੍ਰੋਫਾਈਲ ਗਰੋਹ ਚੱਲ ਰਿਹਾ ਹੈ ਜੋ ਅਜਿਹੇ ਮਾਮਲਿਆਂ 'ਚ ਦੋਸ਼ੀਆਂ ਨੂੰ ਫਾਇਦਾ ਪਹੁੰਚਾਉਣ ਲਈ ਅਪਰਾਧਕ ਮਾਮਲਿਆਂ 'ਚ ਝੂਠੀ ਜ਼ਮਾਨਤ ਦੇ ਕੇ ਕੰਮ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਐਫ ਆਈ ਆਰ ਨੰਬਰ 01 ਮਿਤੀ 05.01.2024 ਅਧੀਨ 419, 420, 465, 467, 468, 47, 120 ਬੀ ਆਈ ਪੀ ਸੀ ਥਾਣਾ ਭਾਰਗੋ ਕੈਂਪ ਜਲੰਧਰ ਵਿਖੇ ਦਰਜ ਕੀਤੀ ਗਈ ਸੀ। ਸਵਪਨ ਸ਼ਰਮਾ ਨੇ ਦੱਸਿਆ ਕਿ ਇਹ ਗਰੋਹ ਅਦਾਲਤਾਂ ਵਿੱਚ ਜਾਅਲੀ ਜ਼ਮਾਨਤ ਵਜੋਂ ਆਈ ਡੀ ਕਾਰਡ, ਆਧਾਰ ਕਾਰਡ, ਸਟੈਂਪ ਵਰਗੇ ਝੂਠੇ/ਜਾਅਲੀ ਦਸਤਾਵੇਜ਼ ਪੇਸ਼ ਕਰਦਾ ਸੀ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਪੁਲਸ ਨੇ ਡੂੰਘਾਈ ਨਾਲ ਤਫਤੀਸ਼ ਕਰਨ ਤੋਂ ਬਾਅਦ ਜਗਜੀਤ ਸਿੰਘ ਉਰਫ ਜੱਗੀ ਪੁੱਤਰ ਤਰਲੋਕ ਸਿੰਘ ਵਾਸੀ ਫੱਤੂਢੀਂਗਾ ਜ਼ਿਲਾ ਕਪੂਰਥਲਾ, ਰਵੀ ਕੁਮਾਰ ਪੁੱਤਰ ਅਸ਼ੋਕ ਕੁਮਾਰ ਵਾਸੀ ਗਾਖਲਾਂ ਕਾਲੋਨੀ ਜਲੰਧਰ, ਪੰਕਜ ਰਾਮ ਉਰਫ ਗੰਜੂ ਪੁੱਤਰ ਸਵ. ਗੁਰਨਾਮ ਦਾਸ ਵਾਸੀ ਚੇਰਾਟਾ ਅੰਮ੍ਰਿਤਸਰ, ਗੁਰਮੀਤ ਸਿੰਘ ਪੁੱਤਰ ਇੰਦਰ ਸਿੰਘ ਵਾਸੀ ਚੇਰਾਟਾ ਅੰਮ੍ਰਿਤਸਰ, ਸੁਖਦੇਵ ਕੁਮਾਰ ਪੁੱਤਰ ਮੋਹਨ ਲਾਲ ਸ਼ਰਮਾ ਵਾਸੀ ਗਾਖਲਾਂ ਕਾਲੋਨੀ ਜਲੰਧਰ, ਰਾਕੇਸ਼ ਕੁਮਾਰ ਪੁੱਤਰ ਮਹਿੰਦਰ ਰਾਮ ਵਾਸੀ ਗਾਖਲਾਂ ਜਲੰਧਰ ਅਤੇ ਜੋਧਾ ਜਲੰਧਰ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਲਜ਼ਮਾਂ ਕੋਲੋਂ 122 ਜਾਅਲੀ ਆਧਾਰ ਕਾਰਡ, 41 ਜਾਅਲੀ ਜ਼ਿਲ੍ਹਾ ਕੁਲੈਕਟਰ ਕਾਰਡ/ਲੰਬਰਦਾਰ ਕਾਰਡ, 15 ਤਹਿਸੀਲਦਾਰ ਅਤੇ ਲੰਬੜਦਾਰ ਦੇ ਜਾਅਲੀ ਸਟੈਂਪ ਅਤੇ 35 ਫਰਦਾਂ ਸਮੇਤ ਵੱਡੀ ਗਿਣਤੀ ਵਿੱਚ ਜਾਅਲੀ/ਜਾਅਲੀ ਦਸਤਾਵੇਜ਼ ਬਰਾਮਦ ਕੀਤੇ ਗਏ ਹਨ। ਇੱਕ ਕੰਪਿਊਟਰ, ਇੱਕ ਪ੍ਰਿੰਟਰ ਅਤੇ ਸੱਤ ਸਟੈਂਪ ਪੈਡ।

ਸਵਪਨ ਸ਼ਰਮਾ ਨੇ ਦੱਸਿਆ ਕਿ ਦੋ ਮੁਲਜ਼ਮਾਂ ਸੁਖਦੇਵ ਕੁਮਾਰ ਅਤੇ ਰਾਕੇਸ਼ ਕੁਮਾਰ ਦਾ ਅਪਰਾਧਕ ਰਿਕਾਰਡ ਹੈ ਕਿਉਂਕਿ ਉਨ੍ਹਾਂ ਖਿਲਾਫ ਕਈ ਐਫ ਆਈ ਆਰ ਦਰਜ ਹਨ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਸੁਖਦੇਵ ਕੁਮਾਰ ਵਿਰੁੱਧ ਪਹਿਲਾਂ 7 ਐਫ ਆਈ ਆਰ ਦਰਜ ਕੀਤੀਆਂ ਜਾ ਚੁੱਕੀਆਂ ਹਨ, ਜਦਕਿ ਰਾਕੇਸ਼ ਕੁਮਾਰ ਖਿਲਾਫ ਪਹਿਲਾਂ ਦੋ ਐਫ ਆਈ ਆਰ ਦਰਜ ਸਨ।

ਉਨ੍ਹਾਂ ਕਿਹਾ ਕਿ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਅਤੇ ਜਲਦੀ ਹੀ ਹੋਰ ਜਾਣਕਾਰੀ ਸਾਂਝੀ ਕੀਤੀ ਜਾਵੇਗੀ।

# ਮਿਊਂਸਪਲ ਪੈਨਸ਼ਨਰ ਐਸੋਸੀਏਸ਼ਨ ਨੇ ਮਾਨ ਸਰਕਾਰ ਖਿਲਾਫ ਕੀਤੀ ਨਾਅਰੇਬਾਜ਼ੀ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ ਉਂਕਾਰ ਸਿੰਘ )**- ਮਿਊਂਨਸਪਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀਆਂ ਮੰਗਾਂ ਪੰਜਾਬ ਸਰਕਾਰ ਵੱਲੋਂ ਮਨਜ਼ੂਰ ਨਾ ਕਰਨ ਦੇ ਰੋਸ ਵਜੋਂ ਸ਼ਿਮਲਾ ਪਹਾੜੀ ਉੜਮੁੜ ਵਿਖੇ ਪ੍ਰਧਾਨ ਸ਼ਿੰਗਾਰਾ ਸਿੰਘ ਸੈਣੀ ਦੀ ਅਗਵਾਈ ਵਿੱਚ ਇਕ ਹੰਗਾਮੀ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਨੇ ਰੋਸ ਪ੍ਰਦਰਸ਼ਨ ਕਰਦੇ ਹੋਏ ਪੰਜਾਬ ਸਰਕਾਰ ਖਿਲਾਫ ਜੰਮਕਰ ਨਾਅਰੇਬਾਜ਼ੀ ਕੀਤੀ। ਇਕੱਠ ਨੂੰ ਸੰਬੋਧਨ ਕਰਦੇ ਹੋਏ ਸ਼ਿੰਗਾਰਾ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੈਨਸ਼ਨਰਜ਼ ਐਸੋਸੀਏਸ਼ਨ ਨਾਲ ਇਹ ਵਾਅਦਾ ਕੀਤਾ ਸੀ ਕਿ ਸਾਡੀ ਸਰਕਾਰ ਬਣਨ 'ਤੇ ਤੁਹਾਡੀਆਂ ਸਾਰੀਆਂ ਜਾਇਜ਼ ਮੰਗਾਂ ਪ੍ਰਵਾਨ ਕਰ ਲਈਆਂ ਜਾਣਗੀਆਂ ਪਰ ਆਪ ਦੀ ਸਰਕਾਰ ਬਣਨ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਸੋਸੀਏਸ਼ਨ ਦੀ ਇੱਕ ਵੀ ਮੰਗ ਪੂਰੀ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਵਾਰ-ਵਾਰ ਇਹ ਮੰਗ ਕੀਤੀ ਜਾ ਰਹੀ ਹੈ ਕਿ ਪੇ ਕਮਿਸ਼ਨ ਦੀ ਰਿਪੋਰਟ ਅਨੁਸਾਰ 1 ਜਨਵਰੀ 2016 ਤੋਂ 30 ਜੂਨ 2021 ਤੱਕ ਦਾ ਰਿਵਾਈਜ਼ ਪੈਨਸ਼ਨ ਦਾ ਬਕਾਇਆ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪੈਨਸ਼ਨਰਜ਼ਾਂ ਦਾ ਅੱਜ ਤੱਕ ਦਾ 12% ਡੀ.ਏ ਜੋ ਬਣਦਾ ਹੈ ਉਸ ਵਿਚੋਂ 4% ਡੀ.ਏ ਸਰਕਾਰ ਨੇ ਦਿੱਤਾ ਹੈ ਜਦਕਿ 8% ਹੋਰ ਬਣਦਾ ਹੈ ਉਹ ਵੀ ਤੁਰੰਤ ਦਿੱਤਾ ਜਾਵੇ ਅਤੇ ਡੀ.ਏ ਦਾ ਜੋ ਏਰੀਅਰ ਬਣਦਾ ਹੈ ਉਹ ਵੀ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਦੀ 2.59% ਦੇ ਹਿਸਾਬ ਨਾਲ ਪੈਨਸ਼ਨ ਰਿਵਾਈਜ਼ ਕੀਤੀ ਜਾਵੇ। ਉਨ੍ਹਾਂ ਕਿਹਾ ਕਿ 7 ਸਾਲ ਤੋਂ ਜ਼ਿਆਦਾ ਸਮਾਂ ਬੀਤ ਜਾਣ ਤੇ ਵੀ ਨਾ ਪਹਿਲੀ ਸਰਕਾਰ ਅਤੇ ਨਾ ਹੁਣ ਮਾਨ ਸਰਕਾਰ ਨੇ ਅੱਜ ਤੱਕ ਐਸੋਸੀਏਸ਼ਨ ਦੀਆਂ ਜਾਇਜ਼ ਮੰਗਾਂ ਵੱਲ ਧਿਆਨ ਦੇਣਾ ਜਰੂਰੀ ਸਮਝਿਆ ਜਿਸ ਕਾਰਨ ਪੈਨਸ਼ਨਰਜ਼ਾਂ ਦੇ ਮਨਾਂ ਵਿੱਚ ਰੋਸ ਦੀ ਲਹਿਰ ਵਧਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਆਪਣਾ ਵਤੀਰਾ ਨਹੀਂ ਬਦਲਿਆ ਅਤੇ ਸਾਡੀਆਂ ਮੰਗਾਂ ਪ੍ਰਵਾਨ ਨਹੀਂ ਕੀਤੀਆਂ ਤਾਂ ਜੇਕਰ ਅਸੀਂ ਮਾਨ ਸਰਕਾਰ ਨੂੰ ਸੱਤਾ ਵਿੱਚ ਲਿਆ ਸਕਦੇ ਹਾਂ ਤਾਂ ਲਾਹ ਵੀ ਸਕਦੇ ਹਾਂ। ਉਨ੍ਹਾਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਐਸੋਸੀਏਸ਼ਨ ਦੀਆਂ ਮੰਗਾਂ ਪ੍ਰਵਾਨ ਨਾ ਕੀਤੀਆਂ ਤਾਂ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਬਾਕੀ ਸੰਗਠਨਾਂ ਦੇ ਸਹਿਯੋਗ ਨਾਲ ਸੜਕ ਜਾਮ ਅਤੇ ਪੁਤਲੇ ਫੂਕ ਪ੍ਰਦਰਸ਼ਨ ਸ਼ੁਰੂ ਕਰ ਦਿੱਤੇ ਜਾਣਗੇ ਜਿਸਦੀ ਸਾਰੀ ਜਿੰਮੇਵਾਰੀ ਸਰਕਾਰ ਦੀ ਹੋਵੇਗੀ। ਸਮੂਹ ਐਸੋਸੀਏਸ਼ਨ ਮੈਂਬਰਾਂ ਨੇ ਰੋਸ ਪ੍ਰਦਰਸ਼ਨ ਕਰਦੇ ਹੋਏ ਮਾਨ ਸਰਕਾਰ ਖਿਲਾਫ ਜੰਮਕਰ ਨਾਅਰੇਬਾਜ਼ੀ ਕੀਤੀ।ਇਸ ਮੌਕੇ 'ਤੇ ਚੌਧਰੀ ਰਤਨ ਸਿੰਘ ਸੈਣੀ, ਐਨ.ਪੀ ਸਿੰਘ, ਸੁਦਰਸ਼ਨ ਕੁਮਾਰ, ਅੱਛਰ ਰਾਮ, ਸੁਨੀਤਾ ਰਾਣੀ, ਅਸ਼ੋਕ ਕੁਮਾਰ, ਧਰਮ ਚੰਦ, ਸੋਮ ਨਾਥ, ਸਦਾ ਨੰਦ, ਚਮਨ ਲਾਲ, ਦੇਵ ਰਾਜ, ਬੋਧ ਰਾਜ, ਮਾਇਆ ਪ੍ਰਧਾਨ, ਰਾਮ ਲੁਭਾਈ, ਦੀਪੋ, ਸ਼ਾਂਤੀ, ਕ੍ਰਿਸ਼ਨਾ, ਰਾਜ ਰਾਣੀ, ਗੁਰਨਾਮ ਕੌਰ, ਰਣਜੀਤ ਕੌਰ, ਕਮਲਾ, ਬਲਦੇਵ ਰਾਜ ਸ਼ਰਮਾ, ਅਮਰੀਕ ਸਿੰਘ ਘੋਤੜਾ ਅਤੇ ਹੋਰ ਹਾਜ਼ਰ ਸਨ।

## *ਭੌਤਿਕ ਤੇ ਡਿਜੀਟਲ ਨਕਸ਼ਾ ਤਿਆਰ ਕੀਤਾ ਜਾਵੇ : ਡਿਪਟੀ ਕਮਿਸ਼ਨਰ*

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਕ੍ਰਿਸ਼ਨ ਗਰਗ)**- ਆਪਣੇ ਪਸੰਦੀਦਾ ਨਿਵੇਸ਼ ਸਥਾਨ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਵਿੱਚ ਨਿਵੇਸ਼ ਕਰਨ ਦੇ ਇੱਛੁਕ ਨਿਵੇਸ਼ਕਾਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਪੰਚਾਇਤਾਂ ਅਤੇ ਹੋਰ ਵਿਭਾਗਾਂ ਕੋਲ ਮੌਜੂਦ ਜ਼ਮੀਨ ਦੇ ਆਧਾਰ 'ਤੇ ਆਪਣਾ ਲੈਂਡ ਬੈਂਕ (ਉਪਲਬਧ ਜ਼ਮੀਨ ਦੇ ਵੇਰਵੇ) ਤਿਆਰ ਕਰਨਾ ਸ਼ੁਰੂ ਕਰ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ ਨੇ ਕਿਹਾ ਕਿ ਜ਼ਿਲ੍ਹਾ ਨਿਵੇਸ਼ ਦੇ ਉਦੇਸ਼ਾਂ ਲਈ ਸਭ ਤੋਂ ਵੱਧ ਪਸੰਦ ਕੀਤਾ ਜਾਂਦਾ ਹੈ, ਇਸ ਲਈ ਸਭ ਤੋਂ ਪਹਿਲੀ ਅਤੇ ਸਭ ਤੋਂ ਵੱਡੀ ਲੋੜ ਜ਼ਮੀਨ ਦੀ ਉਪਲਬਧਤਾ ਹੈ। ਇਸ ਮੁੱਦੇ ਨੂੰ ਹੱਲ ਕਰਨ ਲਈ, ਜ਼ਿਲ੍ਹਾ ਪ੍ਰਸ਼ਾਸਨ ਪੰਚਾਇਤਾਂ ਅਤੇ ਹੋਰ ਵਿਭਾਗਾਂ ਕੋਲ ਉਪਲਬਧ ਖਾਲੀ ਜ਼ਮੀਨ ਦੀ ਸੂਚੀ ਤਿਆਰ ਕਰਨ ਜਾ ਰਿਹਾ ਹੈ। ਏ.ਡੀ.ਸੀ. (ਪੇਂਡੂ ਵਿਕਾਸ) ਅਤੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਨਾਲ ਆਪਣੇ ਦਫ਼ਤਰ ਵਿਖੇ ਮੀਟਿੰਗ ਕਰਦੇ ਹੋਏ, ਉਨ੍ਹਾਂ ਨੇ ਉਨ੍ਹਾਂ ਦੋਵਾਂ ਨੂੰ ਖਾਲੀ ਪਈਆਂ ਜ਼ਮੀਨਾਂ ਦੀ ਵਿਸਤ੍ਰਿਤ ਸੂਚੀ ਤਿਆਰ ਕਰਨ ਲਈ ਕਿਹਾ, ਜਿਸ ਵਿੱਚ ਸਾਰੀ ਲੋੜੀਂਦੀ ਜਾਣਕਾਰੀ ਮੌਜੂਦ ਹੋਵੇ ਜਿਵੇਂ ਹਵਾਈ ਅੱਡੇ ਤੋਂ ਦੂਰੀ, ਮੌਜੂਦਾ ਰਾਸ਼ਟਰੀ ਰਾਜਮਾਰਗ ਤੋਂ ਦੂਰੀ, ਭਵਿੱਖ ਵਿੱਚ ਬਣਨ ਵਾਲੇ ਰਾਸ਼ਟਰੀ ਰਾਜਮਾਰਗ ਆਦਿ। ਵੇਰਵਿਆਂ ਵਿੱਚ ਜ਼ਮੀਨ ਦੇ ਟੁਕੜੇ ਦੇ ਆਕਾਰ ਅਤੇ ਇਸ ਦੀਆਂ ਦਿਸ਼ਾਵਾਂ ਦੀ ਜਾਣਕਾਰੀ ਵੀ ਹੋਣੀ ਚਾਹੀਦੀ । ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰੀਮਤੀ ਸੋਨਮ ਚੌਧਰੀ ਅਤੇ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਅਮਨਿੰਦਰ ਪਾਲ ਸਿੰਘ ਚੌਹਾਨ ਨੇ ਡਿਪਟੀ ਕਮਿਸ਼ਨਰ ਨੂੰ ਜ਼ਿਲ੍ਹੇ ਨੂੰ ਨਿਵੇਸ਼ਕਾਂ ਦੇ ਅਨੁਕੂਲ ਬਣਾਉਣ ਲਈ ਪੂਰੇ ਵੇਰਵਿਆਂ ਸਮੇਤ ਜਲਦੀ ਤੋਂ ਜਲਦੀ ਪ੍ਰਮਾਣਿਤ ਲੈਂਡ ਬੈਂਕ ਤਿਆਰ ਕਰਨ ਦਾ ਭਰੋਸਾ ਦਿੱਤਾ।

## *ਡਾ. ਰਾਜਵੀਰ ਨਾਲ ਹੱਥੋਪਾਈ ਦੀ ਕੀਤੀ ਨਿਖੇਧੀ*

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਅੱਜ ਜ਼ਿਲ੍ਹਾ ਸੰਘਰਸ਼ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਕਰਮਵੀਰ ਬਾਲੀ ਨੇ ਐਮਰਜੈਂਸੀ ਵਿੱਚ ਡਿਊਟੀ ਦੇ ਰਹੇ ਡਾ. ਰਾਜਵੀਰ ਨਾਲ ਹੱਥੋਪਾਈ ਕਰਨ ਦੀ ਘਟਨਾ ਦੀ ਨਿਖੇਧੀ ਕਰਦੇ ਹੋਏ ਕਿਹਾ ਕਿ ਜੇ ਡਾਕਟਰ ਸਾਹਿਬਾਨ ਇੰਨੀ ਕੜਕਦੀ ਠੰਢ ਵਿੱਚ ਡਿਊਟੀ ਦੇ ਰਹੇ ਹਨ ਉਨ੍ਹਾਂ ਨਾਲ ਬੁਰਾ ਵਰਤਾਓ ਕਰਨਾ ਬਹੁਤ ਹੀ ਮਾੜੀ ਗੱਲ ਹੈ। ਜੋ ਡਾਕਟਰ ਭਗਵਾਨ ਦਾ ਰੂਪ ਬਣ ਕੇ ਜਨਤਾ ਦੀ ਸੇਵਾ ਕਰ ਰਹੇ ਹਨ ਉਨ੍ਹਾਂ ਨਾਲ ਗੁੰਡਾਗਰਦੀ ਕਰਨ ਵਾਲਿਆਂ 'ਤੇ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਸਿਰਫ ਸਿਵਲ ਹਸਪਤਾਲ 'ਚ ਮਰੀਜ਼ਾਂ ਦਾ ਮੁਫਤ ਇਲਾਜ ਅਤੇ ਮੁਫਤ ਦਵਾਈਆਂ ਮੁੱਹਈਆ ਕਰਵਾਈਆਂ ਜਾਂਦੀਆਂ ਹਨ। ਜਦ ਕਿ ਪ੍ਰਾਈਵੇਟ ਹਸਪਤਾਲਾਂ 'ਚ ਜ਼ਿਆਦਾ ਫੀਸਾਂ ਅਤੇ ਇਲਾਜ ਤੋਂ ਪਹਿਲਾਂ ਹੀ ਹਜ਼ਾਰਾਂ ਰੁਪਏ ਜਮ੍ਹਾ ਕਰਵਾ ਲਏ ਜਾਂਦੇ ਹਨ, ਫਿਰ ਵੀ ਇਲਾਜ ਸਿਵਲ ਹਸਪਤਾਲ ਵਰਗਾ ਨਹੀਂ ਹੁੰਦਾ। ਸਿਵਲ ਹਸਪਤਾਲ ਵਿੱਚ ਇਲਾਜ ਮੁਫਤ ਹੋਣ ਦੇ ਨਾਲ-ਨਾਲ ਡਾਕਟਰ ਚੰਗੇ ਢੰਗ ਨਾਲ ਮਰੀਜ਼ ਨੂੰ ਦੇਖਦੇ ਹਨ। ਫਿਰ ਵੀ ਪਤਾ ਨਹੀਂ ਜਨਤਾ ਡਾਕਟਰਾਂ ਨਾਲ ਮਾੜਾ ਸਲੂਕ ਕਿਉਂ ਕਰਦੀ ਹੈ। ਡਾ. ਡਮਾਣਾ ਸਿਵਲ ਸਰਜਨ ਹੁਸ਼ਿਆਰਪੁਰ ਲੋਕਾਂ ਨੂੰ ਚੰਗੀਆਂ ਸਿਹਤ ਸੇਵਾਵਾਂ ਉਪਲੱਬਧ ਕਰਵਾਉਣ ਲਈ ਪੂਰੇ ਜ਼ਿਲ੍ਹੇ ਦਾ ਦੌਰਾ ਕਰ ਕੇ ਨਿਰੀਖਣ ਕਰਦੇ ਰਹਿੰਦੇ ਹਨ। ਸਿਵਲ ਹਸਪਤਾਲ ਦੀ ਐਸ.ਐਮ.ਓ. ਡਾ. ਸਵਾਤੀ ਦੀ ਦੇਖ ਰੇਖ ਹੇਠ ਸਿਵਲ ਹਸਪਤਾਲ ਦੇ ਡਾਕਟਰ ਚੰਗਾ ਕੰਮ ਕਰ ਰਹੇ ਹਨ। ਇਸ ਲਈ ਜਨਤਾ ਨੂੰ ਵੀ ਸਹਿਯੋਗ ਕਰਨਾ ਚਾਹੀਦਾ ਹੈ ਅਤੇ ਘੱਟੋ-ਘੱਟ ਸਿਵਲ ਹਸਪਤਾਲ ਵਿੱਚ ਗੁੰਡਾਗਰਦੀ ਨਹੀਂ ਕਰਨੀ ਚਾਹੀਦੀ। ਇਸ ਮੌਕੇ ਬਲਵਿੰਦਰ ਕੁਮਾਰ, ਪ੍ਰਦੀਪ ਕੁਮਾਰ, ਹਰਿ ਮਿੱਤਰ, ਵਿਪਨ ਕੁਮਾਰ ਆਦਿ ਹਾਜ਼ਰ ਸਨ।

## *ਵਾਹਨਾਂ 'ਤੇ ਰਿਫਲੈਕਟਰ ਲਗਾਏ*



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਲਾਇਨਜ ਕਲੱਬ ਹੁਸ਼ਿਆਰਪੁਰ ਐਕਸ਼ਨ ਨੇ ਧੁੰਦਾਂ ਦੇ ਚੱਲਦੇ ਦਸੂਹਾ ਰੋਡ, ਹੁਸ਼ਿਆਰਪੁਰ ਵਿਖੇ ਕਈ ਵਾਹਨਾਂ 'ਤੇ ਰਿਫਲੈਕਟਰ ਲਗਾਏ। ਕਲੱਬ ਮੈਂਬਰਾਂ ਵਲੋਂ ਸਭ ਨੂੰ ਧੁੰਦ ਵਿੱਚ ਹੌਲੀ ਚੱਲਣ ਦੀ ਅਪੀਲ ਕੀਤੀ ਗਈ। ਇਸ ਦੇ ਨਾਲ ਇਹ ਵੀ ਕਿਹਾ ਗਿਆ ਕਿ ਜਿਥੋਂ ਤੱਕ ਹੋਵੇ ਧੁੰਦ ਵਿੱਚ ਆਪਣੇ ਸਫਰ ਨੂੰ ਟਾਲਣ ਦੀ ਕੋਸ਼ਿਸ਼ ਕਰੋ , ਜਰੂਰੀ ਹੋਵੇ ਤਾਂ ਹੀ ਸਫਰ ਕਰੋ। ਕਿਉਂਕਿ ਬਚਾਅ ਵਿੱਚ ਹੀ ਬਚਾਅ ਹੈ। ਇਸ ਮੌਕੇ ਕਲੱਬ ਡਾਇਰੈਕਟਰ ਲਾਇਨ ਦਲਜਿੰਦਰ ਸਿੰਘ, ਡਾਇਰੈਕਟਰ ਭੁਪਿੰਦਰ ਗੱਗੀ, ਡਾਇਰੈਕਟਰ ਗੁਰਵਿੰਦਰਜੀਤ ਅਤੇ ਪ੍ਰਦੀਪ ਸਿੰਘ ਮੌਜੂਦ ਸਨ।

# ਟਰਾਂਸਪੋਰਟ ਮੰਤਰੀ ਦੀ ਰਿਹਾਇਸ਼ ਪੱਟੀ ਵਿਖੇ ਵਿਸ਼ਾਲ ਧਰਨਾ 18 ਨੂੰ



**ਜਲੰਧਰ (ਰਾਜੇਸ਼ ਥਾਪਾ)**-ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ ਯੂਨੀਅਨ (ਏਟਕ) ਦੀ ਸੂਬਾਈ ਮੀਟਿੰਗ ਕਾਮਰੇਡ ਗੁਰਜੀਤ ਸਿੰਘ ਬਟਾਲਾ ਦੀ ਪ੍ਰਧਾਨਗੀ ਹੇਠ ਜਲੰਧਰ ਕਾਮਰੇਡ ਜਸਵੰਤ ਸਿੰਘ ਸਮਰਾ ਹਾਲ ਵਿਚ ਹੋਈ। ਮੀਟਿੰਗ ਬਾਰੇ ਜਥੇਬੰਦੀ ਦੇ ਸਰਪ੍ਰਸਤ ਕਾਮਰੇਡ ਗੁਰਦੀਪ ਸਿੰਘ ਮੋਤੀ, ਜਗਦੀਸ਼ ਸਿੰਘ ਚਾਹਲ, ਗੁਰਜੰਟ ਸਿੰਘ ਕੋਕਰੀ ਅਤੇ ਅਵਤਾਰ ਸਿੰਘ ਤਾਰੀ ਨੇ ਦੱਸਿਆ ਕਿ ਸਰਕਾਰ ਦੀਆਂ ਮਾੜੀਆਂ ਨੀਤੀਆਂ ਸਦਕਾ ਮਹਿਕਮਾ ਤਾਲਾ ਲੱਗਣ ਦੀ ਕਗਾਰ 'ਤੇ ਪਹੁੰਚ ਚੁੱਕਾ ਹੈ। ਵੋਟਾਂ ਦੀ ਰਾਜਨੀਤੀ ਤਹਿਤ ਫ਼੍ਰੀ ਸਫ਼ਰ ਸਹੂਲਤਾਂ ਆਏ ਆਏ ਦਿਨ ਰੈਲੀਆਂ ਸਦਕਾ ਪੰਜਾਬ ਰੋਡਵੇਜ਼ / ਪਨਬਸ ਅਤੇ ਪੀਆਰਟੀਸੀ ਦੀਆਂ ਬੱਸਾਂ ਰੈਲੀਆਂ ਦੀਆ ਹੀ ਸ਼ਿੰਗਾਰ ਬਣ ਕੇ ਰਹਿ ਗਈਆਂ ਹਨ ਅਤੇ ਪ੍ਰਾਈਵੇਟ ਦੀ ਖੂਬ ਚਾਂਦੀ ਹੈ। ਆਪ ਲੋਕਾਂ ਦੀ ਖਾਸ ਕਰਕੇ ਔਰਤਾਂ ਤੇ ਵਿਦਿਆਰਥੀਆਂ ਦੀ ਖੂਬ ਖੱਜਲ ਖੁਆਰੀ ਹੋ ਰਹੀ ਹੈ। ਸਰਕਾਰ ਮੀਡੀਏ ਵਿਚ ਤਾਂ ਰੈਲੀ ਚ ਗਈਆਂ ਬੱਸਾਂ ਦਾ ਪੈਸਾ ਮਹਿਕਮੇ ਨੂੰ ਦੇਣ ਦਾ ਦਾਅਵਾ ਕਰਦੀ ਹੈ ਪਰ ਅਜੇ ਤੱਕ ਇਕ ਰੁਪਈਆ ਵੀ ਪੰਜਾਬ ਰੋਡਵੇਜ਼ ਅਤੇ ਪੀਆਰਟੀਸੀ ਦੇ ਖਾਤੇ ਵਿੱਚ ਨਹੀਂ ਆਇਆ। ਸਰਕਾਰ ਨੇ ਗੁਰਧਾਮਾਂ ਦੇ ਦਰਸ਼ਨਾਂ ਲਈ ਵੋਲਵੋ ਬੱਸਾਂ ਭੇਜਣ ਦੇ ਫੈਸਲੇ ਤਹਿਤ ਦਿੱਲੀ ਏਅਰਪੋਰਟ ਅਤੇ ਹੋਰ ਮਹੱਤਵਪੂਰਨ ਰੂਟ ਪੂਰਨ ਤੌਰ 'ਤੇ ਬੰਦ ਪਏ ਹਨ। ਓਹਨਾ ਬੱਸਾਂ ਉਪਰ ਡੀਜ਼ਲ, ਟੋਲ ਟੈਕਸ, ਪ੍ਰਤੀ ਸਵਾਰੀ 120 ਰੁਪਏ ਚਾਹ ਪਾਣੀ ਦਾ ਖਰਚਾ ਮਹਿਕਮਾ ਆਪਣੇ ਕੋਲੋਂ ਕਰ ਰਿਹਾ ਹੈ।

ਆਗੂਆਂ ਨੇ ਦੱਸਿਆ ਕਿ ਸਰਕਾਰ ਵੱਲੋਂ ਮਹਿਕਮੇ ਦੀ ਮੁੱਖ ਜਿੰਮੇਵਾਰੀ ਵੀ ਇੱਕ ਮੈਡਮ ਡਾਇਰੈਕਟਰ ਨੂੰ ਦਿੱਤੀ ਗਈ ਹੈ ਕਿ ਮਹਿਕਮੇ ਪ੍ਰਤੀ ਨਾ ਤਜ਼ਰਬੇਕਾਰ ਅਤੇ ਅੜੀਅਲ ਸੁਭਾਅ ਦੀ ਮਾਲਕ ਹੈ ਜਿਸਦੇ ਚਲਦਿਆਂ ਰੋਡਵੇਜ਼ ਦੇ ਰਿਜ਼ਲਟ ਸਾਡੇ ਬਰਾਬਰ ਚਲ ਰਹੀ ਪੀਆਰਟੀਸੀ ਨਾਲੋਂ ਵੀ ਕਈ ਗੁਣਾਂ ਮਾੜੇ ਹਨ। ਜਿਸ ਕਾਰਨ ਮਹਿਕਮਾ ਆਏ ਦਿਨ ਘਾਟੇ ਦੀਆਂ ਬੁਲੰਦੀਆਂ ਛੂਹ ਰਿਹਾ ਹੈ। ਇਸ ਮਾੜੇ ਪ੍ਰਬੰਧ ਦੇ ਖਿਲਾਫ ਐਕਸ਼ਨ ਕਮੇਟੀ ਨੇ ਵੀ ਜਲੰਧਰ 'ਚ ਰੈਲੀ ਕੀਤੀ ਪਰ ਜਥੇਬੰਦੀਆਂ ਨਾਲ ਮੀਟਿੰਗ ਕਰਨ ਦੀ ਲੋੜ ਨਹੀਂ ਸਮਝੀ। ਮੀਟਿੰਗ 'ਚ ਫੈਸਲਾ ਕੀਤਾ ਗਿਆ ਕੇ 18 ਜਨਵਰੀ 2024 ਨੂੰ ਟਰਾਂਸਪੋਰਟ ਮੰਤਰੀ ਦੀ ਰਿਹਾਇਸ਼ ਪੱਟੀ ਵਿਖੇ ਵਿਸ਼ਾਲ ਧਰਨੇ ਨੂੰ ਕਾਮਯਾਬ ਕਰਨ ਲਈ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ ਯੂਨੀਅਨ ਦੇ 18 ਡਿਪੂਆਂ ਦੇ ਵਰਕਰਜ ਅਤੇ ਪੈਨਸ਼ਨਰ ਵੱਡੀ ਗਿਣਤੀ 'ਚ ਵਹੀਰਾਂ ਘੱਤ ਕੇ ਇਸ ਧਰਨੇ ਨੂੰ ਕਾਮਯਾਬ ਕਰਨਗੇ ਤਾਂ ਇਸ ਅਦਾਰੇ ਨੂੰ ਬਚਾਉਣ ਲਈ ਕੁੰਭਕਰਨੀ ਨੀਂਦ ਸੁੱਤੀ ਸਰਕਾਰ ਨੂੰ ਜਗਾ ਸਕੀਏ। ਮੀਟਿੰਗ 'ਚ 18 ਡਿਪੂਆਂ ਦੇ ਪ੍ਰਧਾਨ, ਜਰਨਲ ਸਕੱਤਰ, ਸੀਨੀਅਰ ਮੀਤ ਪ੍ਰਧਾਨ, ਕੈਸ਼ੀਅਰ ਤੋਂ ਇਲਾਵਾ ਸੈਂਟਰਬਾਡੀ ਦੇ ਦੀਦਾਰ ਸਿੰਘ ਪੱਟੀ, ਬਿਕਰਮਜੀਤ ਸਿੰਘ, ਬਚਿੱਤਰ ਸਿੰਘ ਧੋਥੜ, ਸੁਰਿੰਦਰ ਸਿੰਘ ਬਰਾੜ, ਬਲਰਾਜ ਸਿੰਘ ਭੰਗੂ, ਦਵਿੰਦਰ ਕੁਮਾਰ, ਗੁਰਜੀਤ ਸਿੰਘ ਜਲੰਧਰ, ਬਲਵਿੰਦਰ ਸਿੰਘ ਰੋਪੜ, ਕਿਰਨਦੀਪ ਸਿੰਘ ਢਿੱਲੋਂ, ਰਣਧੀਰ ਸਿੰਘ, ਇਕਬਾਲ ਸਿੰਘ, ਅੰਗਰੇਜ਼ ਸਿੰਘ, ਰਵਿੰਦਰ ਸਿੰਘ ਅਤੇ ਹਰੀਸ਼ ਕੁਮਾਰ ਜਲੰਧਰ ਆਦਿ ਹਾਜ਼ਰ ਸਨ।

# ਜਬਰੀ ਵਸੂਲੀ ਕਰਨ, ਧਮਕੀਆਂ ਦੇਣ ਤੇ ਲੁੱਟਣ ਵਾਲੇ ਤਿੰਨ ਮੈਂਬਰੀ ਗਰੋਹ ਦਾ ਪਰਦਾਫਾਸ਼



**ਜਲੰਧਰ ( ਸ਼ੈਲੀ ਐਲਬਰਟ)**-ਸਮਾਜ ਵਿਰੋਧੀ ਅਨਸਰਾਂ 'ਤੇ ਸ਼ਿਕੰਜਾ ਕੱਸਦੇ ਹੋਏ ਜਲੰਧਰ ਕਮਿਸ਼ਨਰੇਟ ਪੁਲਸ ਨੇ ਬੁੱਧਵਾਰ ਨੂੰ ਲੋਕਾਂ ਤੋਂ ਜਬਰੀ ਵਸੂਲੀ ਕਰਨ, ਧਮਕੀਆਂ ਦੇਣ ਅਤੇ ਲੁੱਟਣ ਵਾਲੇ ਤਿੰਨ ਮੈਂਬਰੀ ਗਿਰੋਹ ਦਾ ਪਰਦਾਫਾਸ਼ ਕੀਤਾ ਹੈ।

ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਿਸ ਨੂੰ ਸੂਹ ਮਿਲੀ ਸੀ ਕਿ ਇੱਕ ਗਿਰੋਹ ਲੋਕਾਂ ਤੋਂ ਜਾਅਲੀ ਐਕਸੀਡੈਂਟ ਨੂੰ ਅੰਜਾਮ ਦੇ ਕੇ ਪੈਸੇ ਵਸੂਲ ਰਿਹਾ ਹੈ। ਇਸੇ ਤਰ੍ਹਾਂ ਉਨ੍ਹਾਂ ਕਿਹਾ ਕਿ ਕਾਨੂੰਨ ਅਨੁਸਾਰ ਦੋਸ਼ੀਆਂ ਨੂੰ ਫੜਨ ਲਈ ਪੁਲਸ ਪਾਰਟੀਆਂ ਦਾ ਗਠਨ ਕੀਤਾ ਗਿਆ ਹੈ। ਪੁਲਸ ਨੇ ਇਸ ਤਿੰਨ ਮੈਂਬਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ ਅਜੇ ਕੁਮਾਰ ਪੁੱਤਰ ਸਵਰਗਵਾਸੀ ਵਿੱਕੀ ਵਾਸੀ ਮਕਾਨ ਨੰਬਰ 161 ਭੂਰ ਮੰਡੀ ਜਲੰਧਰ ਛਾਉਣੀ, ਰਾਹੁਲ ਪੁੱਤਰ ਕਿਰਪਾਲ ਸਿੰਘ ਵਾਸੀ ਪੱਟੀ ਵਾਸੀ ਨੰਗਲ ਸ਼ਾਮਾ ਦਸਮੇਸ਼ ਨਗਰ ਜਲੰਧਰ ਅਤੇ ਰਾਹੁਲ ਪੁੱਤਰ ਜਸਵਿੰਦਰ ਸਿੰਘ ਵਾਸੀ ਪ੍ਰ: ਨੰਬਰ 283 ਪੀਏਪੀ ਗੇਟ ਨੰਬਰ 3 ਜਲੰਧਰ ਕੈਂਟ ਪੀਏਪੀ ਕੰਪਲੈਕਸ ਜਲੰਧਰ ਅਪਰਾਧੀ ਗਿਰੋਹ ਲੋਕਾਂ ਨੂੰ ਡਰਾ ਧਮਕਾ ਕੇ ਲੁੱਟਣ ਵਿੱਚ ਲੱਗਾ ਰਹਿੰਦਾ ਸੀ। ਉਨ੍ਹਾਂ ਦੱਸਿਆ ਕਿ ਥਾਣਾ ਰਾਮਾ ਮੰਡੀ ਜਲੰਧਰ ਵਿਖੇ ਐਫਆਈਆਰ 16 ਮਿਤੀ 10-01-2024 ਅਧੀਨ 387,341,34 ਆਈ.ਪੀ.ਸੀ. ਦਰਜ ਕੀਤੀ ਗਈ ਸੀ।

ਮੁਲਜ਼ਮਾਂ ਨੂੰ ਫਰਜ਼ੀ ਹਾਦਸਿਆਂ ਨੂੰ ਅੰਜਾਮ ਦੇ ਕੇ ਲੋਕਾਂ ਤੋਂ ਪੈਸੇ ਵਸੂਲਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਇਹ ਗਰੋਹ ਜਲੰਧਰ ਦੇ ਵੱਖ-ਵੱਖ ਖੇਤਰਾਂ ਵਿੱਚ ਕਈ ਵਾਰਦਾਤਾਂ ਨੂੰ ਅੰਜਾਮ ਦੇ ਚੁੱਕਾ ਹੈ।ਪੁਲਸ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਗਰੋਹ ਕੋਲੋਂ ਇੱਕ ਕਾਰ ਟੋਇਟਾ ਇਨੋਵਾ ਨੰਬਰ ਪੀ.ਬੀ.08-ਡੀ.ਜੀ.-8120 ਸਮੇਤ ਕੁਝ ਨਕਦੀ ਬਰਾਮਦ ਕੀਤੀ ਗਈ ਹੈ।

ਇਹ ਗਰੋਹ ਸੰਘਣੀ ਆਬਾਦੀ ਵਾਲੇ ਇਲਾਕਿਆਂ ਵਿੱਚ ਸਰਗਰਮ ਸੀ ਅਤੇ ਪੀਏਪੀ ਲਾਈਟਾਂ, ਪਰਾਗਪੁਰ, ਮੈਰੀਟਨ ਹੋਟਲ ਦੇ ਆਲੇ-ਦੁਆਲੇ ਅਤੇ ਹੋਰ ਵਾਰਦਾਤਾਂ ਵਿੱਚ ਸ਼ਾਮਲ ਸੀ।

# ਸੀਵਰੇਜ ਦੇ ਅਧੂਰੇ ਕੰਮ ਨੇ ਕੰਧੋਲਾ ਨਿਵਾਸੀਆਂ ਦਾ ਕੀਤਾ ਜਿਊਣਾ ਮੁਹਾਲ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਪੰਜਾਬ ਸਰਕਾਰ ਵੱਲੋਂ ਜਨਤਾ ਨੂੰ ਮੁਢਲੀਆਂ ਸਹੂਲਤਾਂ ਦੇਣ ਦੇ ਵਾਅਦੇ ਨਾਲ ਸੱਤਾ ਸੰਭਾਲੀ ਸੀ, ਪ੍ਰੰਤੂ ਮਾੜੇ ਪ੍ਰਬੰਧਾਂ ਦੇ ਚਲਦੇ ਪੇਂਡੂ ਖੇਤਰ ਦੇ ਲੋਕ ਮੁਢਲੀ ਲੋੜ ਪੂਰਤੀ ਲਈ ਵੀ ਤਰਸ ਰਹੇ ਹਨ। ਇਸ ਮੰਜ਼ਰ ਦੀ ਮੂੰਹ ਬੋਲਦੀ ਤਸਵੀਰ ਨੇੜਲੇ ਪਿੰਡ ਕੰਧੋਲਾ ਵਿਖੇ ਪ੍ਰਵੇਸ਼ ਕਰਦੇ ਹੀ ਵੇਖਣ ਨੂੰ ਮਿਲਦੀ ਹੈ। ਨਗਰ ਅੰਦਰ ਸੀਵਰੇਜ ਪਾਈਪ ਲਾਈਨ ਦੇ ਕੰਮ ਦੇ ਚਲਦੇ ਪਿਛਲੇ ਸਾਲ ਭਰ ਦੇ ਵੱਧ ਅਰਸੇ ਤੋਂ ਪਿੰਡ ਦੀਆਂ ਗਲੀਆਂ ਦਾ ਬੁਰਾ ਹਾਲ ਹੈ। ਪਹਿਲਾਂ ਲੰਮਾ ਸਮਾਂ ਸੀਵਰੇਜ ਪਾਈਪ ਇੰਦਾਂ ਹੀ ਰਾਹ ਵਿੱਚ ਰੁਲਦੇ ਰਹੇ, ਹੁਣ ਜੇਕਰ ਇਹ ਪਾਏ ਵੀ ਗਏ ਹਨ, ਤਾਂ ਅਧੂਰੇ ਕਾਰਜ ਕਾਰਨ ਸਮੂਹ ਨਗਰ ਨਿਵਾਸੀ ਨਰਕ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ ਹਨ। ਪਿੰਡ ਦੀ ਪ੍ਰਮੁੱਖ ਗਲੀ ਅੰਦਰ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਜਿੱਥੇ ਸਕੂਲ ਪਹੁੰਚਣਾ ਵੱਡੀ ਸਮੱਸਿਆ ਬਣ ਚੁੱਕਾ ਹੈ, ਉੱਥੇ ਅਨੇਕਾਂ ਬਜ਼ੁਰਗ ਦਵਾਈ ਬੂਟੀ ਲੈਣ ਲਈ ਜਾਣ ਤੋਂ ਵੀ ਪ੍ਰੇਸ਼ਾਨ ਹਨ। ਇਸ ਸਬੰਧੀ ਪਿੰਡ ਕੰਧੋਲਾ ਦੇ ਗੁਰਤੇਜ ਸਿੰਘ ਲਾਲਾ ਕੰਧੋਲਾ ਨੇ ਕਿਹਾ ਕਿ ਪੰਚਾਇਤ ਤੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਇਸ ਮਸਲੇ ਉਤੇ ਫੌਰੀ ਕਾਰਵਾਈ ਕਰਦਿਆਂ ਲੋਕਾਂ ਨੂੰ ਸਮੱਸਿਆਵਾਂ ਤੋਂ ਛੁਟਕਾਰਾ ਦਿਵਾਉਣ ਦੀ ਲੋੜ ਹੈ। ਇਸ ਮੌਕੇ ਇਕੱਤਰ ਲੋਕਾਂ ਨੇ ਪੰਜਾਬ ਸਰਕਾਰ, ਹਲਕਾ ਵਿਧਾਇਕ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਅਧੂਰੇ ਸੀਵਰੇਜ ਦੇ ਕੰਮ ਨੂੰ ਤੁਰੰਤ ਮੁਕੰਮਲ ਕਰਵਾਇਆ ਜਾਵ। ਇਸ ਮੌਕੇ ਗੁਰਤੇਜ ਸਿੰਘ ਲਾਲਾ ਕੰਧੋਲਾ ਦੇ ਨਾਲ ਗੁਰਨਾਮ ਸਿੰਘ, ਬਲਦੇਵ ਸਿੰਘ, ਪਿਆਰਾ ਸਿੰਘ, ਜਸਵਿੰਦਰ ਸਿੰਘ, ਸੁਖਵਿੰਦਰ ਸਿੰਘ ਆਦਿ ਨਗਰ ਨਿਵਾਸੀ ਹਾਜ਼ਰ ਸਨ।

# 'ਬਿੱਲ ਲਿਆਓ ਇਨਾਮ ਪਾਓ' ਸਕੀਮ ਸ਼ੁਰੂ

**ਜਲੰਧਰ (ਸੁਰਿੰਦਰ ਕੁਮਾਰ)**-ਸਹਾਇਕ ਕਮਿਸ਼ਨਰ ਰਾਜ ਕਰ, ਜਲੰਧਰ-1 ਨੇ ਦੱਸਿਆ ਕਿ ਸੂਬਾ ਸਰਕਾਰ ਵਲੋਂ ਖਪਤਕਾਰਾਂ ਨੂੰ ਡੀਲਰਾਂ ਤੋਂ ਖਰੀਦੀਆਂ ਜਾਣ ਵਾਲੀਆਂ ਵਸਤਾਂ ਅਤੇ ਸੇਵਾਵਾਂ ਦੇ ਬਿੱਲ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਨ ਲਈ 'ਬਿੱਲ ਲਿਆਓ, ਇਨਾਮ ਪਾਓ' ਸਕੀਮ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਉਪ ਕਮਿਸ਼ਨਰ (ਸਟੇਟ ਟੈਕਸ) ਜਲੰਧਰ ਮੰਡਲ ਸ਼ਾਲੀਨ ਵਾਲੀਆ ਦੀ ਅਗਵਾਈ 'ਚ 'ਮੇਰਾ ਬਿੱਲ' ਐਪ 'ਤੇ ਉਕਤ ਸਕੀਮ ਸਬੰਧੀ ਜ਼ਿਲ੍ਹਾ ਜਲੰਧਰ-1 ਦੇ 660 ਬਿੱਲ ਅਪਲੋਡ ਕੀਤੇ ਗਏ ਜਿਨਾਂ ਵਿਚੋਂ ਹੁਣ ਤੱਕ 638 ਬਿੱਲ ਤਸਦੀਕ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਹਰ ਮਹੀਨੇ ਦੀ 7 ਤਰੀਕ ਨੂੰ ਹੋਣ ਵਾਲੇ ਲੱਕੀ ਡਰਾਅ ਵਿੱਚ ਹਿੱਸਾ ਲੈਣ ਦੇ ਯੋਗ ਬਣਨ ਲਈ ਖ਼ਪਤਕਾਰਾਂ ਨੂੰ 'ਮੇਰਾ ਬਿੱਲ' ਐਪ 'ਤੇ ਆਪਣੀਆਂ ਰਸੀਦਾਂ ਤੇ ਬਿੱਲਾਂ ਨੂੰ ਅਪਲੋਡ ਕਰਨ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਪੈਟਰੋਲੀਅਮ ਉਤਪਾਦਾਂ ਜਿਵੇਂ ਕੱਚੇ ਤੇਲ, ਪੈਟਰੋਲ, ਡੀਜ਼ਲ, ਹਵਾਬਾਜ਼ੀ ਟਰਬਾਈਨ ਈਂਧਨ ਅਤੇ ਕੁਦਰਤੀ ਗੈਸ ਤੇ ਸ਼ਰਾਬ ਦੇ ਬਿੱਲ ਸਕੀਮ ਵਿੱਚ ਭਾਲ ਲੈਣ ਲਈ ਯੋਗ ਨਹੀਂ ਹਨ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਫਰਮ ਵਲੋਂ ਆਪਣੇ ਖਾਤਿਆਂ ਦੀਆਂ ਕਿਤਾਬਾਂ ਵਿੱਚ ਬਿੱਲ ਦਾ ਇੰਦਰਾਜ ਨਹੀਂ ਕੀਤਾ ਪਾਇਆ ਜਾਂਦਾ ਜਾਂ ਬਣਦਾ ਟੈਕਸ ਜਮ੍ਹਾ ਨਹੀਂ ਕਰਵਾਇਆ ਤਾਂ ਉਸ ਵਿਰੁੱਧ ਪੰਜਾਬ ਜੀ.ਐਸ.ਟੀ. ਐਕਟ 2017 ਦੇ ਸਬੰਧਤ ਉਪਬੰਧਾਂ ਦੇ ਤਹਿਤ ਜੁਰਮਾਨੇ ਅਤੇ ਇਨਫੋਰਸਮੈਂਟ ਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜਲੰਧਰ-1 ਨਾਲ ਸਬੰਧਤ 23 ਖ਼ਪਤਕਾਰਾਂ ਨੂੰ ਇਨਾਮ ਘੋਸ਼ਿਤ ਕੀਤੇ ਗਏ ਹਨ। ਉਨ੍ਹਾਂ ਖ਼ਪਤਕਾਰਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਬਿੱਲ 'ਮੇਰਾ ਬਿੱਲ' ਐਪ 'ਤੇ ਅਪਲੋਡ ਕਰਨ ਨੂੰ ਯਕੀਨੀ ਬਣਾਉਣ।

## ਆਲ ਇੰਡੀਆ ਫੁੱਟਬਾਲ ਟੂਰਨਾਮੈਂਟ 15 ਫਰਵਰੀ ਤੋਂ : ਸੰਘਾ

**ਮਾਹਿਲਪੁਰ (ਸਫ਼ਰੀ)** ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਪ੍ਰਿੰ ਹਰਭਜਨ ਸਿੰਘ ਸਪੋਰਟਿੰਗ ਕਲੱਬ ਦੀ ਅਹਿਮ ਮੀਟਿੰਗ ਕਲੱਬ ਦੇ ਪ੍ਰਧਾਨ ਕੁਲਵੰਤ ਸਿੰਘ ਸੰਘਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਮੌਕੇ ਕਲੱਬ ਵੱਲੋਂ 15 ਫਰਵਰੀ ਤੋਂ 22 ਫਰਵਰੀ ਤੱਕ ਕਰਵਾਏ ਜਾ ਰਹੇ ਆਲ ਇੰਡੀਆ ਫੁੱਟਬਾਲ ਟੂਰਨਾਮੈਂਟ ਦੇ ਆਯੋਜਨ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਪ੍ਰਧਾਨ ਕੁਲਵੰਤ ਸਿੰਘ ਸੰਘਾ ਨੇ ਦੱਸਿਆ ਕਿ ਇਸ 61ਵੇਂ ਆਲ ਇੰਡੀਆ ਫੁੱਟਬਾਲ ਟੂਰਨਾਮੈਂਟ ਵਿੱਚ ਕਲੱਬ, ਕਾਲਜ ਅਤੇ ਅਕੈਡਮੀ ਵਰਗ ਦੇ ਫੁੱਟਬਾਲ ਮੁਕਾਬਲੇ ਹੋਣਗੇ। ਦੇਸ਼ ਭਰ ਤੋਂ 12 ਫੁੱਟਬਾਲ ਕਲੱਬ, 10 ਕਾਲਜ ਅਤੇ 8 ਫੁੱਟਬਾਲ ਅਕੈਡਮੀਆਂ ਦੀਆਂ ਟੀਮਾਂ ਹਿੱਸਾ ਲੈ ਰਹੀਆਂ ਹਨ। ਮੀਟਿੰਗ ਮੌਕੇ ਟਾਟਾ ਸਟੀਲ , ਡਿਸਟਰੀਬਿਊਟਰ ਅਰੁਣ ਹਾਂਡਾ ਅਤੇ ਟਿਸਕੋਮ ਦੇ ਸੀਨੀਅਰ ਸੇਲਜ਼ ਮੈਨੇਜਰ ਅਭਿਸ਼ੇਕ ਕੁਮਾਰ ਉਚੇਚੇ ਤੌਰ 'ਤੇ ਹਾਜ਼ਰ ਹੋਏ ਅਤੇ ਟੂਰਨਾਮੈਂਟ ਦੀ ਹੋਰ ਬਿਹਤਰੀ ਲਈ ਪੰਜ ਲੱਖ ਰੁਪਏ ਦੀ ਸਪੌਂਸਰਸ਼ਿਪ ਰਾਸ਼ੀ ਦੇਣ ਦਾ ਭਰੋਸਾ ਦਿੱਤਾ।ਪਰਵਾਸੀ ਦਾਨੀ ਸੱਜਣ ਮੁੱਖਵਿੰਦਰਪਾਲ ਸਿੰਘ ਫਗਵਾੜਾ ਨੇ ਟੂਰਨਾਮੈਂਟ ਦੇ ਪ੍ਰਬੰਧਕਾਂ ਨੂੰ ਪੰਜਾਹ ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਪ੍ਰਦਾਨ ਕੀਤੀ। ਕਲੱਬ ਦੇ ਪ੍ਰਧਾਨ ਕੁਲਵੰਤ ਸਿੰਘ ਸੰਘਾ ਅਤੇ ਹੋਰ ਅਹੁਦੇਦਾਰਾਂ ਨੇ ਦਾਨੀ ਸੱਜਣਾਂ ਦਾ ਕਲੱਬ ਨੂੰ ਵਿੱਤੀ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਮੀਟਿੰਗ ਮੌਕੇ ਪ੍ਰਿੰ ਜਗਮੋਹਨ ਸਿੰਘ, ਮਾਸਟਰ ਬਨਿੰਦਰ ਸਿੰਘ, ਪ੍ਰਿੰ ਸੁਖਇੰਦਰ ਸਿੰਘ ਮਿਨਹਾਸ ਆਦਿ ਹਾਜ਼ਰ ਸਨ।

## ਈ ਟੀ ਟੀ ਅਧਿਆਪਕਾਂ ਨੇ ਨੰਗੇ ਧੜ ਕੀਤਾ ਪ੍ਰਦਰਸ਼ਨ



**ਸ਼੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਕੜਾਕੇ ਦੀ ਪੈ ਰਹੀ ਠੰਡ ਵਿੱਚ ਜਿੱਥੇ ਰਜਾਈਆਂ ਵਿੱਚ ਬੈਠਿਆਂ ਵੀ ਠੰਡ ਨਹੀਂ ਉਤਰ ਰਹੀ ਉੱਥੇ ਹੀ ਦੂਜੇ ਪਾਸੇ ਸਕੂਲੀ ਸਿੱਖਿਆ ਮੰਤਰੀ ਹਰਜੋਤ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ ਆਪਣੀਆਂ ਮੰਗਾਂ ਨੂੰ ਲੈ ਕੇ ਪੱਕੇ ਮੋਰਚੇ 'ਤੇ ਬੈਠੇ ਈਟੀਟੀ ਅਧਿਆਪਕਾਂ ਨੇ ਨੰਗੇ ਧੜ ਪ੍ਰਦਰਸ਼ਨ ਕੀਤਾ।ਇਹ ਪ੍ਰਦਰਸ਼ਨਕਾਰੀ ਆਪਣੀ ਜੁਆਇਨਿੰਗ ਨੂੰ ਲੈ ਕੇ ਪਿਛਲੇ 90 ਦਿਨਾਂ ਤੋਂ ਸਿੱਖਿਆ ਮੰਤਰੀ ਦੇ ਪਿੰਡ ਵਿੱਚ ਪੱਕਾ ਮੋਰਚਾ ਲਗਾ ਕੇ ਬੈਠੇ ਹਨ ਪਰ ਪੰਜਾਬ ਸਰਕਾਰ ਅਤੇ ਸਿੱਖਿਆ ਮੰਤਰੀ ਇਹਨਾਂ ਧਰਨਾਕਾਰੀਆਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰ ਰਹੇ ਹਨ।ਜਿਸ ਕਾਰਨ ਇਹਨਾਂ ਈਟੀਟੀ ਅਧਿਆਪਕਾਂ ਨੂੰ ਮੰਗਲਵਾਰ ਦੀ ਸਵੇਰ ਨੰਗੇ ਧੜ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਾ ਪਿਆ ਹੈ। ਈਟੀਟੀ ਟੈਟ ਪਾਸ ਬੇਰੁਜ਼ਗਾਰ 5994 ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਕਮੇਟੀ ਮੈਂਬਰ ਬਲਿਹਾਰ ਬੱਲੀ, ਪਰਮਪਾਲ, ਬੱਗਾ ਖੁਡਾਲ, ਕੁਲਵਿੰਦਰ ਬਰੇਟਾ, ਰਮੇਸ਼ ਅਬੋਹਰ, ਪਰਗਟ ਸਿੰਘ, ਲਵਪ੍ਰੀਤ ਦੰਦੀਵਾਲ, ਜੱਸੀ, ਹਰੀਸ਼ ਕੁਮਾਰ ਤੇ ਬੰਟੀ ਅਬੋਹਰ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਤਰੁਟੀਆਂ ਭਰੇ ਨੋਟੀਫਿਕੇਸ਼ਨ ਕਾਰਨ ਸਾਡੀ ਈਟੀਟੀ ਕੇਡਰ ਦੀ 5994 ਭਰਤੀ ਅਦਾਲਤਾਂ ਵਿੱਚ ਫਸ ਕੇ ਰਹਿ ਗਈ ਹੈ ਅਤੇ ਪੰਜਾਬ ਸਰਕਾਰ ਉਸ ਨੂੰ ਅਦਾਲਤ ਵਿੱਚੋਂ ਬਾਹਰ ਕਢਾਉਣ ਲਈ ਕੋਈ ਵਿਸ਼ੇਸ਼ ਯਤਨ ਨਹੀਂ ਕਰ ਰਹੀ। ਉਹਨਾਂ ਆਖਿਆ ਕਿ ਉਕਤ ਭਰਤੀ ਦਾ ਨੋਟੀਫਿਕੇਸ਼ਨ 12 ਅਕਤੂਬਰ 2022 ਨੂੰ ਜਾਰੀ ਹੋਇਆ ਸੀ। ਜਿਸ ਤੋਂ ਬਾਅਦ 5 ਮਾਰਚ 2023 ਨੂੰ ਲਿਖਤੀ ਪ੍ਰੀਖਿਆ ਵੀ ਲਈ ਜਾ ਚੁੱਕੀ ਹੈ। ਇਸ ਤੋਂ ਬਾਅਦ ਜੁਲਾਈ ਮਹੀਨੇ ਵਿੱਚ ਨਤੀਜਾ ਆਉਣ ਤੋਂ ਬਾਅਦ ਅਗਸਤ ਵਿੱਚ ਦਸਤਾਵੇਜ਼ਾਂ ਦੀ ਜਾਂਚ ਵੀ ਮੁਕੰਮਲ ਹੋ ਚੁੱਕੀ ਹੈ ਪਰ ਪੰਜਾਬ ਸਰਕਾਰ ਸਮੂਹ 5994 ਕੇਡਰ ਨੂੰ ਸਕੂਲਾਂ ਵਿੱਚ ਜੁਆਇਨ ਕਰਵਾਉਣ ਤੋਂ ਟਾਲਾ ਵੱਟ ਰਹੀ ਹੈ। ਇਸ ਭਰਤੀ ਦਾ ਹੱਲ ਕਰਵਾਉਣ ਸਬੰਧੀ ਸਕੂਲੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਅਨੇਕਾਂ ਮੀਟਿੰਗਾਂ ਕੀਤੀਆਂ ਜਾ ਚੁੱਕੀਆਂ ਹਨ ਪਰ ਹਰ ਮੀਟਿੰਗ ਵਿੱਚ ਕੋਈ ਨਾ ਕੋਈ ਬਹਾਨਾ ਬਣਾ ਕੇ ਟਾਲ ਦਿੱਤਾ ਜਾਂਦਾ ਹੈ ਪਰ ਪੁਖਤਾ ਹੱਲ ਨਹੀਂ ਕੀਤਾ ਜਾ ਰਿਹਾ।

# ਪ੍ਰਿੰ.ਪ੍ਰੇਮ ਕੁਮਾਰ ਨੇ ਖਾਟੂ ਸ਼ਾਮ ਲਈ ਬੱਸ ਕੀਤੀ ਰਵਾਨਾ




**ਫਿਲੌਰ, (ਨਿਰਮਲ)**- ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਹਲਕਾ ਫਿਲੌਰ ਤੋਂ ਪ੍ਰਿੰਸੀਪਲ ਪ੍ਰੇਮ ਕੁਮਾਰ ਹਲਕਾ ਇੰਚਾਰਜ ਫਿਲੌਰ ਜੁਆਇੰਟ ਸਕੱਤਰ ਪੰਜਾਬ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦਫ਼ਤਰ ਫਿਲੌਰ ਤੋਂ ਬਾਲਾ ਜੀ ਅਤੇ ਖਾਟੂ ਸ਼ਾਮ ਲਈ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਦੇਵੀ ਦੇਵਤਿਆਂ ਰਿਸ਼ੀਆਂ ਮੁੰਨੀਆਂ ਪ੍ਰਤੀ ਸ਼ਰਧਾ ਭਾਵ ਰੱਖਣਾ ਚਾਹੀਦਾ ਹੈ ਅਤੇ ਉਨ੍ਹਾਂ ਦਾ ਓਟ ਆਸਰਾ ਲੈ ਕੇ ਆਪਣਾ ਜੀਵਨ ਸਫਲਾ ਕਰਨਾ ਚਾਹੀਦਾ ਹੈ।ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜੋਂ ਵਾਅਦੇ ਪੰਜਾਬ ਵਾਸੀਆਂ ਨਾਲ ਕੀਤੇ ਸੀ ਉਹ ਇੱਕ ਇੱਕ ਕਰਕੇ ਪੂਰੇ ਕੀਤੇ ਜਾ ਰਹੇ ਹਨ। ਇਸ ਮੌਕੇ 'ਤੇ ਵੈਭਵ ਸ਼ਰਮਾ ਕੌਂਸਲਰ, ਸੁਰਿੰਦਰ ਕੈਥ ਕੌਂਸਲਰ, ਬਲਰਾਜ ਸਿੰਘ, ਸੰਤੋਖ ਸਿੰਘ ਗਿੱਲ, ਦੀਪਾ ਬਕਾਪੁਰ ਪੀ .ਏ ਅਤੇ ਸ਼ਹਿਰ ਦੇ ਹੋਰ ਪ੍ਰਮੁੱਖ ਵਿਅਕਤੀ ਹਾਜ਼ਰ ਸਨ।

# ਸੀ ਐੱਮ ਵਿੰਡੋ 'ਤੇ ਆਈ ਸ਼ਿਕਾਇਤ ਵਿਰੁੱਧ ਕੀਤੀ ਵੱਡੀ ਕਾਰਵਾਈ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਸੀਐਮ ਵਿੰਡੋ 'ਤੇ ਦਰਜ ਪਲਾਟ ਦੇ ਅਲਾਟਮੇਂਟ ਲੇਟਰ ਸਮੇਂ 'ਤੇ ਜਾਰੀ ਨਾ ਕਰਨ ਦੀ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ ਸ਼ਹਿਰੀ ਸਥਾਨਕ ਨਿਗਮ, ਭਿਵਾਨੀ ਦੇ ਕਾਰਜਕਾਰੀ ਅਧਿਕਾਰੀ ਅਭੈ ਸਿੰਘ ਨੂੰ ਤੁਰੰਤ ਪ੍ਰਭਾਵ ਨਾਲ ਮੁਅਤੱਲ ਕਰ ਦਿੱਤਾ ਹੈ। ਮੁੱਖ ਮੰਤਰੀ ਦੇ ਓਐਸਡੀ ਅਤੇ ਮੁੱਖ ਦਫਤਰ 'ਤੇ ਸੀਐਮ ਵਿੰਡੋ ਦੀ ਨਿਗਰਾਨੀ ਕਰ ਰਹੇ ਭੂਪੇਸ਼ਵਰ ਦਿਆਲ ਨੇ ਕਿਹਾ ਕਿ ਸਰਕਾਰ ਵੱਲੋਂ ਜਨਤਾ ਨੂੰ ਸਾਰੀ ਯੋਜਨਾਵਾਂ ਤੇ ਸਹੂਲਤਾਂ ਦਾ ਲਾਭ ਸਮੇਂਬੱਧ ਢੰਗ ਨਾਲ ਪ੍ਰਦਾਨ ਕਰਨ ਲਈ ਅਣਥੱਕ ਯਤਨ ਕੀਤੇ ਜਾ ਰਹੇ ਹਨ।ਪਰ ਕਾਰਜ ਵਿਚ ਦੇਰੀ ਕਰਨ ਨੂੰ ਲੈ ਕੇ ਸਬੰਧਿਤ ਅਧਿਕਾਰੀਆਂ ਤੇ ਕਰਮਚਾਰੀਆਂ 'ਤੇ ਲਗਾਤਾਰ ਸਖਤੀ ਵਰਤੀ ਜਾ ਰਹੀ ਹੈ। ਇਸੀ ਲੜੀ ਵਿਚ ਉਪਰੋਕਤ ਕਾਰਵਾਈ ਕੀਤੀ ਗਈ ਹੈ।ਭੂਪੇਸ਼ਵਰ ਦਿਆਲ ਨੇ ਵਿਸਤਾਰ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਅਸ਼ੋਕ ਕਲੋਨੀ , ਭਿਵਾਨੀ ਦੇ ਨਿਵਾਸੀ ਸ਼ੰਕਰ ਵੱਲੋਂ ਸੀਐਮ ਵਿੰਡੋਂ ਪੋਰਟਲ 'ਤੇ ਇਕ ਸ਼ਿਕਾਇਤ ਦਰਜ ਕਰਵਾਈ ਗਈ ਸੀ ਜਿਸ ਵਿਚ ਦਸਿਆ ਗਿਆ ਕਿ ਸਾਲ 1985 ਵਿਚ ਬੋਲੀ ਤਹਿਤ ਉਸ ਨੇ ਨਗਰ ਪਰਿਸ਼ਦ ਭਿਵਾਨੀ ਤੋਂ ਇਕ ਪਲਾਟ ਖਰੀਦਿਆ ਸੀ। ਉਸ ਦੇ ਪਲਾਟ ਦੇ ਮੁੱਲ ਦੀ ਇਕ ਚੌਥਾਈ ਰਕਮ ਅਤੇ ਸਿਕਓਰਿਟੀ ਦਾ ਪੈਸਾ ਜਮ੍ਹਾ ਕਰਵਾ ਦਿੱਤਾ ਸੀ। ਪਰ ਨਗਰ ਪਰਿਸ਼ਦ ਵੱਲੋਂ ਉਸ ਨੂੰ ਅੱਜ ਤਕ ਪਲਾਟ ਦਾ ਅਲਾਟਮੇਂਟ ਲੇਟਰ ਜਾਰੀ ਨਹੀਂ ਕੀਤਾ ਗਿਆ।

ਉਨ੍ਹਾਂ ਨੇ ਦਸਿਆ ਕਿ ਬਿਨੈਕਾਰ ਪਲਾਟ ਦੀ ਬਕਾਇਆ ਰਕਮ ਭਰਨ ਲਈ ਤਿਆਰ ਹਨ। ਪਰ 12 ਮਈ, 2022, 4 ਅਗਸਤ, 17 ਨਵੰਬਰ, 2022 ਅਤੇ 5 ਅਕਤੂਬਰ, 2023 ਨੂੰ ਵਾਰ-ਵਾਰ ਰਿਮਾਇੰਡਰ ਜਾਰੀ ਕਰਨ ਦੇ ਬਾਅਦ ਵੀ ਵਿਭਾਗ ਵੱਲੋਂ ਕੋਈ ਕਾਰਵਾਈ ਰਿਪੋਰਟ ਅਪਲੋਡ ਨਹੀਂ ਕੀਤੀ ਗਈ। ਨਗਰ ਪਰਿਸ਼ਦ ਭਿਵਾਨੀ ਦੇ ਕਾਰਜਕਾਰੀ ਅਧਿਕਾਰੀ ਅਭੈ ਸਿੰਘ ਬਤੌਰ ਪ੍ਰਸਾਸ਼ਕੀ ਕਾਰਜਕਾਰੀ ਅਧਿਕਾਰੀ ਹੋਣ ਦੇ ਕਾਰਨ ਇਸ ਮਾਮਲੇ ਵਿਚ ਕਾਰਵਾਈ ਕਰਵਾਉਣ ਦੀ ਜਿਮੇਵਾਰੀ ਉਨ੍ਹਾਂ ਦੀ ਬਣਦੀ ਹੈ। ਇਸ ਲਈ ਮੁੱਖ ਮੰਤਰੀ ਮਨੋਹਰ ਲਾਲ ਨੇ ਇਸ ਮਾਮਲੇ ਵਿਚ ਕੀਤੀ ਗਈ ਦੇਰੀ ਲਈ ਜਿਮੇਵਾਰ ਸ਼ਹਿਰੀ ਸਥਾਨਕ ਨਿਗਮ, ਭਿਵਾਨੀ ਦੇ ਕਾਰਜਕਾਰੀ ਅਧਿਕਾਰੀ ਅਭੈ ਸਿੰਘ ਨੂੰ ਮੁਅਤੱਲ ਕਰ ਦਿੱਤਾ। ਨਾਲ ਹੀ ਸ਼ਹਿਰੀ ਸਥਾਨਕ ਨਿਗਮ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਨੂੰਸਬੰਧਿਤ ਮਾਮਲੇ ਵਿਚ ਕਾਰਵਾਈ ਕਰ ਰਿਪੋਰਟ ਜਲਦੀ ਤੋਂ ਜਲਦੀ ਭਿਜਵਾਉਣ ਦੇ ਵੀ ਨਿਰਦੇਸ਼ ਦਿੱਤੇ ਹਨ।ਓਐਸਡੀ ਭੂਪੇਸ਼ਵਰ ਦਿਆਲ ਨੇ ਕਿਹਾ ਕਿ ਮੁੱਖ ਮੰਤਰੀ ਮਨੋਹਰ ਲਾਲ ਜਨਤਾ ਦੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਲੈਣ ਅਤੇ ਆਪਣੇ ਕੰਮ ਵਿਚ ਕਿਸੇ ਵੀ ਤਰ੍ਹਾ ਦੀ ਦੇਰੀ ਜਾਂ ਲਾਪ੍ਰਵਾਹੀ ਨਾ ਵਰਤਣ, ਅਜਿਹਾ ਨਾ ਕਰਨ ਵਾਲਿਆਂ 'ਤੇ ਸਮੇਂ-ਸਮੇਂ 'ਤੇ ਨਿਯਮ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

# ਨਵੇਂ ਸਾਲ ਦੇ ਸਵਾਗਤ 'ਚ ਕਰਵਾਏ ਭਗਵਤੀ ਜਾਗਰਣ 'ਚ ਨਤਮਸਤਕ ਹੋਏ ਵਿਧਾਇਕ ਧਾਲੀਵਾਲ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ )**- ਜੈ ਸਾਈਂ ਜੀ ਧਾਰਮਿਕ ਕਮੇਟੀ ਲੰਬੀ ਗਲੀ ਪਲਾਹੀ ਗੇਟ ਫਗਵਾੜਾ ਵੱਲੋਂ ਵਾਰਡ ਨੰ: 15 'ਚ ਨਵੇਂ ਸਾਲ ਦੇ ਸਵਾਗਤ 'ਚ ਮਾਂ ਭਗਵਤੀ ਦੇ ਰਾਤ੍ਰੀ ਜਾਗਰਣ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਲਵਪ੍ਰੀਤ ਲਵ ਅਤੇ ਸਤਨਾਮ ਮੱਟੂ ਮਿਊਜ਼ੀਕਲ ਗਰੁੱਪ ਨੇ ਰਾਤ ਭਰ ਖ਼ੂਬਸੂਰਤ ਭੇਟਾਂ ਰਾਹੀਂ ਮਹਾਂਮਾਈ ਦੀ ਮਹਿਮਾ ਦਾ ਗੁਣਗਾਨ ਕੀਤਾ। ਇਸ ਮੌਕੇ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਅਤੇ ਕਾਂਗਰਸ ਪਾਰਟੀ ਦੇ ਡੈਲੀਗੇਟ ਮੈਂਬਰ ਪੰਜਾਬ ਗੁਰਜੀਤ ਪਾਲ ਵਾਲੀਆ ਆਪਣੇ ਸਾਥੀਆਂ ਸਮੇਤ ਪਹੁੰਚੇ। ਵਿਧਾਇਕ ਧਾਲੀਵਾਲ ਨੇ ਮਾਤਾ ਰਾਣੀ ਦੇ ਸੁੰਦਰ ਦਰਬਾਰ ਵਿੱਚ ਨਤਮਸਤਕ ਹੁੰਦਿਆਂ ਸਾਰਿਆਂ ਨੂੰ ਨਵੇਂ ਸਾਲ ਦੀ ਵਧਾਈ ਦਿੱਤੀ। ਉਨ੍ਹਾਂ ਮਾਂ ਭਗਵਤੀ ਅੱਗੇ ਅਰਦਾਸ ਕੀਤੀ ਕਿ ਸਾਰਿਆਂ 'ਤੇ ਕ੍ਰਿਪਾ ਬਣਾਈ ਰੱਖੇ। ਨਾਲ ਹੀ ਧਾਲੀਵਾਲ ਨੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਵੇਂ ਸਾਲ ਦੀ ਸ਼ੁਰੂਆਤ ਹਮੇਸ਼ਾ ਪ੍ਰਮਾਤਮਾ ਦੀ ਬੰਦਗੀ ਨਾਲ ਕੀਤੀ ਜਾਣੀ ਚਾਹੀਦੀ ਹੈ। ਗੁਰਜੀਤ ਪਾਲ ਵਾਲੀਆ ਨੇ ਵੀ ਸਮੂਹ ਸਮੂਹ ਹਾਜ਼ਰੀਨ ਨੂੰ ਨਵੇਂ ਸਾਲ, ਲੋਹੜੀ ਤੇ ਮਕਰ ਸੰਕ੍ਰਾਂਤੀ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਨਵੇਂ ਸਾਲ ਵਿੱਚ ਪੁਰਾਣੇ ਗਿਲੇ-ਸ਼ਿਕਵੇ ਭੁਲਾ ਕੇ ਆਪਸੀ ਰਿਸ਼ਤਿਆਂ ਦੀ ਨਵੀਂ ਸ਼ੁਰੂਆਤ ਕੀਤੀ ਜਾਵੇ।

ਪ੍ਰਬੰਧਕਾਂ ਵੱਲੋਂ ਵਿਧਾਇਕ ਧਾਲੀਵਾਲ ਅਤੇ ਹੋਰ ਪਤਵੰਤਿਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਗੌਰਵ ਭਾਟੀਆ, ਸਾਜਨ ਕਨੌਜੀਆ, ਸੋਨੂੰ ਕਨੌਜੀਆ, ਧਰੁਵ ਸ਼ਰਮਾ, ਆਯੂਸ਼ ਅਰੋੜਾ, ਨਿਤੇਸ਼ ਸਚਦੇਵਾ, ਕਰਨ ਕਸ਼ਯਪ, ਰੋਹਿਤ ਭਾਰਦਵਾਜ, ਰੋਬਿਨ ਸ਼ਰਮਾ, ਭੂਮੀਸ਼ ਖੁਰਾਣਾ, ਕਰਨ ਮਲਹੋਤਰਾ, ਅਸ਼ੀਸ਼ ਮਲਹੋਤਰਾ, ਮਨਦੀਪ ਮਨੀ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਸ਼ਹੀਦ ਬਾਬਾ ਮੱਤੀਂ ਸਾਹਿਬ ਜੀ ਸੇਵਾ ਸੁਸਾਇਟੀ ਦਾ ਹੋਇਆ ਸਨਮਾਨ



**ਆਦਮਪੁਰ (ਪਰਮਜੀਤ ਸਿੰਘ)**:- ਬੀਤੇ ਦਿਨੀਂ ਸ਼ਹੀਦ ਭਗਤ ਸਿੰਘ ਜੀ ਸਪੋਰਟਸ ਕਲੱਬ ਰਜਿ ਪਿੰਡ ਡਵਿੱਡਾ ਰਿਹਣਾ ਸਮੂਹ ਗ੍ਰਾਮ ਪੰਚਾਇਤ ਅਤੇ ਐਨ ਆਰ ਆਈ ਵੀਰਾਂ ਭੈਣਾਂ ਦੇ ਸਹਿਯੋਗ ਨਾਲ

ਸਵ ਵੀਰ ਹਰਮਨ ਸੰਧੂ ਦੀ ਯਾਦ ਵਿੱਚ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ ਜਿਸ ਵਿੱਚ ਦੁਆਬੇ ਇਲਾਕੇ ਦੀ ਸਿਰਮੌਰ ਸੰਸਥਾ ਸ਼ਹੀਦ ਬਾਬਾ ਮੱਤੀਂ ਸਾਹਿਬ ਜੀ ਸੇਵਾ ਸੁਸਾਇਟੀ ਡਰੋਲੀ ਕਲਾਂ ਆਦਮਪੁਰ ਦੁਆਬਾ ਦਾ ਪਹੁੰਚਣ 'ਤੇ ਜਿਥੇ ਸਮੂਹ ਕਲੱਬ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਉਥੇ ਹੀ ਸੇਵਾ ਸੁਸਾਇਟੀ ਦੇ ਲੋਕ ਭਲਾਈ ਕਾਰਜਾਂ ਨੂੰ ਦੇਖਦਿਆਂ ਹੋਇਆਂ ਸਨਮਾਨਿਤ ਵੀ ਕੀਤਾ ਗਿਆ।ਸੇਵਾਦਾਰ ਭਾਈ ਸੁਖਜੀਤ ਸਿੰਘ ਨੇ ਕਿਹਾ ਕਿ ਜਿਥੇ ਵੀ ਸੇਵਾ ਸੁਸਾਇਟੀ ਨੂੰ ਬੁਲਾਇਆ ਜਾਂਦਾ ਹੈ ਜਾਂ ਸਨਮਾਨਿਤ ਕੀਤਾ ਜਾਂਦਾ ਹੈ ਇਹ ਸਭ ਮਾਣ ਸਤਿਕਾਰ ਸ਼ਹੀਦ ਸਿੰਘਾਂ ਦੇ ਚਰਨਾਂ ਦੀ ਧੂੜ ਅਤੇ ਹੱਡ ਤੋੜ ਮਿਹਨਤ ਕਰ ਦਸਵੰਧ ਭੇਜਣ ਵਾਲੇ ਦਾਨੀ ਵੀਰਾਂ ਭੈਣਾਂ ਦਾ ਹੀ ਹੁੰਦਾ ਹੈ ਜਿਨ੍ਹਾਂ ਦੇ ਦਸਵੰਧ ਰੂਪੀ ਖਜ਼ਾਨਿਆਂ ਸਦਕੇ ਹੀ ਸ਼ਹੀਦ ਬਾਬਾ ਮੱਤੀਂ ਸਾਹਿਬ ਜੀ ਸੇਵਾ ਸੁਸਾਇਟੀ ਡਰੋਲੀ ਕਲਾਂ ਇਹ ਲੋਕ ਭਲਾਈ ਦੇ ਸਾਰੇ ਕਾਰਜ ਕਰ ਰਹੀ ਹੈ।

# ਔਰਤ ਸਮੇਤ ਦੋ ਨਸ਼ਾ ਤਸਕਰ ਪੁਲਸ ਅੜਿੱਕੇ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**-ਬਲਜੀਤ ਸਿੰਘ ਹੁੰਦਲ ਇੰਸਪੈਕਟਰ ਮੁੱਖ ਅਫਸਰ ਥਾਣਾ ਭੋਗਪੁਰ ਦੀ ਪੁਲਸ ਪਾਰਟੀ ਵੱਲੋਂ ਦੋ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ 05 ਕਿਲੋ ਡੋਡੇ ਚੂਰਾ ਪੋਸਤ ਅਤੇ 35 ਗ੍ਰਾਮ ਨਸ਼ੀਲਾ ਪਦਾਰਥ ਬਰਾਮਦ ਕੀਤਾ ਗਿਆ ਹੈ। ਵਿਜੇ ਕੰਵਰਪਾਲ ਪੀ. ਪੀ. ਐਸ. ਉਪ ਪੁਲਸ ਕਪਤਾਨ, ਸਬ ਡਿਵੀਜ਼ਨ ਆਦਮਪੁਰ ਨੇ ਦੱਸਿਆ ਕਿ ਪਰਮਜੀਤ ਸਿੰਘ ਚੌਂਕੀ ਇੰਚਾਰਜ ਪਚਰੰਗਾ ਆਪਣੇ ਸਾਥੀਆਂ ਸਮੇਤ ਬਰਾਏ ਸਪੈਸ਼ਲ ਸਰਚ ਆਪਰੇਸ਼ਨ ਦੇ ਸਬੰਧ ਵਿੱਚ ਪਿੰਡ ਕਿੰਗਰਾ ਚੋ ਵਾਲਾ ਮੌਜੂਦ ਸੀ, ਪੁਲਸ ਪਾਰਟੀ ਸਰਚ ਕਰਦੀ ਹੋਈ ਪਿੰਡ ਵਿਚਕਾਰ ਲਹਿੰਦੇ ਪਾਸੇ ਜਾਂਦੀ ਗਲੀ ਨੂੰ ਜਾਣ ਲੱਗੀ ਤਾਂ ਸਾਹਮਣੇ ਇੱਕ ਵਿਅਕਤੀ ਆਪਣੇ ਹੱਥ ਵਿੱਚ ਇੱਕ ਛੋਟਾ ਬੋਰਾ ਪਲਾਸਟਿਕ ਫੜ ਕੇ ਆਪਣੇ ਘਰ ਦੇ ਬਾਹਰ ਗਲੀ ਵਿੱਚ ਖੜੀ ਆਪਣੀ ਮੋਟਰਸਾਈਕਲ ਰੇਹੜੀ ਨੰਬਰੀ ਪੀਬੀ 25 ਬੀ 9210 ਮਾਰਕਾ ਕਾਵਾਸਾਕੀ ਵਿੱਚ ਰੱਖ ਰਿਹਾ ਸੀ ਅਤੇ ਪੁਲਸ ਨੂੰ ਦੇਖ ਕੇ ਘਬਰਾ ਕੇ ਆਪਣੇ ਘਰ ਅੰਦਰ ਨੂੰ ਭੱਜਣ ਲੱਗਾ ਤੇ ਸ਼ੱਕ ਦੀ ਬਿਨ੍ਹਾ 'ਤੇ ਪਰਮਜੀਤ ਸਿੰਘ ਏ. ਐਸ. ਆਈ. ਨੇ ਆਪਣੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ, ਉਸ ਵਿਅਕਤੀ ਦਾ ਨਾਂਅ ਪਤਾ ਪੁੱਛਿਆ, ਜਿਸਨੇ ਆਪਣਾ ਨਾਂਅ ਸਤਪਾਲ ਸਿੰਘ ਉਰਫ ਸੱਤਾ ਪੁੱਤਰ ਪ੍ਰੀਤੂ ਰਾਮਵਾਸੀ ਕਿੰਗਰਾ ਚੋ ਵਾਲਾ ਜ਼ਿਲ੍ਹਾ ਜਲੰਧਰ ਦੱਸਿਆ। ਏ. ਐਸ. ਆਈ. ਪਰਮਜੀਤ ਸਿੰਘ ਵੱਲੋਂ ਛੋਟਾ ਬੋਰਾ ਪਲਾਸਟਿਕ ਦਾ ਚੈੱਕ ਕਰਨ 'ਤੇ 5 ਕਿਲੋ ਡੋਡੇ ਚੂਰਾ ਪੋਸਟ ਬਰਾਮਦ ਕਰਕੇ ਮੁਕੱਦਮਾ ਨੰਬਰ 3 ਮਿਤੀ 08-01- 2024 U/S AE-B-FA-HE NDPS ਐਕਟ ਥਾਣਾ ਭੋਗਪੁਰ ਦਰਜ ਕਰਕੇ ਗ੍ਰਿਫਤਾਰ ਕੀਤਾ।

ਇਸੇ ਤਰ੍ਹਾਂ ਏ. ਐਸ. ਆਈ ਮਹੇਸ਼ ਕੁਮਾਰ ਸਮੇਤ ਸਾਥੀ ਕਰਮਚਾਰੀਆਂ ਗਸ਼ਤ ਕਰਦੇ ਜਾ ਰਹੇ ਸੀ ਤਾਂ ਇੱਕ ਔਰਤ ਮੋਮੀ ਲਿਫਾਫਾ ਵਜਨਦਾਰ ਫੜੀ ਆਉਂਦੀ ਦਿਖਾਈ ਦਿੱਤੀ ਜੋ ਪੁਲਸ ਪਾਰਟੀ ਨੂੰ ਦੇਖ ਕੇ ਪਿੱਛੇ ਨੂੰ ਭੱਜਣ ਲੱਗੀ ਤਾਂ ਏ. ਐਸ. ਆਈ. ਮਹੇਸ਼ ਕੁਮਾਰ ਨੇ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਅਤੇ ਨਾਂਅ ਪਤਾ ਪੁੱਛਣ 'ਤੇ ਉਸਨੇ ਆਪਣਾ ਨਾਂਅ ਪਰਵੀਨ ਪਤਨੀ ਕਮਲ ਕੁਮਾਰ ਵਾਸੀ ਕਿੰਗਰਾ ਚੋ ਵਾਲਾ ਜ਼ਿਲ੍ਹਆ ਜਲੰਧਰ ਦੱਸਿਆ। ਜਿਸ ਦੇ ਹੱਥ ਵਿੱਚ ਫੜੇ ਮੋਮੀ ਲਿਫਾਫੇ ਦੀ ਤਲਾਸ਼ੀ ਕਰਨ 'ਤੇ 35 ਗ੍ਰਾਮ ਨਸ਼ੀਲੇ ਪਦਾਰਥ ਬਰਾਮਦ ਕਰਕੇ ਮੁਕੱਦਮਾ ਨੰਬਰ 4 ਮਿਤੀ 8-1-2024 U/S BB-FA-HE NDPS ਐਕਟ ਥਾਣਾ ਭੋਗਪੁਰ ਵਿਖੇ ਦਰਜ ਕੀਤਾ ਗਿਆ।

# ਭਾਈਚਾਰਕ ਸਾਂਝ ਤੇ ਰਾਸ਼ਟਰ ਦੀ ਭੂਗੋਲਿਕ ਏਕਤਾ ਖੰਡਤ ਕਰਨ ਦੇ ਸੰਘੀ ਮਨਸੂਬੇ ਫੇਲ੍ਹ ਕਰੋ : ਪਾਸਲਾ



**ਜਲੰਧਰ (ਕੇਸਰ, ਰਜੇਸ਼ ਥਾਪਾ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਪੰਜਾਬ ਰਾਜ ਕਮੇਟੀ ਦੀ ਸਾਥੀ ਰਤਨ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਨੇ ਪਾਰਟੀ ਵਲੋਂ ਲੰਘੇ ਵਰ੍ਹੇ ਤੋਂ ਆਰੰਭੀ 'ਭਾਜਪਾ ਹਰਾਓ ਕਾਰਪੋਰੇਟ ਭਜਾਓ ਦੇਸ਼ ਬਚਾਓ' ਸਿਆਸੀ ਮੁਹਿੰਮ ਨੂੰ ਨਵੇਂ ਸਾਲ 2024 ਦੌਰਾਨ ਹੋਰ ਤੇਜ਼ ਕਰਨ ਦਾ ਨਿਰਣਾ ਲਿਆ ਹੈ।ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਦੱਸਿਆ ਹੈ ਕਿ ਰਾਜ ਕਮੇਟੀ ਨੇ ਅੱਧ ਜਨਵਰੀ ਤੋਂ ਸ਼ੁਰੂ ਕਰਕੇ ਫਰਵਰੀ ਦੇ ਪਹਿਲੇ ਪੰਦਰਵਾੜੇ ਤੱਕ ਪਿੰਡਾਂ, ਕਸਬਿਆਂ ਤੇ ਸ਼ਹਿਰੀ ਮੁਹੱਲਿਆਂ ਅੰਦਰ ਸੰਸਾਰ ਕਿਰਤੀ ਦੇ ਮਹਾਨ ਰਹਿਬਰ, ਰੂਸੀ ਸਮਾਜਵਾਦੀ ਕ੍ਰਾਂਤੀ ਦੇ ਸੂਤਰਧਾਰ ਵੀ. ਆਈ. ਲੈਨਿਨ ਦੀ ਸੌਵੀਂ ਬਰਸੀ ਨੂੰ ਸਮਰਪਿਤ ਜਨਤਕ ਮੀਟਿੰਗਾਂ ਕਰਕੇ ਉਕਤ ਮੁਹਿੰਮ ਘਰ-ਘਰ ਤੱਕ ਪਹੁਚਾਉਣ ਦੀ ਯੋਜਨਾਬੰਦੀ ਉਲੀਕੀ ਹੈ।ਰਾਜ ਕਮੇਟੀ ਨੇ 21 ਤੇ 25 ਫਰਵਰੀ ਅਤੇ 3 ਮਾਰਚ 2024 ਨੂੰ ਕ੍ਰਮਵਾਰ ਜਲੰਧਰ, ਸੰਗਰੂਰ ਅਤੇ ਬਠਿੰਡਾ ਵਿਖੇ ਵਿਸ਼ਾਲ ਖੇਤਰੀ ਰੈਲੀਆਂ ਕਰਨ ਦਾ ਨਿਰਣਾ ਲਿਆ ਹੈ। ਇਨ੍ਹਾਂ ਰੈਲੀਆਂ ਨੂੰ ਆਰ.ਐਮ.ਪੀ.ਆਈ. ਅਤੇ ਐਮ.ਸੀ.ਪੀ.ਆਈ.-ਯੂ. 'ਤੇ ਆਧਾਰਿਤ 'ਕਮਿਊਨਿਸਟ ਕੋਆਰਡੀਨੇਸ਼ਨ ਕਮੇਟੀ' (ਸੀਸੀਸੀ) ਦੇ ਆਗੂ ਸੰਬੋਧਨ ਕਰਨਗੇ।ਰਾਜ ਕਮੇਟੀ ਨੇ ਰਾਸ਼ਟਰਪਿਤਾ ਸ੍ਰੀ ਮਹਾਤਮਾ ਗਾਂਧੀ ਦਾ ਸ਼ਹਾਦਤ ਦਿਵਸ, 30 ਜਨਵਰੀ ਨੂੰ, ਫਿਰਕੂ-ਫਾਸ਼ੀ ਤਾਕਤਾਂ ਦੇ ਕੋਝੇ, ਵੰਡਵਾਦੀ ਮਨਸੂਬਿਆਂ ਤੋਂ ਲੋਕਾਈ ਨੂੰ ਜਾਣੂੰ ਕਰਵਾਉਣ ਲਈ ਰੈਲੀਆਂ, ਸੈਮੀਨਾਰ, ਚੇਤਨਾ ਮਾਰਚ, ਕਨਵੈਨਸ਼ਨਾਂ ਆਦਿ ਕਰਕੇ ਮਨਾਉਣ ਦਾ ਵੀ ਫੈਸਲਾ ਲਿਆ ਹੈ।ਰਾਜ ਕਮੇਟੀ ਨੇ ਪੰਜਾਬ ਅੰਦਰ ਦਿਨੋਂ-ਦਿਨ ਨਿੱਘਰਦੀ ਜਾ ਰਹੀ ਅਮਨ-ਕਨੂੰਨ ਦੀ ਸਥਿਤੀ, ਨਿੱਤ ਵਾਪਰ ਰਹੀਆਂ ਕਤਲਾਂ, ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਅਤੇ ਨਸ਼ਾ ਕਾਰੋਬਾਰ ਦੇ ਬੇਰੋਕ ਜਾਰੀ ਰਹਿਣ 'ਤੇ ਡੂੰਘੀ ਚਿੰਤਾ ਦਾ ਇਜ਼ਹਾਰ ਕਰਦਿਆਂ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀ ਲੋਕਾਂ ਦੀ ਜਾਨ-ਮਾਲ ਦੀ ਰਾਖੀ ਪ੍ਰਤੀ ਮੁਜ਼ਰਮਾਨਾ ਬੇਧਿਆਨੀ ਦੀ ਡਟਵੀਂ ਨਿਖੇਧੀ ਕੀਤੀ ਹੈ।ਰਾਜ ਕਮੇਟੀ ਨੇ 'ਕੇਂਦਰੀ ਟਰੇਡ ਯੂਨੀਅਨਾਂ ਦੀ ਸਾਂਝੀ ਤਾਲਮੇਲ ਕਮੇਟੀ', 'ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦਾ ਸਾਂਝਾ ਮੋਰਚਾ', 'ਸੰਯੁਕਤ ਕਿਸਾਨ ਮੋਰਚਾ', 'ਮੁਲਾਜ਼ਮ ਪੈਨਸ਼ਨਰ ਫਰੰਟ' ਅਤੇ ਮਿਹਨਤੀ ਵਰਗਾਂ ਦੇ ਹੋਰਨਾਂ ਸੰਗਠਨਾਂ ਦੇ ਹੱਕੀ ਘੋਲਾਂ ਦੀ ਡਟਵੀਂ ਇਮਦਾਦ ਕਰਨ ਦਾ ਫੈਸਲਾ ਲਿਆ ਹੈ।ਰਾਜ ਕਮੇਟੀ ਨੇ ਬਿਲਕੀਸ ਬਾਨੋ ਦੇ ਪਰਿਵਾਰਕ ਜੀਆਂ ਦੇ ਵਹਿਸ਼ੀ ਕਾਤਲਾਂ-ਬਲਾਤਕਾਰੀਆਂ ਦੀ ਸਜ਼ਾ ਮਾਫ ਕਰਨ ਦੇ ਗੁਜਰਾਤ ਸਰਕਾਰ ਅਤੇ ਕੇਂਦਰ ਦੀ ਮੋਦੀ-ਸ਼ਾਹ ਹਕੂਮਤ ਦੇ ਫੈਸਲੇ ਨੂੰ ਰੱਦ ਕਰਨ ਵਾਲੇ ਦੇਸ਼ ਦੀ ਸਰਵ ਉੱਚ ਅਦਾਲਤ ਦੇ ਹਾਲ ਹੀ ਵਿਚ ਆਏ ਫੈਸਲੇ ਦੀ ਸ਼ਲਾਘਾ ਕੀਤੀ ਹੈ। ਰਾਜ ਕਮੇਟੀ ਸਮਝਦੀ ਹੈ ਕਿ ਉਕਤ ਅਦਾਲਤੀ ਫੈਸਲੇ ਨਾਲ ਸੰਘ-ਭਾਜਪਾ ਦਾ ਸਿਰੇ ਦਾ ਇਸਤਰੀ ਦੋਖੀ ਅਤੇ ਘੱਟ ਗਿਣਤੀਆਂ ਪ੍ਰਤੀ ਜ਼ਾਲਮ ਖਾਸਾ ਬੇਪਰਦ ਹੋਇਆ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਅਯੁੱਧਿਆ ਵਿਖੇ 22 ਜਨਵਰੀ ਨੂੰ ਹੋਣ ਜਾ ਰਹੇ ਰਾਮ ਮੰਦਿਰ ਦੇ 'ਪ੍ਰਾਣ ਪ੍ਰਤਿਸ਼ਠਾ ਸਮਾਰੋਹ' ਦੀ ਸੰਘ-ਭਾਜਪਾ ਅਤੇ ਮੋਦੀ-ਸ਼ਾਹ ਸਰਕਾਰ ਵਲੋਂ ਆਪਣੇ ਸੌੜੇ ਸਿਆਸੀ ਹਿਤਾਂ ਲਈ ਕੀਤੀ ਜਾ ਰਹੀ ਘੋਰ ਦੁਰਵਰਤੋਂ ਅਤੇ ਧਰੁੱਵੀਕਰਨ ਦੀਆਂ ਕੋਝੀਆਂ ਸਾਜ਼ਿਸ਼ਾਂ ਦੇ ਨਤੀਜੇ ਨਾ ਕੇਵਲ ਦੇਸ਼ ਦੇ ਧਰਮ ਨਿਰਪੱਖ ਤੇ ਲੋਕ ਰਾਜੀ ਢਾਂਚੇ ਲਈ ਘਾਤਕ ਸਿੱਧ ਹੋਣਗੇ ਬਲਕਿ ਰਾਜ ਕਰਦੀ ਪਾਰਟੀ ਦੇ ਇਹ ਕੁਕਰਮ ਦੇਸ਼ ਦੀ ਏਕਤਾ-ਅਖੰਡਤਾ ਲਈ ਵੀ ਗੰਭੀਰ ਖਤਰੇ ਖੜ੍ਹੇ ਕਰਨਗੇ।

ਪਾਸਲਾ ਨੇ ਕਿਹਾ ਕਿ ਰਾਸ਼ਟਰੀ ਸੋਇਮ ਸੇਵਕ ਸੰਘ (ਆਰ.ਐਸ.ਐਸ.) ਦੇ ਧਰਮ ਆਧਾਰਿਤ ਕੱਟੜ ਰਾਸ਼ਟਰ ਕਾਇਮ ਕਰਨ ਦੇ ਫਿਰਕੂ-ਫਾਸ਼ੀ, ਵੰਡਵਾਦੀ ਏਜੰਡੇ ਨੂੰ ਭਾਂਜ ਦੇਣਾ ਅਤੇ ਭ੍ਰਿਸ਼ਟਾਚਾਰ, ਬੇਰੁਜ਼ਗਾਰੀ-ਮਹਿੰਗਾਈ, ਭੁੱਖਮਰੀ-ਕੰਗਾਲੀ, ਅਮੀਰੀ-ਗਰੀਬੀ ਦੇ ਪਾੜੇ ਆਦਿ 'ਚ ਬੇਓੜਕ ਵਾਧਾ ਕਰਨ ਵਾਲੀਆਂ ਮੋਦੀ-ਸ਼ਾਹ ਸਰਕਾਰ ਦੀਆਂ ਨੀਤੀਆਂ ਨੂੰ ਰੱਦ ਕਰਵਾਉਣ ਲਈ ਬੱਝਵੇਂ, ਫੈਸਲਾਕੁੰਨ ਜਨ ਸੰਗਰਾਮ ਵਿੱਢਣੇ ਦੇਸ਼ ਦੇ ਚੰਗੇਰੇ ਭਵਿੱਖ ਲਈ ਅਤਿ ਲੋੜੀਂਦੇ ਕਾਰਜ ਹਨ। ਉਨ੍ਹਾਂ ਕਿਹਾ ਕਿ ਉਕਤ ਸੰਘਰਸ਼ਾਂ ਦੀ ਉਸਾਰੀ ਅਤੇ ਕਾਮਯਾਬੀ ਲਈ ਮੋਦੀ-ਸ਼ਾਹ ਸਰਕਾਰ ਨੂੰ ਕੇਂਦਰੀ ਸੱਤਾ ਤੋਂ ਬੇਦਖਲ ਕਰਨਾ ਵਡੇਰੇ ਮਹੱਤਵ ਦਾ ਫੌਰੀ ਕਾਰਜ ਹੈ।ਸਾਥੀ ਪਾਸਲਾ ਨੇ ਭਾਜਪਾ ਵਿਰੋਧੀ ਪਾਰਟੀਆਂ ਦੇ ਗਠਜੋੜ 'ਇੰਡੀਆ' ਦੇ ਭਾਈਵਾਲਾਂ ਨੂੰ ਵਿਵੇਕ ਅਤੇ ਸੰਜਮ ਤੋਂ ਕੰਮ ਲੈਂਦਿਆਂ ਭਾਜਪਾ ਦੀ ਹਾਰ ਯਕੀਨੀ ਬਣਾਉਣ ਲਈ ਹਰ ਮੁਹਾਜ ਤੋਂ ਸੰਜੀਦਾ ਯਤਨ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਦੇਸ਼ ਵਾਸੀਆਂ ਨੂੰ ਭਾਜਪਾ ਵਿਰੋਧੀ ਵੋਟਾਂ ਦੀ ਵੰਡ ਰਾਹੀਂ ਚੋਰ ਦਰਵਾਜ਼ਿਓਂ ਭਾਜਪਾ ਸਰਕਾਰ ਦੀ ਕਾਮਯਾਬੀ ਦਾ ਰਾਹ ਪੱਧਰਾ ਕਰਨ ਦਾ ਯਤਨ ਕਰਨ ਵਾਲੇ ਆਗੂਆਂ ਅਤੇ ਦਲਾਂ ਨੂੰ ਮੂੰਹ ਨਾ ਲਾਉਣ ਦੀ ਵੀ ਪੁਰਜ਼ੋਰ ਅਪੀਲ ਕੀਤੀ ਹੈ।ਮੀਟਿੰਗ ਦੇ ਆਰੰਭ ਵਿਚ ਲੰਘੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਾਥੀ ਭੀਮ ਸਿੰਘ ਆਲਮਪੁਰ, ਸਾਥੀ ਟੀ.ਆਰ. ਗੌਤਮ ਅਤੇ ਸਾਥੀ ਸ਼ਿੰਗਾਰਾ ਸਿੰਘ ਦੁਸਾਂਝ ਕਲਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ।

# ਡਰਾਇਵਰਾਂ ਵਲੋਂ ਮੋਦੀ ਸਰਕਾਰ ਵਿਰੁੱਧ ਅਰਥੀ ਫੂਕ ਮੁਜ਼ਾਹਰਾ 15 ਨੂੰ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ, ਮਨੋਜ ਲਾਡੀ )**

ਭਾਰਤੀ ਨਿਆ ਸੰਹਿਤਾ (2) ਵਿੱਚ ਡਰਾਈਵਰਾਂ ਦੇ ਅਸੰਵੇਦਨਸ਼ੀਲ ਉਪਬੰਧਾਂ ਨੂੰ ਲੈਕੇ ਨਵਾਂਸ਼ਹਿਰ ਦੇ ਡਰਾਇਵਰਾਂ ਵਲੋਂ 15 ਜਨਵਰੀ ਨੂੰ ਮੋਦੀ ਸਰਕਾਰ ਵਿਰੁੱਧ ਅਰਥੀ ਫੂਕ ਮੁਜਾਹਰਾ ਕੀਤਾ ਜਾਵੇਗਾ।ਇਸ ਸਬੰਧੀ ਡਰਾਇਵਰਾਂ ਵਲੋਂ ਇੱਥੇ ਕੀਤੀ ਗਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਨਿਊ ਆਟੋ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਆਗੂ ਬਿੱਲਾ ਗੁੱਜਰ ਨੇ ਕਿਹਾ ਹੈ ਕਿ 15 ਜਨਵਰੀ ਨੂੰ ਸਵੇਰੇ 9 ਵਜੇ ਡਰਾਇਵਰ ਸਹਿਕਾਰੀ ਖੰਡ ਮਿੱਲ ਨਵਾਂਸ਼ਹਿਰ ਅੱਗੇ ਇਕੱਠੇ ਹੋਣਗੇ।ਇੱਥੇ ਰੈਲੀ ਕਰਨ ਉਪਰੰਤ ਸ਼ਹਿਰ ਵਿੱਚ ਮੁਜਾਹਰਾ ਕਰਕੇ ਸਥਾਨਕ ਚੰਡੀਗੜ੍ਹ ਚੌਂਕ ਵਿੱਚ ਮੋਦੀ ਸਰਕਾਰ ਦੀ ਅਰਥੀ ਫੂਕੀ ਜਾਵੇਗੀ।ਉਹਨਾਂ ਕਿਹਾ ਕਿ ਇਸ ਤੋਂ ਪਹਿਲਾਂ ਵਾਲੇ ਕਾਨੂੰਨ ਵਿੱਚਲਾਪਰਵਾਹੀ ਕਾਰਨ ਮੌਤ ਹੋਣ ਦੇ ਮਾਮਲੇ ਵਿੱਚ , ਆਮ ਤੌਰ 'ਤੇ ਦੁਰਘਟਨਾ ਵਿੱਚ ਮੌਤ ਨੂੰ ਆਈਪੀਸੀ ਦੀ ਧਾਰਾ 304 ਏ ਦੇ ਤਹਿਤ 2 ਸਾਲ ਦੀ ਕੈਦ ਦੀ ਸਜ਼ਾ ਸੀ। ਨਵੇਂ ਕਾਨੂੰਨ ਤਹਿਤ ਸਾਧਾਰਨ ਹਾਦਸਿਆਂ ਦੇ ਮਾਮਲੇ ਵਿੱਚ 5 ਸਾਲ ਦੀ ਕੈਦ ਦੀ ਵਿਵਸਥਾ ਹੋਵੇਗੀ, ਜਦੋਂ ਕਿ ਹਿੱਟ ਐਂਡ ਰਨ ਹਾਦਸਿਆਂ ਦੇ ਮਾਮਲਿਆਂ ਵਿੱਚ ਡਰਾਈਵਰਾਂ ਨੂੰ 10 ਸਾਲ ਦੀ ਕੈਦ ਅਤੇ 10 ਲੱਖ ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਹੈ। ਨਵਾਂ ਕਾਨੂੰਨ ਡਰਾਇਵਰਾਂ ਅਤੇ ਟਰਾਂਸਪੋਰਟਰਾਂ ਲਈ ਬਹੁਤ ਹੀ ਘਾਤਕ ਹੈ।ਉਹਨਾਂ ਕਿਹਾ ਕਿ ਸੱਚਾਈ ਇਹ ਵੀ ਹੈ ਕਿ ਰਾਜ ਮਾਰਗਾਂ ਦੀ ਸਾਂਭ-ਸੰਭਾਲ ਕਰਨ ਵਾਲੀਆਂ ਕੇਂਦਰੀ ਸਰਕਾਰਾਂ ਅਤੇ ਰਾਜ ਸਰਕਾਰਾਂ, ਸੜਕਾਂ ਦੀ ਸਾਂਭ-ਸੰਭਾਲ, ਸ਼ਹਿਰਾਂ ਦੇ ਅੰਦਰ ਵੀ ਸੜਕਾਂ ਦੇ ਲੰਬੇ ਹਿੱਸੇ ਦੀ ਰੋਸ਼ਨੀ, ਕੰਮ ਕਰਨ ਵਾਲੇ ਟ੍ਰੈਫਿਕ ਸਿਗਨਲਾਂ ਨੂੰ ਯਕੀਨੀ ਬਣਾਉਣ, ਸੜਕਾਂ 'ਤੇ ਚੱਲਣ ਵਾਲਿਆਂ ਲਈ ਮੁਫਤ ਫੁੱਟਪਾਥਾਂ ਵੱਲ ਧਿਆਨ ਨਹੀਂ ਦਿੰਦੀਆਂ।ਉਹਨਾਂ ਕਿਹਾ ਕਿ ਇਹ ਨਵਾਂ ਕਾਨੂੰਨ ਸਰਕਾਰ ਫੌਰੀ ਤੌਰ ਉੱਤੇ ਵਾਪਸ ਲਵੇ।ਉਹਨਾਂ ਟਰਾਂਸਪੋਰਟਰਾਂ ,ਟੈਕਸੀ ਚਾਲਕਾਂ, ਬੱਸ ਚਾਲਕਾਂ, ਟਰੱਕ ਚਾਲਕਾਂ ਤੋਂ ਇਲਾਵਾ ਸਾਰੇ ਵਾਹਨ ਮਾਲਕਾਂ ਨੂੰ ਵੀ ਇਸ ਮੁਜਾਹਰੇ ਵਿੱਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਕਿਹਾ ਹੈ ਕਿ ਇਸ ਕਾਨੂੰਨ ਦੇ ਘੇਰੇ ਵਿੱਚ ਨਿੱਜੀ ਵਾਹਨਾਂ ਦੇ ਮਾਲਕ ਵੀ ਆਉਂਦੇ ਹਨ।

ਇਸ ਲਈ ਉਹ ਇਸ ਮੁਜਾਹਰੇ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚਣ।ਇਸ ਮੌਕੇ ਤਰਨਜੀਤ, ਸਤਨਾਮ ਸਿੰਘ, ਦੇਸ ਰਾਜ ਨੇ ਵੀ ਸੰਬੋਧਨ ਕੀਤਾ।

# ਪੰਚਾਇਤੀ ਰਾਜ ਪੈਨਸ਼ਨਰ ਯੂਨੀਅਨ ਵੱਲੋਂ ਵਿਭਾਗ ਦੇ ਮੁੱਖ ਦਫਤਰ ਅੱਗੇ ਰੋਸ ਧਰਨਾ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**-

ਪੰਚਾਇਤੀ ਰਾਜ ਪੈਨਸ਼ਨਰ ਯੂਨੀਅਨਬ ਵੱਲੋਂ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਦੇ ਹੱਲ ਲਈ ਡਾਇਰੈਕਟਰ ਪੰਚਾਇਤ ਵਿਭਾਗ ਪੰਜਾਬ ਦੇ ਮੁੱਖ ਦਫਤਰ ਅੱਗੇ ਰੋਸ ਧਰਨਾ ਦੇ ਕੇ ਵਿਭਾਗ ਦੀ ਸਬੰਧਿਤ ਅਫਸਰਸ਼ਾਹੀ ਅਤੇ ਪੰਜਾਬ ਸਰਕਾਰ ਵਿਰੁੱਧ ਜ਼ੋਰਦਾਰ ਨਾਹਰੇਬਾਜੀ ਕਰਦਿਆਂ ਰੋਸ ਪ੍ਰਗਟ ਕੀਤਾ ਗਿਆ।

ਧਰਨੇ ਵਿੱਚ ਸ਼ਾਮਿਲ ਹੋਏ ਪੰਚਾਇਤ ਸਮਿਤੀਆਂ / ਜ਼ਿਲ੍ਹਾ ਪ੍ਰੀਸ਼ਦਾਂ ਦੇ ਪੈਨਸ਼ਨਰਾਂ ਨੇ ਰੋਸ ਪ੍ਰਗਟਾਇਆ ਕਿ ਵਿਭਾਗ ਦੀ ਅਫਸਰਸ਼ਾਹੀ ਅਤੇ ਮੌਜੂਦਾ ਸਰਕਾਰ ਸਾਡੇ ਨਾਲ ਵਿਤਕਰਾ ਜਾਰੀ ਰੱਖ ਰਹੀ ਹੈ ਜਿਸਦੀ ਸ਼ੁਰੂਆਤ ਪਿਛਲੀ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਵੱਲੋਂ ਕਰ ਦਿੱਤੀ ਗਈ ਸੀ, ਜੁਲਾਈ 2021 ਵਿੱਚ ਵਿਭਾਗ ਨੇ ਕਰਮਚਾਰੀਆਂ ਦੀਆਂ ਤਨਖਾਹਾਂ ਤਾਂ ਛੇਵੇਂ ਪੇ ਕਮਿਸ਼ਨ ਅਨੁਸਾਰ ਦੇ ਦਿੱਤੀਆਂ ਸਨ ਪਰੰਤੂ ਪੈਨਸ਼ਨਰਾਂ ਦੀ ਪੈਨਸ਼ਨਾਂ ਅਣਸੋਧੀਆਂ ਹੀ ਰਹਿਣ ਦਿੱਤੀਆਂ ਗਈਆਂ ਜਿਸ ਕਾਰਨ ਇਨਾਂ ਪੈਨਸ਼ਨਰਾਂ ਵਲੋਂ 2022 ਦੀਆਂ ਵਿਧਾਨ ਸਭਾ ਚੋਣਾਂ ਸਮੇਂ ਆਪ ਪਾਰਟੀ ਦੀ ਜ਼ੋਰਦਾਰ ਹਮਾਇਤ ਕੀਤੀ ਗਈ ਸੀ। 21 ਮਹੀਨਿਆਂ ਦਾ ਸਮਾਂ ਲੰਘ ਜਾਣ ਤੇ ਵੀ ਮੌਜੂਦਾ ਸਰਕਾਰ ਵੱਲੋਂ ਇਹਨਾਂ ਦੀ ਹਮਾਇਤ ਦਾ ਮੁੱਲ ਨਹੀਂ ਪਾਇਆ ਗਿਆ।

ਛੇਵੇਂ ਪੇ ਕਮਿਸ਼ਨ ਦੀ ਰਿਪੋਰਟ ਲਾਗੂ ਨਾ ਕਰਨ ਤੋ ਇਲਾਵਾ ਵੀ ਵਿਭਾਗ ਦੀ ਸਬੰਧਿਤ ਅਫਸਰਸ਼ਾਹੀ ਇਹਨਾਂ ਪੈਨਸ਼ਨਰਾਂ ਨਾਲ ਜਿਆਦਾਤੀਆਂ ਕਰ ਰਹੇ ਹਨ ਜਿਵੇਂ ਕਿ ਪੂਰੀ ਸਰਵਿਸ ਦੀ ਪੈਨਸ਼ਨ ਨਹੀ ਦਿੱਤੀ ਜਾਂਦੀ, ਬੁਢਾਪਾ ਭੱਤਾ ਵੀ 70 ਸਾਲਾਂ ਤੱਕ ਹੀ ਦਿੱਤਾ ਜਾਂਦਾ ਹੈ, ਐਲ ਟੀ ਸੀ ਨਹੀਂ ਦਿੱਤਾ ਜਾ ਰਿਹਾ, ਪੈਨਸ਼ਨ ਲਾਉਣ ਦੀ ਕੋਈ ਸਮਾਂ ਸੀਮਾ ਨਹੀ ਹੈ, ਪੈਨਸ਼ਨਰਾਂ ਨੂੰ ਪੈਨਸ਼ਨ ਦੇਣ ਵਿੱਚ ਬਲੋੜੀ ਦੇਰੀ ਕੀਤੀ ਜਾਂਦੀ ਹੈ। ਧਰਨੇ ਵਿੱਚ ਜਗੀਰ ਸਿੰਘ, ਗੁਰਮੀਤ ਸਿੰਘ ਭਾਂਖਰਪੁਰ, ਕੁਲਜੀਤ ਸਿੰਘ ਬਾਠ, ਨਰਿੰਦਰ ਸਿੰਘ, ਬਲਵਿੰਦਰ ਸਿੰਘ, ਰਾਜਿੰਦਰ ਸਿੰਘ, ਸਤਪਾਲ ਮਾਨ ਸਿੰਘ, ਮਹਿੰਦਰ ਸਿੰਘ, ਸਰਬਜੀਤ ਸਿੰਘ, ਦਿਆਲ ਸਿੰਘ, ਦਵਿੰਦਰ ਕੁਮਾਰ, ਜਗਦੀਸ਼ ਸਿੰਘ, ਰਾਜਪਾਲ, ਦਰਸ਼ਨ ਕੌਰ ਤੋ ਇਲਾਵਾ ਕਈ ਪਤਵੰਤੇ ਸੱਜਣ ਹਾਜਰ ਸਨ।

# ਗ੍ਰਾਹਕਾਂ ਨੂੰ 'ਮੇਰਾ ਬਿੱਲ' ਐਪ 'ਤੇ ਅਪਲੋਡ ਕਰਨ ਲਈ ਕੀਤਾ ਜਾ ਰਿਹੈ ਜਾਗਰੂਕ

ਜਲੰਧਰ ( ਸ਼ੈਲੀ ਐਲਬਰਟ):- ਪੰਜਾਬ ਸਰਕਾਰ ਵਲੋਂ ਸੂਬੇ ਦੀ ਅਰਥ ਵਿਵਸਥਾ ਵਿੱਚ ਗ੍ਰਾਹਕਾਂ ਦੀ ਸਰਗਰਮ ਭਾਈਵਾਲੀ ਨੂੰ ਯਕੀਨੀ ਬਣਾਉਣ ਦੇ ਮੰਤਵ ਤਹਿਤ ' ਬਿੱਲ ਲਿਆਓ ਇਨਾਮ ਪਾਓ' ਸਕੀਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਏ.ਸੀ.ਐਸ.ਟੀ. ਜਲੰਧਰ-2 ਨੇ ਦੱਸਿਆ ਕਿ ਜਲੰਧਰ ਮੰਡਲ ਦੇ ਡੀ.ਸੀ.ਐਸ.ਟੀ. ਸ਼ਾਲਿਨ ਆਹਲੂਵਾਲੀਆ ਦੀ ਅਗਵਾਈ ਵਿੱਚ ਵਿਭਾਗ ਵਲੋਂ ਗ੍ਰਾਹਕਾਂ ਨੂੰ ਹਰੇਕ ਖਰੀਦਦਾਰੀ ਕਰਨ 'ਤੇ ਦੁਕਾਨਦਾਰਾਂ ਵਲੋਂ ਬਿੱਲ ਲੈਣ ਉਪਰੰਤ 'ਮੇਰਾ ਬਿੱਲ' ਐਪ 'ਤੇ ਅਪਲੋਡ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵਿਭਾਗ ਵਲੋਂ ਹਰ ਮਹੀਨੇ ਦੀ 7 ਤਰੀਕ ਨੂੰ ਲੱਕੀ ਡਰਾਅ ਕੱਢ ਕੇ ਗ੍ਰਾਹਕਾਂ ਨੂੰ ਇਨਾਮਾਂ ਨਾਲ ਸਨਮਾਨਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਨਾਲ ਜਿਥੇ ਕਰ ਰਾਹੀਂ ਆਮਦਨ ਵਿੱਚ ਵਾਧਾ ਹੋ ਰਿਹਾ ਹੈ ਉਥੇ ਹੀ ਸੂਬੇ ਦੀ ਅਰਥ ਵਿਵਸਥਾ ਹੋਰ ਮਜਬੂਤ ਹੋ ਰਹੀ ਹੈ।ਉਨ੍ਹਾਂ ਦੱਸਿਆ ਕਿ ਗ੍ਰਾਹਕਾਂ ਵਿੱਚ ਜਾਗਰੂਕਤਾ ਅਤੇ ਉਨਾਂ ਦੀ ਰਾਜ ਦੀ ਵਿੱਤੀ ਵਿਵਸਥਾ ਵਿੱਚ ਭਾਗਦਾਰੀ ਵਧਾਉਣ ਅਤੇ ਰਾਜ ਦੀ ਕਰ ਵਿਵਸਥਾ ਨੂੰ ਹੋਰ ਮਜਬੂਤ ਬਣਾਉਣ ਦੇ ਉਦੇ ਨਾਲ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਗਈ ਇਹ ਸਕੀਮ ਆਪਣਾ ਮੰਤਵ ਮੰਤਵ ਪੂਰਾ ਕਰ ਰਹੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਗ੍ਰਾਹਕਾਂ ਵਲੋਂ 'ਮੇਰਾ ਬਿੱਲ' ਐਪ 'ਤੇ ਅਪਲੋਡ ਕੀਤੇ ਜਾ ਰਹੇ ਬਿੱਲਾਂ ਦੀ ਹਰ ਪਖੋਂ ਘੋਖ ਕੀਤੀ ਜਾ ਰਹੀ ਹੈ ਅਤੇ ਜਿਨ੍ਹਾਂ ਬਿੱਲਾਂ ਵਿੱਚ ਕਮੀਆਂ ਪਾਈਆਂ ਜਾ ਰਹੀਆਂ ਹਨ ਉਨ੍ਹਾਂ ਵਿਰੁੱਧ ਬਣਦੀ ਵਿਭਾਗੀ ਕਾਰਵਾਈ ਤੁਰੰਤ ਅਮਲ ਵਿੱਚ ਲਿਆਂਦੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਵਿਭਾਗ ਵਲੋਂ ਵੱਖਰੇ-ਵੱਖਰੇ ਤਰੀਕਿਆਂ ਰਾਹੀਂ ਖਾਸ ਕਰਕੇ ਬੀ ਟੂ ਸੀ ਦੀ ਵਿਕਰੀ ਨੂੰ ਬੀ ਟੂ ਬੀ ( ਬਿਜਨਸ ਟੂ ਬਿਜਨਸ ) ਦੀ ਵਿਕਰੀ ਵਿੱਚ ਰੋਕੇ ਜਾਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵਲੋਂ ਸ਼ੁਰੂ ਕੀਤੀ ਗਈ ਇਸ ਸਕੀਮ ਨਾਲ ਜਿਥੇ ਜਾਗਰੂਕ ਗ੍ਰਾਹਕਾਂ ਨੂੰ ਇਨਾਮ ਦਿੱਤੇ ਜਾ ਰਹੇ ਹਨ ਉਥੇ ਹੀ ਰਾਜ ਦੀ ਅਰਥ ਵਿਵਸਥਾ ਨੂੰ ਚੰਗਾ ਹੁਲਾਰਾ ਮਿਲ ਰਿਹਾ ਹੈ। ਉਨ੍ਹਾਂ ਜਾਗਰੂਕ ਗ੍ਰਾਹਕਾਂ ਦਾ ਧੰਨਵਾਦ ਕਰਦਿਆਂ ਅਪੀਲ ਕੀਤੀ ਕਿ ਹੋਰਨਾਂ ਨੂੰ ਵੀ ਹਰੇਕ ਖਰੀਦਕਾਰੀ 'ਤੇ ਦੁਕਾਨਦਾਰ ਤੋਂ ਬਿੱਲ ਲੈਣ ਲਈ ਪ੍ਰੇਰਿਤ ਕੀਤਾ ਜਾਵੇ।

ਉਨ੍ਹਾਂ ਦੁਕਾਨਦਾਰਾਂ ਨੂੰ ਵੀ ਅਪੀਲ ਕੀਤੀ ਕਿ ਗ੍ਰਾਹਕ ਨੂੰ ਖਰੀਦਦਾਰੀ 'ਤੇ ਬਿਨਾਂ ਮੰਗੇ ਹੀ ਬਿੱਲ ਦਿੱਤੇ ਜਾਣ ਤਾਂ ਜੋ ਉਹ 'ਮੇਰਾ ਬਿੱਲ' ਐਪ 'ਤੇ ਅਪਲੋਡ ਕਰਕੇ ਇਨਾਮ ਹਾਸਿਲ ਕਰ ਸਕਣ। ਉਨ੍ਹਾਂ ਇਹ ਵੀ ਦੱਸਿਆ ਕਿ ਜੇਕਰ ਇਸ ਵਿੱਚ ਜਾਣ-ਬੁੱਝ ਕੇ ਕਿਸੇ ਪ੍ਰਕਾਰ ਦੀ ਅਣਗਹਿਲੀ ਕੀਤੀ ਗਈ ਤਾਂ ਵਿਭਾਗ ਵਲੋਂ ਕਾਨੂੰਨੀ ਕਾਰਵਾਈ ਤੁਰੰਤ ਅਮਲ ਵਿੱਚ ਲਿਆਂਦੀ ਜਾਵੇਗੀ।

# ਸਾਉਣੀ ਮੰਡੀਕਰਨ ਸੀਜ਼ਨ ਦੀ ਸ਼ਾਨਦਾਰ ਸਫਲਤਾ ਲਈ ਮਾਨਸਾ ਨੇ ਪਹਿਲਾ ਸਥਾਨ ਕੀਤਾ ਹਾਸਲ



**ਚੰਡੀਗੜ੍ਹ, (ਗੁਰਜੀਤ ਬਿੱਲਾ)**-ਸਾਉਣੀ ਮੰਡੀਕਰਨ ਸੀਜਨ 2023-24 ਦੌਰਾਨ ਦਰਪੇਸ਼ ਚੁਣੌਤੀਆਂ ਦਾ ਸਾਹਮਣਾ ਕਰਨ ਅਤੇ ਇਸ ਸੀਜਨ ਨੂੰ ਸਫ਼ਲ ਬਣਾਉਣ ਲਈ ਸਮੁੱਚੇ ਵਿਭਾਗ ਦੀ ਸ਼ਲਾਘਾ ਕਰਦਿਆਂ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਇਹ ਵਿਭਾਗ ਦੇ ਸਮੂਹ ਕਰਮਚਾਰੀਆਂ ਦੀ ਦਿਨ-ਰਾਤ ਦੀ ਮਿਹਨਤ ਦਾ ਨਤੀਜਾ ਹੈ। ਉਹਨਾਂ ਆਸ ਪ੍ਰਗਟਾਈ ਕਿ ਸਾਉਣੀ ਮੰਡੀਕਰਨ ਸੀਜਨ 2024-25 ਵਿੱਚ ਵੀ ਇਹ ਸਕਾਰਾਤਮਕ ਰੁਝਾਨ ਜਾਰੀ ਰਹੇਗਾ। ਸਾਉਣੀ ਮੰਡੀਕਰਨ ਸੀਜਨ 2023-24 ਦੀ ਸਮੀਖਿਆ ਕਰਨ ਲਈ ਵਿਭਾਗ ਦੀ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੰਤਰੀ ਨੇ ਕਿਹਾ ਕਿ ਵਿਭਾਗ, ਪੰਜਾਬ ਦੇ ਖੇਤੀਬਾੜੀ ਸੈਕਟਰ ਨਾਲ ਨੇੜਿਓਂ ਜੁੜਿਆ ਹੋਇਆ ਹੈ ਜੋ ਸੂਬੇ ਦੇ ਅਰਥਚਾਰੇ ਦੀ ਰੀੜ੍ਹ ਦੀ ਹੱਡੀ ਹੈ। ਮੰਤਰੀ ਨੇ ਕਿਹਾ ਕਿ ਕਿਸਾਨ ਸਿਰਫ ਦੋ ਚੀਜ਼ਾਂ ਚਾਹੁੰਦੇ ਹਨ ਜਿਹਨਾਂ ਵਿੱਚ ਉਨ੍ਹਾਂ ਦੀਆਂ ਫਸਲਾਂ ਦੀ ਸਮੇਂ ਸਿਰ ਚੁਕਾਈ ਅਤੇ ਤੁਰੰਤ ਅਦਾਇਗੀ ਸ਼ਾਮਿਲ ਹੈ। ਇਸ ਮੌਕੇ ਕੈਬਨਿਟ ਮੰਤਰੀ ਨੇ ਸਾਉਣੀ ਮੰਡੀਕਰਨ ਸੀਜਨ 2023-24 ਨੂੰ ਸਫ਼ਲ ਬਣਾਉਣ ਲਈ ਮਿਸਾਲੀ ਕਾਰਗੁਜਾਰੀ ਦਿਖਾਉਣ ਵਾਲੇ ਤਿੰਨ ਜ਼ਿਲ੍ਹਿਆਂ ਨੂੰ ਸਨਮਾਨਿਤ ਕੀਤਾ। ਪਠਾਨਕੋਟ ਦੇ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰ ਗੁਰਿੰਦਰ ਸਿੰਘ ਨੇ ਤੀਜਾ ਇਨਾਮ ਹਾਸਲ ਕੀਤਾ। ਡੀ.ਐਫ.ਐਸ.ਸੀ. ਫਾਜਿਲਕਾ ਹਿਮਾਂਸ਼ੂ ਨੇ ਦੂਜਾ ਜਦਕਿ ਡੀ.ਐਫ.ਐਸ.ਸੀ. ਮਾਨਸਾ ਮਨਦੀਪ ਸਿੰਘ ਨੇ ਪਹਿਲਾ ਇਨਾਮ ਹਾਸਿਲ ਕੀਤਾ। ਇਸ ਮੌਕੇ ਸਮੁੱਚੇ ਵਿਭਾਗ ਨੇ ਢੋਲ ਦੇ ਡਗੇ 'ਤੇ ਨੱਚ ਕੇ ਲੋਹੜੀ ਮਨਾਈ। ਇਸ ਮੀਟਿੰਗ ਦੌਰਾਨ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਸਕੱਤਰ ਗੁਰਕਿਰਤ ਕਿਰਪਾਲ ਸਿੰਘ, ਡਾਇਰੈਕਟਰ ਪੁਨੀਤ ਗੋਇਲ, ਐਮ.ਡੀ. ਪਨਸਪ ਸੋਨਾਲੀ ਗਿਰੀ, ਐਮ.ਡੀ. ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸਨ ਕੰਵਲਪ੍ਰੀਤ ਕੌਰ ਬਰਾੜ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

# ਸਕੂਲਾਂ ਦੀਆਂ ਵਰਦੀਆਂ ਬਣਾਉਣ ਲਈ ਮੱਕੜਾਂ 'ਚ 'ਪਹਿਲ ਪ੍ਰੋਜੈਕਟ' ਦਾ ਉਦਘਾਟਨ



**ਖਰੜ: (ਹਰਨਾਮ ਸਿੰਘ ਡੱਲਾ)**

ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਐਸ.ਏ.ਐਸ. ਨਗਰ ਸੋਨਮ ਚੌਧਰੀ ਦੀ ਅਗਵਾਈ ਹੇਠ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਤਹਿਤ 'ਪਹਿਲ ਪ੍ਰੋਜੈਕਟ' ਦਾ ਉਦਘਾਟਨ ਪਿੰਡ ਮੱਕੜਾਂ, ਬਲਾਕ ਖਰੜ, ਜ਼ਿਲ੍ਹਾ ਐਸ.ਏ.ਐਸ. ਨਗਰ ਵਿਖੇ ਉਪ ਮੁੱਖ ਕਾਰਜਕਾਰੀ ਅਫ਼ਸਰ ਜ਼ਿਲ੍ਹਾ ਪ੍ਰੀਸ਼ਦ ਰਣਜੀਤ ਸਿੰਘ ਵੱਲੋਂ ਕੀਤਾ ਗਿਆ।ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਵਿਕਾਸ ਸਿੰਗਲਾ ਵੱਲੋਂ ਦੱਸਿਆ ਗਿਆ ਕਿ ਪ੍ਰੋਜੈਕਟ ਅਧੀਨ ਸਕੂਲੀ ਵਰਦੀਆਂ ਬਣਾਉਣ ਦਾ ਕੰਮ ਪਿੰਡਾਂ ਵਿੱਚ ਬਣੇ ਸਵੈ-ਸਹਾਇਤਾ ਸਮੂਹਾਂ ਦੀਆਂ ਔਰਤਾਂ ਤੋਂ ਕਰਵਾਇਆ ਜਾਵੇਗਾ ਤਾਂ ਜੋ ਉਨ੍ਹਾਂ ਦੀ ਆਜੀਵਿਕਾ ਵਿੱਚ ਵਾਧਾ ਹੋ ਸਕੇ। 'ਪਹਿਲ ਪ੍ਰਜੈਕਟ' ਲਈ ਜ਼ਿਲ੍ਹਾ ਉਦਯੋਗ ਵਿਭਾਗ ਦੇ ਸਹਿਯੋਗ ਨਾਲ ਏ.ਐੱਲ.ਪੀ. ਕੰਪਨੀ ਨਿਸ਼ੀਕਾਵਾ ਦੇ ਸੀ.ਐਸ.ਆਰ. ਫੰਡ ਤਹਿਤ ਸਿਲਾਈ ਮਸ਼ੀਨਾਂ ਦਿੱਤੀਆਂ ਗਈਆਂ ਹਨ। ਸੀ.ਜੀ.ਸੀ. ਲਾਂਡਰਾ ਵੱਲੋਂ ਟ੍ਰੇਨਿੰਗ ਲਈ ਵਿਸ਼ੇਸ਼ ਸਹਿਯੋਗ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ 'ਪਹਿਲ ਪ੍ਰੋਜੈਕਟ' ਤਹਿਤ ਸਰਕਾਰੀ ਸਕੂਲਾਂ ਦੇ ਬੱਚਿਆਂ ਦੀਆਂ 10,000 ਵਰਦੀਆਂ ਮਾਰਚ-2024 ਤੱਕ 'ਰਹਿਮਤ ਆਜੀਵਿਕਾ ਕਲੱਸਟਰ ਲੈਵਲ ਸੰਗਠਨ, ਪਿੰਡ ਮੱਕੜਾ' ਬਲਾਕ ਖਰੜ ਦੁਆਰਾ ਬਣਾਈਆਂ ਜਾਣਗੀਆਂ। ਪਿੰਡਾਂ ਦੀਆਂ ਔਰਤਾਂ ਵਿੱਚ ਇਸ ਪ੍ਰੋਜੈਕਟ ਪ੍ਰਤੀ ਬਹੁਤ ਉਤਸ਼ਾਹ ਦੇਖਿਆ ਗਿਆ।ਇਸ ਮੌਕੇ ਮੱਕੜਾਂ ਪਿੰਡ ਦੀ ਸਰਪੰਚ ਪਰਮਜੀਤ ਕੌਰ ਅਤੇ ਬਲਾਕ ਪ੍ਰੋਗਰਾਮ ਮੈਨੇਜਰ ਮਨਦੀਪ ਕੌਰ ਵੱਲੋਂ ਰੀਬਨ ਕੱਟਣ ਦੀ ਰਸਮ ਅਦਾ ਕੀਤੀ ਗਈ। ਇਸ ਸਮੇਂ 'ਤੇ ਸੀ.ਜੀ.ਸੀ ਕਾਲਜ ਲਾਂਡਰਾ ਦੇ ਪ੍ਰੋਫੈਸਰ ਡਾ. ਅਮਰੇਸ਼ ਕੁਮਾਰ, ਪੰਚਾਇਤ ਸਕੱਤਰ ਯਾਦਵਿੰਦਰ ਸਿੰਘ, ਜ਼ਿਲ੍ਹਾ ਉਦਯੋਗ ਵਿਭਾਗ ਦੇ ਅਧਿਕਾਰੀ, ਪੀ.ਐਸ.ਆਰ.ਐਲ.ਐਮ. ਸਕੀਮ ਤਹਿਤ ਕੰਮ ਕਰ ਰਹੇ 'ਐਕਟਿਵ ਵਿਮੈਨ ਕਾਡਰ' ਅਤੇ ਸਮੂਹ ਪੀ.ਐਸ.ਆਰ.ਐਲ.ਐਮ. ਸਟਾਫ ਹਾਜ਼ਰ ਸੀ।

# ਗੜ੍ਹਸ਼ੰਕਰ ਤੇ ਮਾਹਿਲਪੁਰ ਦੇ ਸੀਵਰੇਜ ਤੇ ਪੀਣ ਵਾਲੇ ਪਾਣੀ ਦੇ ਪ੍ਰੋਜੈਕਟਾਂ ਲਈ ਰਾਸ਼ੀ ਮਨਜ਼ੂਰ : ਰੌੜੀ



**ਮਾਹਿਲਪੁਰ/ਸਫ਼ਰੀ**- ਹਲਕਾ ਵਿਧਾਇਕ ਗੜ੍ਹਸ਼ੰਕਰ ਤੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਉਚ ਅਧਿਕਾਰੀਆ ਨਾਲ ਗੜ੍ਹਸ਼ੰਕਰ ਸ਼ਹਿਰ ਲਈ ਸੀਵਰੇਜ ਪ੍ਰੋਜੈਕਟ ਅਤੇ ਮਾਹਿਲਪੁਰ ਸ਼ਹਿਰ ਲਈ ਸੀਵਰੇਜ ਪ੍ਰੋਜੈਕਟ ਤੇ ਪੀਣਯੋਗ ਪਾਣੀ ਪ੍ਰੋਜੈਕਟ ਦੀ ਲੰਬੇ ਸਮੇਂ ਤੋਂ ਲੰਬਿਤ ਮੰਗ ਤੇ ਮੁਸ਼ਕਿਲ ਦਾ ਹੱਲ ਕਰਨ ਲਈ ਇਕ ਵਿਸ਼ੇਸ਼ ਤੇ ਵਿਸਥਾਰਤ ਮੀਟਿੰਗ ਕੀਤੀ ਗਈ, ਜਿਸ ਉਪਰੰਤ ਗੜ੍ਹਸ਼ੰਕਰ ਸ਼ਹਿਰ ਵਿੱਚ ਗੰਦੇ ਪਾਣੀ ਦੇ ਨਿਕਾਸ ਲਈ ਸੀਵਰੇਜ ਪ੍ਰੋਜੈਕਟ ਲਈ 8.46 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ।ਇਸੇ ਪ੍ਰਕਾਰ ਮਾਹਿਲਪੁਰ ਸ਼ਹਿਰ ਵਿੱਚ ਗੰਦੇ ਪਾਣੀ ਦੇ ਨਿਕਾਸ ਲਈ ਸੀਵਰੇਜ ਪ੍ਰੋਜੈਕਟ ਲਈ 11.94 ਕਰੋੜ ਰੁਪਏ ਅਤੇ ਪੀਣਯੋਗ ਪਾਣੀ ਦੀ ਨਿਰੰਤਰ ਸਪਲਾਈ ਲਈ 1.35 ਕਰੋੜ ਰੁਪਏ 4 ਕਿਲੋਮੀਟਰ ਪਾਈਪ ਲਾਈਨ ਵਿਛਾਉਣ ਲਈ ਮਨਜ਼ੂਰ ਕੀਤੇ ਗਏ ਹਨ।ਇਸ ਮੌਕੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਗੜ੍ਹਸ਼ੰਕਰ ਅਤੇ ਮਾਹਿਲਪੁਰ ਸਿਖਿਆ ਤੇ ਖੇਡਾਂ ਲਈ ਵਿਸ਼ਵ ਵਿੱਚ ਪ੍ਰਸਿੱਧ ਹੈ।ਇਨ੍ਹਾਂ ਸ਼ਹਿਰਾਂ ਨੂੰ ਸਮਾਰਟ ਸ਼ਹਿਰ ਬਣਾਉਣ ਲਈ ਉਨਾਂ ਵਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।ਉਨਾਂ ਕਿਹਾ ਕਿ ਗੜ੍ਹਸ਼ੰਕਰ ਸ਼ਹਿਰ ਲਈ ਸੀਵਰੇਜ ਸਿਸਟਮ ਅਤੇ ਮਾਹਿਲਪੁਰ ਸ਼ਹਿਰ ਲਈ ਸੀਵਰੇਜ ਤੇ ਪੀਣਯੋਗ ਪਾਣੀ ਪ੍ਰੋਜੈਕਟ ਲਈ ਜਲਦੀ ਕੰਮ ਸ਼ੁਰੂ ਹੋ ਜਾਵੇਗਾ। ਇਸ ਮੌਕੇ ਅਰਵਿੰਦ ਮਿੱਤਲ ਕਾਰਜਕਾਰੀ ਇੰਜੀਨੀਅਰ, ਸੁਸ਼ੀਲ ਮਿੱਤਲ ਸਬ ਡਵੀਜ਼ਨਲ ਅਧਿਕਾਰੀ, ਅਮਨਦੀਪ ਸਿੰਘ ਹਾਜਰ ਸਨ।

# ਭਗੌੜਾ ਗ੍ਰਿਫਤਾਰ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਐਸ ਆਈ ਜਗਜੀਤ ਸਿੰਘ ਮੁੱਖ ਅਫਸਰ ਥਾਣਾ ਮੇਹਟੀਆਣਾ ਨੇ ਦੱਸਿਆ ਕਿ ਏ ਐਸ ਆਈ ਵਿਜੇ ਕੁਮਾਰ ਸਮੇਤ ਸਾਥੀ ਕਰਮਚਾਰੀਆਂ ਨੇ ਗਸ਼ਤ ਦੌਰਾਨ ਸ਼ਿਵ ਕੁਮਾਰ ਪੁੱਤਰ ਮਨਜੀਤ ਕੁਮਾਰ ਵਾਸੀ ਮਕਾਨ ਨੰਬਰ 110-1/2 ਗਲੀ ਨੰਬਰ 11 ਮੁਹੱਲਾ ਰਾਮ ਨਗਰ ਭਾਮੀਆ ਕਲਾ ਥਾਣਾ ਜਮਾਲਪੁਰ ਲੁਧਿਆਣਾ ਨੂੰ ਅਦਾਲਤ ਮਿਸ ਬਬੀਤਾ ਜੇ.ਐਮ.ਆਈ.ਸੀ ਹੁਸ਼ਿਆਰਪੁਰ: ਵਲੋ ਗੈਰ ਹਾਜਰ ਹੋਣ 'ਤੇ ਪੀ.ਓ ਕਰਾਰ ਕੀਤਾ ਗਿਆ ਸੀ, ਨੂੰ ਗ੍ਰਿਫਤਾਰ ਕਰ ਲਿਆ ਹੈ।

# ਮੋਹਾਲੀ ਰਾਜ ਪੱਧਰੀ ਰਾਸ਼ਟਰੀ ਵੋਟਰ ਦਿਵਸ ਸਮਾਗਮ ਦੀ ਮੇਜ਼ਬਾਨੀ ਕਰੇਗਾ : ਵਿਰਾਜ ਤਿੜਕੇ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਕ੍ਰਿਸ਼ਨ ਗਰਗ)**- ਮੋਹਾਲੀ (ਸਾਹਿਬਜ਼ਾਦਾ ਅਜੀਤ ਸਿੰਘ ਨਗਰ) 25 ਜਨਵਰੀ 2024 ਨੂੰ ਐਮਿਟੀ ਯੂਨੀਵਰਸਿਟੀ ਵਿਖੇ ਰਾਜ ਪੱਧਰੀ ਰਾਸ਼ਟਰੀ ਵੋਟਰ ਦਿਵਸ ਸਮਾਰੋਹ ਦੀ ਮੇਜ਼ਬਾਨੀ ਕਰੇਗਾ। ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਿਰਾਜ ਸ਼ਿਆਮਕਰਨ ਤਿੜਕੇ ਨੇ ਇੱਥੇ ਕੀਤਾ।

ਵੱਖ-ਵੱਖ ਵਿਭਾਗਾਂ ਨਾਲ ਤਿਆਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਏ.ਡੀ.ਸੀ. ਤਿੜਕੇ ਨੇ ਕਿਹਾ ਕਿ ਇਹ ਦਿਨ ਸਾਨੂੰ ਆਪਣੇ ਵੋਟ ਅਧਿਕਾਰ ਦੀ ਵਰਤੋਂ ਕਰਨ ਦਾ ਪ੍ਰਣ ਲੈ ਕੇ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਪ੍ਰਤੀ ਸਾਡੀ ਸਭ ਤੋਂ ਵੱਡੀ ਜ਼ਿੰਮੇਵਾਰੀ ਦੀ ਯਾਦ ਦਿਵਾਉਂਦਾ ਹੈ। ਉਨ੍ਹਾਂ ਕਿਹਾ ਕਿ ਜਿਵੇਂ ਕਿ ਭਾਰਤ ਦਾ ਚੋਣ ਕਮਿਸ਼ਨ ਹਮੇਸ਼ਾਂ ਹੀ ਲੋਕਤੰਤਰ ਦੇ ਤਿਉਹਾਰ ਵਿੱਚ ਵੋਟਰਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ 'ਤੇ ਜ਼ੋਰ ਦਿੰਦਾ ਹੈ, ਇਸ ਲਈ ਇਹ ਪ੍ਰੋਗਰਾਮ ਵੋਟਰਾਂ ਤੱਕ ਵੀ ਉਨ੍ਹਾਂ ਦਾ ਸੰਦੇਸ਼ ਪਹੁੰਚਾਏਗਾ।

ਉਨ੍ਹਾਂ ਦੱਸਿਆ ਕਿ ਇਸ ਪ੍ਰਮੁੱਖ ਸਮਾਗਮ ਤੋਂ ਇਲਾਵਾ ਸਕੂਲ/ਕਾਲਜ ਪੱਧਰ ਅਤੇ ਬੂਥ ਪੱਧਰ 'ਤੇ ਰਾਸ਼ਟਰੀ ਵੋਟਰ ਦਿਵਸ ਮੌਕੇ ਪ੍ਰਤੀਕਾਤਮਕ ਸਮਾਗਮ ਵੀ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸੇ ਦਿਨ ਸਵੇਰੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਹਾਲੀ ਤੋਂ ਏਅਰਪੋਰਟ ਰੋਡ ਰਾਹੀਂ ਐਮਿਟੀ ਯੂਨੀਵਰਸਿਟੀ ਤੱਕ ਇੱਕ ਜਾਗਰੂਕਤਾ ਟਰੈਕਟਰ ਅਤੇ ਮੋਟਰਸਾਈਕਲ ਰੈਲੀ ਵੀ ਕੱਢੀ ਜਾਵੇਗੀ। ਰਾਜ ਪੱਧਰੀ ਸਮਾਗਮ ਸਵੇਰੇ 10 ਵਜੇ ਤੋਂ ਦੁਪਹਿਰ 12 ਵਜੇ ਤੱਕ ਹੋਵੇਗਾ ਜਦਕਿ ਰੈਲੀ ਨੂੰ ਸਵੇਰੇ 9:00 ਵਜੇ ਝੰਡੀ ਦੇ ਕੇ ਰਵਾਨਾ ਕੀਤਾ ਜਾਵੇਗਾ।ਉਨ੍ਹਾਂ ਮੋਹਾਲੀ ਅਤੇ ਡੇਰਾਬੱਸੀ ਦੇ ਸਰਕਾਰੀ ਕਾਲਜਾਂ, ਸੀ.ਜੀ.ਸੀ. ਲਾਂਡਰਾਂ ਅਤੇ ਸਰਕਾਰੀ ਬਹੁਤਕਨੀਕੀ ਖੂਨੀ ਮਾਜਰਾ (ਖਰੜ) ਦੇ ਵਿਦਿਆਰਥੀਆਂ ਨੂੰ ਇਸ ਪ੍ਰੋਗਰਾਮ ਵਿੱਚ ਭਾਗ ਲੈਣ ਦੀ ਅਪੀਲ ਕੀਤੀ ਤਾਂ ਜੋ ਉਹ ਉਸ ਦਿਨ ਦੀ ਵਡਮੁੱਲੀ ਜਾਣਕਾਰੀ ਲੈ ਸਕਣ।ਮੀਟਿੰਗ ਵਿੱਚ ਸ਼ਾਮਲ ਹੋਏ ਅਧਿਕਾਰੀਆਂ ਵਿੱਚ ਐਸ.ਪੀ (ਟਰੈਫਿਕ ਅਤੇ ਉਦਯੋਗਿਕ ਸੁਰੱਖਿਆ) ਹਰਿੰਦਰ ਸਿੰਘ ਮਾਨ, ਤਹਿਸੀਲਦਾਰ ਜਸਵਿੰਦਰ ਸਿੰਘ ਖਰੜ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਰਵਿੰਦਰ ਸਿੰਘ ਰਾਹੀ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ, ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਦਵਿੰਦਰ ਸਿੰਘ ਬੋਹਾ, ਜ਼ਿਲ੍ਹਾ ਸਿੱਖਿਆ ਅਫ਼ਸਰ ਡਾ: ਗਿੰਨੀ ਦੁੱਗਲ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਅੰਗਰੇਜ ਸਿੰਘ, ਚੋਣ ਤਹਿਸੀਲਦਾਰ ਸੰਜੇ ਕੁਮਾਰ ਅਤੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਪ੍ਰੋ. ਗੁਰਬਖਸ਼ ਸਿੰਘ ਅੰਟਾਲ ਸ਼ਾਮਲ ਸਨ।

# ਰਾਸ਼ਟਰੀ ਵੋਟਰ ਦਿਵਸ ਮੌਕੇ ਐਸ ਡੀ ਕਾਲਜ 'ਚ ਜ਼ਿਲ੍ਹਾ ਪੱਧਰੀ ਸਮਾਗਮ 25 ਨੂੰ

**ਗੁਰਦਾਸਪੁਰ (ਦਿਨੇਸ਼ ਕੁਮਾਰ)**-ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਦੀਆਂ ਹਦਾਇਤਾਂ ਤਹਿਤ 25 ਜਨਵਰੀ ਨੂੰ 14ਵਾਂ ਰਾਸ਼ਟਰੀ ਵੋਟਰ ਦਿਵਸ ਜ਼ਿਲ੍ਹਾ ਗੁਰਦਾਸਪੁਰ ਵਿੱਚ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ 25 ਜਨਵਰੀ ਨੂੰ ਰਾਸ਼ਟਰੀ ਵੋਟਰ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਪੰਡਿਤ ਮੋਹਨ ਲਾਲ ਐੱਸ. ਡੀ. ਕਾਲਜ ਗੁਰਦਾਸਪੁਰ ਵਿਖੇ ਹੋਵੇਗਾ ਜਦਕਿ ਇਸ ਤੋਂ ਇਲਾਵਾ ਜ਼ਿਲ੍ਹੇ ਦੇ ਸਮੂਹ ਬੂਥਾਂ ਉਪਰ ਵੀ ਰਾਸ਼ਟਰੀ ਵੋਟਰ ਦਿਵਸ ਮਨਾਇਆ ਜਾਵੇਗਾ। ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਰਾਸ਼ਟਰੀ ਵੋਟਰ ਦਿਵਸ ਮੌਕੇ ਵੋਟਰਾਂ ਨੂੰ ਵੋਟ ਦੀ ਮਹੱਤਤਾ ਦੱਸਣ ਦੇ ਨਾਲ ਨਵੇਂ ਬਣੇ ਵੋਟਰਾਂ ਨੂੰ ਐਪਿਕ ਕਿੱਟ ਵੀ ਦਿੱਤੀ ਜਾਵੇਗੀ।

ਇਸ ਤੋਂ ਇਲਾਵਾ ਲੋਕਤੰਤਰ ਪ੍ਰਣਾਲੀ ਵਿੱਚ ਨਾਗਰਿਕਾਂ/ਵੋਟਰਾਂ ਦੀ ਭਾਗਦਾਰੀ ਨੂੰ ਵਧਾਉਣ ਦੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਪੱਧਰੀ ਸਮਾਗਮ ਅਤੇ ਬੂਥ ਪੱਧਰੀ ਸਮਾਗਮਾਂ ਵਿੱਚ ਵੋਟਰ ਪ੍ਰਣ ਵੀ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸਮੂਹ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਵੀ ਰਾਸ਼ਟਰੀ ਵੋਟਰ ਦਿਵਸ ਮੌਕੇ 25 ਜਨਵਰੀ ਨੂੰ ਸਵੇਰੇ 11 ਵਜੇ ਵੋਟ ਪ੍ਰਣ ਲਿਆ ਜਾਣਾ ਹੈ। ਬੈਸਟ ਈਆਰਓ, ਬੈਸਟ ਨੋਡਲ ਅਫ਼ਸਰ (ਸਵੀਪ), ਬੈਸਟ ਸੁਪਰਵਾਈਜ਼ਰ ਅਤੇ ਬੈਸਟ ਬੀਐੱਲਓ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ।

# ਮੁੱਖ ਮੰਤਰੀ ਮਨੋਹਰ ਲਾਲ ਨੇ ਡਾ. ਬਾਬਾ ਸਾਹਿਬ ਅੰਬੇਡਕਰ ਜੀਵਨ ਤੇ ਚਿੰਤਨ ਕਿਤਾਬ ਦੀ ਕੀਤੀ ਘੁੰਡ ਚੁਕਾਈ

ਚੰਡੀਗੜ੍ਹ, (ਕ੍ਰਿਸ਼ਨ ਗਰਗ )- ਹਰਿਆਣਾ ਦੇ ਮੁੱਖ ਮੰਤਰੀ ਅਤੇ ਹਰਿਆਣਾ ਸਾਹਿਤ ਅਤੇ ਸੱਭਿਆਚਾਰ ਅਕਾਦਮੀ ਦੇ ਚੇਅਰਮੈਨ ਮਨੋਹਰ ਲਾਲ ਨੇ ਕਿਹਾ ਕਿ ਸੰਤ-ਮਹਾਪੁਰਸ਼ਾਂ ਦੀ ਸੋਚ ਪੁਰਾਣੇ ਸਮੇਂ ਤੋਂ ਹੀ ਸਮਾਜਿਕ ਸਮਰਸਤਾ ਤੇ ਏਕਾਤਮਕ ਮੁਨੱਖਤਾ ਦੀ ਰਹੀ ਹੈ। ਅਜਿਹੇ ਵਿਚ ਸੰਤ-ਮਹਾਪੁਰਸ਼ਾਂ ਨੂੰ ਕਿਸੇ ਇਕ ਵਰਗ ਨਾਲ ਜੋੜ ਕੇ ਨਹੀਂ ਦੇਖਿਆ ਜਾਣਾ ਚਾਹੀਦਾ। ਸੂਬਾ ਸਰਕਾਰ ਨੇ ਇਸ ਨੂੰ ਧਿਆਨ 'ਚ ਰੱਖਦੇ ਹੋਏ ਸੰਤ-ਮਹਾਪੁਰਸ਼ ਸਨਮਾਨ ਅਤੇ ਵਿਚਾਰ ਪ੍ਰਚਾਰ ਪ੍ਰਸਾਰ ਯੋਜਨਾ ਚਲਾਈ ਹੈ ਅਤੇ ਮਹਾਪੁਰਸ਼ਾਂ ਦੀਆਂ ਜੈਯੰਤੀਆਂ ਅਤੇ ਸਮ੍ਰਿਤੀ ਦਿਨਾਂ ਨੂੰ ਸਰਕਾਰੀ ਪੱਧਰ 'ਤੇ ਮਨਾਉਣ ਦੀ ਪਹਿਲ ਕੀਤੀ ਹੈ, ਤਾਂ ਜੋ ਨੌਜੁਆਨ ਪੀੜ੍ਹੀ ਨੂੰ ਸੰਤ ਮਹਾਪੁਰਸ਼ਾਂ ਦਾ ਜੀਵਨੀ ਤੋਂ ਸਮਾਜ ਭਲਾਈ ਦੀ ਪ੍ਰੇਰਨਾ ਮਿਲੇਗੀ। ਮੁੱਖ ਮੰਤਰੀ ਇੱਥੇ ਆਪਣੇ ਨਿਵਾਸ ਸੰਤ ਕਬੀਰ ਕੁਟੀਰ 'ਤੇ ਡਾ. ਕ੍ਰਿਸ਼ਣ ਗੋਪਾਲ ਵੱਲੋਂ ਲਿਖਤ ਅਤੇ ਹਰਿਆਣਾ ਸਾਹਿਤ ਅਤੇ ਸੱਭਿਆਚਾਰ ਅਕਾਦਮੀ ਵੱਲੋਂ ਪ੍ਰਕਾਸ਼ਿਤ ਕਿਤਾਬ ਡਾ. ਬਾਬਾ ਸਾਹਿਬ ਭੀਮਰਾਓ ਰਾਮਜੀ ਅੰਬੇਡਕਰ ਜੀਵਨ ਅਤੇ ਚਿੰਤਨ ਦੀ ਘੁੰਡ ਚੁਕਾਈ ਕਰਨ ਬਾਅਦ ਮੌਜੂਦ ਸਾਹਿਤਕਾਰਾਂ ਨੂੰ ਸੰਬੋਧਨ ਕਰ ਰਹੇ ਸਨ। ਮਨੋਹਰ ਲਾਲ ਨੇ ਕਿਹਾ ਕਿ ਸਾਹਿਤ ਸਮਾਜ ਦਾ ਆਇਨਾ ਹੁੰਦਾ ਹੈ ਅਤੇ ਸਾਹਿਤਕਾਰਾਂ ਦੀ ਸਮਾਜ ਪ੍ਰਤੀ ਅਹਿਮ ਭੂਮਿਕਾ ਹੁੰਦੀ ਹੈ। ਇਕ ਸਾਹਿਤਕਾਰ ਆਪਣੇ ਸ਼ਬਦਾਂ ਅਤੇ ਵਿਚਾਰਾਂ ਤੋਂ ਸਮਾਜ ਵਿਚ ਸਕਾਰਾਤਮਕ ਬਦਲਾਅ ਲਿਆਉਣ ਦੀ ਸਮਰੱਥਾ ਰੱਖਦੇ ਹਨ। ਡਾ. ਬਾਬਾ ਸਾਹਿਬ ਭੀਮਰਾਓ ਰਾਮਜੀ ਅੰਬੇਦਕਰ ਨੇ ਵੀ ਆਪਣੇ ਜੀਵਨ ਵਿਚ ਸਦਾ ਸਮਾਜ ਦੇ ਸਾਰੇ ਵਰਗਾਂ ਵਿਚ ਸਮਰਸਤਾ, ਤਾਲਮੇਲ ਤੇ ਖੁਸ਼ਹਾਲੀ ਲਿਆਉਣ ਲਈ ਕੰਮ ਕੀਤਾ। ਉਨ੍ਹਾ ਦੇ ਜੀਵਨ 'ਤੇ ਲਿਖੀ ਗਈ ਇਹ ਕਿਤਾਬ ਯਕੀਨੀ ਤੌਰ 'ਤੇ ਨੌਜੁਆਨਾਂ ਨੂੰ ਸਕਾਰਾਤਮਕ ਦਿਸ਼ਾ ਵਿਚ ਵਧਣ ਲਈ ਪ੍ਰੇਰਿਤ ਕਰੇਗੀ। ਇਸ ਮੌਕੇ ਹਰਿਆਣਾ ਸਾਹਿਤ ਅਕਾਦਮੀ ਦੇ ਨਿਰਦੇਸ਼ਕ ਤੇ ਹਰਿਆਣਾ ਉਰਦੂ ਅਕਾਦਮੀ ਦੇ ਵਾਇਸ ਚੇਅਰਮੈਨ ਅਤੇ ਨਿਰਦੇਸ਼ਕ ਡਾ. ਚੰਦਰ ਤ੍ਰਿਖਾ, ਕਾਰਜਕਾਰੀ ਵਾਇਸ ਚੇਅਰਮੈਨ ਪ੍ਰੋਫੈਸਰ ਕੁਲਦੀਪ ਚੰਦ ਅਗਨੀਹੋਤਰੀ, ਮੁੱਖ ਮੰਤਰੀ ਦੇ ਰਾਜਨੀਤਿਕ ਸਲਾਹਕਾਰ ਭਾਰਤ ਭੂਸ਼ਣ ਭਾਰਤੀ ਸਮੇਤ ਹੋਰ ਸਾਹਿਤਕਾਰ ਮੌਜੂਦ ਸਨ।

# ਆਰ ਟੀ ਓ ਦਫ਼ਤਰ ਵਿਖੇ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ : ਆਦਿੱਤਿਆ ਗੁਪਤਾ



**ਜਲੰਧਰ, (ਸ਼ੈਲੀ ਐਲਬਰਟ)** ਡਾਈਵਿੰਗ ਲਾਇਸੰਸਾਂ, ਆਰ.ਸੀਜ਼. ਆਦਿ ਸਬੰਧੀ ਪੈਂਡੇਸੀ ਨੂੰ ਦੂਰ ਕਰਨ ਲਈ ਰੀਜਨਲ ਟਰਾਂਸਪੋਰਟ ਦਫ਼ਤਰ ਵੱਲੋਂ ਜੰਗੀ ਪੱਧਰ 'ਤੇ ਕੰਮ ਕੀਤਾ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਸੇਵਾਵਾਂ ਪ੍ਰਾਪਤ ਕਰਨ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਆਰ.ਟੀ.ਓ. ਜਲੰਧਰ ਆਦਿਤਿਆ ਗੁਪਤਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਦਫ਼ਤਰ ਦੇ ਕਰਮਚਾਰੀਆਂ ਨੂੰ ਵੱਖ-ਵੱਖਰੀਆਂ ਡਿਊਟੀਆਂ ਸੌਂਪਦੇ ਹੋਏ ਬਾਕਾਇਦਾ ਹੁਕਮ ਜਾਰੀ ਕੀਤੇ ਗਏ ਹਨ ਤਾਂ ਜੋ ਪੈਂਡੈਂਸੀ ਨੂੰ ਜਲਦ ਤੋਂ ਜਲਦ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਵੱਲੋਂ 6 ਦਸੰਬਰ 2023 ਨੂੰ ਅਹੁਦਾ ਸੰਭਾਲਣ ਤੋਂ ਲੈ ਕੇ ਹੁਣ ਤੱਕ ਦਫ਼ਤਰ ਵੱਲੋਂ 5330 ਡਰਾਈਵਿੰਗ ਲਾਇਸੈਂਸ ਬਣਾਏ ਹਨ ਅਤੇ 3964 ਆਰ.ਸੀਜ਼ ਪ੍ਰਵਾਨ ਕੀਤੀਆਂ ਗਈਆਂ ਹਨ।

ਇਸ ਤੋਂ ਇਲਾਵਾ ਇਸ ਮਿਆਦ ਦੌਰਾਨ 241829106 ਰੁਪਏ ਮੋਟਰ ਵ੍ਹੀਕਲ ਟੈਕਸ ਦੇ ਰੂਪ ਵਿੱਚ ਇਕੱਤਰ ਕੀਤੇ ਗਏ ਹਨ, ਜਿਸ ਵਿੱਚ ਪਰਮਿਟ ਫੀਸ, ਰਜਿਸਟ੍ਰੇਸ਼ਨ ਫੀਸ, ਫਿੱਟਨਸ ਫੀਸ ਆਦਿ ਸ਼ਾਮਲ ਹੈ।ਉਨ੍ਹਾਂ ਦੱਸਿਆ ਕਿ ਇਸ ਸਮੇਂ ਦੌਰਾਨ 777 ਕਮਰਸ਼ੀਅਲ ਵਾਹਨਾਂ ਨੂੰ ਫਿਟਨਸ ਅਤੇ ਪਾਸਿੰਗ ਸਬੰਧੀ ਪ੍ਰਵਾਨਗੀ ਦੇਣ ਤੋਂ ਇਲਾਵਾ 1329 ਚਲਾਨਾਂ ਦੇ ਭੁਗਤਾਨ ਨਾਲ 2161000 ਰੁਪਏ ਦਾ ਮਾਲੀਆ ਪ੍ਰਾਪਤ ਹੋਇਆ ਹੈ।ਆਰ.ਟੀ.ਓ. ਨੇ ਕਿਹਾ ਕਿ ਦਫ਼ਤਰ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਲੋਕਾਂ ਦੀਆਂ ਲੰਬਿਤ ਦਰਖਾਸਤਾਂ ਦਾ ਜਲਦ ਤੋਂ ਜਲਦ ਨਿਪਟਾਰਾ ਕਰਨ ਦੇ ਹੁਕਮ ਪਹਿਲਾਂ ਹੀ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਲਾਇਸੈਂਸ ਬਣਾਉਣ ਜਾਂ ਆਰ.ਟੀ.ਓ. ਦਫ਼ਤਰ ਨਾਲ ਸਬੰਧਤ ਕੰਮ ਕਰਵਾਉਣ ਵਿੱਚ ਕੋਈ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

# ਮੋਰਾਂਵਾਲੀ ਦੇ 'ਮਾਤਾ ਵਿਦਿਆਵਤੀ ਸਮਾਰਕ' ਦੀ ਅਣਦੇਖੀ ਬਾਰੇ ਪ੍ਰਧਾਨ ਮੰਤਰੀ ਨਾਲ ਗੱਲ ਕਰਾਂਗਾ : ਮਨੀਸ਼ ਤਿਵਾੜੀ



**ਮਾਹਿਲਪੁਰ (ਸਫ਼ਰੀ)** - ਕਾਂਗਰਸ ਦੇ ਆਗੂ ਅਤੇ ਹਲਕਾ ਸ਼੍ਰੀ ਆਨੰਦਪੁਰ ਸਾਹਿਬ ਤੋਂ ਲੋਕ ਸਭਾ ਮੈਂਬਰ ਮਨੀਸ਼ ਤਿਵਾੜੀ ਨੇ ਕਿਹਾ ਹੈ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਦੇਸ਼ ਲਈ ਅਤਿ ਅਹਿਮ ਹਨ ਕਿਉਂ ਕਿ ਦੇਸ਼ ਭਗਤਾਂ ਨੇ ਕੁਰਬਾਨੀਆਂ ਦੇ ਕੇ ਜਿਹੜੀ ਅਜ਼ਾਦੀ ਸਾਨੂੰ ਲੈ ਕੇ ਦਿੱਤੀ ਸੀ ਉਹ ਅੱਜ ਖਤਰੇ ਵਿੱਚ ਹੈ।ਜਿਹੜਾ ਸੰਵਿਧਾਨ ਸਾਨੂੰ ਹੱਕਾਂ ਦੀ ਅਜ਼ਾਦੀ ਦਿੰਦਾ ਹੈ ਉਸ ਨੂੰ ਖਤਮ ਕਰਕੇ ਹੋਰ ਸੰਵਿਧਾਨ ਲਾਗੂ ਕਰਨ ਦੀ ਗੱਲ ਹੋ ਰਹੀ ਹੈ।ਇਸ ਲਈ 2024 ਦੀਆਂ ਚੋਣਾਂ ਵਿੱਚ ਆਪਣੇ ਸੰਵਿਧਾਨਕ ਅਧਿਕਾਰਾਂ ਨੂੰ ਕਾਇਮ ਰੱਖਣ ਵਾਸਤੇ ਸੋਚ-ਸਮਝ ਕੇ ਵੋਟਾਂ ਪਾਉਣ ਦੀ ਲੋੜ ਹੋਵੇਗੀ।ਜਿਸ ਤਰ੍ਹਾਂ ਸਰਕਾਰ ਨੇ ਆਪਣੇ ਰੰਗ ਦਿਖਾਏ ਹਨ ਉਸ ਤੋਂ ਪਤਾ ਲਗਦਾ ਹੈ ਕਿ ਉਸਦੇ ਦੇ ਮਨਸੂਬੇ ਠੀਕ ਨਹੀਂ ਹਨ। ਹੁਣ ਆਪਣੀ ਅਜ਼ਾਦੀ ਨੂੰ ਬਰਕਰਾਰ ਰੱਖਣ ਵਾਸਤੇ ਸਾਨੂੰ ਅਜ਼ਾਦੀ ਘੁਲਾਟੀਆਂ ਦੇ ਸੰਘਰਸ਼ ਨੂੰ ਅੱਗੇ ਵਧਾਉਣ ਦੀ ਲੋੜ ਹੈ।ਉਹਨਾਂ ਕਿਹਾ ਕਿ ਵਿਕਾਸ ਦੀ ਗੱਲ ਹੋਣੀ ਚਾਹੀਦੀ ਹੈ ਪਰ ਵਿਕਾਸ ਵੀ ਤਾਂ ਹੀ ਚੰਗਾ ਲੱਗੇਗਾ ਜੇਕਰ ਸਾਡੇ ਹੱਕ ਸੁਰੱਖਿਅਤ ਰਹਿਣ ਅਤੇ ਸਾਡੇ ਦੇਸ਼ ਦਾ ਲੋਕਰਾਜ ਕਾਇਮ ਰਹੇ।ਇਸ ਲੋਕ ਰਾਜ ਨੂੰ ਬਚਾਉਣ ਵਾਸਤੇ ਹੀ ਸਾਰੀਆਂ ਵਿਰੋਧੀ ਪਾਰਟੀਆਂ ਇਕੱਠੀਆਂ ਹੋਈਆਂ ਹਨ।ਉਹਨਾਂ ਕਿਹਾ ਕਿ ਸਾਡੀ ਸਰਕਾਰ ਆਉਣ 'ਤੇ ਮਨਰੇਗਾ ਸਕੀਮ ਤਹਿਤ 365 ਦਿਨ ਦਾ ਰੁਜ਼ਗਾਰ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਮੋਰਾਂਵਾਲੀ ਵਿਖੇ 'ਮਾਤਾ ਵਿਦਿਆਵਤੀ ਸਮਾਰਕ' ਜੋ ਕਿ ਕੇਂਦਰ ਦੀ ਕਾਂਗਰਸ ਸਰਕਾਰ ਵਲੋਂ ਬਣਾਇਆ ਗਿਆ ਸੀ, ਦੀ ਸਾਂਭ-ਸੰਭਾਲ ਨਾ ਹੋਣ ਦਾ ਮੁੱਦਾ ਪ੍ਰਧਾਨ ਮੰਤਰੀ ਅਤੇ ਸਬੰਧਤ ਮਹਿਕਮੇ ਦੇ ਮੰਤਰੀ ਕੋਲ ਉਠਾਇਆ ਜਾਵੇਗਾ।ਉਹਨਾਂ ਇਸ ਸਮਾਰਕ ਲਈ 5 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ।ਉਹਨਾਂ ਮੌਕੇ 'ਤੇ ਹੀ ਹੁਸ਼ਿਆਰਪੁਰ ਦੇ ਡਿਪਟੀ ਕਮਿਸ਼ਨਰ ਨੂੰ ਫੋਨ ਲਗਾ ਕੇ ਪੁੱਛਿਆ ਕਿ ਜੇਕਰ ਪਿੰਡ ਮੋਰਾਂਵਾਲੀ ਦੀ ਪੰਚਾਇਤ ਦਾ ਕੋਰਮ ਪੂਰਾ ਹੈ ਤਾਂ ਇਥੇ ਪ੍ਰਬੰਧਕ ਕਿਉਂ ਲਗਾਇਆ ਗਿਆ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਹ ਸਾਰਾ ਮਾਮਲਾ ਦੇਖ ਕੇ ਸਬੰਧਤ ਅਫਸਰਾਂ ਨੂੰ ਉਚਿੱਤ ਨਿਰਦੇਸ਼ ਦੇਣਗੇ। ਇੱਥੇ ਦੱਸਣ ਯੋਗ ਹੈ ਕਿ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ 'ਤੇ 28 ਸਤੰਬਰ 2023 ਨੂੰ ਗੜ੍ਹਸ਼ੰਕਰ ਦੇ ਸੱਤਾਧਾਰੀ ਵਿਧਾਇਕ ਨਾਲ ਗਿਲੇ ਸ਼ਿਕਵੇ ਕਰਨ ਕਰਕੇ ਕਥਿਤ ਤੌਰ 'ਤੇ ਰਾਜਸੀ ਬਦਲਾਖੋਰੀ ਕਾਰਨ ਪਿੰਡ ਮੋਰਾਂਵਾਲੀ ਦੀ ਪੰਚਾਇਤ ਦੀ ਥਾਂ 'ਤੇ ਵਿਕਾਸ ਦੇ ਕੰਮ ਕਰਨ ਲਈ ਪ੍ਰਬੰਧਕ ਲਗਾ ਦਿੱਤਾ ਗਿਆ ਸੀ।ਹੁਣ ਪੰਚਾਇਤ ਦਾ ਕੋਰਮ ਪੂਰਾ ਹੋਣ ਦੇ ਬਾਵਜੂਦ ਉਸ ਨੂੰ ਕੰਮ ਨਹੀਂ ਕਰਨ ਦਿੱਤਾ ਜਾ ਰਿਹਾ।ਇਸ ਮੌਕੇ 'ਤੇ ਸਾਬਕਾ ਵਿਧਾਇਕ ਲਵ ਕੁਮਾਰ ਗੋਲਡੀ ਨੇ ਕਿਹਾ ਕਿ ਉਹਨਾਂ ਨੇ ਗੜ੍ਹਸ਼ੰਕਰ ਇਲਾਕੇ ਵਿੱਚ ਦੋ ਅਹਿਮ ਪ੍ਰੋਜੈਕਟ ਲਿਆਂਦੇ ਹਨ ਜਿਹਨਾਂ ਵਿੱਚ ਸ਼੍ਰੀ ਖੁਰਾਲਗੜ੍ਹ ਸਾਹਿਬ ਅਤੇ ਮੋਰਾਂਵਾਲੀ ਦੇ ਪ੍ਰੋਜੈਕਟ ਸ਼ਾਮਲ ਹਨ ਪਰ ਇਹਨਾਂ ਦੋਨਾਂ ਵੱਲ ਹੀ ਧਿਆਨ ਦਿੱਤੇ ਜਾਣ ਦੀ ਲੋੜ ਹੈ।

ਪਿੰਡ ਵਾਸੀਆਂ ਵਲੋਂ ਸਰਪੰਚ ਮਨਜੀਤ ਰਾਮ ਅਤੇ ਬੈਸਟ ਕੌਂਜ਼ ਸੋਸਾਇਟੀ ਦੇ ਚੇਅਰਪਰਸਨ ਬੀਬੀ ਮਨਜੀਤ ਕੌਰ ਮੋਰਾਂਵਾਲੀ ਨੇ ਪਿੰਡ ਦੀਆਂ ਮੰਗਾਂ ਤੋਂ ਤਿਵਾੜੀ ਨੂੰ ਜਾਣੂ ਕਰਵਾਇਆ ਅਤੇ ਉਹਨਾਂ ਦਾ ਸਨਮਾਨ ਵੀ ਕੀਤਾ ਗਿਆ।ਇਸ ਮੌਕੇ 'ਤੇ ਪਵਨ ਦੀਵਾਨ, ਜਸਵੀਰ ਸਿੰਘ ਰਾਣਾ, ਬੀਬੀ ਕਿਰਨ ਬਾਲਾ, ਸ਼ਿੰਗਾਰਾ ਸਿੰਘ, ਦਰਸ਼ਨ ਰਾਮ, ਬੀਬੀ ਨਰਿੰਦਰ ਕੌਰ, ਬੀਬੀ ਰਣਜੀਤ ਕੌਰ, ਅਰਵਿੰਦਰ ਕੌਰ ਆਦਿ ਹਾਜ਼ਰ ਸਨ।

# ਇੰਟਰਨੈਸ਼ਨਲ ਸ਼ੇਰ-ਏ-ਪੰਜਾਬ ਸਪੋਰਟਸ ਐਂਡ ਕਲਚਰਲ ਸੁਸਾਇਟੀ ਨੇ ਬਿਰਧ ਆਸ਼ਰਮ ਸਪਰੋੜ ਵਿਖੇ ਮਨਾਈ ਲੋਹੜੀ





**ਫਗਵਾੜਾ (ਇੰਦਰਜੀਤ ਸਿੰਘ ਮਠਾੜੂ )** ਇੰਟਰਨੈਸ਼ਨਲ ਸ਼ੇਰ-ਏ-ਪੰਜਾਬ ਸਪੋਰਟਸ ਐਂਡ ਕਲਚਰਲ ਸੁਸਾਇਟੀ ਰਜਿ. ਫਗਵਾੜਾ ਵਲੋਂ ਹਰ ਸਾਲ ਦੀ ਤਰ੍ਹਾਂ ਲੋਹੜੀ ਦਾ ਤਿਓਹਾਰ ਗੁਰੂ ਨਾਨਕ ਮਿਸ਼ਨ ਨੇਤਰਹੀਣ ਬਿਰਧ ਆਸ਼ਰਮ ਸਪਰੋੜ ਵਿਖੇ ਸੁਸਾਇਟੀ ਦੇ ਪ੍ਰਧਾਨ ਗੀਤ ਪ੍ਰੀਤ ਪਾਲ ਸਿੰਘ ਦੀ ਅਗਵਾਈ ਹੇਠ ਮਨਾਇਆ ਗਿਆ। ਸਮਾਗਮ 'ਚ ਬਤੌਰ ਮੁੱਖ ਮਹਿਮਾਨ ਸਮਾਜ ਸੇਵਕ ਡਾ. ਦਰਸ਼ਨ ਲਾਲ ਕਟਾਰੀਆ ਨੇ ਸ਼ਮੂਲੀਅਤ ਕੀਤੀ। ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਹਰਜੀਤ ਸਿੰਘ ਰਾਮਗੜ੍ਹ ਤੇ ਬਲਵਿੰਦਰ ਸਿੰਘ ਫੁੱਟਬਾਲ ਕੋਚ ਪਲਾਹੀ ਮੌਜੂਦ ਰਹੇ। ਇਸ ਮੌਕੇ ਆਸ਼ਰਮ ਦੇ ਵਸਨੀਕਾਂ ਨੂੰ ਮੂੰਗਫਲੀ, ਰਿਓੜੀ, ਗੱਚਕ ਤੋਂ ਇਲਾਵਾ ਮਿਠਾਈ ਤੇ ਹੋਰ ਖਾਣ-ਪੀਣ ਦੀ ਸਮੱਗਰੀ ਭੇਟ ਕੀਤੀ ਗਈ। ਮੁੱਖ ਮਹਿਮਾਨਾਂ ਨੇ ਡਾ. ਕਟਾਰੀਆ ਨੇ ਜੱਥੇਬੰਦੀ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਪਿਛਲੇ ਕੁਝ ਸਾਲਾਂ ਤੋਂ ਧੀਆਂ ਦੀ ਲੋਹੜੀ ਪਾਉਣ ਦਾ ਚਲਨ ਸਮਾਜ 'ਚ ਬਦਲਾਅ ਲਿਆਉਣ ਦੀ ਚੰਗੀ ਪਹਿਲ ਹੈ ਪਰ ਧੀਆਂ ਦੀ ਖੁਸ਼ੀ ਮਨਾਉਣ ਦੀ ਰੀਝ 'ਚ ਪੁੱਤਾਂ ਨੂੰ ਵੀ ਅੱਖੋਂ-ਪਰੋਖੇ ਨਹੀਂ ਕੀਤਾ ਜਾਣਾ ਚਾਹੀਦਾ ਤਾਂ ਜੋ ਪੁੱਤਰਾਂ ਦੇ ਦਿਲ 'ਚ ਹੀਣ ਭਾਵਨਾ ਪੈਦਾ ਨਾ ਹੋਵੇ। ਪਤਵੰਤਿਆਂ ਨੇ ਕਿਹਾ ਕਿ ਸਾਨੂੰ ਆਪਣੀਆਂ ਖੁਸ਼ੀਆਂ ਸਮਾਜ ਦੇ ਬੇਸਹਾਰਾ, ਮਜਬੂਰ ਤੇ ਲਾਚਾਰ ਲੋਕਾਂ ਨਾਲ ਜ਼ਰੂਰ ਸਾਂਝੀਆਂ ਕਰਨੀਆਂ ਚਾਹੀਦੀਆਂ ਹਨ ਤਾਂ ਜੋ ਉਹ ਆਪਣੇ ਆਪ ਨੂੰ ਇਸ ਸਮਾਜ ਤੋਂ ਵੱਖਰਾ ਮਹਿਸੂਸ ਨਾ ਕਰਨ। ਪ੍ਰਧਾਨ ਗੀਤ ਪ੍ਰੀਤ ਪਾਲ ਸਿੰਘ ਨੇ ਦੱਸਿਆ ਕਿ ਹਰ ਸਾਲ ਉਹਨਾਂ ਦੀ ਸੁਸਾਇਟੀ ਬਿਰਧ ਆਸ਼ਰਮ ਵਿਖੇ ਲੋਹੜੀ ਅਤੇ ਦੀਵਾਲੀ ਮਨਾਉਂਦੀ ਹੈ ਜਿਸਦਾ ਮਕਸਦ ਸਿਰਫ ਇਹੋ ਹੈ ਕਿ ਇੱਥੋਂ ਦੇ ਵਸਨੀਕਾਂ ਨੂੰ ਵੀ ਤਿਓਹਾਰਾਂ ਦੀ ਖੁਸ਼ੀ 'ਚ ਸ਼ਾਮਲ ਕੀਤਾ ਜਾਵੇ। ਉਹਨਾਂ ਨੂੰ ਖੁਸ਼ੀ ਦੇ ਕੇ ਸੁਸਾਇਟੀ ਦੇ ਹਰੇਕ ਮੈਂਬਰ ਤੇ ਸਹਿਯੋਗੀ ਨੂੰ ਆਤਮਿਕ ਖੁਸ਼ੀ ਮਹਿਸੂਸ ਹੁੰਦੀ ਹੈ। ਉਹਨਾਂ ਇਹ ਵੀ ਦੱਸਿਆ ਕਿ ਜੋ ਵੀ ਲੋੜਵੰਦ ਬੱਚਾ, ਬਜ਼ੁਰਗ ਜਾਂ ਬੇਸਹਾਰਾ ਹੋਵੇ ਤਾਂ ਸੁਸਾਇਟੀ ਸਮੇਂ-ਸਮੇਂ ਸਿਰ ਉਹਨਾਂ ਦੀ ਮਦਦ ਕਰਦੀ ਹੈ। ਉਹਨਾਂ ਆਸ਼ਰਮ ਨੂੰ ਵਿਸ਼ਵਾਸ ਦੁਵਾਇਆ ਕਿ ਕਿਸੇ ਵੀ ਤਰ੍ਹਾਂ ਦੀ ਜ਼ਰੂਰਤ ਮਹਿਸੂਸ ਹੋਵੇ ਤਾਂ ਸੁਸਾਇਟੀ ਨੂੰ ਦੱਸਿਆ ਜਾਵੇ ਤਾਂ ਜੋ ਜ਼ਰੂਰਤ ਪੂਰੀ ਕਰਨ ਦਾ ਪ੍ਰਬੰਧ ਕੀਤਾ ਜਾ ਸਕੇ। ਉਹਨਾਂ ਦੱਸਿਆ ਕਿ ਇਸ ਵਾਰ ਦੇ ਸਮਾਗਮ 'ਚ ਰਾਜਵਿੰਦਰ ਸਿੰਘ ਗਰੀਸ, ਬਲਵਿੰਦਰ ਸਿੰਘ (ਜੇ.ਈ.) ਪਲਾਹੀ, ਅਮਰੀਕ ਸਿੰਘ ਖੁਰਮਪੁਰ ਤੇ ਐਨ.ਆਰ.ਆਈ. ਜਰਨੈਲ ਸਿੰਘ ਭਮਰਾ ਦਾ ਵਿਸ਼ੇਸ਼ ਸਹਿਯੋਗ ਰਿਹਾ। ਸਟੇਜ ਦੀ ਸੇਵਾ ਸਲਵਿੰਦਰ ਸਿੰਘ ਜੱਸੀ ਵਲੋਂ ਨਿਭਾਈ ਗਈ। ਆਸ਼ਰਮ ਦੇ ਮੈਨੇਜਰ ਮੁਖਤਿਆਰ ਸਿੰਘ ਨੇ ਸੁਸਾਇਟੀ ਦੇ ਸਮੂਹ ਮੈਂਬਰਾਂ ਅਤੇ ਪਤਵੰਤਿਆਂ ਦਾ ਇਸ ਉਪਰਾਲੇ ਲਈ ਧੰਨਵਾਦ ਕੀਤਾ। ਇਸ ਮੌਕੇ ਪਰਵੀਨ ਕੁਮਾਰ, ਮਨੋਜ ਕੁਮਾਰ ਭਗਤ, ਆਪ ਆਗੂ ਕੇਵਿਨ ਸਿੰਘ, ਏ.ਐਸ.ਆਈ. ਮੱਖਣ ਸਿੰਘ, ਸਟੇਜ ਕਲਾਕਾਰ ਦੇਵ ਵਿਰਕ, ਪਰਵਿੰਦਰ ਮੰਢਾਲੀ, ਸ਼ਰਨਜੀਤ ਸਿੰਘ ਸੋਨੀ, ਅਨੀਕੇਤ ਭਗਤ, ਡਾ. ਅਸ਼ਵਨੀ ਕੁਮਾਰ ਪੀਪਾਰੰਗੀ, ਪ੍ਰਿੰਸੀਪਲ ਗੁਰਵਿੰਦਰ ਸਿੰਘ ਡੋਗਰਾ ਆਦਿ ਤੋਂ ਇਲਾਵਾ ਹੋਰ ਪਤਵੰਤੇ ਹਾਜਰ ਸਨ।

# ਕੇਂਦਰ ਦਾ ਕਾਲਾ ਕਾਨੂੰਨ ਅਸੀਂ ਪੰਜਾਬ ਦੇ ਡਰਾਈਵਰਾਂ 'ਤੇ ਲਾਗੂ ਨਹੀਂ ਹੋਣ ਦੇਵਾਂਗੇ : ਨੰਬਰਦਾਰ ਯੂਨੀਅਨ



**ਧਰਮਕੋਟ (ਪੱਤਰਕਾਰ ਗੁਰਦੀਪ ਸਿੰਘ ਭੁੱਲਰ)**- ਨੰਬਰਦਾਰ ਯੂਨੀਅਨ ਐਸੋਸੀਏਸ਼ਨ ਗਾਲਿਬ ਗਰੁੱਪ ਦੀ ਮੀਟਿੰਗ ਗੁਰਦੁਆਰਾ ਬਾਬਾ ਪੂਰਨ ਸਿੰਘ ਵਿਖੇ ਕੀਤੀ ਗਈ ਜਿਸ ਦੀ ਪ੍ਰਧਾਨਗੀ ਤਹਿਸੀਲ ਪ੍ਰਧਾਨ ਹਰਭਿੰਦਰ ਸਿੰਘ ਮਸੀਤਾਂ ਨੇ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਮਸੀਤਾਂ ਨੇ ਕਿਹਾ ਕਿ ਪੰਜਾਬ ਵਿੱਚ ਮੌਜੂਦਾ ਅਤੇ ਰਾਜ ਕਰ ਚੁੱਕੀਆਂ ਸਰਕਾਰਾਂ ਦੇ ਧਿਆਨ ਦਿਵਾਉਣ ਦੇ ਬਾਵਜੂਦ ਨੰਬਰਦਾਰਾਂ ਦੀਆਂ ਮੰਗਾਂ ਵੱਲ ਕਿਸੇ ਵੀ ਸਰਕਾਰ ਨੇ ਧਿਆਨ ਨਹੀਂ ਦਿੱਤਾ। ਸਾਡੀਆਂ ਮੰਗਾਂ ਹਨ ਜਿਵੇਂ ਕਿ ਨੰਬਰਦਾਰੀ ਜੱਦੀ ਪੁਸ਼ਤੀ ਕਰਨੀ, ਮਾਣਭੱਤੇ ਵਿੱਚ ਵਾਧਾ ਕਰਨਾ, ਬੱਸ ਕਿਰਾਇਆ, ਟੋਲ ਪਲਾਜ਼ਾ, ਮੈਡੀਕਲ ਫ੍ਰੀ, ਸਿਹਤ ਬੀਮਾ ਸਕੀਮ ਵਰਗੀਆਂ ਸਹੂਲਤਾਂ ਆਦਿ ਲਾਗੂ ਕੀਤੀਆਂ ਜਾਣ ਤਾਂ ਕਿ ਨੰਬਰਦਾਰ ਵੀ ਇੱਕ ਸਰਕਾਰ ਦਾ ਇਕ ਅੰਗ ਦਾ ਹਿੱਸਾ ਹੁੰਦੇ ਹਨ। ਮਸੀਤਾਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਪਹਿਲਾਂ ਕਿਸਾਨ ਵਿਰੋਧੀ ਤਿੰਨ ਕਾਲੇ ਕਾਨੂੰਨ ਲਿਆ ਕੇ 13 ਮਹੀਨੇ ਕਿਸਾਨਾਂ ਨੂੰ ਦਿੱਲੀ ਦੀਆਂ ਸੜਕਾਂ 'ਤੇ ਰੋਲਣ ਲਈ ਮਜਬੂਰ ਕੀਤਾ ਸੀ, ਹੁਣ ਬਗੈਰ ਚਰਚਾ ਕੀਤੀ ਤੋਂ ਡਰਾਈਵਰਾਂ 'ਤੇ ਕਾਲਾ ਕਾਨੂੰਨ ਥੋਪਿਆ ਜਾ ਰਿਹਾ ਹੈ। ਦਸ ਸਾਲ ਦੀ ਸਜ਼ਾ ਅਤੇ 7 ਲੱਖ ਰੁਪਏ ਦਾ ਜਰਮਾਨਾ ਹਿੰਦੁਸਤਾਨ ਦੇ ਡਰਾਈਵਰਾਂ ਉੱਤੇ ਜੋ ਗਾਜ ਡੇਗਣ ਦੀ ਤਿਆਰੀ ਕਰ ਰਹੀ ਹੈ ਕੇਂਦਰ ਦੀ ਭਾਜਪਾ ਸਰਕਾਰ ਦਾ ਮਨਸੂਬਾ ਅਸੀਂ ਕਾਮਯਾਬ ਨਹੀਂ ਹੋਣ ਦੇਵਾਂਗੇ। ਇਸ ਲਈ ਇਸ ਕਾਨੂੰਨ ਦੀ ਸੋਧ ਕਰਨੀ ਚਾਹੀਦੀ ਹੈ ਅਤੇ ਸਮੂਹ ਨੰਬਰਦਾਰ ਭਾਈਚਾਰਾ ਇਸ ਕਾਨੂੰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ ਅਤੇ ਇਸ ਮੁਸ਼ਕਲ ਦੀ ਘੜੀ 'ਚ ਆਪਣੇ ਡਰਾਈਵਰ ਭਾਈਚਾਰੇ ਦਾ ਸਾਥ ਪੰਜਾਬ ਵਿੱਚ ਦੇਵੇਗਾ। ਮਸੀਤਾਂ ਨੇ ਅੱਗੇ ਕਿਹਾ ਹੈ ਕਿ ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਜਿਹੜਾ ਕਿਸਾਨ ਆਪਣੀ ਜ਼ਮੀਨ ਦੀ ਨਿਸ਼ਾਨਦੇਹੀ ਕਰਵਾਉਣਾ ਚਾਹੁੰਦਾ ਹੈ, ਉਸ ਦੀ ਨਿਸ਼ਾਨਦੇਹੀ ਕੀਤੀ ਜਾਵੇ ਤਾਂ ਜੋ ਕਿਸਾਨ ਨੂੰ ਕੋਈ ਅਤੇ ਕਿਸੇ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

ਕਿਸਾਨਾਂ ਦੀਆਂ ਜ਼ਮੀਨਾਂ ਉੱਤੇ ਸਰਕਾਰ ਵੱਲੋਂ ਤਰਹੱਡੇ ਆਸਾਨੀ ਨਾਲ ਅਗਲੇ ਸਾਲ ਲਗਾਏ ਜਾ ਸਕਣ। ਇਸ ਮੌਕੇ ਬਲਵੀਰ ਸਿੰਘ ਉੱਪਲ ਸ਼ੈਦੇ ਸ਼ਾਹ ਵਾਲਾ, ਸੁਰਜੀਤ ਸਿੰਘ ਖਾਲਸਤਾਨੀ, ਜਗਨ ਸਿੰਘ ਬੱਡੂਵਾਲ, ਜਸਬੀਰ ਸਿੰਘ ਖੋਸਾ, ਬਲਦੇਵ ਸਿੰਘ, ਸੁਖਦੇਵ ਸਿੰਘ, ਟਹਿਲ ਸਿੰਘ, ਬਲਬੀਰ ਸਿੰਘ, ਬਲਵਿੰਦਰ ਸਿੰਘ, ਸ਼ੁਮਾਰ ਸਿੰਘ, ਅੰਗਰੇਜ ਸਿੰਘ, ਨਿਸ਼ਾਨ ਸਿੰਘ ਭੱਟੀ, ਚਮਕੌਰ ਸਿੰਘ, ਮਨਜੀਤ ਸਿੰਘ, ਗੁਰਜਿੰਦਰ ਸਿੰਘ, ਸਤਵੰਤ ਸਿੰਘ, ਜਸਪਾਲ ਸਿੰਘ, ਦੀਦਾਰ ਸਿੰਘ, ਹਰਦੀਪ ਸਿੰਘ, ਸੁਖਵਿੰਦਰ ਸਿੰਘ, ਸੁਖਰਾਜ ਸਿੰਘ, ਠਾਣਾ ਸਿੰਘ, ਦਵਿੰਦਰ ਸਿੰਘ, ਕੁਲਵੰਤ ਸਿੰਘ, ਜੀਤ ਸਿੰਘ, ਰੇਸ਼ਮ ਸਿੰਘ, ਗੁਲਜ਼ਾਰ ਸਿੰਘ, ਸਲਵਿੰਦਰ ਸਿੰਘ, ਪਿਆਰਾ ਸਿੰਘ, ਬੂਟਾ ਮੱਲ ਧਰਮਕੋਟ ਆਦਿ ਹਾਜ਼ਰ ਸਨ।

# ਐੱਚ ਸੀ ਨੰਦਪੁਰ ਕਲੌੜ 'ਚ ਬ੍ਰੈਸਟ ਕੈਂਸਰ ਸਕਰੀਨਿੰਗ ਟੈੱਸਟ ਕੈਂਪ ਲਾਇਆ

**ਫ਼ਤਿਹਗੜ੍ਹ ਸਾਹਿਬ/ਬੱਸੀ ਪਠਾਣਾਂ (ਪ੍ਰਮੋਦ ਭਾਰਦਵਾਜ)** ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਭੁਪਿੰਦਰ ਸਿੰਘ ਦੀ ਅਗਵਾਈ ਵਿੱਚ ਪੀ.ਐਚ.ਸੀ ਨੰਦਪੁਰ ਕਲੌੜ ਵਿੱਖੇ ਬ੍ਰੈਸਟ ਕੈਂਸਰ ਸਕਰੀਨਿੰਗ ਟੈੱਸਟ ਕੈਂਪ ਲਾਇਆ ਗਿਆ ਹੈ।ਡਾ. ਭੁਪਿੰਦਰ ਸਿੰਘ ਨੇ ਦੱਸਿਆ ਕਿ ਇਸ ਕੈਂਪ ਦੌਰਾਨ 30 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਦਾ ਸਕਰੀਨਿੰਗ ਟੈਸਟ ਹੋਵੇਗਾ ਤੇ ਸਕਰੀਨਿੰਗ ਦੀ ਰਿਪੋਰਟ ਮੌਕੇ 'ਤੇ ਮਰੀਜ਼ ਨੂੰ ਦਿੱਤੀ ਜਾਵੇਗੀ।ਇਸ ਮੌਕੇ ਸ਼ੈਲੀ ਵਾਲੀਆ (ਇਮੇਜ਼ ਟੈਕਨੀਸ਼ੀਅਨ) ਨੇ ਦੱਸਿਆ ਕਿ ਇਸ ਸਕਰੀਨਿੰਗ ਨਾਲ ਬ੍ਰੈਸਟ ਕੈਂਸਰ ਦਾ ਜਲਦੀ ਪਤਾ ਲਗ ਜਾਂਦਾ ਹੈ, ਜਿਸ ਨਾਲ ਸੰਬੰਧਤ ਮਰੀਜ਼ ਦਾ ਜਲਦੀ ਇਲਾਜ ਸ਼ੁਰੂ ਹੋ ਜਾਂਦਾ ਹੈ ਅਤੇ ਮਰੀਜ਼ ਨੂੰ ਇਸ ਭਿਆਨਕ ਬਿਮਾਰੀ ਤੋਂ ਬਚਿਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ 15 ਔਰਤਾਂ ਦੀ ਸਕਰੀਨਿੰਗ ਕੀਤੀ ਜਾ ਚੁੱਕੀ ਹੈ, ਜਦੋਂਕਿ ਇਹ ਕੈਂਪ 12.01.2024 ਤੱਕ ਚਲੇਗਾ। ਉਨ੍ਹਾਂ ਆਸ਼ਾ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਕੈਂਪ ਵਿੱਚ ਵੱਧ ਤੋਂ ਵੱਧ ਔਰਤਾਂ ਨੂੰ ਭਾਗ ਲੈਣ ਲਈ ਪ੍ਰੇਰਿਤ ਕਰਨ।ਬਲਾਕ ਐਜੂਕੇਟਰ ਹੇਮੰਤ ਕੁਮਾਰ ਨੇ ਕਿਹਾ ਕਿ ਬ੍ਰੈਸਟ ਕੈਂਸਰ ਏਆਈ ਡਿਜੀਟਲ ਪ੍ਰਾਜੈਕਟ ਅਧੀਨ ਥਰਮਲਟਿਕਸ ਵਿਧੀ ਰਾਹੀਂ ਨਿਰਮਾਈ ਸੰਸਥਾ ਵੱਲੋਂ ਪੀ.ਐਚ.ਸੀ ਨੰਦਪੁਰ ਕਲੌੜ ਵਿਖੇ ਔਰਤਾਂ 'ਚ ਛਾਤੀ ਕੈਂਸਰ ਦੇ ਸ਼ੱਕੀ ਕੇਸਾਂ ਦੀ ਮੁਫ਼ਤ ਸਕਰੀਨਿੰਗ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਇਸ ਵਿਧੀ ਨਾਲ ਔਰਤਾਂ ਦੇ ਕੈਂਸਰ ਦਾ ਜਲਦੀ ਪਤਾ ਲੱਗ ਸਕਦਾ ਹੈ।ਔਰਤਾਂ ਦੀ ਛਾਤੀ 'ਚ ਕੋਈ ਗੰਠ ਜਾਂ ਗਿਲਟੀ, ਡਿਸਚਾਰਜ, ਛਾਤੀਆਂ 'ਚ ਕੋਈ ਉਭਾਰ ਆਦਿ ਲੱਛਣ ਦਿਖਾਈ ਦੇਣ ਤਾਂ ਤੁਰੰਤ ਜਾਂਚ ਕਰਾਉਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਪੰਜਾਬ ਕੈਂਸਰ ਰਾਹਤ ਕੋਸ਼ ਅਧੀਨ ਕੈਂਸਰ ਦੇ ਮਰੀਜ਼ਾਂ ਦੀ 1.5 ਲੱਖ ਤੱਕ ਦੇ ਨਕਦੀ ਰਹਿਤ ਇਲਾਜ ਦੀ ਸਹੂਲਤ ਵੀ ਮੁਹੱਈਆ ਕਰਾਈ ਜਾ ਰਹੀ।

# ਖ਼ੂਨ ਇੱਕ ਬੁਨਿਆਦੀ ਲੋੜ : ਪ੍ਰਿੰਸੀਪਲ ਸੰਜੀਵ ਜਿੰਦਲ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ, ਸ਼ਮਿੰਦਰ)**-ਖੂਨ ਇੱਕ ਜੀਵਤ ਟਿਸ਼ੂ ਹੈ ਜਿਸ ਵਿੱਚ ਜੀਵਿਤ ਸੈੱਲਾਂ ਦੀ ਭਰਪੂਰਤਾ ਹੁੰਦੀ ਹੈ ਜੋ ਜੀਵਨ ਦੇ ਬੁਨਿਆਦੀ ਬਲਾਕ ਹਨ। ਖੂਨ ਵਿੱਚ ਲਾਲ ਸੈੱਲ ਫੇਫੜਿਆਂ ਅਤੇ ਬਾਕੀ ਸਰੀਰ ਦੇ ਵਿਚਕਾਰ ਗੈਸਾਂ ਨੂੰ ਲਿਜਾਣ ਵਿੱਚ ਮਦਦ ਕਰਦੇ ਹਨ। ਚਿੱਟੇ ਲਹੂ ਦੇ ਸੈੱਲ ਜਿਨ੍ਹਾਂ ਦੀਆਂ ਕਈ ਕਿਸਮਾਂ ਹਨ, ਲਾਗ ਨਾਲ ਲੜਦੀਆਂ ਹਨ ਅਤੇ ਸਰੀਰ ਦੇ ਇਮਿਊਨ ਸਿਸਟਮ ਦਾ ਹਿੱਸਾ ਬਣਾਉਂਦੀਆਂ ਹਨ। ਪਲੇਟਲੈਟ ਖੂਨ ਦੇ ਸੈੱਲਾਂ ਦੀ ਇੱਕ ਹੋਰ ਕਿਸਮ ਹੈ ਜੋ ਖੂਨ ਦੇ ਥੱਕੇ ਨੂੰ ਰੋਕਣ ਵਿੱਚ ਮਦਦ ਕਰਦੀ ਹੈ। ਜਦੋਂ ਸਰੀਰ ਨੂੰ ਸੱਟ ਲੱਗ ਜਾਂਦੀ ਹੈ ਤਾਂ ਖੂਨ ਵਗਣਾ ਬੰਦ ਹੋ ਜਾਂਦਾ ਹੈ। ਪਲਾਜ਼ਮਾ ਗਤਲਾ ਬਣਾਉਣ ਵਾਲੇ ਕਾਰਕਾਂ, ਪ੍ਰੋਟੀਨਾਂ ਅਤੇ ਹੋਰ ਸੁਰੱਖਿਆਤਮਕ ਐਂਟੀਬਾਡੀਜ਼ ਦਾ ਇੱਕ ਅਮੀਰ ਸਰੋਤ ਹੈ ਜੋ ਸਰੀਰ ਵਿੱਚ ਹਰ ਥਾਂ ਖੂਨ ਪਹੁੰਚਾਉਣ 'ਚ ਮਦਦ ਕਰਦਾ ਹੈ। ਹਰ ਪਲ ਕਿਸੇ ਨਾ ਕਿਸੇ ਨੂੰ ਖੂਨ ਦੀ ਲੋੜ ਹੁੰਦੀ ਹੈ। ਥੈਲੇਸੀਮੀਆ ਵਰਗੀਆਂ ਖੂਨ ਦੀਆਂ ਬਿਮਾਰੀਆਂ ਤੋਂ ਪੀੜਤ ਬੱਚਿਆਂ ਨੂੰ ਖੂਨ ਦੀ ਲੋੜ ਹੁੰਦੀ ਹੈ, ਜਿਸ ਲਈ ਵਾਰ-ਵਾਰ ਖੂਨ ਚੜ੍ਹਾਉਣਾ ਪੈਂਦਾ ਹੈ। ਕੈਂਸਰ ਦੇ ਇਲਾਜ ਅਧੀਨ ਮਰੀਜ਼ਾਂ ਨੂੰ ਖੂਨ ਦੀ ਲੋੜ ਹੁੰਦੀ ਹੈ। ਦੁਰਘਟਨਾ ਪੀੜਤ, ਗਰਭ ਅਵਸਥਾ ਅਤੇ ਜਣੇਪੇ ਦੌਰਾਨ ਗਰਭਵਤੀ ਮਾਵਾਂ, ਸਰਜੀਕਲ ਮਰੀਜ਼, ਅਨੀਮਿਕ ਮਰੀਜ਼, ਜਲਣ ਪੀੜਤ, ਸਮੇਂ ਤੋਂ ਪਹਿਲਾਂ ਨਵਜੰਮੇ ਬੱਚੇ ਅਤੇ ਟ੍ਰਾਂਸਪਲਾਂਟ ਦੇ ਮਰੀਜ਼, ਇਨ੍ਹਾਂ ਸਾਰਿਆਂ ਨੂੰ ਬਚਣ ਲਈ ਕਿਸੇ ਨਾ ਕਿਸੇ ਰੂਪ ਵਿੱਚ ਖੂਨ ਦੀ ਲੋੜ ਹੁੰਦੀ ਹੈ। ਦਿਨ ਦੇ ਅੰਤ ਵਿੱਚ, ਜਦੋਂ ਤੁਸੀਂ ਜਾਂ ਮੈਂ ਇੱਕ ਭਿਆਨਕ ਸੱਟ ਸਹਿੰਦੇ ਹਾਂ, ਅਸੀਂ ਖੂਨ ਚੜ੍ਹਾਏ ਬਿਨਾਂ ਨਹੀਂ ਰਹਿ ਸਕਦੇ। ਫੈਕਟਰੀਆਂ ਵਿੱਚ ਖੂਨ ਨਹੀਂ ਬਣਾਇਆ ਜਾ ਸਕਦਾ; ਇਸ ਨੂੰ ਦਵਾਈਆਂ ਵਾਂਗ ਅਣਮਿੱਥੇ ਸਮੇਂ ਲਈ ਸਟੋਰ ਨਹੀਂ ਕੀਤਾ ਜਾ ਸਕਦਾ ਹੈ ਅਤੇ ਨਿਸ਼ਚਿਤ ਤੌਰ 'ਤੇ ਇਸ ਨੂੰ ਲੈਬ ਵਿੱਚ ਦੁਹਰਾਇਆ ਨਹੀਂ ਜਾ ਸਕਦਾ। ਅੱਗੇ ਆਉ ਅਤੇ ਖੂਨਦਾਨ ਕਰੋ। ਤੁਸੀਂ ਜਾਨ ਬਚਾ ਸਕਦੇ ਹੋ। ਅਸੀਂ ਆਪਣੀ ਸੁਸਾਇਟੀ ਦੁਆਰਾ ਲੋੜਵੰਦ ਮਰੀਜ਼ਾਂ ਨੂੰ ਖੂਨ ਦਾ ਇੱਕ ਸੁਰੱਖਿਅਤ ਅਤੇ ਭਰੋਸੇਮੰਦ ਸਰੋਤ ਪ੍ਰਦਾਨ ਕਰਨ ਦੀ ਕੋਸ਼ਿਸ਼ ਕਰਦੇ ਹਾਂ। ਇਹ ਸਵੈ-ਇੱਛਤ ਖੂਨਦਾਨੀਆਂ ਦੇ ਸਹਿਯੋਗ ਤੋਂ ਬਿਨਾਂ ਸੰਭਵ ਨਹੀਂ ਹੋਵੇਗਾ। ਸਾਡੀ ਸੁਸਾਇਟੀ ਵੱਲੋਂ ਸਮੇਂ ਸਮੇਂ 'ਤੇ ਖ਼ੂਨਦਾਨ ਕੈਂਪ ਲਗਾਏ ਜਾਂਦੇ ਹਨ ਅਤੇ ਇਕ ਵਿਸ਼ਾਲ ਕੈਂਪ ਹਰ ਸਾਲ 14 ਜਨਵਰੀ ਨੂੰ ਲਗਾਇਆ ਜਾਂਦਾ ਹੈ ਜੋ ਇਸ ਸਾਲ ਵੀ ਗਣਪਤੀ ਟ੍ਰੇਡਰਜ਼, ਮਸੀਤ ਚੌਕ ਵਿਖੇ ਲਗਾਇਆ ਜਾ ਰਿਹਾ ਹੈ ਜਿੱਥੇ ਦਾਨੀਆਂ ਦਾ ਆਪਣੀ ਸਹੂਲਤ ਅਨੁਸਾਰ ਆਉਣ ਅਤੇ ਖੂਨਦਾਨ ਕਰਨ ਲਈ ਸੁਆਗਤ ਹੈ। ਦਾਨੀਆਂ ਦੀ ਉਮਰ 18-60 ਸਾਲ ਹੋਣੀ ਚਾਹੀਦੀ ਹੈ, ਵਜ਼ਨ ਘੱਟੋ-ਘੱਟ 55 ਕਿਲੋਗ੍ਰਾਮ ਹੋਣਾ ਚਾਹੀਦਾ ਹੈ ਅਤੇ ਚੰਗੀ ਸਿਹਤ ਹੋਣੀ ਚਾਹੀਦੀ ਹੈ। ਦਾਨੀਆਂ ਦਾ ਸੁਆਗਤ ਹੈ ਕਿ ਉਹ ਕਿਸੇ ਵੀ ਯੋਗਤਾ ਦੇ ਮੁੱਦੇ ਜਾਂ ਉਹਨਾਂ ਦੇ ਕਿਸੇ ਹੋਰ ਸਵਾਲ ਦੇ ਸਬੰਧ ਵਿੱਚ ਸਾਡੀ ਸੁਸਾਇਟੀ ਬਲੱਡ ਸੇਵਾ ਵੈੱਲਫੇਅਰ ਸੁਸਾਇਟੀ ਸ੍ਰੀ ਮੁਕਤਸਰ ਸਾਹਿਬ ਨਾਲ ਸੰਪਰਕ ਕਰ ਸਕਦੇ ਹਨ। ਖੂਨਦਾਨ ਕਰਨ ਵਾਲਿਆਂ ਨੂੰ ਪਿਛਲੀ ਰਾਤ ਨੂੰ ਢੁਕਵਾਂ ਆਰਾਮ ਕਰਨ ਅਤੇ ਖੂਨਦਾਨ ਕਰਨ ਲਈ ਆਉਣ ਤੋਂ ਪਹਿਲਾਂ ਖਾਣਾ ਖਾ ਲੈਣ ਦੀ ਬੇਨਤੀ ਕੀਤੀ ਜਾਂਦੀ ਹੈ ।

## ਕਾਤਰਾਂ

### ਪੰਜਾਬ 'ਚ ਅਮਨ ਚੈਨ ਦੀ ਵਿਗੜ ਰਹੀ ਸਥਿਤੀ ਗੰਭੀਰ ਚਿੰਤਾ ਦਾ ਵਿਸ਼ਾ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ,/ਪੂਜਾ /ਪਰਿਜਤ ਸਿੰਘ )**- ਅੱਜ ਕੱਲ੍ਹ ਸਮੁੱਚੇ ਪੰਜਾਬ ਅੰਦਰ ਅਮਨ ਚੈਨ ਦੀ ਸਥਿਤੀ ਦਿਨੋ ਦਿਨ ਵਿਗੜਦੀ ਜਾ ਰਹੀ ਹੈ। ਹਰ ਰੋਜ਼ ਲੁੱਟ-ਖੋਹ, ਮਾਰ ਕੁਟਾਈ, ਮੋਬਾਇਲ ਅਤੇ ਚੈਨਾਂ ਖੋਹਣ ਦੀਆਂ ਵਾਰਦਾਤਾਂ, ਦਿਨ ਦਿਹਾੜੇ ਕਤਲ ਅਤੇ ਸਾਇਬਰ ਕ੍ਰਾਇਮ ਦੇ ਜੁਰਮਾਂ 'ਚ ਲਗਾਤਾਰ ਵਾਧਾ ਹੋ ਰਿਹਾ ਹੈ। ਘਰਾਂ ਅਤੇ ਦੁਕਾਨਾਂ ਅੰਦਰ ਘਰ ਦੇ ਮਾਲਕਾਂ ਅਤੇ ਦੁਕਾਨਦਾਰਾਂ ਨੂੰ ਡਰਾ ਧਮਕਾ ਕੇ ਅਤੇ ਜ਼ਖ਼ਮੀ ਕਰਕੇ ਲੁੱਟਿਆ ਜਾ ਰਿਹਾ ਹੈ। ਅਜਿਹੀਆਂ ਹਾਲਤਾਂ 'ਚ ਪੰਜਾਬ ਦਾ ਆਮ ਵਸਨੀਕ ਬੇਹੱਦ ਡਰ ਅਤੇ ਖੌਫ਼ 'ਚੋਂ ਲੰਘ ਰਿਹਾ ਹੈ। ਕੋਈ ਵੀ ਵਿਅਕਤੀ ਆਪਣੇ ਘਰ ਜਾਂ ਵਪਾਰਕ ਅਦਾਰੇ ਅੰਦਰ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਿਹਾ। ਘਰੋਂ ਨਿਕਲਣ ਵਾਲੇ ਹਰ ਵਿਅਕਤੀ ਨੂੰ ਆਪਣੇ ਸੁਰੱਖਿਅਤ ਵਾਪਸ ਆਉਣ ਅਤੇ ਆਪਣੇ ਪਰਵਾਰਕ ਮੈਂਬਰਾਂ ਦੀ ਚਿੰਤਾ ਸਤਾਉਂਦੀ ਰਹਿੰਦੀ ਹੈ ਕਿ ਕਿਤੇ ਕੋਈ ਗ਼ੈਰ ਸਮਾਜੀ ਅਨਸਰ ਕਿਸੇ ਅਣਹੋਣੀ ਨੂੰ ਅੰਜਾਮ ਨਾ ਦੇ ਦੇਵੇ। ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਚੇਅਰਮੈਨ ਅਤੇ ਆਲ ਇੰਡੀਆ ਐਸ.ਸੀ./ਬੀ.ਸੀ./ਐਸ.ਟੀ. ਏਕਤਾ ਭਲਾਈ ਮੰਚ ਦੇ ਰਾਸ਼ਟਰੀ ਪ੍ਰਧਾਨ ਦਲਿਤ ਰਤਨ ਜਗਦੀਸ਼ ਰਾਏ ਢੋਸੀਵਾਲ ਨੇ ਸਮੁੱਚੇ ਪੰਜਾਬ ਅੰਦਰ ਅਮਨ ਚੈਨ ਦੀ ਦਿਨੋ ਦਿਨ ਵਿਗੜ ਰਹੀ ਸਥਿਤੀ ਉਪਰ ਗੰਭੀਰ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਗੈਰ ਸਮਾਜੀ ਅਨਸਰਾਂ ਦੇ ਵਧ ਰਹੇ ਹੌਸਲੇ ਪੰਜਾਬ ਵਾਸੀਆਂ ਲਈ ਗੰਭੀਰ ਖਤਰੇ ਦੀ ਘੰਟੀ ਹਨ। ਅਜਿਹੀਆਂ ਹਾਲਤਾਂ ਵਿਚ ਪੰਜਾਬ ਤੋਂ ਬਾਹਰਲਾ ਕੋਈ ਵੀ ਵਿਅਕਤੀ ਰਾਜ ਅੰਦਰ ਆਪਣਾ ਕਾਰੋਬਾਰ ਚਲਾਉਣ ਦਾ ਜੋਖ਼ਮ ਲੈਣ ਤੋਂ ਕੰਨੀ ਕਤਰਾਉਂਦਾ ਹੈ। ਪ੍ਰਧਾਨ ਢੋਸੀਵਾਲ ਨੇ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇਸ ਗੰਭੀਰ ਸਥਿਤੀ ਨੂੰ ਹੋਰ ਵਿਗੜਨ ਤੋਂ ਬਚਾਉਣ ਲਈ ਸਖਤ ਕਦਮ ਚੁੱਕਣੇ ਚਾਹੀਦੇ ਹਨ ਤਾਂ ਜੋ ਆਮ ਲੋਕਾਂ ਵਿਚ ਸੁਰੱਖਿਆ ਦੀ ਭਾਵਨਾ ਪੈਦਾ ਹੋ ਸਕੇ।

### ਰਿਸ਼ਤੇ ਤੇ ਵਿਸ਼ਵਾਸ ਦੋਵੇਂ ਹੀ ਮਿੱਤਰ ਹਨ : ਬੀ ਕੇ ਸ਼ਾਂਤਨੂੰ

**ਜੈਤੋ (ਸਤੀਸ਼ ਕੁਮਾਰ ਭੀਗੀ)** ਮਾਊਂਟ ਆਬੂ ਈਸਵਰੀਆ ਵਿਸ਼ਵਵਿਦਿਆਲਿਆ ਦੇ ਪ੍ਰਾਂਗਣ ਤੋਂ ਮੀਡੀਆ ਕਾਰਕੁੰਨਾਂ ਨੂੰ ਆਪਣੇ ਸੰਦੇਸ਼ ਵਿੱਚ ਮੀਡੀਆ ਇੰਚਾਰਜ ਬੀ ਕੇ ਸ਼ਾਂਤਨੂੰ ਨੇ ਕਿਹਾ ਕਿ ਰਿਸ਼ਤੇ ਅਤੇ ਵਿਸ਼ਵਾਸ ਦੋਵੇਂ ਸਾਡੇ ਮਿੱਤਰ ਹਨ, ਉਨ੍ਹਾਂ ਕਿਹਾ ਕਿ ਰਿਸ਼ਤੇ ਰੱਖੋ ਜਾਂ ਨਾ ਰੱਖੋ ਪ੍ਰੰਤੂ ਵਿਸ਼ਵਾਸ ਜ਼ਰੂਰ ਰੱਖਣਾ ਚਾਹੀਦਾ ਹੈ, ਕਿਉਂਕਿ ਜਿੱਥੇ ਵਿਸ਼ਵਾਸ ਹੁੰਦਾ ਹੈ ਉੱਥੇ ਰਿਸ਼ਤੇ ਆਪਣੇ ਆਪ ਬਣ ਜਾਂਦੇ ਹਨ।ਬੀ ਕੇ ਸ਼ਾਂਤਨੂੰ ਨੇ ਅੱਗੇ ਕਿਹਾ ਕਿ ਬਹੁਤੇ ਲੋਕ ਕਹਿੰਦੇ ਹਨ ਕਿ ਮਨ ਦੀ ਸ਼ੁੱਧੀ ਸਭ ਦੇ ਵੱਸ ਦੀ ਗੱਲ ਨਹੀਂ, ਇਹ ਗ਼ਲਤ ਹੈ ਬਲਕਿ ਇਹ ਸਭ ਦੇ ਵੱਸ ਦੀ ਗੱਲ ਹੈ ਪ੍ਰੰਤੂ ਇੱਕ ਦਿਨ ਵਿੱਚ ਸੰਭਵ ਨਹੀਂ, ਤੁਸੀਂ ਹਰ ਰੋਜ਼ ਚੰਗਾ ਸੁਣੋ, ਚੰਗਾ ਦੇਖੋ ਤੇ ਚੰਗਾ ਸੋਚੋਗੇ ਤਾਂ ਜ਼ਹਿਰ ਬਾਹਰ ਤੇ ਅੰਮ੍ਰਿਤ ਮਨ ਵਿੱਚ ਭਰਨਾ ਸ਼ੁਰੂ ਹੋ ਜਾਂਦਾ ਹੈ।

### ਬਾਬਾ ਮੋਨੀ ਜੀ ਕਾਲਜ ਦਾ ਬੀ. ਐਡ ਦਾ ਨਤੀਜਾ ਸ਼ਾਨਦਾਰ



**ਲਹਿਰਾ ਮੁਹੱਬਤ, (ਭੀਮ ਸੈਨ ਹਦਵਾਰੀਆ)** ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਨਤੀਜਿਆਂ 'ਚੋਂ ਬਾਬਾ ਮੋਨੀ ਜੀ ਮਹਾਰਾਜ ਕਾਲਜ ਆਫ਼ ਐਜੂਕੇਸ਼ਨ ਲਹਿਰਾ ਮੁਹੱਬਤ (ਬਠਿੰਡਾ) ਦਾ ਬੀ. ਐਡ ਭਾਗ-1 (ਸਮੈਸਟਰ-2) ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ 'ਚੋਂ ਕਰਮਵੀਰ ਕੌਰ (86.4%) 'ਨਥਾਣਾ' ਨੇ ਪਹਿਲਾ, ਹਰਸਿਮਰਨਜੀਤ ਕੌਰ (84.6%) 'ਤਪਾ ਮੰਡੀ' ਨੇ ਦੂਜਾ ਅਤੇ ਮਨਕਰਨ ਸਿੰਘ (84.2%) 'ਭਾਈਰੂਪਾ' ਨੇ ਤੀਜਾ ਸਥਾਨ ਹਾਸਲ ਕਰਕੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ। ਕਾਲਜ ਡਾਇਰੈਕਟਰ ਕੇਸਰ ਸਿੰਘ ਧਲੇਵਾਂ, ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਅਤੇ ਐਡਮਨਿਸਟਰੇਟਿਵ ਕੁਲਵੀਰ ਸਿੰਘ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ। ਐਜੂਕੇਸ਼ਨ ਕਾਲਜ ਦੇ ਪ੍ਰਿੰਸੀਪਲ ਮੁਕੇਸ਼ ਕੁਮਾਰ ਸਾਹੂ, ਵਾਇਸ ਪ੍ਰਿੰਸੀਪਲ ਪ੍ਰੋ. ਦਿਨੇਸ਼ ਕੁਮਾਰ ਅਤੇ ਪ੍ਰੋ. ਅਮਨਿੰਦਰ ਕੌਰ ਨੇ ਵਧੀਆ ਰਿਜ਼ਲਟ ਦੀ ਸ਼ਲਾਘਾ ਕਰਦਿਆਂ ਵਿਦਿਆਰਥਣਾਂ ਨੂੰ ਹੋਰ ਵਧੇਰੇ ਮਿਹਨਤ ਕਰਕੇ ਤਰੱਕੀਆਂ ਹਾਸਲ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਪ੍ਰੋ. ਰੁਪਿੰਦਰ ਸਿੰਘ, ਪ੍ਰੋ. ਸੁਖਦੀਪ ਕੌਰ (ਪੰਜਾਬੀ), ਪ੍ਰੋ. ਲਖਵੀਰ ਕੌਰ, ਪ੍ਰੋ. ਵਰਦੀਪ ਕੌਰ, ਪ੍ਰੋ. ਰਮਨਦੀਪ ਕੌਰ, ਪ੍ਰੋ. ਸੁਖਦੀਪ ਕੌਰ, ਪ੍ਰੋ. ਵਰਿੰਦਰ ਸਿੰਘ, ਪ੍ਰੋ. ਮੋਨਿਕਾ ਗਰਗ, ਪ੍ਰੋ. ਦਲਜੀਤ ਕੌਰ ਅਤੇ ਪ੍ਰੋ. ਰੁਚਿਕਾ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

# ਜੱਚਾ-ਬੱਚਾ ਜਾਂਚ ਕੈਂਪ ਲਾਇਆ



**ਮਾਨਸਾ (ਆਤਮਾ ਸਿੰਘ ਪਮਾਰ)**-ਕਾਰਜਕਾਰੀ ਸਿਵਲ ਸਰਜਨ ਡਾ. ਗੁਰਚੇਤਨ ਪ੍ਰਕਾਸ਼ ਤੇ ਜ਼ਿਲ੍ਹਾ ਟੀਕਾਕਰਣ ਅਫ਼ਸਰ ਡਾ. ਕੰਵਲਪ੍ਰੀਤ ਕੌਰ ਬਰਾੜ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਾ. ਬਲਜੀਤ ਕੌਰ ਐਸ.ਐਮ. ਓ. ਇੰਚ. ਸਿਵਲ ਹਸਪਤਾਲ ਮਾਨਸਾ ਦੀ ਰਹਿਨੁਮਾਈ ਹੇਠ ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰਤਵ ਅਭਿਆਨ ਤਹਿਤ ਸਿਵਲ ਹਸਪਤਾਲ (ਐਮ.ਸੀ. ਐਚ) ਮਾਨਸਾ ਵਿਖੇ ਗਰਭਵਤੀ ਔਰਤਾਂ ਲਈ ਮੁਫ਼ਤ ਜਾਂਚ ਕੈਂਪ ਲਾਇਆ ਗਿਆ।

ਇਸ ਮੌਕੇ ਡਾ. ਰੁਸ਼ਮੀ ਤੇ ਡਾ. ਜੋਤੀ ਸ਼ਾਰਦਾ ਐਮ.ਡੀ.(ਔਰਤ ਰੋਗਾਂ ਦੇ ਮਾਹਿਰ) ਵੱਲੋਂ ਗਰਭਵਤੀ ਔਰਤਾਂ ਦਾ ਚੈੱਕਅਪ ਕਰਕੇ, ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ ਅਤੇ ਲੋੜੀਂਦੇ ਟੈਸਟ ਵੀ ਮੌਕੇ 'ਤੇ ਕੀਤੇ ਗਏ।ਉਨ੍ਹਾਂ ਗਰਭਵਤੀ ਔਰਤਾਂ ਨੂੰ ਚੰਗਾ ਪੌਸ਼ਟਿਕ ਭੋਜਨ ਜਿਵੇਂ ਕਿ ਹਰੀਆਂ ਪੱਤੇਦਾਰ ਸਬਜ਼ੀਆਂ, ਮੌਸਮੀ ਫਲ, ਗੁੜ, ਚਣੇ, ਦੁੱਧ, ਦਹੀਂ, ਜੂਸ ਆਦਿ ਘਰੇਲੂ ਚੀਜਾਂ ਦਾ ਸੇਵਨ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੂੰ ਸਮੇਂ-ਸਮੇਂ ਸਿਰ ਮਾਹਿਰ ਡਾਕਟਰ ਦੀ ਸਲਾਹ ਨਾਲ ਜਾਂਚ ਕਰਾਉਣ ਲਈ ਕਿਹਾ ਤਾਂ ਜੁ ਕਿਸੇ ਵੀ ਤਕਲੀਫ਼ ਦਾ ਸਮੇਂ ਸਿਰ ਪਤਾ ਲਾ ਕੇ ਇਲਾਜ ਸ਼ੁਰੂ ਕੀਤਾ ਜਾ ਸਕੇ।

ਜ਼ਿਲ੍ਹਾ ਟੀਕਾਕਰਨ ਅਫ਼ਸਰ, ਡਾ. ਬਰਾੜ ਨੇ ਦੱਸਿਆ ਕਿ ਸਰਕਾਰ ਦੁਆਰਾ 10 ਅਤੇ 16 ਸਾਲ ਦੀ ਉਮਰ ਦੇ ਬੱਚਿਆਂ ਨੂੰ ਟੀ.ਡੀ.ਵੈਕਸੀਨੇਸ਼ਨ ਲਾਈ ਜਾ ਰਹੀ ਹੈ। ਟੀ. ਡੀ. ਵੈਕਸੀਨ ਸਿਹਤ ਵਿਭਾਗ ਦੀ ਤਰਫੋਂ ਜਨਵਰੀ ਮਹੀਨੇ ਤੱਕ ਕੰਪੇਨ ਮੋਡ ਵਿੱਚ ਸਿਹਤ ਸੰਸਥਾਵਾਂ ਅਤੇ ਸਕੂਲਾਂ ਵਿੱਚ ਜਾ ਕੇ 10 ਤੇ 16 ਸਾਲ ਦੀ ਉਮਰ ਵਾਲੇ ਬੱਚਿਆਂ ਦੇ ਲਗਾਈ ਜਾਵੇਗੀ।ਇਹ ਵੈਕਸੀਨ ਬੱਚਿਆਂ ਨੂੰ ਟੈਟਨਸ ਤੇ ਡੈਪਥੀਰੀਆ ਤੋਂ ਬਚਾਉਂਦੀ ਹੈ।

ਇਸ ਮੌਕੇ ਮਾਸ ਮੀਡੀਆ ਵਿੰਗ ਦੀ ਤਰਫੋਂ ਵਿਜੈ ਕੁਮਾਰ ਤੇ ਦਰਸ਼ਨ ਸਿੰਘ ਨੇ ਦੱਸਿਆ ਕਿ ਟੀ.ਡੀ. ਵੈਕਸੀਨ ਸਬੰਧੀ ਲੋਕਾਂ ਨੂੰ ਐਜੂਕੇਸ਼ਨ ਕੈਂਪ ਲਾ ਕੇ, ਗਰੁੱਪ ਮੀਟਿੰਗਾਂ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੁ ਕੋਈ ਵੀ ਯੋਗ ਬੱਚਾ ਇਸ ਵੈਕਸੀਨ ਤੋਂ ਵਾਂਝਾ ਨਾ ਰਹੇ।ਇਸ ਮੌਕੇ ਨਰਸਿੰਗ ਸਟਾਫ ਤੋਂ ਇਲਾਵਾ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਅਤੇ ਕ੍ਰਮਚਾਰੀ ਵੀ ਮੌਜੂਦ ਹਨ।

# ਭਾਰਤੀ ਜਨਤਾ ਪਾਰਟੀ ਦੇ ਕਾਰਜਕਰਤਾਵਾਂ ਦੀ ਮੀਟਿੰਗ



**ਫਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਅੱਜ ਭਾਰਤੀ ਜਨਤਾ ਪਾਰਟੀ ਦੀ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਦੀ ਕਾਰਜਕਰਤਾਵਾਂ ਦੀ ਮੀਟਿੰਗ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਪ੍ਰਧਾਨ ਦੀਦਾਰ ਸਿੰਘ ਭੱਟੀ ਦੀ ਪ੍ਰਧਾਨਗੀ ਹੇਠ ਭੱਟੀ ਫਾਰਮ 'ਤੇ ਹੋਈ ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਅਵਿਨਾਸ਼ ਰਾਏ ਖੰਨਾ ਰਾਸ਼ਟਰੀ ਮੀਤ ਪ੍ਰਧਾਨ ਭਾਰਤੀ ਜਨਤਾ ਪਾਰਟੀ ਅਤੇ ਪਰਮਿੰਦਰ ਸਿੰਘ ਬਰਾੜ ਪ੍ਰਦੇਸ਼ ਜਨਰਲ ਸਕੱਤਰ ਪੰਜਾਬ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ 'ਚ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ 'ਚ ਭਾਰਤੀ ਜਨਤਾ ਪਾਰਟੀ ਨੂੰ ਬੂਥ ਲੈਵਲ ਤੱਕ ਲੈ ਕੇ ਜਾਣ ਲਈ ਵਿਚਾਰ ਕੀਤੇ ਅਤੇ ਅਵਿਨਾਸ਼ ਰਾਏ ਖੰਨਾ ਨੇ ਬਹੁਤ ਵਧੀਆ ਸੁਝਾ ਦਿੱਤੇ ਜਿਸ ਨਾਲ ਵਰਕਰਾਂ ਦਾ ਉਤਸ਼ਾਹ ਵਧਿਆ। ਇਸ ਮੀਟਿੰਗ ਵਿੱਚ ਅਯੋਧਿਆ ਵਿਖੇ ਏਅਰਪੋਰਟ ਦਾ ਨਾਂ ਭਗਵਾਨ ਵਾਲਮੀਕੀ ਦੇ ਨਾਂ 'ਤੇ ਰੱਖਣ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸ਼ਲਾਘਾ ਕੀਤੀ ਅਤੇ ਮੀਟਿੰਗ ਵਿੱਚ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ ਅਤੇ ਨਾਲ ਹੀ ਅੰਮ੍ਰਿਤਸਰ ਤੋਂ ਦਿੱਲੀ ਲਈ ਜੋ ਬੰਦੇ ਭਾਰਤ ਟ੍ਰੇਨ ਚਲਾਈ ਗਈ ਹੈ ਉਸ ਲਈ ਵੀ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ ਗਿਆ। ਇਸ ਮੀਟਿੰਗ ਵਿੱਚ ਨੌਂ ਵਿਧਾਨ ਸਭਾ ਹਲਕਿਆਂ ਵਿੱਚੋਂ ਸਾਰੇ ਜ਼ਿਲ੍ਹਾ ਪ੍ਰਧਾਨ ਅਤੇ ਜਨਰਲ ਸਕੱਤਰ ਵੱਖ-ਵੱਖ ਮੰਡਲਾਂ ਦੇ ਸਾਰੇ ਪ੍ਰਧਾਨ ਉਨ੍ਹਾਂ ਦੇ ਜਨਰਲ ਸਕੱਤਰ ਸਾਰੇ ਹੀ ਮੋਰਚਿਆਂ ਦੇ ਪ੍ਰਧਾਨ ਅਤੇ ਜਨਰਲ ਸਕੱਤਰ ਹਾਜ਼ਰ ਸਨ। ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਪ੍ਰਧਾਨ ਦੀਦਾਰ ਸਿੰਘ ਭੱਟੀ ਨੇ ਕਿਹਾ ਕਿ ਅਵਿਨਾਸ਼ ਰਾਏ ਖੰਨਾ ਵੱਲੋਂ ਦਿੱਤੇ ਗਏ ਵਿਚਾਰ ਅਤੇ ਸੁਝਾਅ 'ਤੇ ਅਸੀਂ ਜੇ ਸਾਰੇ ਰਲ ਮਿਲ ਕੇ ਪਹਿਰਾ ਦੇਈਏ ਤਾਂ ਉਹ ਦਿਨ ਦੂਰ ਨਹੀਂ ਕਿ ਅਸੀਂ ਫਤਿਹਗੜ੍ਹ ਸਾਹਿਬ ਦੀ ਲੋਕ ਸਭਾ ਸੀਟ ਜਿੱਤ ਕੇ ਨਰਿੰਦਰ ਮੋਦੀ ਦੀ ਝੋਲੀ ਵਿੱਚ ਪਾਵਾਂਗੇ।

# 'ਪ੍ਰਸਿੱਧ ਕਿਸਾਨ ਲਹਿਰਾਂ - ਇੱਕ ਨਜ਼ਰ' ਪੁਸਤਕ ਲੋਕ ਅਰਪਣ



**ਲਹਿਰਾਗਾਗਾ (ਪਵਨ)**-19ਵੀਂ 20ਵੀਂ ਸਦੀ 'ਚ ਦੇਸ਼ ਦੇ ਵੱਖ-ਵੱਖ ਹਿੱਸਿਆਂ 'ਚ ਚੱਲੀਆਂ ਯੁੱਗ ਪਲਟਾਊ ਕਿਸਾਨ ਲਹਿਰਾਂ ਸਬੰਧੀ ਰਣਜੀਤ ਲਹਿਰਾ ਵੱਲੋਂ ਅਨੁਵਾਦਤ ਅਤੇ ਸੰਪਾਦਿਤ ਪੁਸਤਕ ਪ੍ਰਸਿੱਧ ਕਿਸਾਨੀ ਲਹਿਰਾਂ-ਇੱਕ ਨਜ਼ਰ ਅੱਜ ਇੱਥੇ ਜਨਤਕ ਜਮਹੂਰੀ ਜਥੇਬੰਦੀਆਂ ਦੇ ਆਗੂਆਂ ਵੱਲੋਂ ਲੋਕ ਅਰਪਨ ਕੀਤੀ ਗਈ। ਇਸ ਮੌਕੇ ਖੇਤੀਬਾੜੀ ਅਤੇ ਕਿਸਾਨੀ ਵਿਕਾਸ ਫਰੰਟ ਦੇ ਆਗੂ ਮਹਿੰਦਰ ਸਿੰਘ ਨੇ ਕਿਹਾ ਕਿ ਬੀਤੇ ਦੇ ਇਤਿਹਾਸਕ ਕਿਸਾਨੀ ਸੰਘਰਸ਼ਾਂ ਨੂੰ ਇੱਕ ਦਸਤਾਵੇਜ਼ ਵਜੋਂ ਸਾਂਭਣਾ ਸ਼ਲਾਘਾਯੋਗ ਉਪਰਾਲਾ ਹੈ ਜਿਹੜਾ ਭਵਿੱਖ ਦੇ ਕਿਸਾਨ ਅੰਦੋਲਨਾਂ ਦੀ ਦਿਸ਼ਾ ਤੈਅ ਕਰਨ 'ਚ ਅਹਿਮ ਯੋਗਦਾਨ ਪਾਵੇਗਾ। ਲੋਕ ਚੇਤਨਾ ਮੰਚ ਦੇ ਸਕੱਤਰ ਮਾਸਟਰ ਹਰਭਗਵਾਨ ਗੁਰਨੇ ਅਤੇ ਮਾਸਟਰ ਰਘਬੀਰ ਭੁਟਾਲ ਨੇ ਕਿਹਾ ਕਿ ਲਹਿਰਾਂ ਤੇ ਅੰਦੋਲਨ ਹਮੇਸ਼ਾ ਇਤਿਹਾਸ ਤੋਂ ਸੇਧ ਲੈ ਕੇ ਹੀ ਅੱਗੇ ਵਧਦੇ ਹਨ। ਇਤਿਹਾਸਕ ਅੰਦੋਲਨਾਂ ਦੇ ਸਬਕ ਸਾਨੂੰ ਪ੍ਰਾਪਤੀਆਂ ਅਤੇ ਘਾਟਾਂ ਦਾ ਮੁਲੰਕਣ ਕਰਨ ਲਈ ਪ੍ਰੇਰਿਤ ਕਰਦੇ ਹਨ। ਲੇਖਕ ਤੇ ਕਲਾਕਾਰ ਜਗਦੀਸ਼ ਪਾਪੜਾ ਅਤੇ ਕਿਸਾਨ ਆਗੂ ਲਛਮਣ ਸਿੰਘ ਅਲੀਸ਼ੇਰ ਨੇ ਕਿਹਾ ਕਿ ਤਿੰਨ ਕਾਲ਼ੇ ਖੇਤੀ ਕਾਨੂੰਨਾਂ ਖਿਲਾਫ਼ ਦਿੱਲੀ ਦੇ ਬਾਰਡਰਾਂ 'ਤੇ ਲੜੇ ਗਏ ਇਤਿਹਾਸਕ ਅੰਦੋਲਨ ਨੇ ਕਿਸਾਨੀ ਮਸਲਿਆਂ ਅਤੇ ਕਿਸਾਨੀ ਘੋਲਾਂ ਬਾਰੇ ਜਾਣਨ ਦੀ ਉਤਸੁਕਤਾ ਪੈਦਾ ਕੀਤੀ ਹੈ।ਇਹ ਪੁਸਤਕ ਯਕੀਨਨ ਬੀਤੇ ਦੀਆਂ ਕਿਸਾਨ ਲਹਿਰਾਂ ਬਾਰੇ ਪਾਠਕਾਂ ਦੀ ਜਗਿਆਸਾ ਪੂਰੀ ਕਰਨ 'ਚ ਸਹਾਈ ਹੋਵੇਗੀ।ਇਸ ਮੌਕੇ ਸ਼ਮਿੰਦਰ ਸਿੰਘ, ਤਰਸੇਮ ਭੋਲੂ, ਦੀਪੀ ਭੁਟਾਲ, ਭੀਮ ਸਿੰਘ, ਗੁਰਪ੍ਰੀਤ ਸਿੰਘ ਢੀਂਡਸਾ ਅਤੇ ਰਣਦੀਪ ਸੰਗਤਪੁਰਾ, ਰਾਜਪਾਲ ਕੌਰ, ਸੁਖਦੇਵ ਚੰਗਾਲੀਵਾਲਾ, ਅਮਰੀਕ ਗੁਰਨੇ ਨੇ ਪੁਸਤਕ ਦੇ ਅਨੁਵਾਦਕ ਤੇ ਸੰਪਾਦਕ ਰਣਜੀਤ ਲਹਿਰਾ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਪੁਸਤਕ ਕਿਸਾਨ ਜਥੇਬੰਦੀਆਂ ਦੇ ਕਾਰਕੁਨਾਂ ਲਈ ਜਾਣਕਾਰੀ ਭਰਪੂਰ ਸਿੱਧ ਹੋਵੇਗੀ। ਇਸ ਪੁਸਤਕ 'ਚ ਰਣਜੀਤ ਲਹਿਰਾ ਵੱਲੋਂ 18 ਪ੍ਰਸਿੱਧ ਕਿਸਾਨ ਲਹਿਰਾਂ ਬਾਰੇ ਲੇਖ ਸ਼ਾਮਲ ਕੀਤੇ ਗਏ ਹਨ ਜਿਨ੍ਹਾਂ 'ਚ ਬੰਗਾਲ ਦਾ ਨੀਲ ਵਿਦਰੋਹ, ਤੇਲੰਗਾਨਾ ਦੀ ਕਿਸਾਨ ਬਗਾਵਤ, ਚੰਪਾਰਣ ਅੰਦੋਲਨ, ਤੇਭਾਗਾ ਲਹਿਰ, ਕੁਲੀ ਵਗਾਰ ਦੇ ਖਿਲਾਫ਼ ਸੰਘਰਸ਼, ਮੋਪਲਾ ਵਿਦਰੋਹ, ਮਹਾਰਾਸ਼ਟਰ ਦਾ ਵਾਰਲੀ ਵਿਦਰੋਹ, ਕਸ਼ਮੀਰ ਦੇ ਜ਼ਮੀਨੀ ਸੁਧਾਰ, ਰਾਜਸਥਾਨ ਦਾ ਬਿਜੌਲੀਆ ਅੰਦੋਲਨ, ਪੈਪਸੂ ਤੇ ਨੀਲੀਬਾਰ ਦੀਆਂ ਕਿਸਾਨ ਬਗਾਵਤਾਂ ਆਦਿ ਸ਼ਾਮਲ ਹਨ।

# ਮਾਘੀ ਮੇਲੇ 'ਚ ਸ਼੍ਰੋਮਣੀ ਅਕਾਲੀ ਦਲ ਦੀ ਕਾਨਫਰੰਸ ਸੰਬੰਧੀ ਵਲਟੋਹਾ ਨੇ ਵਰਕਰਾਂ ਨੂੰ ਕੀਤਾ ਲਾਮਬੰਦ



**ਫਿਰੋਜ਼ਪੁਰ, (ਗੁਰਬਚਨ ਸਿੰਘ ਸੋਨੂੰ)**-ਹਲਕਾ ਫਿਰੋਜ਼ਪੁਰ ਸ਼ਹਿਰੀ ਅਧੀਨ ਪੈਂਦੇ ਪਿੰਡ ਕੋਟਵਾਲ ਵਿਖੇ ਅੱਜ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਰੋਹਿਤ ਵੋਹਰਾ ਦੀ ਅਗਵਾਈ 'ਚ ਵੱਡਾ ਇਕੱਠ ਕੀਤਾ ਗਿਆ, ਜਿਸ ਵਿੱਚ ਮਾਘੀ ਮੇਲੇ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੀ ਹੋਣ ਵਾਲੀ ਕਾਨਫਰੰਸ ਦੀਆਂ ਤਿਆਰੀਆਂ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਵਿਰਸਾ ਸਿੰਘ ਵਲਟੋਹਾ ਅਤੇ ਬੀਬੀ ਹਰਗੋਬਿੰਦ ਕੌਰ ਪੰਜਾਬ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਇਸਤਰੀ ਵਿੰਗ ਵਿਸ਼ੇਸ ਤੌਰ 'ਤੇ ਪਹੁੰਚੇ, ਜਿਨ੍ਹਾਂ ਵੱਲੋਂ ਵਰਕਰਾਂ ਨੂੰ ਮਾਘੀ ਕਾਨਫਰੰਸ 'ਚ ਵੱਧ ਤੋਂ ਵੱਧ ਸੰਗਤ ਲੈ ਕੇ ਪਹੁੰਚਣ ਲਈ ਲਾਮਬੰਦ ਕੀਤਾ।

ਇਸ ਮੌਕੇ ਵਰਕਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸੀਨੀਅਰ ਆਗੂ ਵਿਰਸਾ ਸਿੰਘ ਵਲਟੋਹਾ ਨੇ ਕਿਹਾ ਕਿ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਹਮੇਸ਼ਾ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਹਨ, ਪਰ ਸ਼੍ਰੋਮਣੀ ਅਕਾਲੀ ਦਲ ਨਾਲ ਲੋਕ ਡਟ ਕੇ ਖੜ੍ਹੇ ਹਨ ਅਤੇ ਪਾਰਟੀ ਹਮੇਸ਼ਾ ਹਰ ਵੇਲੇ ਲੋਕਾਂ ਦੇ ਦੁੱਖ-ਸੁੱਖ ਵਿੱਚ ਸਹਾਰਾ ਬਣਦੀ ਰਹੀ ਹੈ। ਉਨ੍ਹਾ ਦੱਸਿਆ ਕਿ ਇਸ ਵਾਰ ਮਾਈ ਭਾਗੋ ਦੀ ਯਾਦ ਵਿੱਚ ਪਹਿਲੀ ਵਾਰ ਬੀਬੀਆਂ ਦਾ ਇਕੱਠ ਵੀ ਕੀਤਾ ਜਾਵੇਗਾ, ਜਿਸ ਸਬੰਧੀ ਉਨ੍ਹਾ ਵਰਕਰਾਂ ਨੂੰ ਲਾਮਬੰਦ ਕਰਦਿਆ ਕਿਹਾ ਕਿ ਉਹ ਵੱਧ ਤੋਂ ਵੱਧ ਸੰਗਤ ਆਪਣੇ ਨਾਲ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੀ ਕਾਨਫਰੰਸ 'ਚ ਪਹੁੰਚਣ। ਇਸ ਮੌਕੇ ਦਰਸ਼ਨ ਸਿੰਘ ਸ਼ੇਰ ਖਾਂ ਮੈਂਬਰ ਐਸ ਜੀ ਪੀ ਸੀ, ਚਮਕੌਰ ਸਿੰਘ ਜ਼ਿਲ੍ਹਾ ਪ੍ਰਧਾਨ, ਬਲਵਿੰਦਰ ਸਿੰਘ ਕੋਤਵਾਲ, ਗੁਰਭੇਜ ਸਿੰਘ ਸੂਬਾ ਜਦੀਦ, ਪਰਵਿੰਦਰ ਸਿੰਘ ਬੱਗੇ ਵਾਲਾ, ਹਰਮੀਤ ਸਿੰਘ ਖਾਈ, ਨਿਸ਼ਾਨ ਸਿੰਘ ਖਾਈ, ਦਿਲਬਾਗ ਸਿੰਘ ਵਿਰਕ, ਗੁਰਨੇਬ ਸਿੰਘ, ਗੁਰਪ੍ਰੀਤ ਸਿੰਘ ਕੁੱਲ, ਉਪਕਾਰ ਸਿੰਘ ਸਿੱਧੂ, ਦਰਸ਼ਨ ਸਿੰਘ ਰੁੱਕਨੇ ਵਾਲਾ, ਬੇਅੰਤ ਸਿੰਘ ਬੱਗੇ ਕੇ ਖੁਰਦ, ਜੁਗਰਾਜ ਸਿੰਘ, ਰਣਜੀਤ ਸਿੰਘ ਹਸਤੀ ਵਾਲਾ, ਬਲਕਰਨ ਸਿੰਘ ਹਾਜੀਵਾਲਾ, ਬਲੀਹਾਰ ਸਿੰਘ, ਨਰਿੰਦਰ ਸਿੰਘ ਜੋਸਨ, ਜਗਤਾਰ ਸਿੰਘ, ਜੰਗਾ ਸਿੰਘ ਰੱਤੋਵਾਲ, ਗੁਰਪ੍ਰਤਾਪ ਸਿੰਘ, ਸ਼ਮਿੰਦਰਪਾਲ ਸਿੰਘ ਸੋਢੀ, ਗੁਰਪ੍ਰੀਤ ਸਿੰਘ ਬਰਾੜ, ਬੂਟਾ ਸਿੰਘ ਭੁੱਲਰ ਆਦਿ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

# ਭਾਕਿਯੂ (ਏਕਤਾ) ਡਕੌਂਦਾ ਦਾ ਪੱਕਾ ਮੋਰਚਾ ਚੌਥੇ ਦਿਨ ਵੀ ਜਾਰੀ



**ਬੁਢਲਾਡਾ (ਅਸ਼ੋਕ ਲਾਕੜਾ)** ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਦੀ ਅਗਵਾਈ ਹੇਠ ਡੀਐਸਪੀ ਦੇ ਦਫਤਰ ਅੱਗੇ ਲਾਇਆ ਗਿਆ ਪੱਕਾ ਮੋਰਚਾ ਚੌਥੇ ਦਿਨ ਵੀ ਜਾਰੀ ਰਿਹਾ।ਦੱਸਣਯੋਗ ਹੈ ਕਿ ਧਰਨੇ ਵਿੱਚ ਮਾਨਸਾ ਤੋਂ ਇਲਾਵਾ ਫ਼ਰੀਦਕੋਟ ਜ਼ਿਲ੍ਹੇ ਤੋਂ ਪ੍ਰਧਾਨ ਜਸਕਰਨ ਸਿੰਘ, ਮੁਕਤਸਰ ਸਾਹਿਬ ਤੋਂ ਗੁਰਦੀਪ ਸਿੰਘ ਖੁੱਡੀਆਂ ਅਤੇ ਮਲੇਰਕੋਟਲਾ ਜ਼ਿਲ੍ਹੇ ਤੋਂ ਪ੍ਰਧਾਨ ਬੂਟਾ ਖਾਨ ਦੀ ਅਗਵਾਈ ਵਿੱਚ ਕਾਫ਼ਲੇ ਮੋਰਚੇ ਵਿੱਚ ਸ਼ਾਮਿਲ ਹੋਏ ।

ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਇਸ ਘੋਲ ਨੂੰ ਜਿੱਤ ਤੱਕ ਲਿਜਾਣ ਤੇ ਗੁੰਡਿਆਂ ਖਿਲਾਫ ਕਾਰਵਾਈ ਕਰਾਉਣ ਤੱਕ ਜਾਰੀ ਰੱਖਣ ਦਾ ਐਲਾਨ ਕੀਤਾ।

ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਕਿਸ਼ਨਗੜ੍ਹ ਨੇ ਸੰਬੋਧਿਤ ਹੁੰਦਿਆਂ ਕਿਹਾ ਕਿ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਾਅਦਾ ਕਰਨ ਦੇ ਬਾਵਜੂਦ ਸੂਬੇ ਵਿੱਚ ਕਈ ਥਾਵਾਂ ਤੇ ਆਬਾਦਕਾਰ ਕਿਸਾਨਾਂ ਤੋਂ ਜਮੀਨਾਂ ਖੋਹਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਦੀ ਅਗਵਾਈ ਹੇਠ ਕੁਲਰੀਆਂ ਦੇ ਕਿਸਾਨਾਂ ਦਾ ਇਹ ਘੋਲ ਛੇ ਮਹੀਨੇ ਤੋਂ ਵੀ ਵੱਧ ਸਮੇਂ ਤੋਂ ਚੱਲ ਰਿਹਾ ਹੈ, ਪਰ ਅਖੌਤੀ ਬਦਲਾਅ ਅਤੇ ਇਨਕਲਾਬ ਦੇ ਨਾਅਰੇ ਹੇਠ ਸੱਤਾ 'ਤੇ ਕਾਬਜ਼ ਹੋਈ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਦੇ ਨਸ਼ੇ ਵਿੱਚ ਚੂਰ ਹੋ ਕੇ ਕਿਸਾਨਾਂ ਦੀ ਗੱਲ ਸੁਣਨ ਤੋਂ ਇਨਕਾਰੀ ਹੈ। ਸੂਬਾ ਕਮੇਟੀ ਮੈਂਬਰ ਮੱਖਣ ਸਿੰਘ ਭੈਣੀ ਬਾਘਾ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਦਮੀ ਪਾਰਟੀ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਦੀ ਸ਼ਹਿ 'ਤੇ ਕਿਸਾਨਾਂ ਦੀ ਜ਼ਮੀਨ ਖੋਹਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਅਤੇ ਉਸੇ ਦੀ ਹੀ ਸ਼ਹਿ 'ਤੇ ਸਰਪੰਚ ਰਾਜਵੀਰ ਸਿੰਘ ਆਪਣੀ ਗੁੰਡਾ ਢਾਣੀ ਨਾਲ ਕਿਸਾਨਾਂ 'ਤੇ ਵਾਰ-ਵਾਰ ਹਮਲੇ ਕਰ ਰਿਹਾ ਹੈ। ।

ਉਪਰੋਕਤ ਤੋਂ ਇਲਾਵਾ ਇਕੱਠ ਨੂੰ ਮਾਨਸਾ ਜ਼ਿਲੇ ਦੇ ਪ੍ਰਧਾਨ ਲਖਵੀਰ ਸਿੰਘ ਅਕਲੀਆ, ਇੰਦਰਜੀਤ ਸਿੰਘ ਸਕੱਤਰ ਲੁਧਿਆਣਾ, ਦਰਸ਼ਨ ਸਿੰਘ ਧਰਮਪੁਰਾ, ਗੁਰਦੀਪ ਸਿੰਘ ਖੁੱਡੀਆਂ, ਬਲਕਾਰ ਸਿੰਘ ਚਹਿਲਾਂਵਾਲੀ, ਬਲਵਿੰਦਰ ਸ਼ਰਮਾ, ਤਰਸੇਮ ਸਿੰਘ ਚੱਕ ਅਲੀਸ਼ੇਰ, ਅਜੈਬ ਸਿੰਘ ਕਣਕਵਾਲ, ਜੋਰਾ ਸਿੰਘ ਜਨਰਲ ਸਕੱਤਰ ਫ਼ਰੀਦਕੋਟ, ਜਗਜੀਵਨ ਸਿੰਘ ਹਸਨਪੁਰ, ਸੱਤਪਾਲ ਸਿੰਘ ਵਰ੍ਹੇ, ਬਲਜਿੰਦਰ ਸਿੰਘ ਚਹਿਲਾਂਵਾਲੀ, ਬਲਜੀਤ ਸਿੰਘ ਭੈਣੀ ਬਾਘਾ, ਦੇਵੀ ਰਾਮ ਰੰਘੜਿਆਲ, ਬਲਕਾਰ ਸਿੰਘ ਚਹਿਲਾਂ ਵਾਲੀ ਤੇ ਉਗਰਾਹਾਂ ਦੇ ਅਜੈਬ ਸਿੰਘ ਕਣਕਵਾਲ, ਜਗਸੀਰ ਸਿੰਘ ਦੋਦੜਾ ਨੇ ਵੀ ਸੰਬੋਧਨ ਕੀਤਾ।

# ਸਪੀਕਰ ਸੰਧਵਾਂ ਨੇ ਧੂੜਕੋਟ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ



**ਕੋਟਕਪੂਰਾ (ਰਛਪਾਲ ਭੁੱਲਰ)**-ਪਿੰਡ ਧੂੜਕੋਟ ਵਿਖੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਗੁਰਮੀਤ ਸਿੰਘ ਗਿੱਲ ਦੇ ਗ੍ਰਹਿ ਵਿਖੇ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਸੁਣੀਆਂ। ਇਸ ਮੌਕੇ ਉਨ੍ਹਾ ਦੱਸਿਆ ਕਿ ਆਨਲਾਈਨ ਵਿਧੀ ਰਾਹੀਂ ਸਰਕਾਰੀ ਵਿਭਾਗਾਂ 'ਚ ਕੀਤੇ ਜਾ ਰਹੇ ਕੰਮਾਂ ਸਦਕਾ ਲੋਕਾਂ ਨੂੰ ਕਾਫੀ ਹੱਦ ਤੱਕ ਸਮੱਸਿਆਵਾਂ ਤੋਂ ਛੁਟਕਾਰਾ ਮਿਲਿਆ ਹੈ। ਉਨ੍ਹਾ ਦੱਸਿਆ ਕਿ ਪਹਿਲਾਂ ਲੋਕ ਮਿਲਣੀ ਦੌਰਾਨ ਵੱਡੀ ਗਿਣਤੀ 'ਚ ਲੋਕ ਆਪਣੀਆਂ ਮੰਗਾਂ ਅਤੇ ਸਮੱਸਿਆਵਾਂ ਲੈ ਕੇ ਆਉਂਦੇ ਸਨ ਪਰੰਤੂ ਆਨਲਾਈਨ ਵਿਧੀ ਰਾਹੀਂ ਜਿੱਥੇ ਕੰਮ ਜਲਦੀ ਹੋ ਜਾਂਦਾ ਹੈ, ਉਥੇ ਲੋਕਾਂ ਦੀ ਖੱਜਲ ਖੁਆਰੀ ਵੀ ਘੱਟ ਹੋਈ ਹੈ।ਉਨ੍ਹਾ ਦੱਸਿਆ ਕਿ ਪੰਜਾਬ ਸਰਕਾਰ ਨੇ ਸੇਵਾ ਕੇਂਦਰ, ਸਾਂਝ ਕੇਂਦਰ ਅਤੇ ਸੁਵਿਧਾ ਕੇਂਦਰਾਂ ਦੀ ਕਾਰਗੁਜ਼ਾਰੀ ਨੂੰ ਦਰੁਸਤ ਕੀਤਾ ਹੈ। ਹੁਣ ਕੋਈ ਵੀ ਕੰਮ ਜਿਵੇਂ ਫਰਦ ਸਬੰਧੀ, ਜਨਮ ਅਤੇ ਮੌਤ ਦੇ ਸਰਟੀਫਿਕੇਟ ਅਤੇ ਇੱਥੋਂ ਤੱਕ ਕਿ ਜੁਰਮ ਨਾਲ ਸੰਬੰਧਤ ਕੇਸਾਂ ਲਈ ਵੀ ਲੋਕ ਕੰਟਰੋਲ ਰੂਮ ਨੰਬਰ 100 ਅਤੇ 181 'ਤੇ ਫੋਨ ਕਰਕੇ ਆਪਣੀ ਸਮੱਸਿਆ ਦਾ ਨਿਧਾਨ ਕਰਵਾ ਸਕਦੇ ਹਨ। ਉਨ੍ਹਾ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜੇਕਰ ਲੋਕਾਂ ਨੂੰ ਫਿਰ ਵੀ ਕਿਸੇ ਕਿਸਮ ਦੀ ਸਮੱਸਿਆ ਆਉਂਦੀ ਹੈ ਤਾਂ ਉਨ੍ਹਾ ਦੇ ਦਰ ਹਮੇਸ਼ਾ ਖੁੱਲ੍ਹੇ ਰਹਿੰਦੇ ਹਨ।ਉਨ੍ਹਾ ਦੱਸਿਆ ਕਿ ਪਿੰਡਾਂ 'ਚ ਆਮ ਤੌਰ 'ਤੇ ਲੋਕਾਂ ਨੂੰ ਛੱਪੜਾਂ, ਗਲੀਆਂ, ਨਾਲੀਆਂ ਅਤੇ ਸੀਵਰੇਜ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿਸ ਦੇ ਢੁਕਵੇਂ ਹੱਲ ਲਈ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਵੱਲੋਂ ਸੰਬੰਧਤ ਮਹਿਕਮੇ ਦੇ ਅਧਿਕਾਰੀਆਂ ਦੀ ਡਿਊਟੀ ਲਗਾ ਕੇ ਕਹਿ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ 8 ਜਨਵਰੀ ਤੋਂ 14 ਜਨਵਰੀ ਤੱਕ ਬੱਚਿਆਂ ਦੀਆਂ ਆਨਲਾਈਨ ਕਲਾਸਾਂ ਦਾ ਉਪਰਾਲਾ ਕੀਤਾ ਗਿਆ ਹੈ ਤਾਂ ਜੋ ਬੱਚੇ ਠੰਢ ਤੋਂ ਵੀ ਬਚੇ ਰਹਿਣ ਅਤੇ ਪੜ੍ਹਾਈ ਦਾ ਨੁਕਸਾਨ ਵੀ ਨਾ ਹੋਵੇ। ਇਸ ਮੌਕੇ ਗੁਰਮੀਤ ਸਿੰਘ ਬਲਾਕ ਪ੍ਰਧਾਨ ਧੂੜਕੋਟ, ਰਾਜਵਿੰਦਰ ਸਿੰਘ ਖੋਸਾ, ਗੁਰਸੇਵਕ ਸਿੰਘ, ਅਜੀਤ ਸਿੰਘ, ਬਲਵੰਤ ਸਿੰਘ, ਇੰਦਰਪਾਲ ਸਿੰਘ, ਅਵਤਾਰ ਸਿੰਘ, ਬਲਵਿੰਦਰ ਸਿੰਘ, ਗੁਰਜੰਟ ਸਿੰਘ, ਜਸਵੀਰ ਸਿੰਘ ਅਤੇ ਪਿੰਡ ਵਾਸੀ ਹਾਜ਼ਰ ਸਨ।

# ਭਾਰਤੀਯ ਅੰਬੇਡਕਰ ਮਿਸ਼ਨ ਦੀ 2024 ਲਈ ਪਹਿਲੀ ਸੂਚੀ ਜਾਰੀ



**ਸੰਗਰੂਰ (ਪ੍ਰਵੀਨ ਸਿੰਘ)**- ਭਾਰਤੀਯ ਅੰਬੇਡਕਰ ਮਿਸ਼ਨ (ਰਜਿ:) ਭਾਰਤ ਵੱਲੋਂ ਸ਼੍ਰੀਮਤੀ ਪੂਨਮ ਕਾਂਗੜਾ ਮੁੱਖ ਸਰਪ੍ਰਸਤ ਭਾਰਤੀਯ ਅੰਬੇਡਕਰ ਮਿਸ਼ਨ ਦੀ ਅਨੁਮਤੀ ਨਾਲ ਮਿਸ਼ਨ ਦੇ ਕੌਮੀ ਪ੍ਰਧਾਨ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਵੱਲੋਂ ਸਾਲ 2024 ਲਈ ਨਵੀਂ ਟੀਮ ਦੀ ਘੋਸ਼ਣਾ ਕਰਦਿਆਂ 6 ਮਹਿਲਾਵਾਂ ਸਣੇ ਸੂਬੇ ਦੇ 30 ਜ਼ਿਲ੍ਹਾ ਪ੍ਰਧਾਨਾਂ ਦੇ ਨਾਵਾਂ ਦੀ ਪਹਿਲੀ ਸੂਚੀ ਜਾਰੀ ਕੀਤੀ ਗਈ, ਜਿਸ ਵਿੱਚ ਸੁਖਪਾਲ ਸਿੰਘ ਭੰਮਾਬੱਦੀ ਜ਼ਿਲ੍ਹਾ ਸੰਗਰੂਰ, ਯਾਦਵਿੰਦਰ ਸਿੰਘ ਪਟਿਆਲਾ ਸ਼ਹਿਰੀ, ਦਿਲਬਰ ਖ਼ਾਨ ਪਟਿਆਲਾ ਦਿਹਾਤੀ, ਕੇਵਲ ਸਿੰਘ ਬਾਠਾਂ ਮਾਲੇਰਕੋਟਲਾ, ਮਲਕੀਤ ਸਿੰਘ ਮੀਤਾ ਠੇਕੇਦਾਰ ਬਰਨਾਲਾ, ਜਰਨੈਲ ਸਿੰਘ ਬੱਲੂਆਣਾ ਬਠਿੰਡਾ ਦਿਹਾਤੀ, ਰੁਪਿੰਦਰ ਸਿੰਘ ਐਡਵੋਕੇਟ, ਕੋਟਫੱਤਾ ਬਠਿੰਡਾ ਸ਼ਹਿਰੀ, ਕਿਰਤਪਾਲ ਸਿੰਘ ਮਾਨਸਾ, ਰਵੀ ਸਿੰਘ ਸ਼੍ਰੀ ਮੁਕਤਸਰ ਸਾਹਿਬ, ਰੇਨੂੰ ਸਹੋਤਾ ਫਾਜ਼ਿਲਕਾ, ਰਾਜ ਕੁਮਾਰ ਗੁਰੂ ਹਰਸਹਾਏ ਫਿਰੋਜ਼ਪੁਰ, ਹਰਜਿੰਦਰ ਸਿੰਘ ਫਰੀਦਕੋਟ, ਜਮਲਾ ਸਿੰਘ ਮੋਗਾ, ਨੇਹਾ ਚੰਨਾਲੀਆ ਲੁਧਿਆਣਾ ਸ਼ਹਿਰੀ, ਹਰਜਿੰਦਰ ਸਿੰਘ ਪਮਾਲ ਲੁਧਿਆਣਾ ਦਿਹਾਤੀ, ਸਰਬਣ ਕੁਮਾਰ ਸਰਪੰਚ ਰੋਪੜ, ਮਨਦੀਪ ਕੌਰ ਸਰਪੰਚ ਤੁਰਾਂ, ਸ਼੍ਰੀ ਫਤਿਹਗੜ੍ਹ ਸਾਹਿਬ, ਇੰਦਰਜੀਤ ਸਿੰਘ ਸਿੱਧੂ ਸ਼ਹੀਦ ਭਗਤ ਸਿੰਘ ਨਗਰ, ਨਵਾਂਸ਼ਹਿਰ, ਸਤਵਿੰਦਰ ਸਿੰਘ ਹੁਸ਼ਿਆਰਪੁਰ ਦਿਹਾਤੀ, ਹਰਿੰਦਰ ਸਿੰਘ ਐਡਵੋਕੇਟ ਹੁਸ਼ਿਆਰਪੁਰ ਸ਼ਹਿਰੀ, ਰਾਜ ਕੁਮਾਰੀ ਪਠਾਨਕੋਟ, ਨਵੀਤਾ ਕੁਮਾਰੀ ਗੁਰਦਾਸਪੁਰ, ਦੀਪਕ ਕੁਮਾਰ ਸ਼੍ਰੀ ਅੰਮ੍ਰਿਤਸਰ ਸਹਿਬ ਸ਼ਹਿਰੀ, ਸ਼ਰਨਜੀਤ ਸਿੰਘ ਖੈਰਾਬਾਦ ਸ਼੍ਰੀ ਅੰਮ੍ਰਿਤਸਰ ਸਹਿਬ ਦਿਹਾਤੀ, ਗੁਰਮੇਲ ਸਿੰਘ ਸਰਪੰਚ ਤਰਨਤਾਰਨ, ਹਰਵਿੰਦਰ ਕੌਰ ਮੋਨਾਂ ਘਾਰੂ ਐਸਏਐਸ ਨਗਰ ਮੋਹਾਲੀ, ਮਨਜੀਤ ਸਿੰਘ ਗਿੱਲ ਕਪੂਰਥਲਾ, ਵਿਪਨਦੀਪ ਸਿੰਘ ਜਲੰਧਰ ਸ਼ਹਿਰੀ, ਲੱਬਰ ਸਿੰਘ ਸਰਪੰਚ ਜਲੰਧਰ ਦਿਹਾਤੀ ਤੇ ਇੰਦਰਜੀਤ ਸਿੰਘ ਨੂੰ ਜ਼ਿਲ੍ਹਾ ਪ੍ਰਧਾਨ ਪੁਲਿਸ ਜ਼ਿਲ੍ਹਾ ਖੰਨਾ ਨਿਯੁਕਤ ਕੀਤਾ ਗਿਆ।

# ਪਤਾਰਸੀ ਖੁਰਦ 'ਚ ਪਾਣੀ ਵਾਲੀ ਟੈਂਕੀ ਦਾ ਕੰਮ ਸ਼ੁਰੂ

**ਫਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਪਿੰਡ ਪਤਾਰਸੀ ਖੁਰਦ ਵਿਖੇ ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਪਾਣੀ ਵਾਲੀ ਟੈਂਕੀ ਦਾ ਕੰਮ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਰਾਏ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਸ ਟੈਂਕੀ ਦੇ ਬਣਨ ਨਾਲ ਪਿੰਡ ਵਾਲਿਆਂ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ 24 ਘੰਟੇ ਮਿਲੇਗੀ। ਇਸ ਨਾਲ ਪਿੰਡ ਵਾਲਿਆਂ ਨੂੰ ਪਾਣੀ ਦੀ ਆ ਰਹੀ ਸਮੱਸਿਆ ਤੋਂ ਨਿਜਾਤ ਮਿਲੇਗੀ। ਉਨ੍ਹਾ ਦੱਸਿਆ ਕਿ ਕਰੀਬ 12 ਲੱਖ ਰੁਪਏ ਦੀ ਲਾਗਤ ਨਾਲ ਇਹ ਟੈਂਕੀ ਉਸਾਰੀ ਜਾ ਰਹੀ ਹੈ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਹੁਕਮਾਂ ਅਨੁਸਾਰ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਵਾਇਆ ਜਾ ਰਿਹਾ ਹੈ । ਜਿੱਥੇ ਸਿੱਖਿਆ ਨੀਤੀ ਨੂੰ ਸੁਧਾਰਨ ਦੇ ਲਈ ਕਦਮ ਚੁੱਕੇ ਗਏ ਹਨ ਉੱਥੇ ਹੀ ਸਿਹਤ ਸਮੱਸਿਆਵਾਂ ਵੱਲ ਵੀ ਪੂਰਾ ਧਿਆਨ ਦਿੱਤਾ ਗਿਆ ਹੈ। ਉਨ੍ਹਾ ਕਿਹਾ ਕਿ ਲੋਕਾਂ ਦੀ ਸਰਕਾਰ ਲੋਕਾਂ ਦੇ ਦੁਆਰ ਮਿਸ਼ਨ ਤਹਿਤ ਪੰਜਾਬ ਸਰਕਾਰ ਵੱਲੋਂ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾ ਭਰੋਸਾ ਦਿਵਾਇਆ ਕਿ ਪਿੰਡ ਵਾਸੀਆਂ ਦੀਆਂ ਹੋਰ ਮੰਗਾਂ ਵੀ ਇੱਕ ਇੱਕ ਕਰਕੇ ਪੂਰੀਆਂ ਕੀਤੀਆਂ ਜਾਣਗੀਆਂ। ਪਿੰਡ ਵਾਸੀਆਂ ਵੱਲੋਂ ਵਿਧਾਇਕ ਲਖਬੀਰ ਸਿੰਘ ਰਾਏ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਿੱਕਰ ਸਿੰਘ ਰਾਜਿੰਦਰਗੜ੍ਹ, ਸਰਪੰਚ ਜਗਜੀਤ ਸਿੰਘ, ਨਾਨਕ ਸਿੰਘ, ਲਖਵੀਰ ਸਿੰਘ, ਕਮਲਜੀਤ ਸਿੰਘ, ਨਵਜੋਤ ਸਿੰਘ, ਬਲਜਿੰਦਰ ਸਿੰਘ, ਸਤੀਸ਼ ਲਟੌਰ ਆਦਿ ਵੀ ਹਾਜ਼ਰ ਸਨ।



# ਕੋਰ ਕਮੇਟੀ ਮੈਂਬਰਾਂ ਨੇ ਦਿੱਲੀ ਲੱਗਣ ਵਾਲੇ ਮੋਰਚੇ 'ਤੇ ਕੀਤੀ ਵਿਚਾਰ ਚਰਚਾ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਕੋਰ ਕਮੇਟੀ ਮੈਂਬਰਾਂ ਦੀ ਮੀਟਿੰਗ ਪਿੰਡ ਕਟੋਰਾ ਵਿਖੇ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸੂਬਾ ਆਗੂ ਸਤਨਾਮ ਸਿੰਘ ਪੰਨੂ ਵਿਸ਼ੇਸ਼ ਤੌਰ 'ਤੇ ਪਹੁੰਚੇ।

ਮੀਟਿੰਗ ਦੌਰਾਨ ਆਗੂਆਂ ਨੇ ਬਰਨਾਲਾ ਰੈਲੀ ਵਿਖੇ ਪਹੁੰਚੀ ਗਿਣਤੀ ਦੀ ਰਿਪੋਰਟ ਲੈਂਦਿਆਂ ਕਿਹਾ ਕਿ 13 ਫ਼ਰਵਰੀ ਤੋਂ ਦਿੱਲੀ ਵਿਖੇ ਲੱਗਣ ਵਾਲੇ ਮੋਰਚੇ ਦੀਆਂ ਤਿਆਰੀਆਂ ਹੁਣ ਤੋਂ ਹੀ ਪਿੰਡ ਇਕਾਈਆਂ ਦੀ ਮੀਟਿੰਗਾਂ ਕਰਕੇ ਸ਼ੁਰੂ ਕਰ ਦਿੱਤੀਆਂ ਜਾਣ ਤੇ ਹਰ ਇੱਕ ਕਿਸਾਨ ਮਜ਼ਦੂਰ, ਆਮ ਵਰਗਾਂ, ਸਮਾਜਸੇਵੀ ਸੰਸਥਾਵਾ ਤੱਕ ਮੋਰਚੇ ਦੀ ਆਵਾਜ਼ ਪੁੱਜਦੀ ਕਰਕੇ ਮੋਦੀ ਸਰਕਾਰ ਦੇ ਕਾਰਪੋਰੇਟ ਜਗਤ ਦੇ ਪੱਖੀ ਕੀਤੇ ਜਾ ਰਹੇ ਫੈਸਲਿਆਂ ਨੂੰ ਰੋਕ ਕੇ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ ਜਿਵੇਂ 23 ਫ਼ਸਲਾਂ ਦੀ ਐੱਮ ਐੱਸ ਪੀ ਲੈਣ, ਬਿਜਲੀ ਦੇ ਨਿੱਜੀਕਰਨ ਰੋਕਣ, ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਤੇ ਪੀੜਤਾਂ ਨੂੰ ਇਨਸਾਫ ਦਿਵਾਉਣ, ਕਿਸਾਨਾਂ ਮਜ਼ਦੂਰਾਂ ਦੇ ਸਮੁੱਚੇ ਕਰਜ਼ੇ ਖਤਮ ਕਰਨ, ਕਿਸਾਨਾਂ ਮਜ਼ਦੂਰਾਂ ਦੇ ਸੰਘਰਸ਼ਾਂ ਦੌਰਾਨ ਕੀਤੇ ਪਰਚੇ ਰੱਦ ਕਰਨ, ਪਿਛਲੇ ਦਿੱਲੀ ਅੰਦੋਲਨ ਦੀਆਂ ਮੰਗਾਂ ਲਾਗੂ ਕਰਵਾਉਣ, ਅਬਾਦਕਾਰਾਂ ਨੂੰ ਪੱਕੇ ਮਾਲਕੀ ਹੱਕ ਦੇਣ, ਨਸ਼ਿਆਂ ਦੀ ਰੋਕਥਾਮ, ਦਫ਼ਤਰਾਂ ਵਿੱਚ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ, ਮਨਰੇਗਾ ਸਕੀਮ ਤਹਿਤ ਕੰਮ ਦੇਣ ਆਦਿ ਮਸਲਿਆਂ ਨੂੰ ਲਾਗੂ ਕਰਵਾਇਆ ਜਾਵੇਗਾ।

ਇਸ ਮੌਕੇ ਧਰਮ ਸਿੰਘ ਸਿੱਧੂ, ਗੁਰਮੇਲ ਸਿੰਘ ਫੱਤੇਵਾਲਾ, ਬਲਜਿੰਦਰ ਸਿੰਘ ਤਲਵੰਡੀ ਨਿਪਾਲਾਂ, ਹਰਫੂਲ ਸਿੰਘ ਦੂਲੇ ਵਾਲੇ ਤੇ ਸੁਰਜੀਤ ਸਿੰਘ ਫੌਜੀ ਆਦਿ ਆਗੂ ਹਾਜ਼ਰ ਸਨ।

# ਹੱਕੀ ਮੰਗਾਂ ਨੂੰ ਲੈ ਕੇ ਪੈਨਸ਼ਨਰ ਐਸੋਸੀਏਸ਼ਨ ਨੇ ਸਰਕਾਰ ਦਾ ਪੁਤਲਾ ਫੂਕਿਆ



ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਸੂਬੇ ਅੰਦਰ ਚਿੱਟੇ ਦਿਨ ਹੋ ਰਹੀਆਂ ਲੁੱਟਾਂ-ਖੋਹਾਂ, ਚੋਰੀਆਂ ਅਤੇ ਡਕੈਤੀਆਂ ਦੀਆਂ ਵਾਰਦਾਤਾਂ 'ਚ ਲਗਾਤਾਰ ਵਾਧਾ ਹੋ ਰਿਹਾ ਹੈ।ਅਮਨ-ਕਾਨੂੰਨ ਜਿਵੇਂ ਖੰਭ ਲਾ ਕੇ ਉਡ ਗਿਆ। ਨਸ਼ਾ ਤਸਕਰਾਂ ਨਾਲ ਪੁਲਸ ਦੇ ਗੱਠਜੋੜ ਨੇ ਜਵਾਨੀ ਨੂੰ ਖੋਖਲਾ ਕਰ ਦਿੱਤਾ।ਪੁਲਸ ਵੱਲੋਂ ਨਸ਼ੇ ਨੂੰ ਠੱਲ੍ਹ ਪਾਉਣ ਲਈ ਮਹਿਜ਼ ਖਾਨਾਪੂਰਤੀ ਕੀਤੀ ਜਾ ਰਹੀ।ਪੈਨਸ਼ਨਰ ਐਸੋਸੀਏਸ਼ਨ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸੂਬਾ ਸਰਕਾਰ ਦਾ ਪੁਤਲਾ ਫੂਕਿਆ ।ਪੈਨਸ਼ਨਰ ਐਸੋਸੀਏਸ਼ਨ ਦੇ ਆਗੂ ਹਰਜਿੰਦਰ ਸਿੰਘ ਜੰਡ ਤੇ ਜਗਤਾਰ ਸਿੰਘ ਆਸਲ ਨੇ ਰੋਸ ਵਜੋਂ ਸੂਬਾ ਸਰਕਾਰ ਦਾ ਪੁਤਲਾ ਫੂਕਣ ਮੌਕੇ ਕਿਹਾ ਕਿ ਪੰਜਾਬ ਸਰਕਾਰ ਨੇ ਰਿਟਾਇਰਡ ਮੁਲਾਜ਼ਮ ਪੈਨਸ਼ਨਰਾ ਨੂੰ ਪੇ-ਕਮਿਸ਼ਨ ਦੀ ਰਿਪੋਰਟ ਅਨੁਸਾਰ 2.59 ਦਾ ਗੁਣਾਂਕ, ਬਣਦਾ ਬਕਾਇਆ ਰਾਸ਼ੀ ਤੇ ਬਣਦਾ ਡੀ. ਏ. ਨਹੀਂ ਦਿੱਤਾ।ਸਤਪਾਲ ਸ਼ਰਮਾ ਤੇ ਗੁਪਾਲ ਸਿੰਘ ਨੇ ਕਿਹਾ ਕਿ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਕੀਤੇ ਵਾਅਦੇ ਮੁਤਾਬਕ ਸਰਕਾਰ ਨੇ ਨਾ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਹੈ ਨਾ ਹੀ ਕੈਸ਼ਲੈੱਸ ਸਕੀਮ ਲਾਗੂ ਕੀਤੀ ਹੈ। ਧਰਮ ਸਿੰਘ ਪੱਟੀ ਤੇ ਹਰਭਜਨ ਸਿੰਘ ਚੂਸਲੇਵੜ ਨੇ ਕਿਹਾ ਕਿ ਇਸ ਸਰਕਾਰ ਦੇ ਰਾਜ ਵਿੱਚ ਦਿਨ-ਦਿਹਾੜੇ ਹੋ ਰਹੀਆਂ ਲੁੱਟਾਂ-ਖੋਹਾਂ, ਕਤਲੋਗਾਰਤ ਕਾਰਨ ਲੋਕ ਸਹਿਮੇ ਹੋਏ ਹਨ, ਡਰਦੇ ਮਾਰੇ ਬੇਰੋਜ਼ਗਾਰ ਨੌਜਵਾਨ ਵਿਦੇਸ਼ਾਂ ਨੂੰ ਕੂਚ ਕਰ ਰਹੇ ਹਨ ਤੇ ਕੁਝ ਨਸ਼ੇ ਦੀ ਭੇਟ ਚੜ੍ਹ ਰਹੇ ਹਨ ਤੇ ਸਰਕਾਰ ਇਸ ਗੰਧਲੇ ਹੋਏ ਪੰਜਾਬ ਨੂੰ ਰੰਗਲਾ ਪੰਜਾਬ ਦਾ ਹੋਕਾ ਦੇਣ ਦਾ ਝੂਠਾ ਢਕੌਂਜ ਕਰ ਰਹੀ ਹੈ।ਆਗੂਆਂ ਨੇ ਮੰਗ ਕੀਤੀ ਕਿ ਉਪਰੋਕਤ ਦੱਸੇ ਵਰਤਾਰੇ 'ਚ ਸੁਧਾਰ ਕੀਤਾ ਜਾਵੇ ਨਹੀਂ ਤਾਂ ਸੰਘਰਸ਼ ਵਿੱਢਾਂਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚਾਨਣ ਸਿੰਘ, ਦਰਸ਼ਨ ਸਿੰਘ, ਗੁਰਮੀਤ ਸਿੰਘ, ਮੋਹਨ ਸਿੰਘ, ਬਲਬੀਰ ਸਿੰਘ, ਓਮ ਪ੍ਰਕਾਸ਼, ਬੀਰ ਮਸੀਹ, ਅਜੀਤ ਸਿੰਘ, ਰਾਜ ਸਿੰਘ, ਮੰਗਲ ਸਿੰਘ, ਨਿਰਮਲ ਸਿੰਘ, ਬਲਵਿੰਦਰ ਸਿੰਘ ਸਰਹਾਲੀ ਵੀ ਹਾਜ਼ਰ ਸਨ ।

# ਅਸ਼ਲੀਲ ਹਰਕਤਾਂ ਕਰਨ ਵਾਲਾ ਅਧਿਆਪਕ ਜਲਦੀ ਪੁਲਸ ਗ੍ਰਿਫ਼ਤ 'ਚ ਹੋਵੇਗਾ: ਐੱਸ ਐੱਚ ਓ



ਮਜੀਠਾ( ਸੋਇਮ ਆਨੰਦ)-ਪਿੰਡ ਰੱਖ ਭੰਗਵਾਂ ਵਿਖੇ ਇਕ ਸਰਕਾਰੀ ਅਧਿਆਪਕ ਵਲੋਂ ਛੋਟੀਆਂ ਬੱਚੀਆਂ ਨਾਲ ਅਸ਼ਲੀਲ ਹਰਕਤਾਂ ਕਰਨ ਵਾਲਾ ਅਧਿਆਪਕ ਜਲਦੀ ਹੀ ਪੁਲਸ ਦੀ ਗ੍ਰਿਫਤ ਵਿਚ ਹੋਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਐੱਸਐੱਚਓ ਮਜੀਠਾ ਇੰਸਪੈਕਟਰ ਅਮੋਲਕ ਸਿੰਘ ਨੇ ਪੱਤਰਕਾਰਾਂ ਵਲੋਂ ਪੁੱਛੇ ਜਾਣ 'ਤੇ ਕੀਤਾ। ਉਨ੍ਹਾਂ ਕਿਹਾ ਕਿ ਇਸ ਸਬੰਧੀ ਜ਼ਿਲ੍ਹਾ ਪੁਲਸ ਮੁਖੀ ਅੰਮ੍ਰਿਤਸਰ ਦਿਹਾਤੀ ਦੀਆਂ ਹਦਾਇਤਾਂ ਅਨੁਸਾਰ ਪੁਲਸ ਦੀਆਂ ਵੱਖ-ਵੱਖ ਸਪੈਸ਼ਲ ਟੀਮਾਂ ਉਕਤ ਅਧਿਆਪਕ ਨੂੰ ਕਾਬੂ ਕਰਨ ਵਾਸਤੇ ਲਗਾਈਆਂ ਗਈਆਂ ਹਨ। ਇਸ ਦੇ ਨਾਲ ਹੀ ਉਸ ਦੇ ਰਿਸ਼ਤੇਦਾਰਾਂ ਅਤੇ ਸਬੰਧੀਆਂ ਪਾਸੋਂ ਉਸ ਦੇ ਟਿਕਾਣਿਆਂ ਸਬੰਧੀ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਉਸ ਦੀ ਗ੍ਰਿਫਤਾਰੀ ਵਾਸਤੇ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਸਪੈਸ਼ਲ ਵਿੰਗ ਵਲੋਂ ਉਸ ਦੇ ਮੋਬਾਇਲ ਫੋਨ ਦੀ ਲੋਕੇਸ਼ਨ ਦੇ ਆਧਾਰ 'ਤੇ ਵੀ ਛਾਪਾਮਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਦਾਅਵੇ ਨਾਲ ਕਿਹਾ ਕਿ ਪੁਲਸ ਉਕਤ ਅਧਿਆਪਕ ਦੇ ਬਹੁਤ ਨਜ਼ਦੀਕ ਪਹੁੰਚ ਚੁੱਕੀ ਹੈ। ਜਲਦੀ ਹੀ ਉਹ ਪੁਲਸ ਦੀ ਹਿਰਾਸਤ ਵਿਚ ਹੋਵੇਗਾ।

# ਮਜੀਠਾ 'ਚ ਐੱਸ. ਡੀ. ਐੱਮ. ਡਾ: ਹਰਨੂਰ ਕੌਰ ਢਿੱਲੋਂ ਲਹਿਰਾਉਣਗੇ ਤਿਰੰਗਾ



ਮਜੀਠਾ (ਸੋਇਮ ਆਨੰਦ)-ਦੇਸ਼ ਦਾ ਗਣਤੰਤਰ ਦਿਵਸ ਸ਼ਾਨੋ ਸ਼ੌਕਤ ਨਾਲ ਮਨਾਉਣ ਸਬੰਧੀ ਦੇਸ਼ ਭਰ ਵਿਚ ਤਿਆਰੀਆਂ ਚੱਲ ਰਹੀਆਂ ਹਨ ।ਇਸ ਸਿਲਸਿਲੇ ਵਿਚ ਮਜੀਠਾ ਦੀ ਦਾਣਾ ਮੰਡੀ ਵਿਚ ਗਣਤੰਤਰ ਦਿਵਸ ਪੂਰੀ ਸ਼ਾਨੋ-ਸ਼ੌਕਤ ਨਾਲ ਇਲਾਕਾ ਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।ਇਸ ਮੌਕੇ ਕਰਵਾਏ ਜਾਣ ਵਾਲੇ ਸਮਾਗਮ ਦੀਆਂ ਤਿਆਰੀਆਂ ਸਬੰਧੀ ਐੱਸਡੀਐੱਮ ਮਜੀਠਾ ਡਾ: ਹਰਨੂਰ ਕੌਰ ਢਿੱਲੋਂ ਦੀ ਨਿਗਰਾਨੀ ਹੇਠ ਤਹਿਸੀਲਦਾਰ ਮਜੀਠਾ ਰਤਨਜੀਤ ਖੁੱਲਰ ਦੀ ਅਗਵਾਈ ਵਿਚ ਵਿਸ਼ੇਸ਼ ਮੀਟਿੰਗ ਹੋਈ ਜਿਸ ਵਿਚ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਸ਼ਿਰਕਤ ਕੀਤੀ ਗਈ।ਮੀਟਿੰਗ ਵਿਚ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਇਸ ਦਿਹਾੜੇ ਨੂੰ ਪੂਰੀ ਸ਼ਾਨੋ-ਸ਼ੌਕਤ ਨਾਲ ਮਨਾਉਣ ਸਬੰਧੀ ਡਿਊਟੀਆਂ ਲਗਾਈਆਂ ਗਈਆਂ ਅਤੇ ਕਿਹਾ ਗਿਆ ਕਿ ਪੂਰੀ ਮਿਹਨਤ ਅਤੇ ਲਗਨ ਨਾਲ ਇਹ ਦਿਹਾੜਾ ਮਨਾਇਆ ਜਾਵੇ। ਤਹਿਸੀਲਦਾਰ ਮਜੀਠਾ ਨੇ ਦੱਸਿਆ ਕਿ ਇਸ ਸਬੰਧੀ ਕਰਾਏ ਜਾਣ ਵਾਲੇ ਸਮਾਗਮ ਦੀ ਰਿਹਰਸਲ ਚੱਲ ਰਹੀ ਹੈ। ਪਹਿਲੀ ਰਿਹਰਸਲ ਦਾ ਜਾਇਜ਼ਾ 19 ਜਨਵਰੀ ਨੂੰ ਲਿਆ ਜਾਵੇਗਾ ਅਤੇ 25 ਜਨਵਰੀ ਨੂੰ ਫੁੱਲ ਡਰੈਸ ਰਿਹਰਸਲ ਹੋਵੇਗੀ ।ਉਨ੍ਹਾਂ ਨੇ ਦੱਸਿਆ ਕਿ ਇਸ ਸ਼ੁਭ ਦਿਹਾੜੇ ਤੇ ਤਿਰੰਗੇ ਝੰਡਾ ਐੱਸ. ਡੀ. ਐੱਮ. ਮਜੀਠਾ ਡਾ: ਹਰਨੂਰ ਕੌਰ ਢਿੱਲੋਂ ਵੱਲੋਂ ਲਹਿਰਾਇਆ ਜਾਵੇਗਾ ਅਤੇ ਮਾਰਚ ਪਾਸਟ ਤੋ ਸਲਾਮੀ ਲਈ ਜਾਵੇਗੀ।ਉਨ੍ਹਾਂ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਇਹ ਸਮਾਗਮ ਯਾਦਗਾਰੀ ਹੋਵੇਗਾ।ਇਸ ਮੌਕੇ ਮੀਟਿੰਗ ਵਿਚ ਸੀਨੀਅਰ ਮੈਡੀਕਲ ਅਫਸਰ ਡਾ: ਸਤਨਾਮ ਸਿੰਘ, ਕੁਲਦੀਪ ਸਿੰਘ ਕਾਹਲੋਂ ਮਾਰਕੀਟ ਕਮੇਟੀ ਮਜੀਠਾ, ਨਰਿੰਦਰ ਸਿੰਘ ਪੀ. ਡਬਲਿਊ. ਡੀ, ਬਲਵਿੰਦਰ ਕੌਰ ਸੀ. ਡੀ. ਪੀ. ਓ. ਦਫਤਰ, ਅਮਰਵੀਰ ਕੌਰ ਬੇਦੀ ਪ੍ਰਿੰ. ਦੇਸਾ ਸਿੰਘ ਸਕੂਲ, ਰਾਮ ਸਰੂਪ ਸੇਟ ਸੋਲਜਰ ਇਲੀਟ ਕਾਨਵੈਂਟ ਸਕੂਲ, ਸੁਖਜੀਤ ਸਿੰਘ ਸਿੰਘ ਕੋਚ, ਹਰਪ੍ਰੀਤ ਸਿੰਘ ਮਾਰਕਫੈੱਡ, ਅਰਮਿੰਦਰ ਸਿੰਘ ਸੈਕਰਡ ਹਾਰਟ ਕਾਨਵੈਂਟ ਸਕੂਲ, ਗੁਰਪ੍ਰੀਤ ਸਿੰਘ ਪਬਲਿਕ ਹੈਲਥ, ਕਮਲ ਕਾਹਲੋਂ ਖੇਤੀਬਾੜੀ ਵਿਭਾਗ, ਲਖਬੀਰ ਸਿੰਘ ਐੱਸਡੀਓ ਪਾਵਰਕਾਮ, ਗੁਰਿੰਦਰ ਸਿੰਘ ਬੀਡੀਪੀਓ ਦਫਤਰ, ਏਐੱਫਐੱਸਓ ਮਨੂੰ ਸ਼ਰਮਾ ਸਿਵਲ ਸਪਲਾਈਜ਼ ਦਫਤਰ, ਰੀਡਰ ਵਰਿੰਦਰ ਭਾਟੀਆ, ਦੀਪਕ ਭੱਟੀ, ਅੰਮ੍ਰਿਤਪਾਲ ਸਿੰਘ ਅਤੇ ਮੇਜਰ ਸਿੰਘ ਆਦਿ ਹਾਜ਼ਰ ਸਨ।

# ਰਮਨ ਬਹਿਲ ਨੇ ਕਿਰਨ ਨਾਲੇ ਨੂੰ ਸਿੱਧਾ ਤੇ ਨਬੀਪੁਰ ਡਰੇਨ ਨੂੰ ਪੱਕਿਆਂ ਕਰਨ ਦੀ ਮੰਗ ਰੱਖੀ



ਗੁਰਦਾਸਪੁਰ, (ਜਨਕ ਮਹਾਜਨ)-ਸੂਬੇ ਦੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਅੰਮ੍ਰਿਤਸਰ ਵਿਖੇ ਜਨਤਕ ਨੁਮਾਇੰਦਿਆਂ ਅਤੇ ਅਧਿਕਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਵਿਧਾਨ ਸਭਾ ਹਲਕਾ ਗੁਰਦਾਸਪੁਰ ਨਾਲ ਸਬੰਧਤ ਅਹਿਮ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਉਠਾ ਕੇ ਇਨ੍ਹਾਂ ਦੇ ਹੱਲ ਲਈ ਪੈਰਵੀ ਕੀਤੀ ਹੈ। ਬਹਿਲ ਨੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾ ਮਾਜਰਾ ਅੱਗੇ ਕਿਰਨ ਨਾਲਾ/ਸੱਕੀ ਨਾਲੇ ਨੂੰ ਸਿੱਧਾ ਕਰਨ ਦਾ ਮਾਮਲਾ ਪੂਰੇ ਜ਼ੋਰ ਨਾਲ ਉਠਾਇਆ। ਉਨ੍ਹਾਂ ਦੱਸਿਆ ਕਿ ਕਿਰਨ ਨਾਲਾ ਜਿਸ ਨੂੰ ਸੱਕੀ ਨਾਲਾ ਵੀ ਕਹਿੰਦੇ ਹਨ, ਦੀਨਾਨਗਰ ਦੇ ਪਿੰਡ ਸਲੇਮਪੁਰ ਕੋਲੀਆਂ ਤੋਂ ਸ਼ੁਰੂ ਹੋ ਕੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਅਜਨਾਲਾ ਨੇੜੇ ਦਰਿਆ ਰਾਵੀ ਵਿੱਚ ਪੈਂਦਾ ਹੈ। ਇਹ ਨਾਲਾ ਕੁਦਰਤੀ ਹੋਣ ਕਾਰਨ ਟੇਢਾ-ਮੇਢਾ ਚੱਲਦਾ ਹੈ ਅਤੇ ਇਸ ਦਾ ਵੱਡਾ ਹਿੱਸਾ ਗੁਰਦਾਸਪੁਰ ਵਿਧਾਨ ਸਭਾ ਹਲਕੇ ਵਿੱਚ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਨਾਲੇ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੀਆਂ ਨਬੀਪੁਰ ਕੱਟ ਡਰੇਨ, ਚਿਕੜੀ ਡਰੇਨ, ਵਡਾਲਾ ਬਾਂਗਰ ਅਤੇ ਹੋਰ ਲਿੰਕ ਡਰੇਨਾਂ ਦਾ ਪਾਣੀ ਵੀ ਪੈਂਦਾ ਹੈ। ਬਰਸਾਤ ਦੇ ਦਿਨ੍ਹਾਂ ਵਿੱਚ ਡਰੇਨਾਂ ਦਾ ਪਾਣੀ ਸ਼ੱਕੀ ਨਾਲੇ ਵਿੱਚ ਆਉਣ ਕਾਰਨ ਇਹ ਓਵਰਫਲੋਅ ਹੋ ਜਾਂਦਾ ਹੈ ਜਿਸ ਨਾਲ ਵੱਡੀ ਪੱਧਰ 'ਤੇ ਫ਼ਸਲਾਂ ਖ਼ਰਾਬ ਹੋ ਜਾਂਦੀਆਂ ਹਨ। ਸ਼੍ਰੀ ਬਹਿਲ ਨੇ ਕਿਹਾ ਕਿ ਪਿਛਲੇ ਕਈ ਸਾਲਾਂ ਦੌਰਾਨ ਸ਼ਹਿਰ ਦੇ ਤਿੱਬੜੀ ਰੋਡ ਤੋਂ ਬਟਾਲਾ ਰੋਡ ਦਰਮਿਆਨ (ਲਗਭਗ 3 ਕਿਲੋਮੀਟਰ) ਲੰਬਾਈ ਵਿੱਚ ਇਹ ਡਰੇਨ ਕੱਚੀ ਹੋਣ ਕਾਰਨ ਅਤੇ ਭਾਰੀ ਬਰਸਾਤ ਕਾਰਨ ਦੋਵਾਂ ਸਾਈਡ ਤੋਂ ਖੁਲ੍ਹਦੀ ਜਾ ਰਹੀ ਹੈ, ਜਿਸ ਕਾਰਨ ਦੋਵੇਂ ਪਾਸੇ ਵਸੀ ਹੋਈ ਵਸੋਂ ਨੂੰ ਖ਼ਤਰਾ ਵੱਧਦਾ ਜਾ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਗੁਰਦਾਸਪੁਰ ਵਿਧਾਨ ਸਭਾ ਹਲਕੇ ਦੀਆਂ ਉਪਰੋਕਤ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਵੇ। ਕੈਬਨਿਟ ਮੰਤਰੀ ਜੌੜਾਮਾਜਰਾ ਨੇ ਚੇਅਰਮੈਨ ਰਮਨ ਬਹਿਲ ਨੂੰ ਭਰੋਸਾ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਲੋਕ ਭਲਾਈ ਦੇ ਇਹ ਬਹੁਤ ਵਧੀਆ ਮੁੱਦੇ ਉਠਾਏ ਹਨ ਅਤੇ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਮਸਲਿਆਂ ਦੇ ਹੱਲ ਲਈ ਪੂਰੀ ਸੁਹਿਰਦਤਾ ਨਾਲ ਕੰਮ ਕੀਤਾ ਜਾਵੇਗਾ।

# ਸਿਵਲ ਡਿਫੈਂਸ ਵੱਲੋਂ ਨਵੇਂ ਵਰ੍ਹੇ-2024 ਦਾ ਕੈਲੰਡਰ ਜਾਰੀ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸੰਸਾਰ ਦੇ ਪਹਿਲੇ ਮੁੱਢਲੀ ਸਹਾਇਤਾ ਦੇ ਬਾਨੀ, ਸੇਵਾ ਦੇ ਪੁੰਜ ਭਾਈ ਘਨੱਈਆ ਜੀ ਨੂੰ ਸਮਰਪਿਤ ਸਥਾਨਿਕ ਸਿਵਲ ਡਿਫੈਂਸ ਵੱਲੋਂ ਆਫਤ ਪ੍ਰਬੰਧਨ ਅਭਿਆਨ ਨੂੰ ਹੋਰ ਅਗਾਂਹ ਵਧਾਉਂਦੇ ਹੋਏ ਵਾਰਡਨ ਸਰਵਿਸ, ਪੋਸਟ ਨੰ 8 ਵੱਲੋਂ ਹਰ ਸਾਲ ਦੀ ਤਰ੍ਹਾਂ ਨਵੇਂ ਵਰ੍ਹੇ 2024 ਦਾ ਕੈਲੰਡਰ, ਕਮਾਂਡੈਂਟ ਮਨਪ੍ਰੀਤ ਸਿੰਘ ਰੰਧਾਵਾ (ਪ੍ਰੈਜ਼ੀਡੈਂਟ ਐਵਾਰਡੀ-ਦੋ ਵਾਰੀ) ਤੇ ਕਮਾਂਡੈਂਟ ਰਵੇਲ ਸਿੰਘ (ਪ੍ਰੈਜ਼ੀਡੈਂਟ ਐਵਾਰਡੀ) ਪੰਜਾਬ ਹੋਮ ਗਾਰਡਜ਼, ਪੋਸਟ ਵਾਰਡਨ ਹਰਬਖ਼ਸ਼ ਸਿੰਘ, ਸਟਾਫ ਅਫ਼ਸਰ ਮਨਜੀਤ ਸਿੰਘ, ਗੁਰਪ੍ਰੀਤ ਸਿੰਘ ਵੱਲੋਂ ਜਾਰੀ ਕੀਤਾ ਗਿਆ। ਇਸ ਮੌਕੇ ਨੰ. 2 ਬਟਾਲੀਅਨ ਤੇ ਸਿਵਲ ਡਿਫੈਂਸ ਸਟਾਫ ਦੇ ਨਾਲ ਗਾਰਡਜ਼ ਮੌਜੂਦ ਸਨ। ਇਸ ਮੌਕੇ ਕਮਾਂਡੈਂਟ ਮਨਪ੍ਰੀਤ ਸਿੰਘ ਰੰਧਾਵਾ ਨੇ ਨਵੇਂ ਸਾਲ ਦੇ ਕੈਲੰਡਰ ਬਾਰੇ ਦੱਸਿਆ ਕਿ ਇਸ ਕੈਲੰਡਰ-2024 'ਚ ਦਿਨ ਤਿਉਹਾਰਾਂ ਦੇ ਨਾਲ, ਮੁੱਖ ਨਾਗਰਿਕ ਸੁਰੱਖਿਆ ਪ੍ਰਤੀ ਜਾਗਰੂਕ ਕਰਨ ਵਾਲੇ ਅੰਤਰਰਾਸ਼ਟਰੀ ਤੇ ਰਾਸ਼ਟਰੀ ਦਿਨਾਂ ਤੇ ਹਫਤਿਆਂ ਨੂੰ ਦਰਸਾਇਆ ਗਿਆ ਹੈ ਜਿਵੇਂ ਕਿ ਸੜਕ ਸੁਰੱਖਿਆ ਸਪਤਾਹ, ਅੱਗ ਤੋ ਬਚਾਓ ਸਪਤਾਹ, ਰਾਸ਼ਟਰੀ ਸੁਰੱਖਿਆ ਸਪਤਾਹ, ਨਾਗਰਿਕ ਸੁਰੱਖਿਆ ਦਿਨ, ਭਾਈ ਘਨੱਈਆਂ ਜੀ ਦਾ ਪ੍ਰਲੋਕ ਗਮਨ ਮਰਹਮਪੱਟੀ ਦਿਵਸ, ਭੋਪਾਲ ਗੈਸ ਆਫਤ ਤੇ ਹੋਰ ਸੁਰੱਖਿਆਂ ਪ੍ਰਤੀ ਜਾਗਰੂਕ ਦਿਨ ਤੇ ਸਿਵਲ ਡਿਫੈਂਸ ਸਥਾਪਨਾ ਦਿਵਸ ਆਦਿ ਹਨ। ਉਨ੍ਹਾਂ ਅਪੀਲ ਕੀਤੀ ਕਿ ਇਨ੍ਹਾਂ ਦਿਨਾਂ ਵਿਚ ਹਰੇਕ ਨਾਗਰਿਕ ਜ਼ਰੂਰ ਸੁਰੱਖਿਆ ਦੇ ਗੁਰ ਸਿੱਖਣ। ਪੋਸਟ ਵਾਰਡਨ ਹਰਬਖ਼ਸ਼ ਨੇ ਦੱਸਿਆ ਕਿ ਵਾਤਾਵਰਣ ਦੇ ਬਦਲਾਵ ਕਾਰਣ ਆਫਤਾਂ ਵੀ ਭਿਆਨਕ ਰੂਪ ਧਾਰਣ ਕਰ ਰਹੀਆਂ ਹਨ ਸੋ ਇਸ ਨੂੰ ਮੁੱਖ ਰੱਖਦੇ ਹੋਏ ਆਫਤ ਪ੍ਰਬੰਧਨ ਨੂੰ ਹੋਰ ਮਜ਼ਬੂਤ ਕਰਨ ਲਈ ਇਹ ਸੁਰੱਖਿਆ ਦੇ ਹਫਤਾ/ਦਿਨ ਦਰਸਾਏ ਗਏ ਹਨ। ਕਿਸੇ ਵੀ ਆਫਤ ਨਾਲ ਨਜਿੱਠਣ ਲਈ ਲੋਕਾਂ ਦੀ ਹਿੱਸੇਦਾਰੀ ਨੂੰ ਵਧਾਉਣ ਲਈ ਇਨ੍ਹਾਂ ਖਾਸ ਦਿਨਾਂ ਮੌਕੇ ਸਕੂਲ, ਕਾਲਜ ਤੇ ਉਚ ਸੰਸਥਾਵਾਂ 'ਚ ਜਾਗਰੂਕ ਕੈਂਪ ਲਗਾਏ ਜਾਂਦੇ ਹਨ ਤਾਂ ਜੋ ਸਿੱਖਿਅਤ ਨਾਗਰਿਕ ਕਿਸੇ ਵੀ ਆਫਤ ਨਾਲ ਨਜਿੱਠਣ ਲਈ ਆਪਣਾ ਬਣਦਾ ਫਰਜ਼ ਨਿਭਾ ਸਕੇ ਤੇ ਜਾਨ ਮਾਲ ਦੇ ਨੁਕਸਾਨ ਨੂੰ ਘੱਟ ਕੀਤਾ ਜਾ ਸਕ। ਉਨ੍ਹਾਂ ਦਸਿਆ ਕਿ ਇਨ੍ਹਾਂ ਕੈਂਪਾਂ ਵਿਚ ਹਰ ਵਾਰ ਦੀ ਤਰ੍ਹਾਂ ਵਾਰਡਨ ਸਰਵਿਸ, ਪੋਸਟ ਨੰ 8, ਸਿਵਲ ਡਿਫੈਂਸ, ਪੰਜਾਬ ਅੰਬੈਸਡਰ-ਵਿਲਿਜ ਡਿਜ਼ਾਸਟਰ ਮੈਨੇਜਮੈਂਟ ਪਲਾਨ, ਜ਼ੋਨ-4-ਸਲੂਸ਼ਨ-ਨਵੀ ਦਿੱਲੀ, ਨੋਲੇਜ ਪਾਰਟਨਰ-ਡਿਜ਼ਾਸਟਰ ਮੈਨੇਜਮੈਂਟ ਕਾਮਰੇਡਜ਼ ਐਂਡ ਚੈਂਪੀਅਨਜ਼ (ਡੀਐੱਮਸੀਸੀ) ਗਲੋਬਲ ਕਮਿਊਨਿਟੀ, ਫਸਟ-ਏਡ, ਹੈਲਥ ਐਂਡ ਸੇਫਟੀ ਅਵੇਅਰਨੈੱਸ ਮਿਸ਼ਨ ਪਟਿਆਲਾ ਅਤੇ ਆਪਦਾ ਮਿੱਤਰ ਬਟਾਲਾ ਵੱਲੋਂ ਸਹਿਯੋਗ ਕੀਤਾ ਜਾਵੇਗਾ।

## ਤਰਨਤਾਰਨ ਸਹਿਕਾਰੀ ਸਭਾਵਾਂ ਦੇ ਮੁਲਾਜ਼ਮਾਂ ਵੱਲੋਂ ਹੜਤਾਲ ਦੀ ਪੂਰਨ ਕਾਮਯਾਬੀ ਲਈ ਮੀਟਿੰਗ

ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)-ਤਰਨ ਤਾਰਨ ਜ਼ਿਲ੍ਹੇ ਦੇ ਸਮੂਹ ਕਰਮਚਾਰੀਆਂ ਵੱਲੋਂ ਪ੍ਰਧਾਨ ਤਾਰਾ ਚੰਦ ਪੁੰਜ ਦੀ ਅਗਵਾਈ ਹੇਠ ਮੀਟਿੰਗ ਹੋਈ ਜਿਸ ਵਿੱਚ ਸਮੂਹ ਬਲਾਕ ਪ੍ਰਧਾਨ ਦੇ ਸਮੇਤ ਸਮੂਹ ਮੁਲਾਜ਼ਮਾਂ ਵੱਲੋਂ ਹਾਜ਼ਰੀ ਭਰੀ ਗਈ। ਇਸ ਮੌਕੇ ਪ੍ਰਧਾਨ ਤਾਰਾ ਚੰਦ ਵੱਲੋਂ ਕਰਮਚਾਰੀਆਂ ਨੂੰ ਸੰਬੋਧਤ ਹੁੰਦਿਆਂ ਕਿਹਾ ਕਿ ਜੇ ਕਿਸੇ ਵੀ ਮੁਲਾਜ਼ਮ ਨੂੰ ਕੋਈ ਵੀ ਕਿਸੇ ਕਿਸਮ ਦੀ ਮਹਿਕਮੇ ਵੱਲੋਂ ਪ੍ਰੇਸ਼ਾਨ ਕੀਤਾ ਜਾਂਦਾ ਉਸ ਬਾਰੇ ਜ਼ਿਲ੍ਹਾ ਕਮੇਟੀ ਨੂੰ ਦੱਸਿਆ ਜਾਵੇ। ਆਪਣੇ ਵੱਲੋਂ ਮੁਕੰਮਲ ਬਾਈਕਾਟ ਹੈ ਭਾਵੇਂ ਕਿਸੇ ਵੀ ਕਿਸਮ ਦੀ ਮਹਿਕਮਾ ਰਿਪੋਰਟ ਮੰਗਦਾ ਹੈ। ਇਸ ਮੌਕੇ ਸਾਬਕਾ ਸੂਬਾ ਪ੍ਰਧਾਨ ਪ੍ਰਗਟ ਸਿੰਘ ਨੇ ਸਟੇਟ ਯੂਨੀਅਨ ਵੱਲੋਂ ਰੱਖੀਆਂ ਗਈਆਂ ਮੁੱਖ ਮੰਗਾਂ ਬਾਰੇ ਵਿਸਥਾਰ ਸਹਿਤ ਆਪਣੇ ਜ਼ਿਲੇ ਦੇ ਮੁਲਾਜ਼ਮਾਂ ਨੂੰ ਜਾਣੂ ਕਰਵਾਇਆ। ਉਨ੍ਹਾਂ ਨੇ ਕਿਹਾ ਕਿ ਸਟੇਟ ਦੀ ਮੀਟਿੰਗ ਵਿੱਚ ਆਪਣੇ ਜ਼ਿਲੇ ਵੱਲੋਂ ਮੁੱਖ ਮੰਗਾਂ ਵਿਚੋਂ ਕਾਮਨ ਕੇਡਰ ਦੀ ਮੰਗ ਨੂੰ ਸ਼ਾਮਲ ਕਰਨ ਲਈ ਕਿਹਾ ਗਿਆ ਜਿਸ ਨੂੰ ਸਟੇਟ ਕਮੇਟੀ ਵੱਲੋਂ ਪ੍ਰਵਾਨ ਕਰ ਲਿਆ ਗਿਆ ਤੇ ਮੁੱਖ ਮੰਗ ਵਜੋਂ ਰਜਿਸਟਰਾਰ ਦੇ ਅੱਗੇ ਰੱਖਿਆ ਗਿਆ ਜਿਸ ਸਬੰਧ ਵਿੱਚ ਰਜਿਸਟਰਾਰ ਵੱਲੋਂ ਇਕ ਚਿੱਠੀ ਜਾਰੀ ਕਰਕੇ ਬੈਂਕਾਂ ਕੋਲੋਂ ਸੁਝਾਅ ਮੰਗੇ ਹਨ ਕਿ ਕਾਮਨ ਕੇਡਰ ਦਾ ਮਤਲਬ ਕਿ ਸਾਨੂੰ ਬੈਂਕਾਂ ਵਿਚ ਸ਼ਾਮਿਲ ਕੀਤਾ ਜਾਵੇ ਤਾਂ ਜੋ ਸਾਨੂੰ ਵੀ ਆਮ ਮੁਲਾਜ਼ਮਾਂ ਵਾਂਗੂ ਹਰ ਮਹੀਨੇ ਤਨਖਾਹ ਮਿਲੇ। ਇਸ ਮੌਕੇ ਜਸਪਾਲ ਸਿੰਘ ਖਜਾਨਚੀ, ਮੀਤ ਪ੍ਰਧਾਨ ਫਤਿਹ ਸਿੰਘ, ਰਘਬੀਰ ਸਿੰਘ ਜਨਰਲ ਸਕੱਤਰ, ਬਲਵੰਤ ਸਿੰਘ ਬਲਾਕ ਪ੍ਰਧਾਨ, ਸੁਖਮਨਜੀਤ ਸਿੰਘ ਬਲਾਕ ਪ੍ਰਧਾਨ, ਰਮੇਸ਼ ਸਿੰਘ ਬਲਾਕ ਪ੍ਰਧਾਨ, ਕੁਲਦੀਪ ਸਿੰਘ ਬਲਾਕ ਪ੍ਰਧਾਨ, ਰਘਬੀਰ ਸਿੰਘ ਬਲਾਕ ਪ੍ਰਧਾਨ, ਮਨਜਿੰਦਰ ਸਿੰਘ ਬਲਾਕ ਪ੍ਰਧਾਨ, ਬਲਜੀਤ ਸਿੰਘ ਬਲਾਕ ਪ੍ਰਧਾਨ, ਜਸਪਾਲ ਸਿੰਘ ਬਲਾਕ ਪ੍ਰਧਾਨ, ਸੁਖਵੰਤ ਸਿੰਘ ਬਲਾਕ ਪ੍ਰਧਾਨ, ਮਨਕੀਰਤ ਸਿੰਘ ਰਾਜਬੀਰ ਸਿੰਘ, ਗੁਰਦੇਵ ਸਿੰਘ, ਬਲਜਿੰਦਰ ਸਿੰਘ, ਗੁਰਬੀਰ ਸਿੰਘ, ਮਹਿਫਲਜੀਤ ਸਿੰਘ, ਅਮਨਦੀਪ ਸਿੰਘ, ਜਗਦੀਸ਼ ਸਿੰਘ, ਰਾਜਬੀਰ ਸਿੰਘ, ਵਰਿਆਮ ਸਿੰਘ, ਅਮਰਜੀਤ ਸਿੰਘ, ਅੰਗਰੇਜ਼ ਸਿੰਘ, ਬਲਜੀਤ ਸਿੰਘ, ਤਿਲਕਰਾਜ ਸ਼ਰਮਾ, ਹਰਨੀਤ ਸਿੰਘ, ਪਰਮਜੀਤ ਸਿੰਘ, ਰਜਿੰਦਰ ਸਿੰਘ, ਬਲਜੀਤ ਸਿੰਘ, ਮਨਜਿੰਦਰ ਸਿੰਘ, ਨਿਸ਼ਾਨ ਸਿੰਘ, ਬਲਕਾਰ ਸਿੰਘ, ਕੁਲਦੀਪ ਸਿੰਘ ,ਗੁਰਵਰਿਆਮ ਸਿੰਘ, ਗੁਲਾਬ ਸਿੰਘ, ਰਾਕੇਸ਼ ਕੁਮਾਰ, ਹਰਦੀਪ ਸਿੰਘ, ਗੁਰਪ੍ਰੀਤ ਸਿੰਘ, ਰਾਜਬੀਰ ਸਿੰਘ, ਸੁਖਬੀਰ ਸਿੰਘ, ਵਰਿੰਦਰ ਸਿੰਘ, ਸੁਖਵਿੰਦਰ ਸਿੰਘ ਅਤੇ ਮੁੱਕਦਮਜੀਤ ਸਿੰਘ ਆਦਿ ਹਾਜ਼ਰ ਸਨ।

## ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ-2012 ਤਹਿਤ ਕੀਤੇ ਲਾਇਸੰਸ ਰੱਦ

ਨਵਾਂਸ਼ਹਿਰ, (ਮਨੋਜ ਲਾਡੀ)-ਵਧੀਕ ਜ਼ਿਲ੍ਹਾ ਮੈਜਿਸਟਰੇਟ ਸ਼ਹੀਦ ਭਗਤ ਸਿੰਘ ਨਗਰ ਰਾਜੀਵ ਵਰਮਾ ਨੇ ਦੱਸਿਆ ਹੈ ਕਿ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ-2012 ਦੇ ਸੈਕਸ਼ਨ 6(1) (ਜੀ) ਤਹਿਤ ਪ੍ਰਾਰਥਣ ਸ਼੍ਰੀਮਤੀ ਮੰਜੂ ਬਾਲਾ ਪਤਨੀ ਰਾਜੇਸ਼ ਕੁਮਾਰ, ਵਾਸੀ ਮਕਾਨ ਨੰ: 10/126, ਗੁਰਦਾਸ ਕੋਟੇਜ਼, ਰਵੀਦਾਸ ਨਗਰ, ਨਵਾਂਸ਼ਹਿਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਜਾਰੀ ਕੀਤਾ ਗਿਆ ਲਾਇਸੰਸ ਨੰਬਰ 80/ਐਮ.ਏ./ਐਮ.ਸੀ.2 ਮਿਤੀ 03-07-2018 ਫਰਮ M/S "Sky Dreams Immigrational & Educational Services ਸਾਹਮਣੇ ਆਦਰਸ਼ ਸਕੂਲ, ਅੰਬੇਡਕਰ ਚੌਂਕ, ਉੱਤੇ ਫਰੈਂਡ ਲੈਬ, ਬੰਗਾ ਰੋਡ, ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਤੁਰੰਤ ਪ੍ਰਭਾਵ ਤੋਂ ਰੱਦ/ਕੈਂਸਲ ਕੀਤਾ ਜਾਂਦਾ ਹੈ।ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਬਣੇ ਰੂਲਜ਼ ਅਨੁਸਾਰ ਲਾਇਸੰਸ ਦੀ ਮਿਆਦ ਖਤਮ ਹੋਣ ਦੀ ਮਿਤੀ ਤੋਂ ਦੋ ਮਹੀਨੇ ਪਹਿਲਾਂ ਸਮੇਤ ਸਬੰਧਤ ਦਸਤਾਵੇਜ਼ ਅਪਲਾਈ ਕੀਤਾ ਜਾਂਦਾ ਹੈ ਪ੍ਰੰਤੂ ਲਾਇਸੰਸ ਧਾਰਕ ਵੱਲੋਂ ਲਾਇਸੰਸ ਰੀਨਿਊ ਕਰਨ ਸਬੰਧੀ ਦਰਖਾਸਤ ਦਫ਼ਤਰ ਵਿੱਚ ਪੇਸ਼ ਨਹੀਂ ਕੀਤੀ ਗਈ। ਇਸ ਸਬੰਧੀ ਲਾਇਸੰਸ ਧਾਰਕ ਸ਼੍ਰੀਮਤੀ ਮੰਜੂ ਬਾਲਾ ਨੂੰ ਕਾਰਨ ਦਸੋਂ ਨੋਟਿਸ ਜਾਰੀ ਕੀਤਾ ਗਿਆ। ਜਿਸ ਸਬੰਧੀ ਸ਼੍ਰੀਮਤੀ ਮੰਜੂ ਬਾਲਾ ਪਤਨੀ ਰਾਜੇਸ਼ ਕੁਮਾਰ ਨੇ ਦੱਸਿਆ ਕਿ ਉਹ ਉਕਤ ਲਾਇਸੰਸ ਸਬੰਧੀ ਪਿਛਲੇ ਇੱਕ ਸਾਲ ਤੋਂ ਕੰਮ ਨਹੀਂ ਕਰ ਰਹੀ ਅਤੇ ਉਸਦਾ ਦਫ਼ਤਰ ਇੱਕ ਸਾਲ ਤੋਂ ਬੰਦ ਪਿਆ ਹੈ ਅਤੇ ਹੁਣ ਉਹ ਇਸ ਲਾਇਸੰਸ 'ਤੇ ਕੰਮ ਨਹੀਂ ਕਰਨਾ ਚਾਹੁੰਦੀ। ਇਸ ਲਈ ਉਸਦਾ ਲਾਇਸੰਸ ਕੈਂਸਲ ਕਰ ਦਿੱਤਾ ਜਾਵੇ। ਜਿਸ ਸਬੰਧੀ ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਉਕਤ ਲਾਇਸੰਸ ਨੂੰ ਰੱਦ ਕੀਤਾ ਗਿਆ ਹੈ।

ਵਧੀਕ ਜ਼ਿਲ੍ਹਾ ਮੈਜਿਸਟਰੇਟ ਰਾਜੀਵ ਵਰਮਾ ਨੇ ਦੱਸਿਆ ਹੈ ਕਿ ਉਕਤ ਤੋਂ ਇਲਾਵਾ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ-2012 ਦੇ ਤਹਿਤ ਨਿਯਮ 2013 ਅਧੀਨ ਸੈਕਸ਼ਨ 6(1)(ਜੀ) ਤਹਿਤ ਪ੍ਰਾਰਥੀ ਪ੍ਰਦੀਪ ਕੁਮਾਰ ਪੁੱਤਰ ਖਰੈਤੀ ਲਾਲ, ਵਾਸੀ ਨਿਊ ਮਾਡਲ ਟਾਊਨ, ਨੇੜੇ ਰਾਧਾ ਸੁਆਮੀ ਸਤਸੰਗ, ਸਲੋਹ ਰੋਡ, ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਜਾਰੀ ਕੀਤਾ ਗਿਆ ਲਾਇਸੰਸ ਨੰਬਰ 74/ਐਮ.ਏ./ਐਮ.ਸੀ.2 ਮਿਤੀ 11-06-2018 ਫਰਮ M/S "A.S. Overseas ਉੱਤੇ Micromax care, ਰਾਹੋ ਰੋਡ, ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਤੁਰੰਤ ਪ੍ਰਭਾਵ ਤੋਂ ਰੱਦ/ਕੈਂਸਲ ਕੀਤਾ ਜਾਂਦਾ ਹੈ।

ਇਸ ਸਬੰਧੀ ਸਬੰਧਤ ਪ੍ਰਾਰਥੀ ਪ੍ਰਦੀਪ ਕੁਮਾਰ ਨੇ ਦੱਸਿਆ ਹੈ ਕਿ ਉਸਦਾ ਕੰਸਲਟੈਂਸੀ ਦਾ ਕੰਮ ਫਲਾਪ ਹੋ ਗਿਆ ਹੈ ਅਤੇ ਹੁਣ ਉਸਨੇ ਆਪਣਾ ਕੰਮ ਬੰਦ ਕੀਤਾ ਹੋਇਆ ਹੈ। ਇਸ ਲਈ ਉਸ ਨੂੰ ਉਕਤ ਲਾਇਸੰਸ ਦੀ ਭਵਿੱਖ ਲਈ ਰੀਨਿਊ ਕਰਵਾਉਣ ਦੀ ਲੋੜ ਨਹੀਂ ਹੈ। ਜਿਸ ਸਬੰਧੀ ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਉਕਤ ਲਾਇਸੰਸ ਨੂੰ ਰੱਦ ਕੀਤਾ ਗਿਆ ਹੈ।

ਵਧੀਕ ਜ਼ਿਲ੍ਹਾ ਮੈਜਿਸਟਰੇਟ ਰਾਜੀਵ ਵਰਮਾ ਨੇ ਦੱਸਿਆ ਹੈ ਕਿ ਉਕਤ ਤੋਂ ਇਲਾਵਾ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ-2012 ਦੇ ਤਹਿਤ ਨਿਯਮ 2013 ਅਧੀਨ ਸੈਕਸ਼ਨ 6(1)(ਜੀ) ਤਹਿਤ ਪ੍ਰਾਰਥੀ ਵਿਸ਼ਾਲ ਕਪੂਰ ਪੁੱਤਰ ਯੋਗਿੰਦਰ ਪਾਲ ਕਪੂਰ, ਵਾਸੀ ਮਕਾਨ ਨੰ: 141, ਜੀ.ਟੀ.ਬੀ. ਨਗਰ, ਜਲੰਧਰ ਨੂੰ ਜਾਰੀ ਕੀਤਾ ਗਿਆ ਲਾਇਸੰਸ ਨੰਬਰ 85/ਐਮ.ਏ./ਐਮ.ਸੀ.2 ਮਿਤੀ 05-07-2018 ਫਰਮ M/S "Thames English Academy ਕੈਂਪ ਟਾਵਰ ਨੇੜੇ ਨਥੂ ਸਵੀਟਸ, ਨਵਾਂਸ਼ਹਿਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਤੁਰੰਤ ਪ੍ਰਭਾਵ ਤੋਂ ਰੱਦ/ਕੈਂਸਲ ਕੀਤਾ ਜਾਂਦਾ ਹੈ।ਇਸ ਸਬੰਧੀ ਸਬੰਧਤ ਪ੍ਰਾਰਥੀ ਵਿਸ਼ਾਲ ਕਪੂਰ ਨੇ ਦੱਸਿਆ ਹੈ ਕਿ ਉਸ ਨੇ ਸਾਲ 2020 ਤੋਂ ਉਕਤ ਲਾਇਸੰਸ ਸਬੰਧੀ ਕੰਮ ਬੰਦ ਕਰ ਦਿੱਤਾ ਹੈ। ਇਸ ਲਈ ਉਸ ਦਾ ਲਾਇਸੰਸ ਕੈਂਸਲ ਕਰ ਦਿੱਤਾ ਜਾਵੇ। ਜਿਸ ਸਬੰਧੀ ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਉਕਤ ਲਾਇਸੰਸ ਨੂੰ ਰੱਦ ਕੀਤਾ ਗਿਆ ਹੈ।

## ਲਾਇਨਮੈਨ ਰਣਜੀਤ ਸਿੰਘ ਦਾ ਸੇਵਾਮੁਕਤ ਹੋਣ 'ਤੇ ਨਿੱਘਾ ਮਾਣ-ਸਨਮਾਨ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)–ਇੰਪਲਾਈਜ਼ ਫੈਡਰੇਸ਼ਨ ਮੰਡਲ ਅਜਨਾਲਾ ਵੱਲੋਂ ਕਰਵਾਏ ਸੇਵਾਮੁਕਤੀ ਸਮਰੋਹ ਵਿੱਚ ਲਾਇਨਮੈਨ ਮੰਡਲ ਦੇ ਪ੍ਰਧਾਨ ਰਣਜੀਤ ਸਿੰਘ ਨੂੰ ਵਧੀਆ ਸੇਵਾਵਾਂ ਨਿਭਾਉਣ 'ਤੇ ਸਨਮਾਨਿਤ ਕੀਤਾ ਗਿਆ। ਸਨਮਾਨਿਤ ਕਰਨ ਮੌਕੇ ਅਜਨਾਲਾ ਦੇ ਐਕਸੀਅਨ ਇੰਜੀਨੀਅਰ ਅਨੀਸ਼ਦੀਪ ਸਿੰਘ, ਐੱਸਡੀਓ ਅਜਨਾਲਾ ਕੁਲਵਿੰਦਰ ਸਿੰਘ ਨੇ ਲਾਇਨਮੈਨ ਰਣਜੀਤ ਸਿੰਘ ਨੂੰ 36 ਸਾਲ ਬਿਜਲੀ ਬੋਰਡ ਵਿੱਚ ਵਧੀਆ ਸੇਵਾਵਾਂ ਨਿਭਾਉਣ 'ਤੇਮਮਾਣ-ਸਨਮਾਨ ਦਿੱਤਾ। ਉਨ੍ਹਾਂ ਨੇ ਦੱਸਿਆ ਕਿ ਰਣਜੀਤ ਸਿੰਘ ਨੇ 1988 ਵਿੱਚ ਬਟਾਲਾ ਸਬ ਡਵੀਜ਼ਨ ਵਿੱਚ ਵਰਕ ਚਾਰਜ ਦੇ ਅਹੁਦੇ 'ਤੇ ਤਾਇਨਾਤ ਹੋਏ ਸਨ। ਫਿਰ ਇਨ੍ਹਾਂ ਦੀ ਪ੍ਰਮੋਸ਼ਨ ਜੂਨ 1995 ਵਿੱਚ ਫਤਿਹਗੜ੍ਹ ਚੂੜੀਆਂ ਵਿਖੇ ਆਰਟੀਐੱਮ ਦੀ ਹੋਈ ਅਤੇ 16-4-1999 ਤੋਂ ਸਹਾਇਕ ਲਾਇਨਮੈਨ ਅਜਨਾਲਾ ਅਤੇ 2017 ਤੋ ਲਾਇਨਮੈਨ ਦੀ ਡਿਊਟੀ ਬਾਖੂਬੀ ਨਿਭਾਈ। ਉਨ੍ਹਾਂ ਦਾ ਬੋਲਣ ਦਾ ਵਤੀਰਾ ਅਤੇ ਡਿਊਟੀ ਇਮਾਨਦਾਰੀ ਨਾਲ ਕਰਨ ਦਾ ਤਰੀਕਾ ਬਹੁਤ ਵਧੀਆ ਸੀ। ਉਨ੍ਹਾਂ ਨੂੰ ਸਨਮਾਨਿਤ ਕਰਨ ਵੇਲੇ ਗੁਰਦੇਵ ਸਿੰਘ ਬੱਲਪੁਰੀਆ ਪੰਜਾਬ ਪ੍ਰਧਾਨ, ਜਸਵੰਤ ਸਿੰਘ ਪੰਨੂ ਮੀਤ ਪ੍ਰਧਾਨ ਹਾਜ਼ਰ ਸਨ।

ਇਸ ਮੌਕੇ ਹਰਜਿੰਦਰ ਸਿੰਘ ਨਿੱਕੋ ਸਰਾਂ, ਸੇਵਾਮੁਕਤ ਐੱਸਡੀਓ ਸ਼ਰਨਜੀਤ ਸਿੰਘ ਵਿਰਦੀ, ਪਵਨ ਕੁਮਾਰ ਰਮਦਾਸ, ਜੇਈ ਸਤਨਾਮ ਸਿੰਘ, ਪ੍ਰਦੀਪ ਸਿੰਘ, ਸੁਦੇਸ਼ ਕੁਮਰ ਐੱਸਐੱਸਏ, ਪ੍ਰਭਜੋਤ ਸਿੰਘ, ਸਰਬਜੀਤ ਸਿੰਘ, ਡਵੀਜ਼ਨ ਪ੍ਰਧਾਨ ਬਲਦੇਵ ਸਿੰਘ, ਸਰਪੰਚ ਰਕੇਸ਼ ਕੁਮਾਰ ਆਦਿ

# ਜ਼ਿਲ੍ਹਾ ਬਾਲ ਭਲਾਈ ਕੌਂਸਲ ਦੀ ਮੀਟਿੰਗ ਦੌਰਾਨ ਵਿਚਾਰੇ ਵੱਖ-ਵੱਖ ਮੁੱਦੇ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਬੀਤੀ ਸ਼ਾਮ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿੱਚ ਜ਼ਿਲ੍ਹਾ ਬਾਲ ਭਲਾਈ ਕੌਂਸਲ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੌਂਸਲ ਦੀ ਪਿਛਲੇ ਤਿੰਨ ਮਹੀਨਿਆਂ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਕੀਤਾ ਗਿਆ।ਇਸ ਮੀਟਿੰਗ ਵਿੱਚ ਜ਼ਿਲ੍ਹਾ ਬਾਲ ਭਲਾਈ ਕੌਂਸਲ ਦੇ 48 ਮੈਂਬਰਾਂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਨੇ ਭਾਗ ਲਿਆ। ਮੀਟਿੰਗ ਦੌਰਾਨ ਜ਼ਿਲ੍ਹਾ ਬਾਲ ਭਲਾਈ ਕੌਂਸਲ ਗੁਰਦਾਸਪੁਰ ਦੇ ਸਕੱਤਰ ਰਮੇਸ਼ ਮਹਾਜਨ ਵੱਲੋਂ ਕੌਂਸਲ ਦੀਆਂ ਗਤੀਵਿਧੀਆਂ ਦੀ ਰਿਪੋਰਟ ਪੇਸ਼ ਕੀਤੀ ਗਈ ਅਤੇ ਮੀਟਿੰਗ ਦਾ ਏਜੰਡਾ ਪੇਸ਼ ਕੀਤਾ ਗਿਆ ।ਡਿਪਟੀ ਕਮਿਸ਼ਨਰ ਨੇ ਮਾਨ ਕੌਰ ਕਲੋਨੀ ਨੂੰ ਜਾਂਦੇ ਰਸਤੇ ਨੂੰ ਪੱਕਾ ਕਰਨ ਲਈ ਐੱਸਡੀਓ ਲੋਕ ਨਿਰਮਾਣ ਵਿਭਾਗ ਨੂੰ ਨਿਰਦੇਸ਼ ਦਿੱਤੇ। ਬਾਲ ਭਵਨ ਕੈਂਪਸ ਦੀ ਦੀਵਾਰ ਬਣਾਉਣ ਲਈ ਲੋਕ ਨਿਰਮਾਣ ਵਿਭਾਗ ਨੂੰ 1.39 ਲੱਖ ਰੁਪਏ ਦੇਣ ਦੀ ਪ੍ਰਵਾਨਗੀ ਦਿੱਤੀ ਗਈ।ਸਕੱਤਰ ਰਮੇਸ਼ ਮਹਾਜਨ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਮਾਨ ਕੌਰ ਇਲਾਕੇ ਵਿੱਚ ਸਲੱਮ ਏਰੀਏ ਦੇ ਬੱਚਿਆਂ ਲਈ ਜੋ ਸਕੂਲ ਚਲਾਇਆ ਜਾ ਰਿਹਾ ਹੈ ਉਸਨੂੰ ਪ੍ਰਾਇਮਰੀ ਸਕੂਲ ਵਿੱਚ ਤਬਦੀਲ ਕਰਨ ਲਈ ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ) ਨਾਲ ਐੱਮਓਯੂ ਸਾਈਨ ਕੀਤਾ ਜਾਵੇਗਾ ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹਾ ਬਾਲ ਭਲਾਈ ਕੌਂਸਲ ਵੱਲੋਂ ਬੱਚਿਆਂ ਦੀ ਭਲਾਈ ਲਈ ਕੀਤੇ ਜਾ ਰਹੇ ਉਦਮਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਕੌਂਸਲ ਦੇ ਸਾਰੇ ਮੈਂਬਰ ਇਸ ਵਾਰ ਬੱਚਿਆਂ ਨੂੰ ਚਾਈਨਾ ਡੋਰ ਦੀ ਵਰਤੋਂ ਨਾ ਕਰਨ ਲਈ ਪ੍ਰੇਰਿਤ ਕਰਨ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਵਿੱਖ ਵਿੱਚ ਬੱਚਿਆਂ ਲਈ ਨਵੇਂ ਪ੍ਰੋਜੈਕਟ ਉਲੀਕੇ ਜਾਣਗੇ ।

## ਦਾਜ ਮੰਗਣ 'ਤੇ ਸਹੁਰਾ ਪਰਿਵਾਰ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਦਾਜ ਮੰਗਣ ਵਾਲੇ ਸਹੁਰਾ ਪਰਿਵਾਰ ਖ਼ਿਲਾਫ਼ ਬਾਅਦ ਇਨਕੁਆਰੀ ਉਪ ਕਪਤਾਨ ਨੇ ਪੁਲਸ ਮਾਮਲਾ ਦਰਜ ਕੀਤਾ ਹੈ। ਪੀੜਤ ਸ਼ਿਆਮਲੀ ਸ਼ਰਮਾ ਪੁੱਤਰੀ ਵਿਜੇ ਸ਼ਰਮਾ ਵਾਸੀ ਰਾਏਪੁਰ ਕਥਲੌਰ ਜ਼ਿਲ੍ਹਾ ਪਠਾਨਕੋਟ ਦਾ ਵਿਆਹ 10.04.2022 ਨੂੰ ਚੇਤਨ ਸ਼ਰਮਾ ਪੁੱਤਰ ਅਸ਼ਵਨੀ ਕੁਮਾਰ ਵਾਸੀ ਪੱਖੋਵਾਲ ਕੁੱਲੀਆਂ ਨਾਲ ਹੋਇਆ ਸੀ। ਵਿਆਹ ਤੋਂ ਬਾਅਦ ਪੀੜਤ ਦਾ ਪਤੀ ਚੇਤਨ ਸ਼ਰਮਾ, ਸਹੁਰਾ ਅਸ਼ਵਨੀ ਕੁਮਾਰ ਅਤੇ ਸੱਸ ਅੰਜੂ ਬਾਲਾ ਦਹੇਜ ਦੀ ਖਾਤਰ ਪੀੜਤਾ ਨੂੰ ਤੰਗ-ਪ੍ਰੇਸ਼ਾਨ ਕਰਦੇ ਸਨ ਅਤੇ ਦਾਜ ਵਿਚ 10 ਲੱਖ ਰੁਪਏ ਤੇ ਨਵੀਂ ਕਾਰ ਦੀ ਮੰਗ ਕਰਦੇ ਸਨ। ਪੀੜਤਾਂ ਨੂੰ ਮਾਪਿਆਂ ਵੱਲੋਂ ਦਿੱਤਾ ਇਸਤਰੀ ਧਨ ਦੋਸ਼ੀਆਂ ਨੇ ਪੀੜਤਾ ਦੀ ਮਰਜ਼ੀ ਤੋਂ ਬਿਨਾਂ ਆਪਣੀ ਵਰਤੋਂ ਵਿੱਚ ਲਿਆ ਕੇ ਖ਼ੁਰਦ-ਬੁਰਦ ਕਰ ਦਿੱਤਾ ਹੈ। ਪੁਲਸ ਨੇ ਪੀੜਤਾ ਦੇ ਪਤੀ ਚੇਤਨ ਸ਼ਰਮਾ, ਸੱਸ ਅੰਜੂ ਬਾਲਾ, ਸਹੁਰਾ ਅਸ਼ਵਨੀ ਸ਼ਰਮਾ ਖ਼ਿਲਾਫ਼ ਧਾਰਾ 498ਏ, 406 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਬਾਬਾ ਦੀਪ ਸਿੰਘ ਜੀ ਸ਼ਹੀਦ ਕੀਰਤਨ ਦਰਬਾਰ ਸੁਸਾਇਟੀ ਨੇ ਮਹੀਨਾਵਾਰ ਰਾਸ਼ਨ ਵੰਡਿਆ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਧੰਨ-ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਕੀਰਤਨ ਦਰਬਾਰ ਸੁਸਾਇਟੀ ਰਜਿ: ਪੱਟੀ ਵੱਲੋਂ ਪੱਟੀ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਹਰ ਮਹੀਨੇ ਲੋੜਵੰਦ ਪਰਿਵਾਰਾਂ ਤੇ ਵਿਧਵਾ ਔਰਤਾਂ ਨੂੰ ਮਹੀਨਾਵਾਰੀ ਰਾਸ਼ਨ ਦੀ ਸੇਵਾ ਗੁਰਦੁਆਰਾ ਬੀਬੀ ਰਜਨੀ ਜੀ ਪੱਟੀ ਵਿਖੇ ਕੀਤੀ ਗਈ।ਬਾਬਾ ਦੀਪ ਸਿੰਘ ਜੀ ਸ਼ਹੀਦ ਦੀ ਅਪਾਰ ਕਿਰਪਾ ਨਾਲ ਅਤੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਹਰ ਮਹੀਨੇ ਰਾਸ਼ਨ ਦੀ ਸੇਵਾ ਕੀਤੀ ਜਾਂਦੀ ਹੈ। ਇਹ ਸਾਰੀਆਂ ਸੇਵਾਵਾਂ ਪੱਟੀ ਨਿਵਾਸੀ ਸੰਗਤ ਦੇ ਸਹਿਯੋਗ ਨਾਲ ਹੀ ਚੱਲ ਰਹੀਆਂ ਹਨ । ਇਸ ਮਹੀਨੇ ਦੀ ਸੇਵਾ ਲੋਹੜੀ ਅਤੇ ਮਾਘੀ ਦਿਵਸ ਨੂੰ ਸਮਰਪਿਤ ਹੈ ।ਪਰਿਵਾਰਾਂ ਨੂੰ ਰਾਸ਼ਨ ਦੇਣ ਤੋਂ ਪਹਿਲਾਂ ਗੁਰਦਵਾਰਾ ਸਾਹਿਬ ਦੇ ਗ੍ਰੰਥੀ ਭਾਈ ਪ੍ਰਤਾਪ ਸਿੰਘ ਵੱਲੋਂ ਅਰਦਾਸ ਬੇਨਤੀ ਕੀਤੀ ਗਈ।ਉਸ ਤੋਂ ਬਾਅਦ ਰਾਸ਼ਨ ਦੀ ਸੇਵਾ ਸ਼ੁਰੂ ਕੀਤੀ ਗਈ।ਇਸ ਵਾਰ ਰਾਸ਼ਨ ਤੋਂ ਇਲਾਵਾ ਪਰਿਵਾਰਾਂ ਲਈ ਮੱਕੀ ਦਾ ਆਟਾ ਅਤੇ ਗੁੜ ਦੀ ਸੇਵਾ ਸਰਦੂਲ ਸਿੰਘ ਕਰਿਆਨੇ ਵਾਲਿਆਂ ਕੀਤੀ। ਮੂੰਗਫਲੀ ਦੀ ਸੇਵਾ ਸੁਖਚੈਨ ਸਿੰਘ ਰਾਜੂ ਕਲਾਥ ਹਾਊਸ ਵਾਲਿਆਂ ਕੀਤੀ।ਜਾਣਕਾਰੀ ਕੁਲਵਿੰਦਰ ਸਿੰਘ ਬੱਬੂ ਅਤੇ ਜੋਗਾ ਸਿੰਘ ਨੇ ਦਿੱਤੀ। ਇਸ ਮੌਕੇ ਪ੍ਰਧਾਨ ਬਲਬੀਰ ਸਿੰਘ ਲੁਹਾਰੀਆ ਗੁਰਦਵਾਰਾ ਬੀਬੀ ਰਜਨੀ ਜੀ ਪੱਟੀ, ਅਵਤਾਰ ਸਿੰਘ, (ਸੇਵਾ ਸਿੰਘ ਦੀ ਹੱਟੀ) ਵਾਲੇ, ਭਾਈ ਕੰਵਲਜੀਤ ਸਿੰਘ ਰਾਗੀ ਜਥਾ ਪੱਟੀ, ਅਮਰੀਕ ਸਿੰਘ ਜੇਈ, ਜਸਪਾਲ ਸਿੰਘ ਬਾਬਾ ਦੀਪ ਸਿੰਘ ਮੈਡੀਕਲ ਸਟੋਰ ਵਾਲੇ, ਮਨਕੀਰਤ ਸਿੰਘ ਕੈਨੇਡਾ, ਮਾਸਟਰ ਸੁਰਜੀਤ ਸਿੰਘ, ਡਾ. ਸਰਵਪਰੀਤ ਸਿੰਘ, ਸੁਖਚੈਨ ਸਿੰਘ ਰਾਜੂ ਕਲਾਥ ਹਾਊਸ, ਨਰਿੰਦਰ ਸਿੰਘ, ਗੁਰਮੀਤ ਸਿੰਘ ਵਕੀਲ, ਮਾਸਟਰ ਸਰਬਜੀਤ ਸਿੰਘ, ਮਾਸਟਰ ਗੁਰਦੇਵ ਸਿੰਘ ਲੁਹਾਰੀਆ, ਮਾਸਟਰ ਸਤਨਾਮ ਸਿੰਘ ਸਿੱਧੂ, ਗੁਰਸੇਵਕ ਸਿੰਘ ਪਟਵਾਰੀ, ਨਿਰਮਲ ਸਿੰਘ, ਹਰਪ੍ਰੀਤ ਸਿੰਘ, ਬਲਜਿੰਦਰ ਸਿੰਘ ਬੀਟੀ, ਇੰਸਪੈਕਟਰ ਦਰਸ਼ਨ ਸਿੰਘ, ਗੁਰਦੇਵ ਸਿੰਘ ਲੁਹਾਰੀਆ, ਸੰਦੀਪ ਸਿੰਘ, ਜੋਗਾ ਸਿੰਘ, ਨਿਰਮਲ ਸਿੰਘ, ਇਕਬਾਲ ਸਿੰਘ ਜੌਲੀ, ਅਮਾਨਤ ਆਸਟਰੇਲੀਆ, ਜਗਦੀਪ ਸਿੰਘ ਪ੍ਰਿੰਸ, ਜੋਬਨਪ੍ਰੀਤ ਸਿੰਘ ਪਟਿਆਲਾ, ਡਿੰਪਲ ਬੁਟੀਕ, ਜਸ਼ਨਪ੍ਰੀਤ ਸਿੰਘ, ਅਮਨ ਕਲਸੀ, ਅਵਤਾਰ ਸਿੰਘ ਢਿੱਲੋਂ, ਮਾਸਟਰ ਕੁਲਦੀਪ ਸਿੰਘ ਪੱਟੀ, ਜਗਪ੍ਰੀਤ ਸਿੰਘ, ਜਸਬੀਰ ਸਿੰਘ, ਇਸ਼ਮੀਤ ਸਿੰਘ, ਪ੍ਰੈੱਸ ਕਲੱਬ ਪੱਟੀ ਦੇ ਪ੍ਰਧਾਨ ਕੁਲਵਿੰਦਰ ਪਾਲ ਸਿੰਘ ਕਾਲੇਕੇ ਆਦਿ ਹਾਜ਼ਰ ਸਨ ।

# ਡਾ. ਓਬਰਾਏ ਵੱਲੋਂ ਵਿਦਿਆਰਥੀਆਂ ਨੂੰ ਹੁਨਰਮੰਦ ਬਣਾ ਕੇ ਜ਼ਿੰਦਗੀ 'ਚ ਕੀਤਾ ਜਾ ਰਿਹਾ ਕਾਮਯਾਬ : ਸਿਮਰਨ ਅਗਰਵਾਲ

## * ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਵਿਦਿਆਰਥਣਾਂ ਨੂੰ ਸਰਟੀਫਿਕੇਟ ਵੰਡੇ



ਧਾਰੀਵਾਲ, 10 ਜਨਵਰੀ (ਮਨਦੀਪ ਸਿੰਘ ਵਿੱਕੀ)-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੁੱਖੀ ਅਤੇ ਸੰਸਾਰ ਪ੍ਰਸਿੱਧ ਸਮਾਜ ਸੇਵੀ ਸ਼ਖਸੀਅਤ ਡਾਕਟਰ ਐੱਸ. ਪੀ. ਸਿੰਘ ਓਬਰਾਏ ਵੱਲੋਂ ਵਿਦਿਆਰਥੀਆਂ ਨੂੰ ਹੁਨਰਮੰਦ ਬਣਾ ਕੇ ਜ਼ਿੰਦਗੀ ਦੇ ਵਿੱਚ ਕਾਮਯਾਬ ਕਰਨ ਦੇ ਲਈ ਕੀਤੇ ਜਾ ਰਹੇ ਪਰਉਪਕਾਰੀ ਕਾਰਜਾਂ ਦੇ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਮਾਣਯੋਗ ਡਾਕਟਰ ਓਬਰਾਏ ਦੀ ਯੋਗ ਸਰਪ੍ਰਸਤੀ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਰਮਪੁਰਾ ਕਾਲੋਨੀ ਬਟਾਲਾ ਵਿਖੇ ਵਿਦਿਆਰਥਣਾਂ ਨੂੰ ਬਿਲਕੁਲ ਮੁਫਤ ਸਿੱਖਿਆ ਦੇਣ ਲਈ ਚਲਾਏ ਜਾ ਰਹੇ ਸਿਲਾਈ ਸੈਂਟਰ ਦੇ 6 ਮਹੀਨੇ ਦੇ ਕੋਰਸ ਪੂਰੇ ਹੋਣ ਤੋਂ ਬਾਅਦ ਵਿਦਿਆਰਥਣਾਂ ਨੂੰ ਸਰਟੀਫਿਕੇਟ ਵੰਡਣ ਦੇ ਲਈ ਸਮਾਰੋਹ ਕਰਵਾਇਆ ਗਿਆ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਅਖਿਲ ਭਾਰਤੀ ਅਗਰਵਾਲ ਸੰਮੇਲਨ ਪੰਜਾਬ ਮਹਿਲਾ ਵਿੰਗ ਦੀ ਸੂਬਾ ਪ੍ਰਧਾਨ ਅਤੇ ਇਨਰਵ੍ਹੀਲ ਕਲੱਬ ਨਿਊ ਜੈਨ ਦੀ ਪ੍ਰਧਾਨ ਤੇ ਸਮਾਜ ਸੇਵੀ ਮਹਿਲਾ ਸ਼ਖਸੀਅਤ ਸਿਮਰਨ ਅਗਰਵਾਲ ਸ਼ਾਮਲ ਹੋਏ ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਅਖਿਲ ਭਾਰਤੀ ਅਗਰਵਾਲ ਸੰਮੇਲਨ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਤੇ ਉੱਘੇ ਉਦਯੋਗਪਤੀ ਨਿਤਿਨ ਅਗਰਵਾਲ ਸ਼ਾਮਿਲ ਸਨ। ਇਸ ਸਮਾਰੋਹ ਦੀ ਪ੍ਰਧਾਨਗੀ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਵੱਲੋਂ ਕੀਤੀ ਗਈ ਜਦਕਿ ਉਨ੍ਹਾਂ ਦੇ ਨਾਲ ਟਰੱਸਟ ਦੇ ਵਿੱਤ ਸਕੱਤਰ ਰਜਿੰਦਰ ਸਿੰਘ ਰਾਜੂ ਸਰਪੰਚ ਰੰਗੀਲਪੁਰ, ਜਨਰਲ ਸੈਕਟਰੀ ਰਜਿੰਦਰ ਸਿੰਘ ਹੈਪੀ, ਸੈਕਟਰੀ ਰੋਹਿਤ ਕੁਮਾਰ ਕਾਰਜਕਾਰੀ ਪ੍ਰਿੰ. ਹਰਪ੍ਰੀਤ ਸਿੰਘ, ਅਧਿਆਪਕਾ ਨੀਤੂ ਬੇਦੀ ਵੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਸਨ। ਇਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਵੱਲੋਂ ਮੁੱਖ ਮਹਿਮਾਨ ਸਿਮਰਨ ਅਗਰਵਾਲ, ਨਿਤਿਨ ਅਗਰਵਾਲ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਸਮੇਤ ਸਮੁੱਚੀ ਟੀਮ ਦਾ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਨਿੱਘਾ ਸੁਆਗਤ ਕੀਤਾ। ਇਸ ਦੌਰਾਨ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡਦਿਆਂ ਮੁੱਖ ਮਹਿਮਾਨ ਸਿਮਰਨ ਅਗਰਵਾਲ ਨੇ ਕਿਹਾ ਕਿ ਡਾਕਟਰ ਐੱਸ. ਪੀ. ਸਿੰਘ ਓਬਰਾਏ ਵੱਲੋਂ ਵਿਦਿਆਰਥੀਆਂ ਨੂੰ ਹੁਨਰਮੰਦ ਬਣਾ ਕੇ ਕਿੱਤਾ ਮੁੱਖੀ ਕੋਰਸਾਂ ਦੀ ਬਿਲਕੁਲ ਮੁਫਤ ਸਿਖਲਾਈ ਦਿੱਤੀ ਜਾ ਰਹੀ ਹੈ ਤਾਂ ਜੋ ਵਿਦਿਆਰਥੀ ਆਪਣੀ ਜ਼ਿੰਦਗੀ ਦੇ ਵਿੱਚ ਕਾਮਯਾਬ ਹੋ ਕੇ ਅੱਗੇ ਵੱਧ ਸਕਣ। ਸਿਮਰਨ ਅਗਰਵਾਲ ਨੇ ਕਿਹਾ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰਸਟ ਵੱਲੋਂ ਵੀ ਸਿੱਖਿਆ ਦੇ ਖੇਤਰ ਵਿਚ ਅਹਿਮ ਯੋਗਦਾਨ ਪਾਇਆ ਜਾ ਰਿਹਾ ਹੈ। ਸਿਮਰਨ ਅਗਰਵਾਲ ਨੇ ਕਿਹਾ ਕਿ ਡਾ. ਐੱਸ. ਪੀ. ਸਿੰਘ ਓਬਰਾਏ ਵੱਲੋਂ ਹਰ ਸੰਕਟ ਦੀ ਘੜੀ ਵਿੱਚ ਪੰਜਾਬ ਦੇ ਲਈ ਬਹੁਤ ਹੀ ਪਰਉਪਕਾਰੀ ਤੇ ਨੇਕ ਕਾਰਜ ਕੀਤੇ ਜਾ ਰਹੇ ਹਨ।

ਜਦਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਕਰੋੜਾਂ ਰੁਪਏ ਦੀ ਲਾਗਤ ਨਾਲ ਹੜ੍ਹਾਂ ਦੇ ਪਾਣੀ ਕਾਰਨ ਢਹਿ ਢੇਰੀ ਹੋ ਗਏ ਲੋੜਵੰਦਾਂ ਦੇ ਘਰ ਮਕਾਨ ਵੀ ਡਾ. ਓਬਰਾਏ ਵੱਲੋਂ ਬਣਾ ਕੇ ਦਿੱਤੇ ਜਾ ਰਹੇ ਹਨ। ਨਿਤਿਨ ਅਗਰਵਾਲ ਨੇ ਕਿਹਾ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਹਮੇਸ਼ਾ ਹੀ ਹਰ ਖੇਤਰ ਵਿਚ ਪਹਿਲਕਦਮੀ ਕਰਦਿਆਂ ਲੋੜਵੰਦਾਂ ਦੀ ਬਾਂਹ ਫੜੀ ਜਾ ਰਹੀ ਹੈ। ਜਦਕਿ ਡਾਕਟਰ ਓਬਰਾਏ ਵੱਲੋਂ ਬਿਨਾਂ ਕਿਸੇ ਭੇਦ ਭਾਵ ਤੋਂ ਮਨੁੱਖਤਾ ਨੂੰ ਬਚਾਉਣ ਅਤੇ ਇਨਸਾਨੀਅਤ ਦੀਆਂ ਕਦਰਾਂ-ਕੀਮਤਾਂ ਨੂੰ ਉੱਚਾ ਚੁੱਕਣ ਦੇ ਲਈ ਨੇਕ ਤੇ ਸ਼ਲਾਘਾਯੋਗ ਕਾਰਜ ਕੀਤੇ ਜਾ ਰਹੇ ਹਨ।

ਇਸ ਦੌਰਾਨ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਰਵਿੰਦਰ ਸਿੰਘ ਮਠਾਰੂ ਨੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਦੀ ਜਾਣਕਾਰੀ ਸਾਂਝੀ ਕੀਤੀ ਜਦਕਿ ਸਤਿਕਾਰਯੋਗ ਡਾਕਟਰ ਐੱਸ. ਪੀ. ਸਿੰਘ ਓਬਰਾਏ ਵੱਲੋਂ ਦੇਸ਼-ਵਿਦੇਸ਼ ਦੇ ਅੰਦਰ ਕੀਤੇ ਜਾ ਰਹੇ ਪਰਉਪਕਾਰੀ ਕਾਰਜਾਂ ਦਾ ਵੀ ਖੁਲਾਸਾ ਕੀਤਾ ਗਿਆ। ਇਸ ਮੌਕੇ ਵਿਦਿਆਰਥਣਾਂ ਵੀ ਹਾਜ਼ਰ ਸਨ।

## ਆਰਵ ਗੁਪਤਾ ਨੇ ਡਾਂਸ ਮੁਕਾਬਲੇ 'ਚ ਮਾਰਿਆ ਮਾਅਰਕਾ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਸਥਾਨਕ ਬਹਿਰਾਮਪੁਰ ਰੋਡ 'ਤੇ ਸਥਿਤ ਗੁਰਦਾਸਪੁਰ ਪਬਲਿਕ ਸਕੂਲ ਦੇ ਸੁਨਹਿਰੀ ਇਤਿਹਾਸ ਵਿਚ ਇਕ ਨਵਾਂ ਪੰਨਾ ਉਦੋਂ ਜੁੜ ਗਿਆ ਜਦੋਂ ਸਕੂਲ ਦੇ ਪੰਜਵੀਂ ਕਲਾਸ ਦੇ ਵਿਦਿਆਰਥੀ ਨੇ ਕੌਮੀ ਪੱਧਰ ਦੇ ਹੋਏ ਡਾਂਸ ਮੁਕਾਬਲੇ ਵਿਚ ਦੂਜਾ ਸਥਾਨ ਹਾਸਲ ਕਰਕੇ ਸਕੂਲ, ਇਲਾਕੇ ਦਾ ਨਾ ਸਿਰਫ ਨਾਂਅ ਰੌਸ਼ਨ ਕੀਤਾ ਬਲਕਿ ਅੰਤਰਰਾਸ਼ਟਰੀ ਪੱਧਰ ਦੇ ਡਾਂਸ ਮੁਕਾਬਲੇ ਵਿਚ ਆਪਣਾ ਨਾਂਅ ਵੀ ਦਰਜ ਕਰਵਾਇਆ।ਸਕੂਲ ਦੇ ਚੇਅਰਮੈਨ ਰਮਨ ਬਹਿਲ ਤੇ ਡਾਇਰੈਕਟਰ ਮੈਡਮ ਅਰਚਨਾ ਬਹਿਲ ਨੇ ਆਰਵ ਗੁਪਤਾ ਤੇ ਉਸਦੇ ਮਾਤਾ-ਪਿਤਾ ਨੂੰ ਵਧਾਈ ਦਿੰਦੇ ਹੋਏ ਦੱਸਿਆ ਕਿ ਆਰਵ ਸਕੂਲ ਵਿਚ ਹੋਣ ਵਾਲੀਆਂ ਸਰਗਰਮੀਆਂ ਵਿਚ ਵੀ ਸਦਾ ਵੱਧ-ਚੜ੍ਹ ਕੇ ਹਿੱਸਾ ਲੈਂਦਾ ਹੈ।ਉਨ੍ਹਾਂ ਦੱਸਿਆ ਕਿ ਆਰਵ ਗੁਪਤਾ ਨੇ ਬੀਤੇ ਦਿਨੀਂ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਵਿਚ ਹੋਏ ਕੌਮੀ ਪਧੱਰ ਦੇ ਡਾਂਸ ਮੁਕਾਬਲੇ ਦੌਰਾਨ ਅੰਡਰ 8 ਤੋਂ 15 ਸਾਲ ਵਰਗ ਵਿਚ ਭਾਗ ਲੈ ਕੇ ਭੰਗੜੇ ਵਿਚ ਦੂਜਾ ਸਥਾਨ ਪ੍ਰਾਪਤ ਕੀਤਾ ਤੇ ਅੰਤਰਰਾਸ਼ਟਰੀ ਪਧੱਰ ਦੇ ਮੁਕਾਬਲੇ ਲਈ ਆਪਣੀ ਚੋਣ ਵੀ ਕਰਵਾਈ ਜੋ ਕਿ ਸਕੂਲ ਲਈ ਬਹੁਤ ਹੀ ਖੁਸ਼ੀ ਦੀ ਗੱਲ ਹੈ।ਉਨ੍ਹਾਂ ਕਿਹਾ ਕਿ ਸਕੂਲ ਵੀ ਹਮੇਸ਼ਾ ਅਜਿਹੀਆਂ ਕੋਸ਼ਿਸ਼ਾਂ ਵਿਚ ਰਹਿੰਦਾ ਹੈ ਕਿ ਹੋਣਹਾਰ ਵਿਦਿਆਰਥੀਆ ਦੇ ਟੈਲੰਟ ਨੂੰ ਸਾਹਮਣੇ ਲਿਆਂਦਾ ਜਾਵੇ ਤਾਂ ਜੋ ਉਨ੍ਹਾਂ ਦਾ ਭਵਿੱਖ ਬਣ ਸਕੇ।ਸਕੂਲ ਦੇ ਪ੍ਰਿੰ. ਸੰਦੀਪ ਅਰੋੜਾ ਨੇ ਦੱਸਿਆ ਕਿ ਪਿਛਲੇ ਲਗਭਗ 34 ਸਾਲਾਂ ਦੌਰਾਨ ਸਕੂਲ ਤੋਂ ਸਿੱਖਿਆ ਹਾਸਲ ਕਰਕੇ ਗਏ ਵਿਦਿਆਰਥੀ ਇਸ ਸਮੇਂ ਪ੍ਰਸਿੱਧ ਵਕੀਲ, ਡਾਕਟਰ, ਇੰਜੀਨੀਅਰ ਤੇ ਚੰਗੇ ਖਿਡਾਰੀ ਬਣ ਕੇ ਸਮਾਜ ਦੀ ਸੇਵਾ ਕਰ ਰਹੇ ਹਨ ।

11-Jan-PAGE-12.qxd 1/10/2024 11:06 PM Page 1



# ਡੀ ਸੀ ਨੇ ਸਰਕਾਰੀ ਸਕੂਲਾਂ ਲਈ ਸਵਰਾਜ ਸ਼ਕਤੀ ਸਕਾਲਰਸ਼ਿਪ ਪ੍ਰੋਗਰਾਮ ਤੇ ਮੋਬਾਈਲ ਲਰਨਿੰਗ ਲੈਬ ਦੀ ਕੀਤੀ ਸ਼ੁਰੂਆਤ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, ( ਗੁਰਜੀਤ ਬਿੱਲਾ )**— ਡਿਪਟੀ ਕਮਿਸ਼ਨਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਸ੍ਰੀਮਤੀ ਆਸ਼ਿਕਾ ਜੈਨ ਨੇ ਜ਼ਿਲ੍ਹੇ ਲਈ ਸਵਰਾਜ ਟਰੈਕਟਰਜ਼ ਦੀਆਂ ਸੀ.ਐਸ.ਆਰ. ਪਹਿਲਕਦਮੀਆਂ ਦੀ ਸ਼ੁਰੂਆਤ ਕੀਤੀ। ਹਰੀਸ਼ ਚਵਾਨ, ਸਵਰਾਜ ਡਿਵੀਜਨ ਦੇ ਸੀਈਓ ਅਤੇ ਅਰੁਣ ਰਾਘਵ, ਵੀਪੀ - ਐਚਆਰ, ਈਆਰ, ਐਡਮਿਨ, ਅਤੇ ਸੀ.ਐਸ.ਆਰ. ਦੀ ਮੌਜੂਦਗੀ ਵਿੱਚ ਬੁੱਧਵਾਰ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮੁਹਾਲੀ ਤੋਂ ਸਰਕਾਰੀ ਸਕੂਲਾਂ ਲਈ ਸਵਰਾਜ ਸਕਤੀ ਸਕਾਲਰਸ਼ਿਪ ਪ੍ਰੋਗਰਾਮ ਅਤੇ ਮੋਬਾਈਲ ਲਰਨਿੰਗ ਲੈਬ ਦੀ ਸ਼ੁਰੂਆਤ ਕੀਤੀ ਗਈ। ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ ਦੇ ਤਹਿਤ 'ਗਿਆਨਦੀਪ ਪਹਿਲਕਦਮੀ' ਨੂੰ ਜ਼ਮੀਨੀ ਪੱਧਰ ਦੀ ਸਿੱਖਿਆ 'ਤੇ ਗੰਭੀਰ ਚੁਣੌਤੀਆਂ ਨੂੰ ਹੱਲ ਕਰਨ ਲਈ ਤਿਆਰ ਕੀਤਾ ਗਿਆ ਹੈ ਅਤੇ ਇਸ ਵਿੱਚ ਦੋ ਪ੍ਰਭਾਵਸ਼ਾਲੀ ਪ੍ਰੋਗਰਾਮ ਸ਼ਾਮਲ ਕੀਤੇ ਗਏ ਹਨ। ਤਿੰਨ ਮੋਬਾਈਲ ਲਰਨਿੰਗ ਲੈਬਜ਼ (ਸਰਕਾਰੀ ਸਕੂਲਾਂ ਲਈ ਮੋਬਾਈਲ ਐਸ.ਟੀ.ਈ.ਐਮ. ਲਰਨਿੰਗ) ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਪਹਿਲਕਦਮੀ ਵਿਗਿਆਨ, ਤਕਨਾਲੋਜੀ, ਇੰਜਨੀਅਰਿੰਗ ਅਤੇ ਗਣਿਤ (ਐਸ.ਟੀ.ਈ.ਐਮ.) ਵਿੱਚ ਸਕੇਲੇਬਲ, ਹੈਂਡਸ-ਆਨ ਤਜਰਬਿਆਂ ਰਾਹੀਂ ਸਿੱਖਿਆ ਵਿੱਚ ਮੌਕਿਆਂ ਦੇ ਅੰਤਰ ਨੂੰ ਦੂਰ ਕਰੇਗੀ। ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਇਹ ਪ੍ਰੋਗਰਾਮ ਐਸ.ਏ.ਐਸ.ਨਗਰ ਵਿੱਚ 6ਵੀਂ - 10ਵੀਂ ਜਮਾਤ ਦੇ ਸਰਕਾਰੀ ਸਕੂਲ ਦੇ ਬੱਚਿਆਂ ਨੂੰ ਕਵਰ ਕਰੇਗਾ ਅਤੇ ਇਸ ਵਿੱਚ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਹੈਂਡ-ਆਨ ਸੈਸ਼ਨ, ਗਰਮੀਆਂ/ਸਰਦੀਆਂ ਦੇ ਕੈਂਪ, ਵਿਗਿਆਨ ਮੇਲੇ, ਅਤੇ ਨੌਜਵਾਨ ਇੰਸਟ੍ਰਕਟਰ ਸਿਖਲਾਈ ਸ਼ਾਮਲ ਹਨ। ਸਮੁੱਚਾ ਟੀਚਾ ਵਿਕਲਪਕ ਸਿੱਖਣ ਦੇ ਤਰੀਕਿਆਂ ਬਾਰੇ ਜਾਗਰੂਕਤਾ ਵਧਾਉਣਾ, ਉਤਸੁਕਤਾ ਅਤੇ ਖੋਜੀ ਵਿਵਹਾਰ ਨੂੰ ਵਧਾਉਣਾ, ਵਿਚਾਰਾਂ ਦੇ ਆਦਾਨ-ਪ੍ਰਦਾਨ ਅਤੇ ਸੰਚਾਰ ਵਿੱਚ ਵਿਸ਼ਵਾਸ ਨੂੰ ਵਧਾਉਣਾ, ਅਤੇ ਵਿਗਿਆਨ ਦੀਆਂ ਧਾਰਨਾਵਾਂ ਵਿੱਚ ਦਿਲਚਸਪੀ ਅਤੇ ਸਮਝ ਨੂੰ ਵਧਾਉਣਾ ਹੈ। ਉਨ੍ਹਾਂ ਦੂਜੀ ਪਹਿਲਕਦਮੀ, ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਲਈ ਸਵਰਾਜ ਸਕਤੀ ਸਕਾਲਰਸ਼ਿਪ ਪ੍ਰੋਗਰਾਮ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਪ੍ਰੋਗਰਾਮ ਦਾ ਉਦੇਸ ਐਸ.ਏ.ਐਸ.ਨਗਰ ਜ਼ਿਲ੍ਹੇ ਵਿੱਚ ਘੱਟ ਆਮਦਨੀ ਵਾਲੇ ਪਰਵਾਰਾਂ ਦੀਆਂ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਦਾ ਸਸ਼ਕਤੀਕਰਨ ਅਤੇ ਉਨ੍ਹਾਂ ਨੂੰ ਉਤਸਾਹਿਤ ਕਰਨਾ ਹੈ। ਇਹ ਉਪਰਾਲਾ ਸਿੱਖਿਆ ਨੂੰ ਅੱਗੇ ਵਧਾਉਣ ਅਤੇ ਸਵੈ-ਨਿਰਭਰਤਾ ਨੂੰ ਉਤਸ਼ਾਹਿਤ ਕਰੇਗਾ। ਉਨ੍ਹਾਂ ਦੱਸਿਆ ਕਿ ਇਸ ਸਕਾਲਰਸ਼ਿਪ ਲਈ ਯੋਗ ਹੋਣ ਲਈ, ਵਿਦਿਆਰਥੀਆਂ ਨੂੰ ਵਿੱਤੀ ਲੋੜ (ਪਰਵਾਰਕ ਆਮਦਨ ਆਈ.ਐਨ.ਆਰ 4 ਲੱਖ ਪ੍ਰਤੀ ਸਾਲ ਤੋਂ ਵੱਧ ਨਾ ਹੋਵੇ) ਦੇ ਨਾਲ, ਪਿਛਲੀ ਜਮਾਤ ਵਿੱਚ ਘੱਟੋ-ਘੱਟ 55 ਪ੍ਰਤੀਸ਼ਤ ਅੰਕਾਂ ਦੇ ਨਾਲ ਅਕਾਦਮਿਕ ਉੱਤਮਤਾ ਦਾ ਪ੍ਰਦਰਸ਼ਨ ਕਰਨਾ ਹੋਵੇਗਾ। ਚੁਣੇ ਗਏ ਵਿਦਿਆਰਥੀਆਂ ਨੂੰ ਅਕਾਦਮਿਕ ਉਦੇਸਾਂ ਜਿਵੇਂ ਕਿ ਟਿਊਸ਼ਨ ਫੀਸ, ਕਿਤਾਬਾਂ, ਸਟੇਸ਼ਨਰੀ ਅਤੇ ਯਾਤਰਾ ਦੇ ਖਰਚਿਆਂ ਲਈ 7,000 ਰੁਪਏ ਦੀ ਨਿਸਚਿਤ ਵਿੱਤੀ ਸਹਾਇਤਾ ਪ੍ਰਾਪਤ ਹੋਵੇਗੀ। ਇਹ ਪ੍ਰੋਗਰਾਮ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਦੀਆਂ ਲੜਕੀਆਂ ਨੂੰ ਸਿੱਖਿਆ ਸਹਾਇਤਾ ਪ੍ਰਦਾਨ ਕਰੇਗਾ। ਹਰੀਸ਼ ਚਵਾਨ, ਸੀ.ਈ.ਓ. ਸਵਰਾਜ ਡਿਵੀਜਨ, ਨੇ ਕਿਹਾ, "ਗਿਆਨਦੀਪ ਪਹਿਲਕਦਮੀ ਦੇ ਜ਼ਰੀਏ, ਸਵਰਾਜ ਟਰੈਕਟਰਸ ਆਮ ਲੋਕਾਂ ਦੇ ਜੀਵਨ ਵਿੱਚ ਸਕਾਰਾਤਮਕ ਤਬਦੀਲੀ ਲਿਆਉਣ, ਸੰਭਾਵਨਾਵਾਂ ਨੂੰ ਖੋਜਣ ਅਤੇ ਇੱਕ ਉੱਜਵਲ ਭਵਿੱਖ ਨੂੰ ਆਕਾਰ ਦੇਣ ਦੀ ਕੁੰਜੀ ਵਜੋਂ ਸਿੱਖਿਆ ਨੂੰ ਉਤਸਾਹਿਤ ਕਰਨ ਲਈ ਵਚਨਬੱਧ ਹੈ।"

ਡਿਪਟੀ ਕਮਿਸ਼ਨਰ ਨੇ ਮਹਿੰਦਰਾ ਗਰੁੱਪ ਦੀ ਡਿਵੀਜ਼ਨ ਸਵਰਾਜ ਟਰੈਕਟਰਜ਼ ਦੇ ਇਸ ਨੇਕ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਅਜੇ ਵੀ ਸੀ.ਐਸ.ਆਰ. ਤਹਿਤ ਉਦਯੋਗਾਂ ਦੇ ਯੋਗਦਾਨ ਦੀ ਬਹੁਤ ਲੋੜ ਹੈ ਅਤੇ ਸਾਡੇ ਕੋਲ ਪਹਿਲਾਂ ਹੀ ਕਈ ਪ੍ਰੋਗਰਾਮ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਸੀ.ਐਸ.ਆਰ ਗਤੀਵਿਧੀਆਂ ਜੇਕਰ ਜ਼ਿਲ੍ਹਾ ਪ੍ਰਸ਼ਾਸਨ ਦੀ ਸਹਿਮਤੀ ਅਤੇ ਪ੍ਰਸਤਾਵ ਨਾਲ ਕੀਤੀਆਂ ਜਾਣ ਤਾਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਲਾਹੇਵੰਦ ਹੋਣਗੀਆਂ।

# ਯੋਗ ਵਿਅਕਤੀ ਐੱਸ ਜੀ ਪੀ ਸੀ ਚੋਣਾਂ ਲਈ ਵੋਟਰ ਰਜਿਸਟਰ ਹੋਣ : ਮਨਦੀਪ ਢਿੱਲੋਂ




**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਯੋਗ ਵਿਅਕਤੀਆਂ ਨੂੰ ਐਸ.ਜੀ.ਪੀ.ਸੀ ਚੋਣਾਂ ਲਈ ਤਿਆਰ ਕੀਤੀਆ ਜਾ ਰਹੀਆਂ ਵੋਟਰ ਸੂਚੀਆਂ ਵਿੱਚ ਆਪਣਾ ਨਾਂਅ ਰਜਿਸਟਰ ਕਰਵਾਉਣ ਲਈ ਵਿਆਪਕ ਉਪਰਾਲੇ ਕੀਤੇ ਜਾ ਰਹੇ ਹਨ। 16 ਪਿੰਡਾਂ ਵਿੱਚ ਵਿਸੇਸ਼ ਕੈਂਪ ਲਗਾ ਕੇ ਯੋਗ ਵਿਅਕਤੀਆਂ ਨੂੰ ਵੋਟਰ ਰਜਿਸਟਰ ਕੀਤਾ ਜਾਵੇਗਾ। ਇਹ ਜਾਣਕਾਰੀ ਮਨਦੀਪ ਸਿੰਘ ਢਿੱਲੋਂ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਨੇ ਚੱਕ ਤੇ ਬੁਰਜ ਪਿੰਡਾਂ ਦਾ ਦੌਰਾ ਕਰਨ ਮੌਕੇ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਵੋਟਰ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਦਾ ਪਿੰਡਾਂ ਵਿਚ ਜਾ ਕੇ ਜਾਇਜ਼ਾ ਲਿਆ ਜਾ ਰਿਹਾ ਹੈ। ਵੋਟਰ ਰਜਿਸਟ੍ਰੇਸ਼ਨ 29 ਫਰਵਰੀ ਤੱਕ ਹੋਵੇਗੀ। ਉਨ੍ਹਾਂ ਨੇ ਕਿਹਾ ਕਿ ਕੋਈ ਵੀ ਯੋਗ ਵਿਅਕਤੀ ਆਪਣੇ ਵੋਟ ਦੇ ਹੱਕ ਤੋਂ ਵਾਂਝਾ ਨਾ ਰਹੇ, ਇਸ ਲਈ ਜਿਹੜੇ ਅਧਿਕਾਰੀ/ਕਰਮਚਾਰੀ ਵੋਟਰ ਸੂਚੀਆਂ ਦੀਆਂ ਤਿਆਰੀਆਂ ਵਿੱਚ ਲੱਗੇ ਹੋਏ ਹਨ, ਉਹ ਪੂਰੀ ਮਿਹਨਤ, ਲਗਨ ਤੇ ਤਨਦੇਹੀ ਨਾਲ ਆਪਣੀ ਡਿਊਟੀ ਕਰਨ। ਇਸ ਦੌਰਾਨ ਨਿਯਮਾਂ ਤੇ ਸ਼ਰਤਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਨੇ ਕਿਹਾ ਕਿ ਪਟਵਾਰੀ ਆਪਣੀ ਡਿਊਟੀ ਪੂਰੇ ਧਿਆਨ ਨਾਲ ਕਰਨ ਤਾਂ ਕਿ ਸਾਫ ਸੁਥਰੇ ਢੰਗ ਨਾਲ ਇਹ ਪ੍ਰਕਿਰਿਆ ਮੁਕੰਮਲ ਕੀਤੀ ਜਾਵੇ। ਉਨ੍ਹਾਂ ਨੇ ਪਿੰਡਾਂ ਦਾ ਦੌਰਾ ਕੀਤਾ ਅਤੇ ਆਮ ਲੋਕਾਂ ਤੋਂ ਇਸ ਬਾਰੇ ਸੁਝਾਅ ਵੀ ਲਏ। ਇਸ ਮੌਕੇ ਨਾਇਬ ਤਹਿਸੀਲਦਾਰ ਵਿਕਾਸਦੀਪ ਵੀ ਹਾਜ਼ਰ ਸਨ।

# ਆਈ ਪੀ ਐੱਸ ਅਫ਼ਸਰ ਬਣ ਨਾਨਕੇ ਪਿੰਡ ਮਸੀਤਪਲ ਕੋਟ ਪਹੁੰਚੇ ਦਿਲਪ੍ਰੀਤ ਸਿੰਘ ਦਾ ਹੋਇਆ ਵਿਸ਼ੇਸ਼ ਸਨਮਾਨ



**ਅੱਡਾ ਸਰਾਂ (ਕਾਜਲ)**-ਆਈ.ਪੀ.ਐੱਸ.ਅਫਸਰ ਬਣੇ ਦਿਲਪ੍ਰੀਤ ਸਿੰਘ ਦਾ ਉਨ੍ਹਾਂ ਦੇ ਨਾਨਕੇ ਪਿੰਡ ਮਸੀਤਪਲ ਕੋਟ ਪਹੁੰਚਣ 'ਤੇ ਨਗਰ ਦੀਆਂ ਵੱਖ ਵੱਖ ਸੰਸਥਾਵਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਰਦੂਲ ਸਿੰਘ ਅਤੇ ਗੁਰਚਰਨ ਕੌਰ ਦੇ ਦੋਹਤਰੇ ਦਿਲਪ੍ਰੀਤ ਸਿੰਘ ਪੁੱਤਰ ਮਨਮੋਹਨ ਸਿੰਘ ਅਤੇ ਦਵਿੰਦਰ ਕੌਰ ਦਾ ਪਿੰਡ ਪਹੁੰਚਣ 'ਤੇ ਗੁਰਦੁਆਰਾ ਕਮੇਟੀ,ਨੌਜਵਾਨ ਸਹਾਇਕ ਕਲੱਬ, ਦਸਮੇਸ਼ ਸਮਾਜ ਸੇਵਕ ਸੋਸਾਇਟੀ ਅਤੇ ਗ੍ਰਾਮ ਪੰਚਾਇਤ ਅਤੇ ਸਰਪੰਚ ਸੁਰਿੰਦਰ ਕੌਰ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਦਿਲਪ੍ਰੀਤ ਸਿੰਘ ਦੇ ਮਾਮਾ ਜਸਵਿੰਦਰ ਸਿੰਘ, ਸੁਖਵਿੰਦਰ ਸਿੰਘ, ਬਰਜਿੰਦਰ ਸਿੰਘ ਅਤੇ ਹੋਰ ਪਰਵਾਰਕ ਮੈਂਬਰ ਮੌਜੂਦ ਸਨ। ਦਿਲਪ੍ਰੀਤ ਸਿੰਘ ਨੇ ਦੱਸਿਆ ਕਿ ਉਸਨੇ ਸਵਾਮੀ ਸੰਤ ਦਾਸ ਪਬਲਿਕ ਜਲੰਧਰ ਤੋਂ ਬਾਰਵੀਂ ਦੀ ਪੜ੍ਹਾਈ ਕਰਨ ਉਪਰੰਤ ਚੰਡੀਗੜ੍ਹ ਤੋਂ ਬੀ.ਟੈੱਕ ਦੀ ਪੜ੍ਹਾਈ ਕਰਦੇ ਸਮੇ ਪੀ ਸੀ ਐੱਸ ਪ੍ਰੀਖਿਆ ਵਿਚ ਬਾਰਵਾਂ ਸਥਾਨ ਹਾਸਲ ਕਰਕੇ ਤਹਿਸੀਲਦਾਰ ਦਾ ਅਹੁਦਾ ਪ੍ਰਾਪਤ ਕੀਤਾ।ਦੋਬਾਰਾ ਪ੍ਰੀਖਿਆ ਦਿੱਤੀ ਅਤੇ ਅੱਠਵਾਂ ਸਥਾਨ ਹਾਸਲ ਕਰਕੇ ਉਹ ਐੱਸ.ਡੀ.ਐੱਮ.ਬਣਿਆ। ਇਸ ਦੌਰਾਨ ਹੀ ਉਸਨੇ ਯੂ.ਪੀ.ਐੱਸ.ਸੀ.ਦੀ ਪ੍ਰੀਖਿਆ ਵਿਚ 237 ਵਾਂ ਰੈਂਕ ਹਾਸਲ ਕੀਤਾ ਅਤੇ ਉਹ ਆਈ.ਪੀ.ਐੱਸ. ਅਫਸਰ ਬਣਿਆ।ਮੌਜੂਦਾ ਸਮੇ ਉਹ ਗੁਰਦਾਸਪੁਰ ਵਿਚ ਅੰਡਰ ਟਰੇਨਿੰਗ ਏ. ਸੀ. ਪੀ. ਵਜੋਂ ਸੇਵਾਵਾਂ ਦੇ ਰਿਹਾ ਹੈ। ਪਿੰਡ ਵਾਸੀਆਂ ਅਤੇ ਸੰਸਥਾਵਾਂ ਦੇ ਮੈਂਬਰਾਂ ਨੇ ਦਿਲਪ੍ਰੀਤ ਦੀ ਇਸ ਪ੍ਰਾਪਤੀ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਹਨ। ਇਸ ਮੌਕੇ ਬਲਦੇਵ ਸਿੰਘ,ਜੀਤ ਸਿੰਘ,ਚੈਂਚਲ ਸਿੰਘ, ਇੰਦਰਪਾਲ ਸਿੰਘ,ਪਰਮਜੀਤ ਸਿੰਘ, ਸੁਖਨਿੰਦਰ ਸਿੰਘ ਕਲੋਟੀ,ਗੁਰਦੇਵ ਸਿੰਘ, ਮਲਵਿੰਦਰ ਸਿੰਘ, ਪਰਮਜੀਤ ਕੌਰ,ਗੁਰਵਿੰਦਰ ਸਿੰਘ ਜਲਾਲਪੁਰ , ਜਸਪ੍ਰੀਤ ਸਿੰਘ, ਉਪਿੰਦਰ ਸਿੰਘ, ਜਸਵਿੰਦਰ ਸਿੰਘ ਲਾਡੀ, ਸਤਵੰਤ ਕੌਰ,ਗੁਰਨੂਰ ਸਿੰਘ, ਬਲਜੀਤ ਕੌਰ ਮੌਜੂਦ ਸਨ।

# ਪ੍ਰਿੰਸੀਪਲ ਸਵਿੰਦਰ ਕੌਰ ਮੱਲ੍ਹੀ ਗੁਰੂ ਦਰੋਣਾਚਾਰੀਆ ਪ੍ਰਿੰਸੀਪਲ ਆਫ ਦੀ ਈਅਰ ਐਵਾਰਡ ਨਾਲ ਸਨਮਾਨਤ



**ਆਦਮਪੁਰ ( ਪਰਮਜੀਤ ਸਿੰਘ )**- ਜ਼ਿਲ੍ਹਾ ਊਨਾ ਹਿਮਾਚਲ ਪ੍ਰਦੇਸ਼ ਪੀਏਈਆਈ (ਪ੍ਰਿਥਵੀ ਅਭੁੱਦਿਆ ਐਜੂਕੇਟਰਜ਼ ਐਸੋਸੀਏਸ਼ਨ ਆਫ ਇੰਡੀਆ) ਵੱਲੋਂ ਸਵਿੰਦਰ ਕੌਰ ਮੱਲ੍ਹੀ ਨੂੰ ਮਾਣ ਨਾਲ ਗੁਰੂ ਦਰੋਣਾਚਾਰੀਆ ਪ੍ਰਿੰਸੀਪਲ ਆਫ ਦਿ ਈਅਰ ਐਵਾਰਡ-2023 ਨਾਲ ਸਨਮਾਨਿਤ ਕੀਤਾ ਗਿਆ। ਦੀ ਇਂਪੀਰੀਅਲ ਸਕੂਲ ਗ੍ਰੀਨ ਕੈਂਪਸ ਆਦਮਪੁਰ ਦੇ ਪ੍ਰਿੰਸੀਪਲ ਸਵਿੰਦਰ ਕੌਰ ਮੱਲ੍ਹੀ ਨੂੰ ਇਹ ਐਵਾਰਡ ਉਨ੍ਹਾਂ ਨੂੰ ਸਥਿਤ ਇੰਡਸ ਇੰਟਰਨੈਸ਼ਨਲ ਯੂਨੀਵਰਸਿਟੀ, ਹਿਮਾਚਲ ਪ੍ਰਦੇਸ਼ ਵਿਖੇ ਡੀ.ਐਸ.ਪੀ. ਅਰਜੁਨ ਐਵਾਰਡੀ ਅਜੈ ਠਾਕੁਰ , ਜ਼ਿਲ੍ਹਾ ਊਨਾ ਦੇ ਦੇਵੇਂਦਰ ਚੰਦੇਲ ਡਿਪਟੀ ਡਾਇਰੈਕਟਰ ਅਤੇ ਚੀਫ਼ ਡੁੱਕਪਾ ਸੰਸਥਾਪਕ ਪ੍ਰਧਾਨ ਜੀ.ਵੀ.ਸੀ ਭੂਟਾਨ ਵਲੋਂ ਭੇਂਟ ਕੀਤਾ ਗਿਆ।ਪ੍ਰਿੰਸੀਪਲ ਸਵਿੰਦਰ ਕੌਰ ਮੱਲ੍ਹੀ ਨੇ ਕਿਹਾ ਕਿ ਇਹ ਐਵਾਰਡ ਮਿਲਣਾ ਸਕੂਲ ਲਈ ਤੇ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਇਹ ਮਾਣ ਉਨ੍ਹਾਂ ਨੂੰ ਇਮਪੀਰੀਅਲ ਦੀ ਪੂਰੀ ਟੀਮ ਦੇ ਅਤੇ ਸਕੂਲ ਦੇ ਪ੍ਰਬੰਧਕਾਂ ਦੇ ਸਾਂਝੇ ਯਤਨਾਂ ਸਦਕਾ ਪ੍ਰਾਪਤ ਹੋਇਆ ਹੈ। ਚੇਅਰਮੈਨ ਜਗਦੀਸ਼ ਲਾਲ ਅਤੇ ਡਾਇਰੈਕਟਰ ਜਗਮੋਹਨ ਅਰੋੜਾ ਨੇ ਪ੍ਰਿੰਸੀਪਲ ਸਵਿੰਦਰ ਕੌਰ ਮੱਲ੍ਹੀ ਨੂੰ ਸਕੂਲ ਦਾ ਨਾਂਇ ਰੌਸ਼ਨ ਕਰਨ ਲਈ ਕੀਤੇ ਅਣਥੱਕ ਯਤਨਾਂ ਲਈ ਵਧਾਈ ਦਿੱਤੀ।

# 67ਵੀਆਂ ਨੈਸ਼ਨਲ ਸਕੂਲ ਖੇਡਾਂ ਹਾਕੀ 'ਚ ਪੰਜਾਬ ਦੀਆਂ ਟੀਮਾਂ ਕੁਆਰਟਰ ਫਾਈਨਲ 'ਚ

**ਜਲੰਧਰ , (ਕੇਸਰ, ਸ਼ੈਲੀ ਅਲਬਰਟ)**

ਇਥੇ ਚੱਲ ਰਹੀਆਂ ਨੈਸ਼ਨਲ ਸਕੂਲ ਖੇਡਾਂ ਹਾਕੀ ਅੰਡਰ-19 ਵਿੱਚ ਭਾਗ ਲੈ ਰਹੀਆਂ ਵੱਖ-ਵੱਖ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 50 ਟੀਮਾਂ ਵਿੱਚੋਂ 16 ਟੀਮਾਂ ਦੇ ਪ੍ਰੀ-ਕੁਆਰਟਰ ਫਾਈਨਲ ਮੁਕਾਬਲੇ ਮੰਗਲਵਾਰ ਨੂੰ ਜਲੰਧਰ ਦੇ ਬੀ.ਐਸ.ਐਫ ਹਾਕੀ ਗਰਾਊਂਡ, ਪੀ.ਏ.ਪੀ ਹਾਕੀ ਗਰਾਊਂਡ, ਸੁਰਜੀਤ ਹਾਕੀ ਸਟੇਡੀਅਮ ਅਤੇ ਖਾਲਸਾ ਕਾਲਜ ਦੇ ਹਾਕੀ ਸਟੇਡੀਅਮ ਵਿੱਚ ਖੇਡੇ ਗਏ। ਸਿੱਖਿਆ ਮੰਤਰੀ ਮਾਣਯੋਗ ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ ਚੱਲ ਰਹੀਆਂ 67ਵੀਆਂ ਨੈਸ਼ਨਲ ਸਕੂਲ ਖੇਡਾਂ ਹਾਕੀ (ਅੰਡਰ-19) ਦੌਰਾਨ ਮੁੱਖ ਮਹਿਮਾਨ ਸੁਨੀਲ ਕੁਮਾਰ ਭਾਰਦਵਾਜ ਡਿਪਟੀ ਡਾਇਰੈਕਟਰ (ਸਰੀਰਕ ਸਿੱਖਿਆ) ਵੱਲੋਂ ਸਟੇਟ ਅਵਾਰਡੀ ਰਾਜੀਵ ਜੋਸ਼ੀ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਨਾਲ ਮਿਲ ਕੇ ਜਲੰਧਰ ਦੇ ਵੱਖ-ਵੱਖ ਖੇਡ ਮੈਦਾਨਾਂ ਵਿੱਚ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਗਈ। ਉਨ੍ਹਾਂ ਵਲੋਂ ਖਿਡਾਰੀਆਂ ਦੇ ਰਹਿਣ-ਸਹਿਣ ਅਤੇ ਖਾਣ-ਪੀਣ ਦੇ ਪ੍ਰਬੰਧਾਂ ਬਾਰੇ ਵੀ ਜਾਇਜ਼ਾ ਲਿਆ ਗਿਆ। ਪ੍ਰੀ-ਕੁਆਰਟਰ ਫਾਈਨਲ ਲੜਕੀਆਂ ਦੇ ਮੁਕਾਬਲਿਆਂ ਵਿੱਚ ਪੰਜਾਬ ਨੇ ਕਰਨਾਟਕ ਨੂੰ 4-1, ਮੱਧ ਪ੍ਰਦੇਸ਼ ਨੇ ਛੱਤੀਸਗੜ੍ਹ ਨੂੰ 2-1, ਓਡੀਸ਼ਾ ਨੇ ਦਿੱਲੀ ਨੂੰ 4-3, ਉੱਤਰ ਪ੍ਰਦੇਸ਼ ਨੇ ਕੇਰਲ ਨੂੰ 4-0, ਪੱਛਮੀ ਬੰਗਾਲ ਨੇ ਬਿਹਾਰ ਨੂੰ 2-1, ਝਾਰਖੰਡ ਨੇ ਰਾਜਸਥਾਨ ਨੂੰ



2-0, ਗੁਜਰਾਤ ਨੇ ਸੀ.ਆਈ.ਐਸ.ਸੀ.ਈ ਨੂੰ 6-4 ਅਤੇ ਹਰਿਆਣਾ ਨੇ ਤਮਿਲਨਾਡੂ ਨੂੰ 5-0 ਨਾਲ ਹਰਾ ਕੇ ਕੁਆਰਟਰ ਫਾਈਨਲ ਵਿੱਚ ਪ੍ਰਵੇਸ਼ ਕੀਤਾ। ਲੜਕੀਆਂ ਦੇ ਪ੍ਰੀ-ਕੁਆਰਟਰ ਫਾਈਨਲ ਮੁਕਾਬਲਿਆਂ ਵਿੱਚ ਪੰਜਾਬ ਨੇ ਗੁਜਰਾਤ ਨੂੰ 9-1, ਝਾਰਖੰਡ ਨੇ ਰਾਜਸਥਾਨ ਨੂੰ 9-0, ਹਿਮਾਚਲ ਪ੍ਰਦੇਸ਼ ਨੇ ਕਰਨਾਟਕ ਨੂੰ 3-0, ਮਹਾਰਾਸ਼ਟਰ ਨੇ ਛੱਤੀਸਗੜ੍ਹ ਨੂੰ 6-0, ਮੱਧ-ਪ੍ਰਦੇਸ਼ ਨੇ ਕੇਰਲ ਨੂੰ 6-0, ਦਿੱਲੀ ਨੇ ਉੱਤਰ ਪ੍ਰਦੇਸ਼ ਨੂੰ 2-0, ਓਡੀਸ਼ਾ ਨੇ ਉੱਤਰਾਖੰਡ ਨੂੰ 3-0 ਅਤੇ ਹਰਿਆਣਾ ਨੇ ਤਮਿਲਨਾਡੂ ਨੂੰ 3-0 ਨਾਲ ਹਰਾ ਕੇ ਕੁਆਰਟਰ ਫਾਈਨਲ ਵਿੱਚ ਆਪਣੀ ਜਗ੍ਹਾ ਪੱਕੀ ਕੀਤੀ। ਇਸ ਮੌਕੇ ਰਾਜੀਵ ਜੋਸ਼ੀ, ਉੱਪ-ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਵੱਲੋਂ ਜੇਤੂ ਟੀਮਾਂ ਨੂੰ ਵਧਾਈ ਦਿੰਦਿਆਂ ਆਉਣ ਵਾਲੇ ਮੈਚਾਂ ਵਿੱਚ ਬਿਹਤਰ ਪ੍ਰਦਰਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਕਬਾਲ ਸਿੰਘ ਰੰਧਾਵਾ ਡੀ.ਐਮ ਸਪੋਰਟਸ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰੀ-ਕੁਆਰਟਰ ਫਾਈਨਲ ਮੈਚਾਂ ਦੀਆਂ ਜੇਤੂ ਟੀਮਾਂ ਦੇ ਕੁਆਰਟਰ ਫਾਈਨਲ ਮੈਚ ਅਤੇ ਸੈਮੀ ਫਾਈਨਲ ਮੈਚ ਕੱਲ ਸੁਰਜੀਤ ਹਾਕੀ ਸਟੇਡੀਅਮ, ਬੀ.ਐਸ.ਐਫ ਹਾਕੀ ਗਰਾਊਂਡ ਅਤੇ ਪੀ.ਏ.ਪੀ ਹਾਕੀ ਗਰਾਊਂਡ ਵਿੱਚ ਹੋਣਗੇ। ਇਸ ਮੌਕੇ ਗੁਰਿੰਦਰ ਸਿੰਘ ਸੰਘਾ, ਕੋਚ ਪੰਜਾਬ ਹਾਕੀ ਟੀਮ (ਲੜਕੇ) ਨੇ ਭਰੋਸਾ ਦਿੰਦਿਆਂ ਕਿਹਾ ਕਿ ਉਹਨਾਂ ਦੀ ਟੀਮ ਆਪਣਾ ਬਿਹਤਰ ਪ੍ਰਦਰਸ਼ਨ ਜਾਰੀ ਰੱਖਦੇ ਹੋਏ ਫਾਈਨਲ ਵਿੱਚ ਆਪਣੀ ਜਗ੍ਹਾ ਪੱਕੀ ਕਰੇਗੀ। ਇਸ ਮੌਕੇ ਪ੍ਰਿੰਸੀਪਲ ਸੁਖਦੇਵ ਲਾਲ, ਅਨਿਲ ਅਵਸਥੀ, ਰਾਮ ਆਸਰਾ, ਜੀਵਨ ਕੁਮਾਰ, ਹੈੱਡਮਾਸਟਰ ਹਰਬਿੰਦਰ ਪਾਲ ਤੋਂ ਅਲਾਵਾ ਸੁਰਜੀਤ ਹਾਕੀ ਸਟੇਡੀਅਮ ਦੇ ਕਨਵੀਨਰ ਪ੍ਰਿੰਸੀਪਲ ਰਜਿੰਦਰ ਪਾਲ ਸਿੰਘ ਭਾਟੀਆ, ਕੋ-ਕਨਵੀਨਰ ਹਰਿੰਦਰ ਸਿੰਘ ਸੰਘਾ, ਪੀ.ਏ.ਪੀ ਗਰਾਊਂਡ ਦੇ ਕਨਵੀਨਰ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ, ਕੋ-ਕਨਵੀਨਰ ਕੁਲਜਿੰਦਰ ਸਿੰਘ ਮੱਲੀ , ਬੀ.ਐਸ.ਐਫ ਹਾਕੀ ਗਰਾਊਂਡ ਦੇ ਕਨਵੀਨਰ ਪ੍ਰਿੰਸੀਪਲ ਚੰਦਰ ਸ਼ੇਖਰ , ਕੋ-ਕਨਵੀਨਰ ਮਨਪ੍ਰੀਤ ਸਿੰਘ ਅਤੇ ਲਾਇਲਪੁਰ ਖਾਲਸਾ ਕਾਲਜ ਦੇ ਕਨਵੀਨਰ ਪ੍ਰਿੰਸੀਪਲ ਤਜਿੰਦਰ ਸਿੰਘ ਅਤੇ ਕੋ-ਕਨਵੀਨਰ ਲਸ਼ਕਰੀ ਰਾਮ ਮੌਜੂਦ ਸਨ।

# ਕਰਨ ਸਿੰਘ ਵੱਲੋਂ ਹਸਪਤਾਲ ਨੂੰ ਕੰਬਲ ਭੇਟ



**ਚਮਕੌਰ ਸਾਹਿਬ ( ਗੁਰਵਿੰਦਰਪਾਲ ਸਿੰਘ ਬੌਬੀ)**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕਰਨ ਸਿੰਘ ਡੀਟੀਓ ਨੇ ਇੱਥੇ ਸਰਕਾਰੀ ਹਸਪਤਾਲ ਵਿੱਚ ਮਰੀਜ਼ਾਂ ਦੀ ਸੇਵਾ ਨੂੰ ਸਮਰਪਿਤ ਕੰਬਲ ਭੇਂਟ ਕੀਤੇ । ਉਨ੍ਹਾਂ ਕਿਹਾ ਕਿ ਮਨੁੱਖਤਾ ਦੀ ਸੇਵਾ ਕਰਨ ਨਾਲ ਜਿੱਥੇ ਮਨ ਨੂੰ ਸ਼ਾਂਤੀ ਮਿਲਦੀ ਹੈ, ਉੱਥੇ ਹੀ ਲੋੜਵੰਦਾਂ ਦੀ ਸੇਵਾ ਵੀ ਹੁੰਦੀ ਹੈ । ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਅਨੰਦਪੁਰ ਸਾਹਿਬ ਤੋਂ ਚੱਲ ਕੇ ਰਾਤੀਂ ਚਮਕੌਰ ਸਾਹਿਬ ਵਿਖੇ ਪੁੱਜ ਰਿਹਾ ਹੈ, ਸਬੰਧੀ ਉਹ ਸਾਥੀਆਂ ਸਮੇਤ ਸਵਾਗਤ ਦੀਆਂ ਤਿਆਰੀਆਂ ਵਿਚ ਰੁੱਝੇ ਹੋਏ ਹਨ, ਜਿਸ ਕਾਰਨ ਉਹ ਅਜਿਹੀ ਸੇਵਾ ਹੋਰ ਹਸਪਤਾਲਾਂ ਵਿੱਚ ਆਉਦੇ ਦਿਨਾਂ ਦੌਰਾਨ ਕਰਨਗੇ । ਇਸ ਮੌਕੇ ਸਾਬਕਾ ਸੰਸਦ ਮੈਂਬਰ ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ ਦੇ ਸਿਆਸੀ ਸਕੱਤਰ ਅਮਨਦੀਪ ਸਿੰਘ ਮਾਂਗਟ, ਸ਼੍ਰੋਮਣੀ ਕਮੇਟੀ ਮੈਂਬਰ ਪਰਮਜੀਤ ਸਿੰਘ ਲੱਖੇਵਾਲ, ਮੈਨੇਜਰ ਭਾਈ ਨੱਥਾ ਸਿੰਘ, ਸੀਨੀਅਰ ਮੈਡੀਕਲ ਅਫਸਰ ਡਾ ਗੋਬਿੰਦ ਟੰਡਨ, ਮੋਹਣਜੀਤ ਸਿੰਘ , ਲਖਵੀਰ ਸਿੰਘ ਲੱਖੀ ਅਤੇ ਗੁਰਦੀਪ ਸਿੰਘ ਭਲਵਾਨ ਆਦਿ ਹਾਜ਼ਰ ਸਨ ।

# ਮਹਾਰਾਸ਼ਟਰ ਦੇ 57ਵੇਂ ਨਿਰੰਕਾਰੀ ਸੰਤ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ







**ਪੰਚਕੂਲਾ (ਕ੍ਰਿਸ਼ਨ ਗਰਗ )**-ਮਹਾਰਾਸ਼ਟਰ ਦਾ 57ਵਾਂ ਸਲਾਨਾ ਨਿਰੰਕਾਰੀ ਸੰਤ ਸਮਾਗਮ 26, 27 ਅਤੇ 28 ਜਨਵਰੀ ਨੂੰ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਅਤੇ ਨਿਰੰਕਾਰੀ ਰਾਜਪਿਤਾ ਰਮਿਤ ਦੀ ਪਵਿੱਤਰ ਹਜ਼ੂਰੀ 'ਚ ਸੈਕਟਰ 14 ਅਤੇ 15, ਪਤੰਜਲੀ ਫੂਡ ਫੈਕਟਰੀ ਨੇੜੇ, ਮਿਹਾਨ, ਸੁਮਥਾਨਾ, ਨਾਗਪੁਰ (ਮਹਾਰਾਸ਼ਟਰ) ਦੇ ਵਿਸ਼ਾਲ ਮੈਦਾਨ 'ਚ ਹੋਣ ਜਾ ਰਿਹਾ ਹੈ। ਇਸ ਵਿਸ਼ਾਲ ਅਧਿਆਤਮਿਕ ਸੰਤ ਸਮਾਗਮ ਨੂੰ ਸਫਲ ਬਣਾਉਣ ਲਈ 24 ਦਸੰਬਰ ਤੋਂ ਸਵੈ-ਇੱਛੁਕ ਸੇਵਾਵਾਂ ਰਸਮੀ ਤੌਰ 'ਤੇ ਸ਼ੁਰੂ ਹੋ ਗਈਆਂ ਹਨ। ਉਸ ਤੋਂ ਬਾਅਦ ਵਿਦਰਭ ਖੇਤਰ ਅਤੇ ਪੂਰੇ ਮਹਾਰਾਸ਼ਟਰ ਤੋਂ ਵੀ ਹਜ਼ਾਰਾਂ ਦੀ ਗਿਣਤੀ 'ਚ ਨਿਰੰਕਾਰੀ ਸੇਵਾ ਦਲ ਦੇ ਮੈਂਬਰਾਂ, ਵਲੰਟੀਅਰਾਂ ਅਤੇ ਸ਼ਰਧਾਲੂਆਂ ਨੇ ਸ਼ਿਰਕਤ ਕੀਤੀ ਅਤੇ ਸ਼ਰਧਾਲੂ ਭਾਰੀ ਉਤਸ਼ਾਹ ਨਾਲ ਸਮਾਗਮ ਵਾਲੀ ਥਾਂ 'ਤੇ ਪਹੁੰਚ ਰਹੇ ਹਨ। ਇਸ ਇਲਾਹੀ ਸੰਤ ਸਮਾਗਮ ਦੀਆਂ ਤਿਆਰੀਆਂ ਪੂਰੇ ਉਤਸ਼ਾਹ ਨਾਲ ਕੀਤੀਆਂ ਜਾ ਰਹੀਆਂ ਹਨ। ਬੱਚੇ, ਨੌਜਵਾਨ ਅਤੇ ਬਜ਼ੁਰਗ ਸਾਰੇ ਹੀ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਇਨ੍ਹਾਂ ਸੇਵਾਵਾਂ ਵਿੱਚ ਲੱਗੇ ਹੋਏ ਹਨ। ਕਈ ਥਾਵਾਂ 'ਤੇ ਮੈਦਾਨਾਂ ਨੂੰ ਪੱਧਰਾ ਕੀਤਾ ਜਾ ਰਿਹਾ ਹੈ ਅਤੇ ਕਈ ਥਾਵਾਂ 'ਤੇ ਸਮਾਗਮ ਵਾਲੀ ਥਾਂ ਦੀ ਸਫਾਈ ਅਤੇ ਸੜਕ ਬਣਾਉਣ ਆਦਿ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਇਸ ਸਾਲ ਵੀ ਮਹਾਰਾਸ਼ਟਰ ਦੇ ਸਲਾਨਾ ਨਿਰੰਕਾਰੀ ਸੰਤ ਸਮਾਗਮ ਵਿਚ ਵੱਖ-ਵੱਖ ਸੰਸਕ੍ਰਿਤੀਆਂ ਅਤੇ ਸੱਭਿਅਤਾਵਾਂ ਦਾ ਅਜਿਹਾ ਅਨੋਖਾ ਸੰਗਮ ਦੇਖਣ ਨੂੰ ਮਿਲੇਗਾ, ਜਿਸ ਵਿਚ ਸਾਰੇ ਸ਼ਰਧਾਲੂ ਅਤੇ ਭਗਵਾਨ-ਪ੍ਰੇਮੀ ਸੱਜਣ ਭਾਗ ਲੈ ਕੇ ਅਲੌਕਿਕ ਅਨੁਭਵ ਪ੍ਰਾਪਤ ਕਰਨਗੇ।

# ਨੈਸ਼ਨਲ ਡਾਂਸ ਸਪੋਰਟਸ 'ਚ ਹੁਸ਼ਿਆਰਪੁਰ ਦੇ 17 ਬੱਚਿਆਂ ਨੇ ਹਾਸਲ ਕੀਤੇ ਮੈਡਲ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਲਵਲੀ ਯੂਨੀਵਰਸਿਟੀ ਫਗਵਾੜਾ 'ਚ ਆਯੋਜਿਤ ਨੈਸ਼ਨਲ ਡਾਂਸ ਸਪੋਰਟਸ ਚੈਂਪੀਅਨਸ਼ਿਪ ਮੁਕਾਬਲਿਆਂ 'ਚ ਹੁਸ਼ਿਆਰਪੁਰ ਦੇ ਜੇਤੂ ਬੱਚਿਆਂ ਦਾ ਹੌਸਲਾ ਵਧਾਇਆ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਚੋਣ ਕਰਨ ਲਈ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਨ੍ਹਾਂ ਬੱਚਿਆਂ ਨੇ ਰਾਸ਼ਟਰੀ ਪੱਧਰ ਦੀ ਪ੍ਰਤੀਯੋਗਤਾ ਜਿੱਤ ਕੇ ਹੁਸ਼ਿਆਰਪੁਰ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਮੌਕੇ ਡਿਪਟੀ ਡੀ.ਈ.ਓ ਸੁਖਵਿੰਦਰ ਸਿੰਘ ਵੀ ਮੌਜੂਦ ਸਨ। ਲਵਲੀ ਯੂਨੀਵਰਸਿਟੀ ਵਿੱਚ ਆਯੋਜਿਤ ਇਸ ਰਾਸ਼ਟਰੀ ਪੱਧਰ ਦੀ ਪ੍ਰਤੀਯੋਗਤਾ ਵਿੱਚ ਹੁਸ਼ਿਆਰਪੁਰ ਦੇ 19 ਬੱਚਿਆਂ ਨੇ ਹਿੱਸਾ ਲਿਆ। ਡਾਂਸ ਦੀ ਵੱਖਰੀ-ਵੱਖਰੀ ਕੈਟਾਗਿਰੀ ਵਿੱਚ ਬੱਚਿਆਂ ਨੇ 12 ਗੋਲਡ ਮੈਡਲ, 2 ਰਜਤ ਅਤੇ 3 ਕਾਂਸੇ ਦੇ ਪਦਕ ਜਿੱਤੇ। ਬੱਚਿਆਂ ਦੀ ਡਾਂਸ ਕੋਚ ਸਰਕਾਰੀ ਸਕੂਲ ਆਦਮਵਾਲ ਦੀ ਹੈਡ ਟੀਚਰ ਪ੍ਰਵੀਨ ਸ਼ਰਮਾ ਨੇ ਦੱਸਿਆ ਕਿ ਇਸ ਪ੍ਰਤੀਯੋਗਤਾ 'ਚ 12 ਸੂਬਿਆਂ ਦੇ 350 ਬੱਚਿਆਂ ਨੇ ਹਿੱਸਾ ਲਿਆ। ਇਨ੍ਹਾਂ ਵਿਚੋਂ ਅਗੀਸ਼ਾ ਅਗਰਵਾਲ, ਮਾਨਵੀ, ਵਨੀਤਾ, ਸਮਰਿਧੀ, ਅਨੀਕਾ, ਸਾਨਵੀ, ਪ੍ਰਨਿਆ, ਜਸਜੋਤ, ਪ੍ਰਨਵੀ, ਅਵਿਸ਼ੀ ਡੋਗਰਾ, ਅਨੀਕਾ ਅਤਰੀ, ਸ਼ਰਨਿਆ, ਜਸਮਾਇਰਾ, ਮਾਨਿਆ, ਜਸਮਨਰਾਜ ਸਿੰਘ, ਵੰਸ਼ਿਕਾ ਗੌਤਮ ਨੇ ਮੈਡਲ ਹਾਸਲ ਕੀਤੇ।

# ਇੰਨੋਸੈਂਟ ਹਾਰਟਸ ਦੇ ਵਿਦਿਆਰਥੀਆਂ ਦਾ ਟੇਬਲ ਟੈਨਿਸ, ਕਰਾਟੇ ਤੇ ਸ਼ਤਰੰਜ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ( ਸ਼ੈਲੀ ਐਲਬਰਟ)**:-ਇੰਨੋਸੈਂਟ ਹਾਰਟਸ ਦੇ ਵਿਦਿਆਰਥੀਆਂ ਨੇ ਪੰਜਾਬ ਸਟੇਟ ਆਰਗਨਾਈਜੇਸ਼ਨ ਹੁਸ਼ਿਆਰਪੁਰ ਵਿਖੇ ਕਰਵਾਈ ਗਈ ਰਾਜ ਪੱਧਰੀ ਟੇਬਲ ਟੈਨਿਸ ਅਤੇ ਪੰਜਾਬ ਸਟੇਟ ਸਕੂਲ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ । ਇਹ ਬਹੁਤ ਹੀ ਖੁਸ਼ੀ ਦੀ ਗੱਲ ਹੈ ਕਿ ਵਿਦਿਆਰਥੀਆਂ ਨੇ ਰਾਸ਼ਟਰੀ ਪੱਧਰ 'ਤੇ ਖੇਡਣ ਲਈ ਆਪਣੀ ਜਗ੍ਹਾ ਬਣਾਈ ਹੈ। ਸ਼ਤਰੰਜ ਮੁਕਾਬਲੇ ਫਰਵਰੀ ਮਹੀਨੇ ਬਿਹਾਰ ਵਿੱਚ ਕਰਵਾਏ ਜਾਣਗੇ ਅਤੇ ਇੰਦੌਰ ਵਿੱਚ ਟੇਬਲ ਟੈਨਿਸ ਮੁਕਾਬਲੇ ਕਰਵਾਏ ਗਏ ਹਨ। ਗਰੀਨ ਮਾਡਲ ਟਾਊਨ ਬ੍ਰਾਂਚ ਦੀ ਸਾਕਸ਼ੀ ਗੁਪਤਾ ਨੇ ਅੰਡਰ-13 ਲੜਕੀਆਂ ਦੇ ਵਰਗ ਵਿੱਚ ਜਿੱਤ ਦਰਜ ਕਰਕੇ ਰਾਸ਼ਟਰੀ ਪੱਧਰ 'ਤੇ ਖੇਡਣ ਲਈ ਆਪਣਾ ਸਥਾਨ ਪੱਕਾ ਕੀਤਾ। ਇੰਨੋਸੈਂਟ ਹਾਰਟਸ ਨੂਰਪੁਰ ਦੀ ਤਨਵੀਰ ਕੌਰ ਖਿੰਡਾ ਨੇ ਅੰਡਰ-9 ਲੜਕੀਆਂ ਦੇ ਵਰਗ ਵਿੱਚ ਜਿੱਤ ਪ੍ਰਾਪਤ ਕੀਤੀ ਅਤੇ ਨੈਸ਼ਨਲ ਪੱਧਰ ਲਈ ਚੁਣੀ ਗਈ। ਇੰਨੋਸੈਂਟ ਹਾਰਟਸ ਕੈਂਟ ਜੰਡਿਆਲਾ ਰੋਡ ਦੀ ਕੁਸ਼ਾਗਰਾ ਗੁਪਤਾ ਨੇ ਅੰਡਰ-17 ਲੜਕੀਆਂ ਦੇ ਵਰਗ ਵਿੱਚ ਤੀਸਰਾ ਸਥਾਨ ਹਾਸਲ ਕੀਤਾ ਅਤੇ ਸਕੂਲ ਗੇਮ ਫੈਡਰੇਸ਼ਨ ਆਫ ਇੰਡੀਆ ਟੇਬਲ ਟੈਨਿਸ ਚੈਂਪੀਅਨਸ਼ਿਪ ਵਿੱਚ



ਅੰਡਰ-14 ਲੜਕੀਆਂ ਦੇ ਵਰਗ ਵਿੱਚ ਇੰਨੋਸੈਂਟ ਹਾਈ ਸਕੂਲ ਗ੍ਰੀਨ ਮਾਡਲ ਟਾਊਨ ਦੀ ਰਿਧੀ ਸ਼ਰਮਾ ਨੇ ਤੀਜਾ ਸਥਾਨ ਹਾਸਲ ਕੀਤਾ ਅਤੇ ਰਾਸ਼ਟਰੀ ਪੱਧਰ 'ਤੇ ਖੇਡਣ ਲਈ ਚੁਣਿਆ ਗਿਆ। ਇੰਨੋਸੈਂਟ ਹਾਰਟਸ ਸਕੂਲ ਲੋਹਾਰਾਂ ਦੇ ਵਿਦਿਆਰਥੀਆਂ ਨੇ ਨਵੀਂ ਦਿੱਲੀ ਵਿਖੇ ਹੋਈ ਜੇਏਸੀ ਸਾਊਥ ਏਸ਼ੀਅਨ ਕਰਾਟੇ ਚੈਂਪੀਅਨਸ਼ਿਪ ਵਿੱਚ ਚਾਂਦੀ ਦਾ ਤਗ਼ਮਾ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ ਜਦਕਿ ਅਭਿਜੀਤ ਸਿੰਘ, ਸੁਖਰਾਜ ਸਿੰਘ ਅਤੇ ਜੀਆ ਜੁਨੇਜਾ ਨੇ ਕਾਂਸੀ ਦਾ ਤਗ਼ਮਾ ਜਿੱਤਿਆ ਹੈ।ਇਸ ਮੌਕੇ 'ਤੇ ਡਿਪਟੀ ਡਾਇਰੈਕਟਰ ਸਪੋਰਟਸ ਰਾਜੀਵ ਪਾਲੀਵਾਲ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਉਨ੍ਹਾਂ ਦੀ ਜਿੱਤ 'ਤੇ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਰਾਸ਼ਟਰੀ ਪੱਧਰ ਤੇ ਵੀ ਜੇਤੂ ਬਣਨ ਲਈ ਸ਼ੁੱਭਕਾਮਨਾਵਾਂ ਦਿੰਦੇ ਹੋਏ ਹੌਸਲਾ ਅਫਜਾਈ ਕੀਤੀ।। ।

# ਐੱਲ ਪੀ ਯੂ ਦੀ ਵਿਦਿਆਰਥਣ ਨਸਰੀਨ ਸ਼ੇਖ ਅਰਜੁਨ ਪੁਰਸਕਾਰ ਨਾਲ ਸਨਮਾਨਤ



**ਜਲੰਧਰ( ਸ਼ੈਲੀ ਐਲਬਰਟ)**:- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ. ਪੀ. ਯੂ.) ਨੂੰ ਬਹੁਤ ਮਾਣ ਹੈ ਕਿਉਂਕਿ ਨਸਰੀਨ ਸ਼ੇਖ, ਜੋ ਐਮ ਪੀ ਐਡ ਪਹਿਲੇ ਸਾਲ ਦੀ ਵਿਦਿਆਰਥਣ ਹੈ ਅਤੇ ਦੋਵੇਂ ਐਲ ਪੀ ਯੂ ਅਤੇ ਦੇਸ਼ ਵਿੱਚ ਖੋ-ਖੋ ਗੇਮ ਦੀ ਕਪਤਾਨ ਹੈ, ਨੂੰ ਮਾਨਯੋਗ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੁਆਰਾ ਰਾਸ਼ਟਰਪਤੀ ਭਵਨ ਵਿਖੇ ਵੱਕਾਰੀ ਅਰਜੁਨ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ। ਖੇਡ ਅਤੇ ਯੁਵਾ ਮਾਮਲਿਆਂ ਦੇ ਮੰਤਰਾਲੇ ਦੁਆਰਾ ਇਹ ਮਾਨਤਾ ਪਿਛਲੇ ਚਾਰ ਸਾਲਾਂ ਵਿੱਚ ਨਸਰੀਨ ਦੀ ਮਿਸਾਲੀ ਲੀਡਰਸ਼ਿਪ, ਖੇਡ, ਅਨੁਸ਼ਾਸਨ ਅਤੇ ਸ਼ਾਨਦਾਰ ਪ੍ਰਦਰਸ਼ਨ ਦਾ ਪ੍ਰਮਾਣ ਹੈ ।

ਅਰਜੁਨ ਅਵਾਰਡ ਭਾਰਤ ਵਿੱਚ ਦੂਜਾ ਸਭ ਤੋਂ ਉੱਚਾ ਐਥਲੈਟਿਕ ਸਨਮਾਨ ਹੈ ਅਤੇ ਇਹ ਉਹਨਾਂ ਬੇਮਿਸਾਲ ਅਥਲੀਟਾਂ ਨੂੰ ਦਿੱਤਾ ਜਾਂਦਾ ਹੈ ਜਿਨ੍ਹਾਂ ਨੇ ਲਗਾਤਾਰ ਆਪਣੀਆਂ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।। ਨੈਸ਼ਨਲ ਸਪੋਰਟਸ ਐਂਡ ਐਡਵੈਂਚਰ ਅਵਾਰਡ 2023 ਦੇ ਪ੍ਰਾਪਤ ਕਰਨ ਵਾਲਿਆਂ ਵਿੱਚ, ਨਸਰੀਨ ਵਿਸ਼ਵ ਕੱਪ ਦੇ ਸਟਾਰ ਕ੍ਰਿਕਟਰ ਮੁਹੰਮਦ ਸ਼ਮੀ ਵਰਗੇ ਹੋਰ ਮਸ਼ਹੂਰ ਅਥਲੀਟਾਂ ਦੇ ਨਾਲ ਖੜ੍ਹੀ ਹੈ। ਖੋ-ਖੋ ਵਿੱਚ ਨਸਰੀਨ ਦੀਆਂ ਕਮਾਲ ਦੀਆਂ ਪ੍ਰਾਪਤੀਆਂ ਨੇ ਉਸ ਦੀ ਬੇਮਿਸਾਲ ਪ੍ਰਤਿਭਾ ਅਤੇ ਖੇਡ ਪ੍ਰਤੀ ਸਮਰਪਣ ਨੂੰ ਉਜਾਗਰ ਕਰਦੇ ਹੋਏ ਕਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਤਮਗੇ ਜਿੱਤੇ ਹਨ । ਉਸ ਦੇ ਬੇਮਿਸਾਲ ਹੁਨਰ ਅਤੇ ਅਟੁੱਟ ਦ੍ਰਿੜ ਇਰਾਦੇ ਅਣਗਿਣਤ ਮੁਕਾਬਲਿਆਂ ਵਿੱਚ ਸਪੱਸ਼ਟ ਹੋਏ ਹਨ ਜਿਨ੍ਹਾਂ ਵਿੱਚ ਉਸਨੇ ਹੁਣ ਤੱਕ ਹਿੱਸਾ ਲਿਆ ਹੈ। ਨਸਰੀਨ ਦੀ ਸਫ਼ਲਤਾ ਦਾ ਸਫ਼ਰ ਚੁਣੌਤੀਆਂ ਤੋਂ ਬਿਨਾਂ ਨਹੀਂ ਰਿਹਾ। ਸ਼ੁਰੂ ਵਿੱਚ ਉਸਨੂੰ ਸਮਾਜਿਕ ਦਬਾਅ ਅਤੇ ਪਰਵਾਰਕ ਇਤਰਾਜ਼ਾਂ ਦਾ ਸਾਹਮਣਾ ਕਰਨਾ ਪਿਆ, ਖੋ-ਖੋ ਲਈ ਉਸਦੇ ਜਨੂੰਨ ਦਾ ਪਿੱਛਾ ਕਰਨ ਵਿੱਚ ਰੁਕਾਵਟ ਆਈ। ਹਾਲਾਂਕਿ, ਉਸਨੇ ਸਾਰੀਆਂ ਔਕੜਾਂ ਨੂੰ ਟਾਲ ਦਿੱਤਾ ਅਤੇ ਕਈ ਚੋਟੀ ਦੇ ਮੈਡਲ ਜਿੱਤ ਕੇ ਐਲਪੀਯੂ ਅਤੇ ਭਾਰਤ ਲਈ ਬਹੁਤ ਮਾਣ ਦੇ ਸਰੋਤ ਵਜੋਂ ਉਭਰੀ।ਐਲਪੀਯੂ ਦੇ ਸੰਸਥਾਪਕ ਚਾਂਸਲਰ ਅਤੇ ਰਾਜ ਸਭਾ ਮੈਂਬਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਨਸਰੀਨ ਦੀ ਉਸ ਦੇ ਰਾਸ਼ਟਰੀ ਸਨਮਾਨ 'ਤੇ ਤਾਰੀਫ਼ ਦਿੱਤੀ ਅਤੇ ਉਸ ਵਰਗੀਆਂ ਖੇਡ ਸ਼ਖਸੀਅਤਾਂ ਨਾਲ ਜੁੜੇ ਹੋਣ 'ਤੇ ਮਾਣ ਪ੍ਰਗਟ ਕੀਤਾ।

# ਮਰੀਜ਼ ਨੇ ਆਰਥੋ ਡਾਕਟਰ 'ਤੇ ਲਾਏ ਦੋਸ਼



**ਗੜ੍ਹਸ਼ੰਕਰ ( ਫੂਲਾ ਸਿੰਘ ਬੀਰਮਪੁਰ )**:ਸਥਾਨਕ ਸਿਵਲ ਹਸਪਤਾਲ ਵਿੱਚ ਤਾਇਨਾਤ ਆਰਥੋ ਸਪੈਸਲਿਸ਼ਟ ਵੱਲੋਂ ਇਥੇ ਲਿਆਂਦੇ ਮਰੀਜਾਂ ਨੂੰ ਗੁੰਮਰਾਹ ਕਰਕੇ ਇਲਾਜ ਲਈ ਨਿੱਜੀ ਹਸਪਤਾਲ ਵਿੱਚ ਭੇਜਣ ਅਤੇ ਪ੍ਰਾਈਵੇਟ ਹਸਪਤਾਲ ਵਿੱਚ ਮਰੀਜਾਂ ਦਾ ਚੈਕਅਪ ਕਰਨ ਤੇ ਆਪਰੇਸ਼ਨ ਕਰਨ ਦੇ ਦੋਸ਼ ਲਾਉਂਦਿਆਂ ਪਿੰਡ ਪੈਂਸਰਾ ਦੇ ਮਨਜਿੰਦਰ ਕੁਮਾਰ ਨੇ ਦੱਸਿਆ ਕਿ ਉਹ ਜਨਵਰੀ ਨੂੰ ਆਪਣੀ ਉਂਗਲੀ ਵਿੱਚ ਫਰੈਕਚਰ ਹੋਣ ਕਰਕੇ ਸਿਵਲ ਹਸਪਤਾਲ ਗੜ੍ਹਸ਼ੰਕਰ ਵਿਖੇ ਗਿਆ ਸੀ ਅਤੇ ਆਰਥੋ ਸਪੈਸ਼ਲਿਸਟ ਡਾ: ਜੋਗਿੰਦਰ ਸਿੰਘ ਨੂੰ ਪਹਿਲਾਂ ਤੋਂ ਕਰਵਾਇਆ ਐਕਸਰਾ ਦਿਖਾਇਆ ਤਾਂ ਉਨ੍ਹਾਂ ਕਿਹਾ ਕਿ ਉਂਗਲੀ ਦੇ ਜੋੜ ਵਿੱਚ ਫਰੈਕਚਰ ਹੈ ਅਤੇ ਤੇ ਛੋਟਾ ਜਿਹਾ ਅਪਰੇਸ਼ਨ ਕਰਨਾ ਪਵੇਗਾ ਅਤੇ ਉਨ੍ਹਾਂ ਹਸਪਤਾਲ ਦੇ ਬਾਹਰੋਂ ਦੁਬਾਰਾ ਐਕਸਰੇ ਕਰਵਾਉਣ ਲਈ ਕਿਹਾ। ਮੈਂ ਦੁਬਾਰਾ ਐਕਸਰੇ ਕਰਵਾ ਕੇ ਉਨ੍ਹਾਂ ਕੋਲ ਪੁੱਜਾ ਤਾਂ ਉਨ੍ਹਾਂ ਅਪਰੇਸ਼ਨ ਲਈ ਲਾਅਰੇ ਲਾਉਣੇ ਸ਼ੁਰੂ ਕਰ ਦਿੱਤੇ। ਦਰਦ ਵੱਧ ਜਾਣ ਕਾਰਨ ਮੈਂ ਡਾਕਟਰ ਨੂੰ ਕਿਹਾ ਕਿ ਕਿਰਪਾ ਕਰਕੇ ਮੈਨੂੰ ਕੋਈ ਪ੍ਰਾਈਵੇਟ ਹਸਪਤਾਲ ਦੱਸੋ, ਤਾਂ ਉਸ ਨੇ ਕਿਹਾ ਕਿ ਇੱਥੋਂ 100 ਜਾਂ 150 ਮੀਟਰ ਦੀ ਦੂਰੀ 'ਤੇ ਗੁਰੂ ਨਾਨਕ ਹਸਪਤਾਲ ਹੈ, ਉਥੇ ਪਹੁੰਚੋ ਮੈਂ ਅੱਧੇ ਘੰਟੇ ਵਿੱਚ ਉੱਥੇ ਪਹੁੰਚ ਜਾਵਾਂਗਾ ਤੇ ਅਪਰੇਸ਼ਨ 'ਤੇ 13 ਤੋਂ 15 ਹਜ਼ਾਰ ਰੁਪਏ ਦਾ ਖਰਚਾ ਆਵੇਗਾ। ਪਰ ਮੌਕੇ 'ਤੇ ਪੈਸੇ ਨਾ ਹੋਣ ਕਾਰਨ ਮੈਂ ਘਰ ਚਲਾ ਗਿਆ। ਅਗਲੇ ਦਿਨ ਉਹ ਆਪਣੇ ਸਾਥੀ ਨਾਲ ਗੁਰੂ ਨਾਨਕ ਹਸਪਤਾਲ ਪਹੁੰਚਿਆ ਤਾਂ ਡਾਕਟਰ ਨੇ ਕਿਹਾ ਕਿ ਪੰਜ ਹਜ਼ਾਰ ਰੁਪਏ ਵੱਧ ਹੋਰ ਲੱਗਣਗੇ। ਜਿਸ ਤੋਂ ਬਾਅਦ ਅਸੀਂ ਪ੍ਰੇਸ਼ਾਨ ਤੇ ਹੋ ਕੇ ਉਥੋਂ ਚਲੇ ਗਏ।

ਇਸ ਮਾਮਲੇ ਸਬੰਧੀ ਸਿਵਲ ਹਸਪਤਾਲ 'ਚ ਤਾਇਨਾਤ ਡਾਕਟਰ ਜੋਗਿੰਦਰ ਸਿੰਘ ਨੇ ਕਿਹਾ ਕਿ ਇਹ ਸਾਰੇ ਦੋਸ਼ ਬੇਬੁਨਿਆਦ ਹਨ।

# ਹਿੱਟ ਐਂਡ ਰਨ ਕਾਨੂੰਨ ਰੱਦ ਕੀਤਾ ਜਾਵੇ : ਚੱਠਾ



**ਸ਼ਾਹਕੋਟ (ਗਿਆਨ ਸੈਦਪੁਰੀ)**-ਮਾਰਕਿਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਅਤੇ ਸੀਨੀਅਰ ਕਾਂਗਰਸੀ ਆਗੂ ਸੁਰਿੰਦਰਜੀਤ ਸਿੰਘ ਚੱਠਾ ਨੇ ਕੇਂਦਰ ਵੱਲੋਂ ਬਣਾਏ ਡਰਾਈਵਰ ਮਾਰੂ ਕਾਨੂੰਨ 'ਹਿੱਟ ਐਂਡ ਰਨ' ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਅਜਿਹਾ ਕਨੂੰਨ ਚੋਰਾਂ ਲਈ ਤਾਂ ਬਣਾਇਆ ਜਾਂਦਾ ਵਾਜਿਬ ਲੱਗਦਾ ਹੈ ਪਰ ਜਿਹੜੇ ਲੋਕ ਦੇਸ਼ ਦੀ ਆਰਥਿਕਤਾ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ, ਉਨ੍ਹਾਂ ਲਈ ਇਹ ਕਾਨੂੰਨ ਬਿਲਕੁਲ ਵੀ ਜਾਇਜ਼ ਨਹੀਂ ਹੈ। ਟਰੱਕ ਡਰਾਈਵਰ ਤਾਂ ਪਹਿਲਾਂ ਹੀ ਮੰਦਹਾਲੀ ਦਾ ਸ਼ਿਕਾਰ ਹਨ, ਜੇਕਰ ਕੋਈ ਮਾੜੀ ਘਟਨਾ ਵਾਪਰ ਜਾਵੇ ਤਾਂ ਉਹ ਨਿਰਧਾਰਤ ਜੁਰਮਾਨਾ ਨਹੀਂ ਭਰ ਸਕਦੇ। ਚੱਠਾ ਨੇ ਅੱਗੇ ਕਿਹਾ ਕਿ ਇਹ ਕਾਨੂੰਨ ਦੇਸ਼ ਦੀ ਵੱਡੀ ਗਿਣਤੀ ਲੋਕਾਂ ਨੂੰ ਆਪਣੀ ਪਕੜ ਵਿੱਚ ਲੈਂਦਾ ਹੈ।ਅਜੋਕੇ ਦੌਰ ਵਿੱਚ ਹਰ ਘਰ ਵਿੱਚ ਕਾਰ ਹੈ। ਇਸ ਲਈ ਹਰ ਕਾਰ ਮਾਲਕ ਵੀ ਤਾਂ ਡਰਾਈਵਰ ਹੈ।ਚੱਠਾ ਨੇ ਕਿਹਾ ਕਿ ਮੋਦੀ ਸਰਕਾਰ ਆਏ ਦਿਨ ਕੋਈ ਮਾਰੂ ਕਾਨੂੰਨ ਹੋਂਦ ਵਿੱਚ ਲਿਆ ਕੇ ਪਤਾ ਨਹੀਂ ਕੀ ਦਿਖਾਉਣਾ ਚਾਹੁੰਦੀ ਹੈ। ਉਨ੍ਹਾਂ ਮੰਗ ਕੀਤੀ ਕਿ 'ਹਿੱਟ ਐਂਡ ਰਨ' ਕਾਨੂੰਨ ਫੌਰਨ ਰੱਦ ਕੀਤਾ ਜਾਵੇ।



ਨੂਰਮਹਿਲ ਰੋਡ ਵਾਲਾ ਰੇਲਵੇ ਫਾਟਕ ਅਕਸਰ ਬੰਦ ਰਹਿੰਦਾ ਹੈ, ਜਿਸ ਕਾਰਨ ਆਵਾਜਾਈ ਵਿੱਚ ਭਾਰੀ ਮੁਸ਼ਕਲਾਂ ਪੇਸ਼ ਆ ਰਹੀਆਂ ਹਨ । ਕਈ ਕਈ ਘੰਟੇ ਦੋਵੇ ਪਾਸੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਜਾਂਦੀਆਂ ਹਨ। ਰੇਲ ਦੇ ਉੱਚ ਅਧਿਕਾਰੀ ਇਧਰ ਧਿਆਨ ਦੇਣ, ਫਾਟਕ ਉੱਪਰ ਪੁਲ ਬਣਾਇਆ ਜਾਵੇ ਲੋਕ ਮੰਗ ਹੈ। (ਫੋਟੋ ਤੇ ਵੇਰਵਾ- ਨਿਰਮਲ, ਫਿਲੌਰ)




ਐਨ ਐਸ ਐਸ ਸੱਤ ਰੋਜ਼ਾ ਸਪੈਸ਼ਲ ਕੈਂਪ ਸ ਸ ਸ ਸ ਸ ਨਕੋਦਰ (ਸਕੂਲ ਆਫ ਐਮੀਨੈਂਸ) ਵਿਖੇ ਲਗਾਇਆ ਜਾ ਰਿਹਾ ਹੈ,ਜੋ ਡਾਇਰੈਕਟਰ ਯੁਵਕ ਸੇਵਾਵਾਂ, ਪੰਜਾਬ ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਅਯੋਜਿਤ ਕੀਤਾ ਗਿਆ ਹੈ । ਇਸ ਵਿੱਚ 50 ਵਿਦਿਆਰਥੀ ਭਾਗ ਲੈ ਰਹੇ ਹਨ।( ਫੋਟੋ ਤੇ ਵੇਰਵਾ-ਬਾਲ ਕ੍ਰਿਸ਼ਨ ਬਾਲੀ ਪੱਤਰਕਾਰ ਨੂਰਮਹਿਲ)

## ਜਨਮ ਦਿਨ ਮੁਬਾਰਕ



ਸ਼ਿਵ ਰਾਜ (ਮਲੋਟ)



ਮੇਹਰ ਕੌਰ (ਫਿਲੌਰ)

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋੜਾ ਵਿਖੇ ਵਿਗਿਆਨ ਮੇਲਾ ਤੇ ਪ੍ਰਦਰਸ਼ਨੀ ਲਗਾਈ




**ਮਾਹਿਲਪੁਰ (ਸ.ਫਰੀ)** - ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਕੂਲ ਬੋੜਾ ਵਿਖੇ ਰਾਸ਼ਟਰੀ ਅਵਿਸ਼ਕਾਰ ਅਭਿਆਨ ਦੇ ਅਧੀਨ ਬਲਾਕ ਪੱਧਰੀ ਵਿਗਿਆਨ ਮੇਲਾ ਅਤੇ ਪ੍ਰਦਰਸ਼ਨੀ ਦੋ ਦਿਨਾਂ ਦੀ ਲਗਾਈ ਗਈ। ਵੱਖ-ਵੱਖ ਸਕੂਲਾਂ ਦੇ 9ਵੀਂ ਤੋਂ 10ਵੀਂ ਅਤੇ 6ਵੀਂ ਤੋਂ 8ਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਮਾਡਲਾਂ ਦਾ ਪ੍ਰਦਰਸ਼ਨ ਕੀਤਾ। ਮੇਲੇ ਦਾ ਉਦਘਾਟਨ ਸਕੂਲ ਸ਼੍ਰੀ ਮਤੀ ਇੰਦਰਜੀਤ ਕੌਰ ਅਤੇ ਬੀਐਨਓ ਕ੍ਰਿਪਾਲ ਸਿੰਘ ਨੇ ਕੀਤਾ ਅਤੇ ਵਿਦਿਆਰਥੀਆਂ ਵੱਲੋਂ ਬਣਾਏ ਗਏ ਮਾਡਲਾਂ ਦਾ ਨਿਰੀਖਣ ਕੀਤਾ। ਜੱਜ ਦੀ ਭੂਮਿਕਾ ਲੈਕਚਰਾਰ ਬਾਇਓ ਰਾਜ ਕੁਮਾਰ, ਲੈਕਚਰਾਰ ਕਮਿਸਟਰੀ ਸ਼੍ਰੀਮਤੀ ਕਿਰਨ ਬਾਲਾ ਅਤੇ ਸ਼੍ਰੀਮਤੀ ਰਾਜਦੀਪ ਕੌਰ ਸਾਇੰਸ ਅਧਿਆਪਿਕਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਦੀਸੁਰਾ ਸਿੰਘ ਨੇ ਨਿਭਾਈ। ਵਿਗਿਆਨ ਪ੍ਰਦਰਸ਼ਨੀ ਸਮਾਜ ਦੇ ਲਈ ਵਿਗਿਆਨ ਅਤੇ ਤਕਨੀਕ ਦੇ ਵਿਸ਼ੇ ਦੇ ਅਧੀਨ ਵੱਖ ਵੱਖ ਉਪਵਿਸ਼ੇ ਵਿੱਚ ਬਾਲ ਵਿਗਿਆਨੀਆਂ ਨੇ ਮੁਕਾਬਲੇ ਭਾਗ ਲਿਆ। ਇਸ ਮੁਕਾਬਲੇ ਦੇ ਪਹਿਲਾ ਥੀਮ ਸਿਹਤ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋੜਾ ਦੇ ਕ੍ਰਿਸ਼ ਨੇ ਪਹਿਲਾਂ ਥਾਂ,ਸਰਕਾਰੀ ਹਾਈ ਸਕੂਲ ਦੇ ਸਮੀਰ ਨੇ ਦੂਜਾ ਥਾਂ ਅਤੇ ਨਾਨਕੀ ਨੇ ਤੀਜਾਂ ਥਾਂ ਪ੍ਰਾਪਤ ਕੀਤਾ , ਦੂਜੇ ਉਪਵਿਸ਼ੇ ਲਾਈਫ ਵਿੱਚ ਸਰਕਾਰੀ ਹਾਈ ਸਕੂਲ ਪੰਡੋਰੀ ਬੀਤ ਦੇ ਹਰਵਿੰਦਰ ਸਿੰਘ ਪਹਿਲਾਂ ਥਾਂ, ਸਰਕਾਰੀ ਹਾਈ ਸਕੂਲ ਰੋੜਮਜਾਰਾ ਦੇ ਜਸ਼ਨਪ੍ਰੀਤ ਨੇ ਦੂਜਾ ਥਾਂ ਅਤੇ ਸਰਕਾਰੀ ਹਾਈ ਸਕੂਲ ਬਾਰਾਪੁਰ ਦਾ ਅਰੁਨ ਤੀਜੇ ਸਥਾਨ 'ਤੇ ਰਿਹਾ। ਥੀਮ -3 ਦੇ ਉਪਵਿਸ਼ੇ ਖੇਤੀਬਾੜੀ ਵਿਸ਼ੇ ਧਰੁਵ ਚੌਹਾਨ ਨੇ ਪਹਿਲਾਂ ਥਾਂ ਥੀਮ 4 ਸੰਚਾਰ ਅਤੇ ਟਰਾਂਸਪੋਰਟ ਵਿੱਚ ਸਰਕਾਰੀ ਹਾਈ ਸਕੂਲ ਪੰਡੋਰੀ ਬੀਤ ਦੇ ਅਕਸ਼ਿਤ ਮੀਲੂ ਨੇ ਪਹਿਲਾਂ ਥਾਂ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੀਰਮ ਦੇ ਅਰਸ਼ਦੀਪ ਨੇ ਦੂਜਾ ਥਾਂ ਅਤੇ ਸਰਕਾਰੀ ਹਾਈ ਸਕੂਲ ਰੋੜਮਜਾਰਾ ਸ਼ੁਭਮ ਨੇ ਤੀਜਾਂ ਥਾਂ ਪ੍ਰਾਪਤ ਕੀਤਾ।

ਕੰਪਿਊਟੇਸ਼ਨਲ ਥਿੰਕਿੰਗ ਥੀਮ ਵਿੱਚ ਸਰਕਾਰੀ ਹਾਈ ਸਕੂਲ ਪੰਡੋਰੀ ਬੀਤ ਦੇ ਰਾਧੇ ਸ਼ਾਮ ਪਹਿਲਾਂ ਥਾਂ ਪ੍ਰਾਪਤ ਕੀਤਾ ਇਸ ਮੁਕਾਬਲੇ ਦੇ ਉਵਰਆਲ ਵਿਜੇਤਾ ਪੰਡੋਰੀ ਦੇ ਅਕਸ਼ਤ ਮੀਲੂ ਨੇ ਪਹਿਲਾ, ਬੀਰਮਪੁਰ ਦੇ ਅਰਸ਼ਦੀਪ ਦੇ ਦੂਜਾ ਥਾਂ ਅਤੇ ਬੋੜਾ ਦਾ ਕ੍ਰਿਸ਼ ਤੀਜੇ ਨੰਬਰ 'ਤੇ ਰਿਹਾ। ਛੇਵੀਂ ਤੋਂ ਅੱਠਵੀਂ ਜਮਾਤ ਦੇ ਮੁਕਾਬਲੇ ਥੀਮ -1 ਸਿਹਤ ਵਿੱਚ ਸਰਕਾਰੀ ਸੀਨੀਅਰ ਸਕੰਡਰੀ ਸਕੂਲ ਬੋੜਾ ਦੇ ਵੈਸ਼ਾਲੀ ਨੇ ਪਹਿਲਾ ਥਾਂ,ਸਰਕਾਰੀ ਹਾਈ ਸਕੂਲ ਦੇ ਪੰਡੋਰੀ ਬੀਤ ਦੀ ਇਫਸਿਤਾ ਨੇ ਦੂਜਾ ਥਾਂ ਅਤੇ ਸਰਕਾਰੀ ਹਾਈ ਸਕੂਲ ਨਾਨਕੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ , ਦੂਜੇ ਉਪ ਵਿਸ਼ੇ ਲਾਈਫ ਵਿੱਚ ਸਰਕਾਰੀ ਮਿਡਲ ਸਕੂਲ ਨੈਨਵਾ ਦੀ ਗੋਰੀ ਨੇ ਪਹਿਲਾ ਥਾਂ, ਥੀਮ -3 ਦੇ ਉਪਵਿਸ਼ੇ ਖੇਤੀਬਾੜੀ ਵਿਸ਼ੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਯੁਵਰਾਜ ਨੇ ਪਹਿਲਾ ਥਾਂ ਅਤੇ ਦੇਣੋਵਾਲ ਕਲਾਂ ਅਤੇ ਡੱਲੇਵਾਲ ਦੇ ਵਿਦਿਆਰਥੀ ਦੂਜੇ ਅਤੇ ਤੀਜੇ ਥਾਂ 'ਤੇ ਰਹੇ, ਥੀਮ ਚਾਰ ਸੰਚਾਰ ਅਤੇ ਟਰਾਂਸਪੋਰਟ ਵਿੱਚ ਸਰਕਾਰੀ ਹਾਈ ਸਕੂਲ ਰਾਮਪੁਰ ਬਿਲੜੋਂ ਦੇ ਦਿਨੇਸ਼ ਨੇ ਪਹਿਲਾ ਥਾਂ ਪ੍ਰਾਪਤ ਕੀਤਾ। ਉਸ ਮੁਕਾਬਲੇ ਵਿਚ ਪਹਿਲੇ ਥਾਂ ਪ੍ਰਾਪਤ ਕਰਨ ਵਾਲੇ ਬਾਲ ਵਿਗਿਆਨੀ ਜ਼ਿਲ੍ਹਾ ਪੱਧਰ ਦੇ ਮੁਕਾਬਲੇ ਵਿੱਚ ਭਾਗ ਲੈਣ ਗੇ। ਇਸ ਮੁਕਾਬਲੇ ਵਿੱਚ ਸ਼੍ਰੀਮਤੀ ਪੂਜਾ ਦੇਵੀ,ਸ਼੍ਰੀਮਤੀ ਅਰਵਿੰਦਰ ਕੌਰ ਸ਼੍ਰੀਮਤੀ ਮਮਤਾ ਨੇ ਰਜਿਸਟ੍ਰੇਸ਼ਨ ਨੇ ਕੀਤੀ ਜ਼ਤਿੰਦਰ ਕੁਮਾਰ, ਅਜੇ ਕੁਮਾਰ, ਸੰਜੀਵ ਕੁਮਾਰ ਅਨੁਪਮ ਕੁਮਾਰ ਸ਼ਰਮਾ,ਸੁਭਾਸ਼ ਚੰਦਰ,ਜੋਤੀ ਸ਼ਰਮਾ,ਪ੍ਰੀਆ ਭਾਰਦਵਾਜ ਅਤੇ ਸਕੂਲ ਦੇ ਸਮੂਹ ਸਟਾਫ ਦੇ ਸਹਿਯੋਗ ਨਾਲ ਮੇਲਾ ਸਫਲ ਰਿਹਾ। ਇਸ ਮੌਕੇ 'ਤੇ ਮੌਸਮ ਨੂੰ ਦੇਖਦੇ ਬਾਲ ਵਿਗਿਆਨੀਆਂ ਅਤੇ ਗਾਈਡ ਅਧਿਆਪਕਾਂ ਦੇ ਲਈ ਰਿਫਰੈਸ਼ਮੈਂਟ ਦਾ ਬਹੁਤ ਵਧੀਆ ਪ੍ਰਬੰਧ ਕੀਤਾ ਗਿਆ।